ਸ਼ਨੀਵਾਰ, 28 ਫਰਵਰੀ, 2026
17 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 269

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 28 FEBRUARY, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

# ਸੀ ਬੀ ਆਈ ਦੀ ਸ਼ਰਾਬ ਨਕਲੀ ਨਿਕਲੀ

## ਆਬਕਾਰੀ ਨੀਤੀ ਮਾਮਲੇ 'ਚ ਕੇਜਰੀਵਾਲ ਤੇ ਸਿਸੋਦੀਆ ਸਣੇ ਸਾਰੇ ਬਰੀ, ਕੇਸ ਬੰਦ ਕਰਨ ਦਾ ਹੁਕਮ




**ਨਵੀਂ ਦਿੱਲੀ** : ਦਿੱਲੀ ਦੀ ਇੱਕ ਅਦਾਲਤ ਨੇ ਦਿੱਲੀ ਆਬਕਾਰੀ ਨੀਤੀ ਮਾਮਲੇ ਵਿੱਚ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਅਤੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਬਰੀ ਕਰ ਦਿੱਤਾ ਹੈ। ਅਦਾਲਤ ਨੇ ਟਿੱਪਣੀ ਕੀਤੀ ਕਿ ਇਸਤਗਾਸਾ ਪੱਖ ਆਪਣੇ ਦੋਸ਼ਾਂ ਦੇ ਸਮਰਥਨ ਵਿੱਚ ਲੋੜੀਂਦੇ ਸਬੂਤ ਪੇਸ਼ ਕਰਨ ਵਿੱਚ ਅਸਫਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕੇਂਦਰੀ ਜਾਂਚ ਬਿਊਰੋ (ਸੀ ਬੀ ਆਈ) ਵੱਲੋਂ ਕੀਤੀ ਗਈ ਸੀ, ਜਿਸ ਨੇ ਨੇਤਾਵਾਂ 'ਤੇ ਹੁਣ ਵਾਪਸ ਲਈ ਜਾ ਚੁੱਕੀ ਆਬਕਾਰੀ ਨੀਤੀ ਨਾਲ ਜੁੜੀਆਂ ਕਥਿਤ ਬੇਨਿਯਮੀਆਂ ਵਿੱਚ ਅਹਿਮ ਭੂਮਿਕਾ ਨਿਭਾਉਣ ਦਾ ਦੋਸ਼ ਲਗਾਇਆ ਸੀ। ਆਪਣੇ ਹੁਕਮਾਂ ਵਿੱਚ ਅਦਾਲਤ ਨੇ ਕਿਹਾ ਕਿ ਗੰਭੀਰ ਦੋਸ਼ਾਂ ਲਈ ਮਜ਼ਬੂਤ ਸਹਾਇਕ ਸਮੱਗਰੀ ਦੀ ਲੋੜ ਹੁੰਦੀ ਹੈ ਅਤੇ ਇਹ ਸਿਰਫ਼ ਧਾਰਨਾਵਾਂ 'ਤੇ ਆਧਾਰਤ ਨਹੀਂ ਹੋ ਸਕਦੇ।

ਅਦਾਲਤ ਨੇ ਨੋਟ ਕੀਤਾ ਕਿ ਠੋਸ ਸਬੂਤਾਂ ਤੋਂ ਬਿਨਾਂ ਕੇਂਦਰੀ ਸਾਜ਼ਿਸ਼ੀ ਭੂਮਿਕਾ ਦਾ ਸਿਹਰਾ ਦੇਣਾ ਕਾਨੂੰਨ ਵਿੱਚ ਟਿਕਣਯੋਗ ਨਹੀਂ ਹੈ। ਅਦਾਲਤ ਨੇ ਇਹ ਵੀ ਟਿੱਪਣੀ ਕੀਤੀ ਕਿ ਜੇਕਰ ਦਾਅਵਿਆਂ ਦੀ ਪੁਸ਼ਟੀ ਸਬੂਤਾਂ ਨਾਲ ਨਹੀਂ ਹੁੰਦੀ, ਤਾਂ ਉੱਚ ਦਫਤਰਾਂ ਵਿੱਚ ਜਨਤਾ ਦਾ ਵਿਸ਼ਵਾਸ ਪ੍ਰਭਾਵਿਤ ਹੋ ਸਕਦਾ ਹੈ। ਬਰੀ ਹੋਣ ਤੋਂ ਬਾਅਦ ਅਦਾਲਤ ਦੇ ਬਾਹਰ ਮੀਡੀਆ ਨਾਲ ਗੱਲਬਾਤ ਕਰਦਿਆਂ ਕੇਜਰੀਵਾਲ ਭਾਵੁਕ ਹੋ ਗਏ ਅਤੇ ਉਨ੍ਹਾਂ ਕਿਹਾ, "ਮੈਂ ਆਪਣੇ ਜੀਵਨ ਵਿੱਚ ਇਮਾਨਦਾਰੀ ਕਮਾਈ ਹੈ, ਮੇਰੇ 'ਤੇ ਝੂਠਾ ਕੇਸ ਕੀਤਾ ਗਿਆ, ਪਰ ਕੋਰਟ ਨੇ ਸਾਬਿਤ ਕਰ ਦਿੱਤਾ ਹੈ ਕਿ ਕੇਜਰੀਵਾਲ ਅਤੇ ਸਿਸੋਦੀਆ ਇਮਾਨਦਾਰ ਹੈ ਅਤੇ ਆਮ ਆਦਮੀ ਪਾਰਟੀ ਕੱਟੜ ਇਮਾਨਦਾਰ ਹੈ।" ਵਿਸ਼ੇਸ਼ ਜੱਜ (ਪੀ.ਸੀ. ਐਕਟ) ਜਿਤੇਂਦਰ ਸਿੰਘ ਨੇ ਸਾਰੇ ਦੋਸ਼ੀਆਂ ਖ਼ਿਲਾਫ਼ ਕੇਂਦਰੀ ਜਾਂਚ ਬਿਊਰੋ ਵੱਲੋਂ ਸ਼ੁਰੂ ਕੀਤੇ ਕੇਸ ਨੂੰ ਬੰਦ ਕਰਨ ਦੇ ਹੁਕਮ ਦਿੱਤੇ। ਜੱਜ ਨੇ ਕਿਹਾ, ਆਬਕਾਰੀ ਨੀਤੀ ਵਿੱਚ ਕੋਈ ਵੱਡੀ ਸਾਜ਼ਿਸ਼ ਜਾਂ ਅਪਰਾਧਿਕ ਇਰਾਦਾ ਨਹੀਂ ਸੀ। ਇਹ ਮਾਮਲਾ 2022 ਵਿੱਚ ਐੱਲ ਜੀ ਵੀ.ਕੇ. ਸਕਸੈਨਾ ਦੁਆਰਾ ਸੀ ਬੀ ਆਈ ਨੂੰ ਦਿੱਤੀ ਗਈ ਸ਼ਿਕਾਇਤ ਤੋਂ ਸ਼ੁਰੂ ਹੋਇਆ ਸੀ ਅਤੇ ਇਸ ਤੋਂ ਬਾਅਦ ਜਾਂਚ ਏਜੰਸੀ ਨੇ ਇਸ ਸੰਬੰਧ ਵਿੱਚ ਇੱਕ ਐੱਫ ਆਈ ਆਰ ਦਰਜ ਕੀਤੀ ਸੀ। ਜਾਂਚ ਏਜੰਸੀ ਨੇ ਕਿਹਾ ਸੀ ਕਿ ਆਮ ਆਦਮੀ ਪਾਰਟੀ ਅਤੇ ਇਸ ਦੇ ਨੇਤਾਵਾਂ ਨੇ ਨੀਤੀ ਵਿੱਚ ਹੇਰਾਫੇਰੀ ਕਰਕੇ ਸ਼ਰਾਬ ਨਿਰਮਾਤਾਵਾਂ ਤੋਂ ਰਿਸ਼ਵਤ ਹਾਸਲ ਕੀਤੀ ਸੀ।

ਐਨਫੋਰਸਮੈਂਟ ਡਾਇਰੈਕਟੋਰੇਟ ਨੇ ਵੀ ਬਾਅਦ ਵਿੱਚ ਇਸ ਮਾਮਲੇ ਵਿੱਚ ਮਨੀ ਲਾਂਡਰਿੰਗ ਰੋਕੂ ਕਾਨੂੰਨ ਦੇ ਤਹਿਤ ਕੇਸ ਦਰਜ ਕੀਤਾ ਸੀ। ਜ਼ਿਕਰਯੋਗ ਹੈ ਕਿ ਦਿੱਲੀ ਸਰਕਾਰ ਨੇ 17 ਨਵੰਬਰ, 2021 ਨੂੰ ਨਵੀਂ ਆਬਕਾਰੀ ਨੀਤੀ ਲਾਗੂ ਕੀਤੀ ਸੀ, ਪਰ ਭ੍ਰਿਸ਼ਟਾਚਾਰ ਦੇ ਦੋਸ਼ਾਂ ਦਰਮਿਆਨ ਸਤੰਬਰ 2022 ਦੇ ਅੰਤ ਵਿੱਚ ਇਸ ਨੂੰ ਰੱਦ ਕਰ ਦਿੱਤਾ ਸੀ।

## ਫੈਸਲੇ ਨਾਲ ਸੱਚਾਈ ਸਾਹਮਣੇ ਆਈ : ਭਗਵੰਤ ਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਅਰਵਿੰਦ ਕੇਜਰੀਵਾਲ ਤੇ ਮਨੀਸ਼ ਸਿਸੋਦੀਆ ਦੇ ਆਬਕਾਰੀ ਮਾਮਲੇ ਵਿੱਚ ਬਰੀ ਹੋਣ ਮਗਰੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਟਵੀਟ ਕੀਤਾ ਤੇ ਕਿਹਾ ਕਿ 'ਸੱਚ ਦੀ ਹਮੇਸ਼ਾ ਜਿੱਤ ਹੁੰਦੀ ਹੈ'। 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਸਾਬਕਾ ਮੁੱਖ ਮੰਤਰੀ ਤੇ ਦਿੱਲੀ ਦੇ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੂੰ ਦਿੱਲੀ ਦੀ ਮਾਣਯੋਗ ਅਦਾਲਤ ਵੱਲੋਂ ਸ਼ਰਾਬ ਘੋਟਾਲੇ ਵਿਚੋਂ ਬਰੀ ਕਰ ਦਿੱਤਾ ਗਿਆ ਹੈ। ਮਾਣਯੋਗ ਅਦਾਲਤ ਦੇ ਇਸ ਫੈਸਲੇ ਨੇ ਸੱਚਾਈ ਨੂੰ ਸਾਰਿਆਂ ਦੇ ਸਾਹਮਣੇ ਲਿਆ ਦਿੱਤਾ ਹੈ। ਸਮੇਂ ਦੇ ਨਾਲ ਬਾਕੀ ਸਾਰੇ ਮਾਮਲਿਆਂ ਦੀ ਸੱਚਾਈ ਵੀ ਸਾਹਮਣੇ ਆ ਜਾਵੇਗੀ। ਇਨਕਲਾਬ ਜ਼ਿੰਦਾਬਾਦ!

ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਸੱਚ ਨੂੰ ਦੇਰੀ ਹੋ ਸਕਦੀ ਹੈ, ਪਰ ਇਸ ਨੂੰ ਕਦੇ ਹਰਾਇਆ ਨਹੀਂ ਜਾ ਸਕਦਾ।ਉਨ੍ਹਾ ਕਿਹਾ ਕਿ ਅਖੌਤੀ ਸ਼ਰਾਬ ਘੁਟਾਲੇ ਦੇ ਕੇਸ ਵਿੱਚ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਪਾਰਟੀ ਦੇ ਹੋਰ ਸਾਥੀਆਂ ਦਾ ਬਰੀ ਹੋਣਾ ਸਿਰਫ਼ ਆਪ ਦੀ ਜਿੱਤ ਨਹੀਂ, ਸਗੋਂ ਸੱਚ ਅਤੇ ਇਨਸਾਫ਼ ਦੀ ਜਿੱਤ ਹੈ।ਪ੍ਰੈੱਸ ਕਾਨਫਰੰਸ ਵਿੱਚ ਉਨ੍ਹਾਂ ਨਾਲ ਆਪ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਹਰਦੀਪ ਸਿੰਘ ਮੁੰਡੀਆਂ ਵੀ ਸ਼ਾਮਲ ਹੋਏ।

ਅਰੋੜਾ ਨੇ ਕਿਹਾ ਕਿ ਅਦਾਲਤ ਨੇ ਉਸ ਝੂਠ ਦੇ ਪੁਲੰਦੇ ਦਾ ਪਰਦਾਫਾਸ਼ ਕਰ ਦਿੱਤਾ ਹੈ ਜੋ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਆਪਣੀਆਂ ਏਜੰਸੀਆਂ ਰਾਹੀਂ ਤਿਆਰ ਕੀਤਾ ਸੀ।ਅਰੋੜਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਨਿਸ਼ਾਨਾ ਬਣਾਉਂਦੇ ਹੋਏ ਜਨਤਕ ਮਾਫੀ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਇਸ ਦੇਸ਼ ਦੇ ਲੋਕਾਂ ਦੇ ਦੇਣਦਾਰ ਹਨ।ਉਨ੍ਹਾਂ ਨੂੰ ਕੇਜਰੀਵਾਲ ਦੇ ਸਿਆਸੀ ਕਰੀਅਰ ਨੂੰ ਖਤਮ ਕਰਨ ਲਈ ਰਚੀ ਗਈ ਇਸ ਸਾਜ਼ਿਸ਼ ਲਈ ਮਾਫੀ ਮੰਗਣੀ ਚਾਹੀਦੀ ਹੈ। ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਧਾਲੀਵਾਲ ਨੇ ਕਿਹਾ ਕਿ ਅੱਜ ਮਾਨਯੋਗ ਅਦਾਲਤ ਦੇ ਫੈਸਲੇ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਆਮ ਆਦਮੀ ਪਾਰਟੀ ਨੂੰ ਖ਼ਤਮ ਕਰਨ ਲਈ ਭਾਜਪਾ ਵੱਲੋਂ ਰਚਿਆ ਗਿਆ ਪੂਰਾ ਮਾਮਲਾ ਮਹਿਜ਼ ਇੱਕ ਕੋਰੀ ਕਲਪਨਾ ਅਤੇ ਡੂੰਘੀ ਸਿਆਸੀ • ਬਾਕੀ ਸਫਾ 2 'ਤੇ

## ਪਾਕਿਸਤਾਨ ਵੱਲੋਂ ਕਾਬੁਲ ਤੇ ਹੋਰ ਥਾਵਾਂ 'ਤੇ ਬੰਬਾਰੀ

### ਸੰਯੁਕਤ ਰਾਸ਼ਟਰ, ਰੂਸ ਤੇ ਹੋਰਨਾਂ ਵੱਲੋਂ ਜੰਗ ਰੋਕਣ ਦੀ ਅਪੀਲ




**ਇਸਲਾਮਾਬਾਦ** : ਪਾਕਿਸਤਾਨ ਨੇ ਸ਼ੁੱਕਰਵਾਰ ਨੂੰ ਅਫ਼ਗਾਨਿਸਤਾਨ ਦੀ ਰਾਜਧਾਨੀ ਕਾਬੁਲ ਸਮੇਤ ਦੋ ਹੋਰ ਸੂਬਿਆਂ 'ਤੇ ਬੰਬਾਰੀ ਕੀਤੀ ਹੈ। ਇਹ ਕਾਰਵਾਈ ਅਫ਼ਗਾਨ ਤਾਲਿਬਾਨ ਵੱਲੋਂ ਵੀਰਵਾਰ ਰਾਤ ਨੂੰ ਪਾਕਿਸਤਾਨੀ ਫੌਜੀ ਚੌਂਕੀਆਂ 'ਤੇ ਹਮਲੇ ਕਰਨ ਦੇ ਐਲਾਨ ਤੋਂ ਬਾਅਦ ਹੋਈ ਹੈ। ਪਾਕਿਸਤਾਨ ਨੇ ਦਾਅਵਾ ਕੀਤਾ ਹੈ ਕਿ ਫੌਜ ਦੇ ਤਾਜ਼ਾ ਹਮਲਿਆਂ 'ਚ 133 ਅਫਗਾਨ ਤਾਲਿਬਾਨ ਲੜਾਕੂ ਮਾਰੇ ਗਏ ਹਨ ਤੇ 200 ਤੋਂ ਵੱਧ ਜ਼ਖ਼ਮੀ ਹੋਏ ਹਨ। ਪਾਕਿਸਤਾਨ ਨੇ ਅਫਗਾਨਿਸਤਾਨ ਦੇ 22 ਫੌਜੀ ਟਿਕਾਣਿਆਂ 'ਤੇ ਹਮਲਾ ਕੀਤਾ। ਦੋਵਾਂ ਪਾਸਿਆਂ ਤੋਂ ਤਾਜ਼ਾ ਹਮਲਿਆਂ ਕਾਰਨ ਦੋਵਾਂ ਗੁਆਂਢੀ ਦੇਸ਼ਾਂ ਵਿਚਾਲੇ ਲੰਬੇ ਸਮੇਂ ਤੋਂ ਚੱਲਿਆ ਆ ਰਿਹਾ ਤਣਾਅ ਵਧ ਗਿਆ ਹੈ, ਜਿਸ ਕਾਰਨ ਸੰਯੁਕਤ ਰਾਸ਼ਟਰ, ਚੀਨ, ਰੂਸ, ਇਰਾਨ, ਤੁਰਕੀ ਅਤੇ ਸਾਊਦੀ ਅਰਬ ਵਰਗੇ ਦੇਸ਼ਾਂ ਨੇ ਦੋਵਾਂ ਪਾਸਿਆਂ ਨੂੰ ਜੰਗ ਰੋਕਣ ਦੀ ਅਪੀਲ ਕੀਤੀ ਹੈ। ਪਾਕਿਸਤਾਨੀ ਫੌਜ ਨੇ ਕਾਬੁਲ, ਕੰਧਾਰ ਅਤੇ ਪਕਤੀਕਾ ਵਿੱਚ ਹਮਲੇ ਕੀਤੇ ਹਨ ਪਰ ਹਾਲੇ ਤੱਕ ਜਾਨੀ ਨੁਕਸਾਨ ਦੀ ਪੂਰੀ ਜਾਣਕਾਰੀ ਸਾਹਮਣੇ ਨਹੀਂ ਆਈ ਹੈ। ਦੂਜੇ ਪਾਸੇ ਕਈ ਦੇਸ਼ਾਂ ਨੇ ਇਸ ਮਾਮਲੇ ਵਿੱਚ ਦਖਲ ਦੇਣ ਦੀ ਕੋਸ਼ਿਸ਼ ਕੀਤੀ ਹੈ ਜਿੱਥੇ ਇਰਾਨ ਨੇ ਵਿਚੋਲਗੀ ਦੀ ਪੇਸ਼ਕਸ਼ ਕੀਤੀ ਹੈ ਅਤੇ ਚੀਨ ਨੇ ਗੱਲਬਾਤ 'ਤੇ ਜ਼ੋਰ ਦਿੱਤਾ ਹੈ। ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਸਮੇਤ ਕਈ ਮੰਤਰੀਆਂ ਨੇ ਆਪਣੀ ਫੌਜ ਦੀ ਕਾਰਵਾਈ ਦੀ ਸ਼ਲਾਘਾ ਕੀਤੀ ਹੈ ਅਤੇ ਰੱਖਿਆ ਮੰਤਰੀ ਨੇ ਅਫ਼ਗਾਨ ਤਾਲਿਬਾਨ ਵਿਰੁੱਧ ਖੁੱਲ੍ਹੀ ਜੰਗ ਦਾ ਐਲਾਨ ਕਰ ਦਿੱਤਾ ਹੈ। ਪਾਕਿਸਤਾਨ ਹੁਣ ਅਫ਼ਗਾਨ ਲੀਡਰਸ਼ਿਪ ਨੂੰ ਸਖ਼ਤ ਸਜ਼ਾ ਦੇਣ ਦੇ ਮੂਡ ਵਿੱਚ ਹੈ ਕਿਉਂਕਿ ਉਨ੍ਹਾਂ 'ਤੇ ਪਾਕਿਸਤਾਨੀ ਤਾਲਿਬਾਨ ਦੀ ਮਦਦ ਕਰਨ ਦੇ ਦੋਸ਼ ਲੱਗ ਰਹੇ ਹਨ।

ਅਫਗਾਨਿਸਤਾਨ ਦੇ ਰਾਸ਼ਟਰੀ ਰੱਖਿਆ ਮੰਤਰਾਲੇ ਨੇ ਦਾਅਵਾ ਕੀਤਾ ਹੈ ਕਿ ਵੀਰਵਾਰ ਨੂੰ ਡਿਊਰੰਡ ਲਾਈਨ 'ਤੇ ਕੀਤੀ ਗਈ ਜਵਾਬੀ ਕਾਰਵਾਈ ਵਿੱਚ 55 ਪਾਕਿਸਤਾਨੀ ਫੌਜੀ ਮਾਰੇ ਗਏ ਹਨ ਅਤੇ ਦੋ ਬੇਸ ਤੇ 19 ਚੌਕੀਆਂ 'ਤੇ ਕਬਜ਼ਾ ਕਰ ਲਿਆ ਗਿਆ ਹੈ।

### ਚੀਨ ਨੇ ਦੋਵਾਂ ਦੇਸ਼ਾਂ ਨੂੰ ਜੰਗਬੰਦੀ ਦੀ ਕੀਤੀ ਅਪੀਲ

**ਪੇਚੀਇੰਗ** : ਚੀਨ ਨੇ ਸ਼ੁੱਕਰਵਾਰ ਨੂੰ ਪਾਕਿਸਤਾਨ ਅਤੇ ਅਫ਼ਗਾਨਿਸਤਾਨ ਦਰਮਿਆਨ ਵਧ ਰਹੇ ਫੌਜੀ ਟਕਰਾਅ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਦੋਵਾਂ ਗੁਆਂਢੀ ਦੇਸ਼ਾਂ ਨੂੰ ਤੁਰੰਤ ਜੰਗਬੰਦੀ ਕਰਨ ਦੀ ਅਪੀਲ ਕੀਤੀ ਹੈ।

ਚੀਨੀ ਵਿਦੇਸ਼ ਮੰਤਰਾਲੇ ਦੀ ਤਰਜਮਾਨ ਮਾਓ ਨਿੰਗ ਨੇ ਪੇਈਚਿੰਗ ਵਿੱਚ ਕਿਹਾ ਕਿ ਚੀਨ ਇਸ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ ਅਤੇ ਸੰਘਰਸ਼ ਦੌਰਾਨ ਹੋਏ ਜਾਨੀ ਨੁਕਸਾਨ 'ਤੇ ਬੇਹੱਦ ਦੁਖੀ ਹੈ। ਉਨ੍ਹਾ ਕਿਹਾ ਕਿ ਦੋਵੇਂ ਦੇਸ਼ ਚੀਨ ਦੇ ਕਰੀਬੀ ਦੋਸਤ ਹਨ, ਇਸ ਲਈ ਚੀਨ ਦੋਵਾਂ ਧਿਰਾਂ ਨੂੰ ਸੰਜਮ ਵਰਤਣ ਅਤੇ ਗੱਲਬਾਤ ਰਾਹੀਂ ਆਪਣੇ ਮੱਤਭੇਦਾਂ ਨੂੰ ਹੱਲ ਕਰਨ ਦੀ ਅਪੀਲ ਕਰਦਾ ਹੈ ਤਾਂ ਜੋ ਖੇਤਰ ਵਿੱਚ ਅਮਨ-ਸ਼ਾਂਤੀ ਬਹਾਲ ਹੋ ਸਕੇ। ਮਾਓ ਨਿੰਗ ਨੇ ਇਹ ਵੀ ਸਪੱਸ਼ਟ ਕੀਤਾ ਕਿ ਚੀਨ ਆਪਣੇ ਪੱਧਰ 'ਤੇ ਦੋਵਾਂ ਦੇਸ਼ਾਂ ਵਿਚਾਲੇ ਵਿਚੋਲਗੀ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਉਸਾਰੂ ਭੂਮਿਕਾ ਨਿਭਾਉਣ ਲਈ ਤਿਆਰ ਹੈ।

## ਦੋ ਵਿਅਕਤੀਆਂ ਦੀ ਗੋਲੀਆਂ ਮਾਰ ਕੇ ਹੱਤਿਆ



**ਸਰਦੂਲਗੜ੍ਹ** : ਸਥਾਨਕ ਇੱਕ ਫਾਰਮ ਹਾਊਸ 'ਤੇ ਕੁੱਝ ਵਿਅਕਤੀਆਂ ਵੱਲੋਂ ਗੋਲੀਆਂ ਚਲਾਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਗੋਲੀਬਾਰੀ ਕਾਰਨ 2 ਵਿਅਕਤੀਆਂ ਦੀ ਮੌਤ ਹੋ ਗਈ ਹੈ। ਜਸਵੀਰ ਕੁਮਾਰ ਕਾਕਾ ਆਪਣੇ ਫਾਰਮ ਹਾਊਸ ਵਿਚ ਆਪਣੇ ਮਾਲੀ ਬਲਦੇਵ ਸਿੰਘ ਨਾਲ ਕੰਮ ਕਰ ਰਿਹਾ ਸੀ। ਇਸ ਦੌਰਾਨ ਦੋ ਵਿਅਕਤੀ ਆਏ ਅਤੇ ਉਨ੍ਹਾਂ 'ਤੇ ਗੋਲੀਆਂ ਚਲਾ ਦਿੱਤੀਆਂ, ਜਿਸ ਕਾਰਨ ਉਨ੍ਹਾਂ ਦੋਵਾਂ ਦੀ ਮੌਤ ਹੋ ਗਈ।

## ਪੀ ਐੱਸ ਪੀ ਸੀ ਐੱਲ ਦੀ ਜਾਇਦਾਦ ਦੀ ਵਿਕਰੀ 'ਤੇ ਰੋਕ ਬਰਕਰਾਰ

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐੱਸ ਪੀ ਸੀ ਐੱਲ) ਦੀ ਕਿਸੇ ਵੀ ਜਾਇਦਾਦ ਨੂੰ ਨਾ ਵੇਚਣ ਦੇ ਦਿੱਤੇ ਹੁਕਮਾਂ ਤੋਂ ਲੱਗਭੱਗ ਇੱਕ ਹਫ਼ਤੇ ਬਾਅਦ ਸ਼ੁੱਕਰਵਾਰ ਨੂੰ ਇੱਕ ਡਵੀਜ਼ਨ ਬੈਂਚ ਨੇ ਸਪੱਸ਼ਟ ਕੀਤਾ ਕਿ ਇਹ ਅੰਤਰਿਮ ਰੋਕ ਘੱਟੋ-ਘੱਟ 13 ਮਾਰਚ ਤੱਕ ਜਾਰੀ ਰਹੇਗੀ, ਜੋ ਕਿ ਇਸ ਮਾਮਲੇ ਦੀ ਅਗਲੀ ਸੁਣਵਾਈ ਦੀ ਤਰੀਕ ਹੈ। ਇਹ ਨਿਰਦੇਸ਼ ਰਾਜ ਸਰਕਾਰ ਦੀ ਉਸ ਕਾਰਵਾਈ ਦੇ ਵਿਚਕਾਰ ਆਇਆ ਹੈ ਜਿਸ ਵਿੱਚ ਸਟੇਅ (ਰੋਕ) ਨੂੰ ਹਟਾਉਣ ਦੀ ਮੰਗ ਕੀਤੀ ਗਈ ਸੀ। ਸਰਕਾਰ ਨੇ ਦਲੀਲ ਦਿੱਤੀ ਸੀ ਕਿ ਜਾਇਦਾਦ ਤਬਦੀਲ ਕਰਨ ਦਾ ਫੈਸਲਾ ਵਿਕਾਸ-ਮੁਖੀ ਹੈ ਅਤੇ ਇਹ 30 ਸਾਲ ਪੁਰਾਣੀ ਨੀਤੀ 'ਤੇ ਅਧਾਰਤ ਹੈ, ਜਿਸ ਨੂੰ ਕਦੇ ਚੁਣੌਤੀ ਨਹੀਂ ਦਿੱਤੀ ਗਈ ਅਤੇ ਪੀ ਐੱਸ ਪੀ ਸੀ ਐੱਲ ਨੇ 6.215 ਕਰੋੜ ਰੁਪਏ ਦਾ ਮੁਨਾਫਾ ਦਰਜ ਕੀਤਾ ਹੈ। ਇਨ੍ਹਾਂ ਦਲੀਲਾਂ ਦਾ ਪਟੀਸ਼ਨਰ ਦੇ ਵਕੀਲ ਬਲਤੇਜ ਸਿੰਘ ਸਿੱਧੂ ਨੇ ਸਖ਼ਤ ਵਿਰੋਧ ਕੀਤਾ। ਬੈਂਚ ਦੇ ਸਾਹਮਣੇ ਪੇਸ਼ ਹੁੰਦੇ ਹੋਏ ਸੂਬੇ ਦੇ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਨੇ ਦਲੀਲ ਦਿੱਤੀ ਕਿ ਉਹ ਜਾਇਦਾਦ ਵੇਚ ਨਹੀਂ ਰਹੇ, ਸਗੋਂ ਇਸ ਨੂੰ ਰਿਹਾਇਸ਼ੀ ਅਤੇ ਵਪਾਰਕ ਵਿਕਾਸ ਦੇ ਉਦੇਸ਼ ਲਈ ਤਬਦੀਲ ਕਰ ਰਹੇ ਹਨ। ਉਨ੍ਹਾ ਕਿਹਾ, ਅਸੀਂ ਰਾਜ ਦਾ ਵਿਕਾਸ ਕਰਨਾ ਚਾਹੁੰਦੇ ਹਾਂ। ਬੇਦੀ ਨੇ ਅੱਗੇ ਕਿਹਾ ਕਿ ਪੂਰਾ ਮਾਮਲਾ ਸਿਰਫ਼ ਇੱਕ ਖ਼ਬਰ ਦੇ ਅਧਾਰ 'ਤੇ ਬਣਾਇਆ ਗਿਆ ਹੈ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਰਿਕਾਰਡ 'ਤੇ ਅਜਿਹਾ ਕੋਈ ਪ੍ਰਮਾਣਿਤ ਦਸਤਾਵੇਜ਼ ਨਹੀਂ ਹੈ, ਜੋ ਇਹ ਦਰਸਾਉਂਦਾ ਹੋਵੇ ਕਿ ਪੀ ਐੱਸ ਪੀ ਸੀ ਐੱਲ ਸਿਰਫ਼ ਬਕਾਏ ਦੀ ਵਸੂਲੀ ਨਾ ਹੋਣ ਕਾਰਨ ਜਾਇਦਾਦ ਵੇਚ ਰਹੀ ਹੈ।

## ਲੀਜ਼ਾ ਗਿੱਲ ਹੋਣਗੇ ਆਂਧਰਾ ਦੇ ਨਵੇਂ ਚੀਫ ਜਸਟਿਸ



**ਨਵੀਂ ਦਿੱਲੀ** : ਸੁਪਰੀਮ ਕੋਰਟ ਦੇ ਕਾਲੇਜਿਅਮ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੀ ਸੀਨੀਅਰ ਜੱਜ ਜਸਟਿਸ ਲੀਜ਼ਾ ਗਿੱਲ ਨੂੰ ਆਂਧਰਾ ਪ੍ਰਦੇਸ਼ ਹਾਈ ਕੋਰਟ ਦੀ ਚੀਫ ਜਸਟਿਸ ਨਿਯੁਕਤ ਕਰਨ ਦੀ ਸਿਫਾਰਸ਼ ਕੀਤੀ ਹੈ। ਵਰਤਮਾਨ ਚੀਫ ਜਸਟਿਸ ਧੀਰਜ ਸਿੰਘ ਠਾਕੁਰ 25 ਅਪ੍ਰੈਲ ਨੂੰ ਸੇਵਾਮੁਕਤ ਹੋਣ ਵਾਲੇ ਹਨ। ਸੁਪਰੀਮ ਕੋਰਟ ਕਾਲੇਜਿਅਮ ਨੇ ਜਸਟਿਸ ਲੀਜ਼ਾ ਗਿੱਲ ਨੂੰ ਆਂਧਰਾ ਪ੍ਰਦੇਸ਼ ਹਾਈ ਕੋਰਟ ਵਿੱਚ ਤਬਦੀਲ ਕਰਨ ਦੇ ਹੁਕਮ ਵੀ ਜਾਰੀ ਕਰ ਦਿੱਤੇ ਹਨ। ਜਸਟਿਸ ਲੀਜ਼ਾ ਗਿੱਲ, ਜਿਨ੍ਹਾ ਚੰਡੀਗੜ੍ਹ ਦੇ ਸੈਕਟਰ 9 ਦੇ ਕਾਰਮੇਲ ਕਾਨਵੈਂਟ ਸਕੂਲ ਤੋਂ ਪੜ੍ਹਾਈ ਕੀਤੀ, ਨੇ 1990 ਵਿੱਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਕਾਨੂੰਨ ਦੀ ਪ੍ਰੈਕਟਿਸ ਸ਼ੁਰੂ ਕੀਤੀ। 2014 ਵਿੱਚ, ਉਨ੍ਹਾ ਨੂੰ ਹਾਈ ਕੋਰਟ ਦਾ ਜੱਜ ਨਿਯੁਕਤ ਕੀਤਾ ਗਿਆ ਸੀ। ਇਸ ਸਮੇਂ ਉਹ ਚੀਫ ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਅਸ਼ਵਨੀ ਮਿਸ਼ਰਾ ਤੋਂ ਬਾਅਦ ਸੀਨੀਆਰਤਾ ਵਿੱਚ ਤੀਜੇ ਸਥਾਨ 'ਤੇ ਹਨ। ਨਵੀਂ ਨੀਤੀ ਤਹਿਤ ਜਦੋਂ ਕੋਈ ਚੀਫ ਜਸਟਿਸ ਰਿਟਾਇਰ ਹੋਣ ਵਾਲਾ ਹੁੰਦਾ ਹੈ ਤਾਂ ਉਸਦੀ ਥਾਂ ਲੈਣ ਵਾਲੇ ਦੀ ਨਿਯੁਕਤੀ ਦੋ ਮਹੀਨੇ ਪਹਿਲਾਂ ਕਰ ਦਿੱਤੀ ਜਾਂਦੀ ਹੈ, ਤਾਂ ਜੋ ਉਹ ਉੱਥੋਂ ਦੇ ਕੰਮਕਾਜ ਬਾਰੇ ਵਾਕਫ ਹੋ ਸਕੇ।

## ਬਿਸ਼ਨੋਈ ਨੂੰ ਪਛਾਨਣ ਤੋਂ ਮੁੱਕਰਿਆ ਗਵਾਹ

**ਚੰਡੀਗੜ੍ਹ** : ਚੰਡੀਗੜ੍ਹ ਦੇ ਸੈਕਟਰ-10 ਸਥਿਤ ਡੀ ਏ ਵੀ ਕਾਲਜ ਵਿੱਚ 14 ਸਾਲ ਪਹਿਲਾਂ ਹੋਈ ਹਿੰਸਾ ਅਤੇ ਜਾਨਲੇਵਾ ਹਮਲੇ ਦੇ ਮਾਮਲੇ ਵਿੱਚ ਗੈਂਗਸਟਰ ਲਾਰੈਂਸ ਬਿਸ਼ਨੋਈ ਨੂੰ ਵੱਡੀ ਰਾਹਤ ਮਿਲੀ ਹੈ। ਅਦਾਲਤੀ ਸੁਣਵਾਈ ਦੌਰਾਨ ਇੱਕ ਅਹਿਮ ਸਰਕਾਰੀ ਗਵਾਹ, ਨਵਨੀਤ ਸਿੰਘ ਨੇ ਲਾਰੈਂਸ ਬਿਸ਼ਨੋਈ ਨੂੰ ਪਛਾਣਨ ਤੋਂ ਸਾਫ਼ ਇਨਕਾਰ ਕਰ ਦਿੱਤਾ ਹੈ। ਲਾਰੈਂਸ ਨੂੰ ਗੁਜਰਾਤ ਦੀ ਅਹਿਮਦਾਬਾਦ ਜੇਲ੍ਹ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ, ਜਿੱਥੇ ਗਵਾਹ ਨੇ ਬਿਆਨ ਦਿੱਤਾ ਕਿ ਉਹ ਨਾ ਤਾਂ ਲਾਰੈਂਸ ਨੂੰ ਜਾਣਦਾ ਹੈ ਅਤੇ ਨਾ ਹੀ ਉਸ ਨੂੰ ਪਛਾਣਦਾ ਹੈ। ਜ਼ਿਕਰਯੋਗ ਹੈ ਕਿ ਇਹ ਮਾਮਲਾ 2012 ਵਿੱਚ ਵਿਦਿਆਰਥੀ ਯੂਨੀਅਨਾਂ ਵਿਚਾਲੇ ਹੋਏ ਖ਼ੂਨੀ ਟਕਰਾਅ ਤੋਂ ਬਾਅਦ ਦਰਜ ਕੀਤਾ ਗਿਆ ਸੀ। ਇਸ ਮਾਮਲੇ ਵਿੱਚ ਪਹਿਲਾਂ ਵੀ ਚਾਰ ਹੋਰ ਮੁਲਜ਼ਮ (ਅਮਨਦੀਪ ਸਿੰਘ ਮੁਲਤਾਨੀ, ਵਿੱਕੀ ਮਿੱਡੂਖੇੜਾ (ਜਿਸ ਦੀ ਮੌਤ ਹੋ ਚੁੱਕੀ ਹੈ), ਤਰਸੇਮ ਅਤੇ ਰਣਜੋਤ ਸਿੰਘ) ਬਰੀ ਹੋ ਚੁੱਕੇ ਹਨ ਕਿਉਂਕਿ ਸ਼ਿਕਾਇਤਕਰਤਾ ਅਤੇ ਗਵਾਹ ਆਪਣੇ ਬਿਆਨਾਂ ਤੋਂ ਮੁੱਕਰ ਗਏ ਸਨ। ਪੁਲਸ ਨੇ ਲਾਰੈਂਸ ਅਤੇ ਉਸ ਦੇ ਸਾਥੀਆਂ ਵਿਰੁੱਧ ਕਤਲ ਦੀ ਕੋਸ਼ਿਸ਼ (ਧਾਰਾ 307) ਅਤੇ ਅਸਲਾ ਐਕਟ ਸਮੇਤ ਕਈ ਗੰਭੀਰ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਸੀ। ਇਹ ਘਟਨਾ ਉਸ ਸਮੇਂ ਪੰਜਾਬ ਯੂਨੀਵਰਸਿਟੀ ਦੀ ਵਿਦਿਆਰਥੀ ਰਾਜਨੀਤੀ ਵਿੱਚ ਹਿੰਸਾ ਦੀ ਸਭ ਤੋਂ ਚਰਚਿਤ ਵਾਰਦਾਤ ਮੰਨੀ ਗਈ ਸੀ, ਜੋ ਬਾਅਦ ਵਿੱਚ ਗੈਂਗਵਾਰ ਵਿੱਚ ਤਬਦੀਲ ਹੋ ਗਈ। ਫਿਲਹਾਲ ਅਦਾਲਤ ਵਿੱਚ 21 ਗਵਾਹਾਂ ਦੀ ਸੂਚੀ ਪੇਸ਼ ਕੀਤੀ ਗਈ ਹੈ ਅਤੇ ਟਰਾਇਲ ਜਾਰੀ ਹੈ।

## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ੍ਰੀ ਚੋਲਾ ਸਾਹਿਬ ਦੇ ਸਾਲਾਨਾ ਜੋੜ ਮੇਲੇ 'ਤੇ **ਡੇਰਾ ਬਾਬਾ ਨਾਨਕ** ਵਿਸ਼ੇਸ਼ ਸਪਲੀਮੈਂਟ 3 ਮਾਰਚ ਦਿਨ ਮੰਗਲਵਾਰ ਨੂੰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਰਮੇਸ਼ ਸ਼ਰਮਾ** ਨਾਲ ਮੋਬਾਇਲ ਨੰਬਰ 98146-30794 'ਤੇ ਸੰਪਰਕ ਕੀਤਾ ਜਾ ਸਕਦਾ ਹੈ।

*-ਜਨਰਲ ਮੈਨੇਜਰ*

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

*-ਮੈਨੇਜਰ*

## ਚੰਡੀਗੜ੍ਹ ਤੇ ਅੰਮ੍ਰਿਤਸਰ ਦੇ ਸਕੂਲਾਂ ਨੂੰ ਫਿਰ ਧਮਕੀ

**ਚੰਡੀਗੜ੍ਹ** : ਚੰਡੀਗੜ੍ਹ ਵਿੱਚ ਇੱਕ ਵਾਰ ਫਿਰ ਪੰਜ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਇਨ੍ਹਾਂ ਸਕੂਲਾਂ ਵਿੱਚ ਸੈਕਟਰ-38 ਸਥਿਤ ਵਿਵੇਕ ਹਾਈ ਸਕੂਲ ਅਤੇ ਸੇਂਟ ਜੋਨਸ ਹਾਈ ਸਕੂਲ, ਭਵਨ ਵਿਦਿਆਲਿਆ ਸੈਕਟਰ 27, ਸੌਪਿਨਜ਼ ਸੈਕਟਰ 32 ਸਕੂਲ ਸ਼ਾਮਲ ਹਨ। ਇਨ੍ਹਾਂ ਸਕੂਲਾਂ ਨੂੰ ਈਮੇਲ ਰਾਹੀਂ ਧਮਕੀ ਭਰਿਆ ਸੰਦੇਸ਼ ਭੇਜਿਆ ਗਿਆ। ਧਮਕੀ ਦੀ ਸੂਚਨਾ ਮਿਲਦੇ ਹੀ ਪ੍ਰਸ਼ਾਸਨ ਅਤੇ ਪੁਲਸ ਵਿਭਾਗ ਤੁਰੰਤ ਹਰਕਤ ਵਿੱਚ ਆ ਗਿਆ। ਪੁਲਸ ਅਧਿਕਾਰੀਆਂ ਮੁਤਾਬਕ ਸਾਈਬਰ ਸੈੱਲ ਦੀ ਮਦਦ ਨਾਲ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਇਹ ਈਮੇਲ ਕਿੱਥੋਂ ਭੇਜੀ ਗਈ ਸੀ। ਅੰਮ੍ਰਿਤਸਰ ਅਤੇ ਇਸ ਦੇ ਆਲੇ-ਦੁਆਲੇ ਦੇ ਕਈ ਸਕੂਲਾਂ ਨੂੰ ਵੀ ਸ਼ੁੱਕਰਵਾਰ ਨੂੰ ਮੁੜ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਕਾਰਨ ਦਹਿਸ਼ਤ ਦਾ ਮਾਹੌਲ ਬਣ ਗਿਆ। ਧਮਕੀ ਦੀ ਸੂਚਨਾ ਮਿਲਦਿਆਂ ਹੀ ਅੰਮ੍ਰਿਤਸਰ ਪੁਲਸ ਕਮਿਸ਼ਨਰੇਟ ਦੇ ਡੀ ਸੀ ਪੀ ਆਲਮ ਵਿਜੈ ਸਿੰਘ ਦੀ ਅਗਵਾਈ ਵਿੱਚ ਸੀਨੀਅਰ ਅਧਿਕਾਰੀ ਅਤੇ ਭੰਨਤੋੜ ਵਿਰੋਧੀ ਟੀਮਾਂ ਤੁਰੰਤ ਮੌਕੇ 'ਤੇ ਪਹੁੰਚ ਗਈਆਂ। ਪੁਲਸ ਮੁਤਾਬਕ ਸਾਈਬਰ ਅਤੇ ਤਕਨੀਕੀ ਟੀਮਾਂ ਇਸ ਗੱਲ ਦੀ ਡੂੰਘਾਈ ਨਾਲ ਜਾਂਚ ਕਰ ਰਹੀਆਂ ਹਨ ਕਿ ਇਹ ਈਮੇਲ ਕਿੱਥੋਂ ਅਤੇ ਕਿਸ ਵੱਲੋਂ ਭੇਜੀ ਗਈ ਹੈ।

ਡੀ ਸੀ ਪੀ ਨੇ ਖਦਸ਼ਾ ਜਤਾਇਆ ਹੈ ਕਿ ਇਸ ਸਮੇਂ ਬੋਰਡ ਦੀਆਂ ਪ੍ਰੀਖਿਆਵਾਂ ਚੱਲ ਰਹੀਆਂ ਹਨ ਅਤੇ ਕੁਝ ਸ਼ਰਾਰਤੀ ਅਨਸਰ ਪ੍ਰੀਖਿਆਵਾਂ ਵਿੱਚ ਵਿਘਨ ਪਾਉਣ ਲਈ ਅਜਿਹੀਆਂ ਹਰਕਤਾਂ ਕਰ ਸਕਦੇ ਹਨ।

## ਪਤਨੀ ਨੂੰ ਕੁੱਟਣ 'ਤੇ 15 ਦਿਨ ਤੇ ਜਾਨਵਰਾਂ ਦੀ ਲੜਾਈ ਕਰਵਾਉਣ 'ਤੇ 5 ਮਹੀਨੇ ਦੀ ਜੇਲ੍ਹ

**ਕਾਬਲ** : ਅਫਗਾਨਿਸਤਾਨ ਦੀ ਤਾਲਿਬਾਨ ਸਰਕਾਰ ਨੇ ਇੱਕ ਨਵਾਂ ਕਾਨੂੰਨ (ਦੰਡ ਸੰਹਿਤਾ) ਜਾਰੀ ਕੀਤਾ ਹੈ, ਜਿਸ ਵਿੱਚ ਔਰਤਾਂ ਨਾਲੋਂ ਜਾਨਵਰਾਂ ਦੀ ਸੁਰੱਖਿਆ ਨੂੰ ਵੱਧ ਅਹਿਮੀਅਤ ਦਿੱਤੀ ਗਈ ਹੈ। ਇਸ ਫਰਮਾਨ ਮੁਤਾਬਕ ਜੇਕਰ ਕੋਈ ਮਰਦ ਆਪਣੀ ਪਤਨੀ ਨੂੰ ਇੰਨੀ ਬੁਰੀ ਤਰ੍ਹਾਂ ਕੁੱਟਦਾ ਹੈ ਕਿ ਉਸ ਦੇ ਸਰੀਰ 'ਤੇ ਨੀਲ ਜਾਂ ਜ਼ਖ਼ਮ ਪੈ ਜਾਵੇ ਤਾਂ ਉਸ ਨੂੰ ਸਿਰਫ਼ 15 ਦਿਨਾਂ ਦੀ ਜੇਲ੍ਹ ਹੋਵੇਗੀ, ਉਹ ਵੀ ਉਦੋਂ ਜੇ ਪਤਨੀ ਅਦਾਲਤ ਵਿੱਚ ਸਬੂਤ ਪੇਸ਼ ਕਰ ਸਕੇ। ਇਸ ਦੇ ਉਲਟ, ਜੇਕਰ ਕੋਈ ਵਿਅਕਤੀ ਜਾਨਵਰਾਂ ਜਾਂ ਪੰਛੀਆਂ ਦੀ ਲੜਾਈ ਕਰਵਾਉਂਦਾ ਫੜਿਆ ਗਿਆ ਤਾਂ ਉਸ ਨੂੰ 5 ਮਹੀਨਿਆਂ ਦੀ ਸਖ਼ਤ ਸਜ਼ਾ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਜੇਕਰ ਕੋਈ ਔਰਤ ਆਪਣੇ ਪਤੀ ਦੀ ਮਰਜ਼ੀ ਤੋਂ ਬਿਨਾਂ ਪੇਕੇ ਘਰ ਜਾ ਕੇ ਰਹਿੰਦੀ ਹੈ ਤਾਂ ਉਸ ਨੂੰ 3 ਮਹੀਨਿਆਂ ਦੀ ਜੇਲ੍ਹ ਹੋ ਸਕਦੀ ਹੈ। ਇਹ ਨਵਾਂ ਕਾਨੂੰਨ ਸਮਾਜਿਕ ਰੁਤਬੇ ਦੇ ਆਧਾਰ 'ਤੇ ਵੀ ਪੱਖਪਾਤ ਕਰਦਾ ਹੈ, ਜਿਸ ਵਿੱਚ ਉੱਚ ਵਰਗ ਦੇ ਲੋਕਾਂ ਨੂੰ ਸਿਰਫ਼ ਚੇਤਾਵਨੀ ਦੇ ਕੇ ਛੱਡਿਆ ਜਾ ਸਕਦਾ ਹੈ, ਜਦੋਂ ਕਿ ਗਰੀਬ ਜਾਂ ਨੀਵੇਂ ਵਰਗ ਦੇ ਲੋਕਾਂ ਨੂੰ ਕੋੜੇ ਮਾਰਨ ਵਰਗੀਆਂ ਸਰੀਰਕ ਸਜ਼ਾਵਾਂ ਦਿੱਤੀਆਂ ਜਾਣਗੀਆਂ। ਸੰਯੁਕਤ ਰਾਸ਼ਟਰ ਨੇ ਇਸ ਫਰਮਾਨ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਨੂੰ ਮਨੁੱਖੀ ਅਧਿਕਾਰਾਂ ਅਤੇ ਲਿੰਗ ਸਮਾਨਤਾ ਦੀ ਵੱਡੀ ਉਲੰਘਣਾ ਦੱਸਿਆ ਹੈ।

## ਪ੍ਰੀਖਿਆ ਦੌਰਾਨ ਵਿਦਿਆਰਥਣ ਨੇ ਸਕੂਲ 'ਚ ਬੱਚੇ ਨੂੰ ਦਿੱਤਾ ਜਨਮ

**ਧਾਰ** : ਮੱਧ ਪ੍ਰਦੇਸ਼ ਦੇ ਧਾਰ ਜ਼ਿਲ੍ਹੇ ਦੇ ਪੀਥਮਪੁਰ ਵਿੱਚ ਬੇਹੱਦ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ, ਜਿੱਥੇ 10ਵੀਂ ਜਮਾਤ ਦੀ ਇੱਕ 17 ਸਾਲਾ ਵਿਦਿਆਰਥਣ ਨੇ ਬੋਰਡ ਪ੍ਰੀਖਿਆ ਦੌਰਾਨ ਸਕੂਲ ਦੇ ਬਾਥਰੂਮ ਵਿੱਚ ਬੱਚੇ ਨੂੰ ਜਨਮ ਦਿੱਤਾ। ਇਹ ਘਟਨਾ ਗਣਿਤ ਦੇ ਪੇਪਰ ਦੌਰਾਨ ਵਾਪਰੀ। ਦੱਸਿਆ ਜਾ ਰਿਹਾ ਹੈ ਕਿ ਪ੍ਰੀਖਿਆ ਸ਼ੁਰੂ ਹੋਣ ਦੇ ਦੋ ਘੰਟੇ ਬਾਅਦ ਵਿਦਿਆਰਥਣ ਨੇ ਪੇਟ ਦਰਦ ਦੀ ਸ਼ਿਕਾਇਤ ਕੀਤੀ ਅਤੇ ਵਾਸ਼ਰੂਮ ਜਾਣ ਦੀ ਇਜਾਜ਼ਤ ਮੰਗੀ। ਜਦੋਂ ਉਹ ਕਾਫੀ ਦੇਰ ਵਾਪਸ ਨਾ ਆਈ ਤਾਂ ਨਿਗਰਾਨ ਸਟਾਫ਼ ਨੇ ਜਾ ਕੇ ਦੇਖਿਆ, ਜਿੱਥੇ ਬੱਚੇ ਦੇ ਰੋਣ ਦੀ ਆਵਾਜ਼ ਸੁਣਾਈ ਦਿੱਤੀ। ਸਕੂਲ ਦੀਆਂ ਮਹਿਲਾ ਕਰਮਚਾਰੀਆਂ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਐਂਬੂਲੈਂਸ ਰਾਹੀਂ ਕੁੜੀ ਅਤੇ ਨਵਜੰਮੇ ਬੱਚੇ ਨੂੰ ਹਸਪਤਾਲ ਪਹੁੰਚਾਇਆ। ਪੁਲਸ ਦੀ ਮੁਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਲੜਕੀ 34 ਹਫ਼ਤਿਆਂ (8 ਮਹੀਨੇ) ਦੀ ਗਰਭਵਤੀ ਸੀ। ਵਿਦਿਆਰਥਣ ਨੇ ਪੁਲਸ ਨੂੰ ਦਿੱਤੇ ਬਿਆਨ ਵਿੱਚ ਦੋਸ਼ ਲਾਇਆ ਹੈ ਕਿ ਇੱਕ ਡਾਂਸ ਪ੍ਰੋਗਰਾਮ ਦੌਰਾਨ ਉਸ ਦੀ ਮੁਲਾਕਾਤ ਇੱਕ ਲੜਕੇ ਨਾਲ ਹੋਈ ਸੀ, ਜਿਸ ਨੇ ਉਸ ਨਾਲ ਜਬਰ-ਜ਼ਨਾਹ ਕੀਤਾ। ਲੜਕੀ ਨੇ ਦੱਸਿਆ ਕਿ ਮੁਲਜ਼ਮ ਨੇ ਉਸ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਸੀ, ਜਿਸ ਕਾਰਨ ਉਸ ਨੇ ਆਪਣੇ ਮਾਪਿਆਂ ਨੂੰ ਕੁਝ ਨਹੀਂ ਦੱਸਿਆ। ਵਧੀਕ ਪੁਲਸ ਕਪਤਾਨ ਪਾਰੁਲ ਬੇਲਾਪੁਰਕਰ ਨੇ ਦੱਸਿਆ ਕਿ ਇਸ ਸੰਬੰਧੀ ਪੋਕਸੋ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਬੇਟਮਾ ਪੁਲਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਫਿਲਹਾਲ ਕੁੜੀ ਅਤੇ ਬੱਚਾ ਦੋਵੇਂ ਸਥਿਰ ਦੱਸੇ ਜਾ ਰਹੇ ਹਨ।

## ਅੱਜ-ਨਾਮਾ

ਹੁਸੀਨਾ ਸ਼ੇਖ ਦਾ ਪਲਟਿਆ ਰਾਜ ਜੀਹਨਾਂ,
ਆਪਸ ਵਿੱਚ ਉਹ ਲੱਗੇ ਨੇ ਲੜਨ ਮੀਆਂ।
ਇਕੱਠੇ ਕਰਦੇ ਮੁਜ਼ਾਹਰੇ ਸੀ ਰਹੇ ਪਹਿਲਾਂ,
ਅੱਜ ਉਹ ਕਿਤੇ ਇਕੱਠੇ ਨਾ ਖੜ੍ਹਨ ਮੀਆਂ।
ਚੋਣਾਂ ਵਿੱਚ ਸੀ ਆਪੋ ਵਿੱਚ ਭੇੜ ਹੋਇਆ,
ਪਾਇਆ ਇੱਕ ਨੇ ਦੂਜੇ ਨੂੰ ਪੜ੍ਹਨ ਮੀਆਂ।
ਕੌੜ ਚੋਣਾਂ ਦੀ, ਪਾਟਕ ਹੈ ਪਿਆ ਤਕੜਾ,
ਲੱਗ ਪਏ ਦੋਸ਼ ਵਡੇਰੇ ਆ ਜੜਨ ਮੀਆਂ।
ਭੁਲਾ ਕੇ ਰਿਸ਼ਤਾ ਪੁਰਾਣਾ ਈ ਧਿਰਾਂ ਦੋਵੇਂ,
ਹਮਲੇ ਲੰਘ ਸਰਹੱਦਾਂ ਪਏ ਕਰਨ ਮੀਆਂ।
ਸਾਲਸ ਲੱਭਦਾ ਕੋਈ ਨਹੀਂ ਕਹੇ ਜਿਹੜਾ,
ਕਾਹਤੋਂ ਲੱਗੇ ਓ ਮਾਰਨ ਤੇ ਮਰਨ ਮੀਆਂ।

-ਤੀਸ ਮਾਰ ਖਾਂ

## ਸਾਡਾ ਅਨਮੋਲ ਵਿਰਸਾ ਬੱਬਰ ਅਕਾਲੀ ਲਹਿਰ : ਸੁਵਰਨ ਵਿਰਕ

### ਫਾਸ਼ੀ ਹੱਲੇ ਖ਼ਿਲਾਫ਼ ਜੂਝਣਾ ਸਮੇਂ ਦੀ ਲੋੜ : ਡਾ. ਪਰਮਿੰਦਰ

### ਬੱਬਰ ਅਕਾਲੀ ਲਹਿਰ ਸ਼ਹਾਦਤ ਸ਼ਤਾਬਦੀ ਮੌਕੇ ਵਿਚਾਰ-ਚਰਚਾ




**ਜਲੰਧਰ (ਗਿਆਨ ਸੈਦਪੁਰੀ, ਕੇਸਰ)**
ਸਾਡੇ ਮੁਲਕ ਦੀ ਆਜ਼ਾਦੀ ਲਈ ਉੱਠੀਆਂ ਵੰਨ-ਸੁਵੰਨੀਆਂ ਲਹਿਰਾਂ ਵਿੱਚ ਬੱਬਰ ਅਕਾਲੀ ਲਹਿਰ ਦੀ ਸ਼ਹਾਦਤ ਸ਼ਤਾਬਦੀ (1926-2026) ਮੌਕੇ ਸ਼ੁੱਕਰਵਾਰ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਇਸ ਲਹਿਰ ਦੇ ਇਤਿਹਾਸਕ ਪੱਖਾਂ ਅਤੇ ਉਸ ਦੀ ਮੁੱਲਵਾਨ ਪ੍ਰਸੰਗਕਤਾ ਉਪਰ ਵਿਸ਼ੇਸ਼ ਵਿਚਾਰ-ਚਰਚਾ ਸਮਾਗਮ ਕੀਤਾ ਗਿਆ। ਇਸ ਸਮਾਗਮ ਸੰਬੰਧੀ ਮੁੱਢਲੇ ਸ਼ਬਦ ਸਾਂਝੇ ਕਰਦਿਆਂ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਨੇ ਕਿਹਾ ਕਿ 2026 ਦਾ ਪੂਰਾ ਵਰ੍ਹਾ ਚੱਲਣ ਵਾਲੇ ਬੱਬਰ ਅਕਾਲੀ ਲਹਿਰ ਸ਼ਤਾਬਦੀ ਨੂੰ ਸਮਰਪਿਤ ਸਮਾਗਮਾਂ ਦੀ ਸਿਖ਼ਰ ਹੋਏਗਾ, ਪਹਿਲੀ ਨਵੰਬਰ ਨੂੰ ਹੋਣ ਵਾਲਾ ਮੇਲਾ ਗ਼ਦਰੀ ਬਾਬਿਆਂ ਦਾ। ਉਨ੍ਹਾ ਕਿਹਾ ਕਿ ਅੱਜ 27 ਫਰਵਰੀ ਨੂੰ ਇਸ ਮੁਹਿੰਮ ਦਾ ਆਗਾਜ਼ ਸਮਾਰੋਹ ਉਸ ਇਤਿਹਾਸਕ ਦਿਹਾੜੇ 'ਤੇ ਰੱਖਿਆ ਗਿਆ ਹੈ, ਜਿਸ ਦਿਨ 27 ਫਰਵਰੀ 1926 ਨੂੰ ਕੇਂਦਰੀ ਜੇਲ੍ਹ ਲਾਹੌਰ ਵਿੱਚ ਛੇ ਬੱਬਰ ਦੇਸ਼ਭਗਤਾਂ ਨੂੰ ਫਾਂਸੀ ਲਗਾਇਆ ਗਿਆ ਸੀ। ਸਮਾਗਮ ਮੌਕੇ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਦੋਵੇਂ ਵਕਤਾ ਕਮੇਟੀ ਮੈਂਬਰ ਸੁਵਰਨ ਸਿੰਘ ਵਿਰਕ, ਕਮੇਟੀ ਦੇ ਮੀਤ ਪ੍ਰਧਾਨ ਡਾ. ਪਰਮਿੰਦਰ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਮੰਚ 'ਤੇ ਸੁਸ਼ੋਭਤ ਸਨ।

ਸੁਵਰਨ ਸਿੰਘ ਵਿਰਕ ਨੇ 'ਬੱਬਰ ਅਕਾਲੀ ਲਹਿਰ ਦੀ ਪ੍ਰਸੰਗਕਤਾ' ਵਿਸ਼ੇ 'ਤੇ ਬੋਲਦਿਆਂ ਬੱਬਰ ਅਕਾਲੀ ਲਹਿਰ ਦੇ ਅਣਗੌਲੇ ਇਤਿਹਾਸ ਦੇ ਕਈ ਪੱਖਾਂ ਉਪਰ ਰੌਸ਼ਨੀ ਪਾਈ। ਉਨ੍ਹਾ ਕਿਹਾ ਕਿ ਬੱਬਰ ਅਕਾਲੀ ਲਹਿਰ ਦੇ ਗਠਨ ਪਿੱਛੇ ਉਸ ਵੇਲੇ ਦੇ ਪੰਜਾਬ ਅੰਦਰ ਕਿੰਨੀਆਂ ਹੀ ਥਾਵਾਂ 'ਤੇ ਵਾਪਰੇ ਇੰਤਹਾ ਜਬਰ ਦੀਆਂ ਘਟਨਾਵਾਂ ਕਾਰਨ ਲੋਕ ਮਨਾਂ ਅੰਦਰ ਉੱਸਲਵੱਟੇ ਲੈਂਦਾ ਰੋਸ ਸ਼ਾਮਲ ਹੈ, ਜਿਸ ਕਾਰਨ ਸਿੱਧੇ ਨਿਸ਼ਾਨੇ ਦੀ ਮਾਰ ਹੇਠ ਬਰਤਾਨਵੀ ਹਕੂਮਤ ਦੇ ਤਖ਼ਤ ਦੇ ਪੌਡੇ ਬਣਨ ਵਾਲੇ ਜ਼ੈਲਦਾਰਾਂ, ਟੋਡੀਆਂ, ਮੁਖ਼ਬਰਾਂ ਨੂੰ ਲਿਆਂਦਾ ਗਿਆ। ਸੁਵਰਨ ਵਿਰਕ ਨੇ ਕਿਹਾ ਕਿ ਬੱਬਰ ਅਕਾਲੀ ਲਹਿਰ ਨੂੰ ਇੱਕ ਵਿਸ਼ੇਸ਼ ਧਰਮ ਤੱਕ ਸੀਮਤ ਕਰਨ ਅਤੇ ਉਸੇ ਵਿਸ਼ੇਸ਼ ਧਰਮ ਨਾਲੋਂ ਨਿਖੇੜਨ ਲਈ ਵੀ ਯਤਨ ਕੀਤੇ ਗਏ, ਪਰ ਸਚਾਈ ਕਦੇ ਛੁਪ ਜਾਂ ਹਾਰ ਨਹੀਂ ਸਕਦੀ। ਉਨ੍ਹਾ ਕਿਹਾ ਕਿ ਰੂਸੀ ਕਰਾਂਤੀ ਦਾ ਮਾਸਟਰ ਮੋਤਾ ਸਿੰਘ ਵਰਗਿਆਂ ਰਾਹੀਂ ਬਾਲਸਿਜ਼ਮ ਦਾ ਪ੍ਰਭਾਵ ਵੀ ਇਸ ਲਹਿਰ ਨੂੰ ਰੰਗ ਚਾੜ੍ਹਨ ਦਾ ਕੰਮ ਕਰਨ ਲੱਗਾ। ਉਸ ਵੇਲੇ ਬਸਤੀਵਾਦ ਵਿਰੋਧੀ ਲਹਿਰਾਂ ਇੱਕ-ਦੂਜੀ ਲਹਿਰ ਦੀਆਂ ਪੂਰਕ ਸਨ। ਬੱਬਰ ਅਕਾਲੀਆਂ ਦੀ ਦੇਣ ਮਾਨਵਵਾਦੀ, ਸਮਤਾਪੂਰਕ ਸਮਾਜ ਦੀ ਸਿਰਜਣਾ ਦਾ ਜਮਹੂਰੀਕਰਨ ਕਰਨਾ ਸੀ।

ਡਾ. ਪਰਮਿੰਦਰ ਨੇ, 'ਫ਼ਿਰਕੂ ਫਾਸ਼ੀ ਹੱਲੇ ਦੀਆਂ ਚੁਣੌਤੀਆਂ ਅਤੇ ਸਾਡੀ ਭੂਮਿਕਾ' ਵਿਸ਼ੇ 'ਤੇ ਬੋਲਦੇ ਹੋਏ ਕਿਹਾ ਕਿ ਸਾਮਰਾਜੀਆਂ ਦੇ ਦੇਸੀ ਸੰਗੀ, ਬਹੁ-ਕੌਮੀ ਕੰਪਨੀਆਂ ਦੇ ਆਰਥਿਕ ਏਜੰਡੇ ਪੂਰੀ ਬੇਸ਼ਰਮੀ ਨਾਲ ਗੋਡਣੀਆਂ ਪਰਨੇ ਹੋ ਕੇ ਭਾਰਤੀ ਲੋਕਾਂ ਉਪਰ ਮੜ੍ਹਨ ਲਈ • ਬਾਕੀ ਸਫਾ 2 'ਤੇ

## ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦਾ ਵਫ਼ਦ ਰਾਹੁਲ ਗਾਂਧੀ ਨੂੰ ਮਿਲਿਆ

### ਮੋਰਚੇ ਦਾ ਵੱਡਾ ਜਥਾ ਬਰਨਾਲਾ ਰੈਲੀ 'ਚ ਕਰੇਗਾ ਸ਼ਮੂਲੀਅਤ : ਸਮਾਓਂ



**ਮਾਨਸਾ (ਆਤਮਾ ਸਿੰਘ ਪਮਾਰ)**-ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦਾ ਇੱਕ ਵਫ਼ਦ ਜਥੇਬੰਦੀ ਦੇ ਸੂਬਾਈ ਪ੍ਰਧਾਨ ਭਗਵੰਤ ਸਮਾਓਂ ਦੀ ਅਗਵਾਈ ਹੇਠ ਕੇਂਦਰ ਦੀ ਭਾਜਪਾ ਮੋਦੀ ਸਰਕਾਰ ਵੱਲੋਂ ਜੀ ਰਾਮ ਜੀ ਦੇ ਨਾਮ ਹੇਠ ਮਨਰੇਗਾ ਰੁਜ਼ਗਾਰ ਨੂੰ ਖ਼ਤਮ ਕਰਨ ਖ਼ਿਲਾਫ਼ ਦੇਸ਼ ਵਿਆਪੀ ਅੰਦੋਲਨ ਨੂੰ ਤੇਜ਼ ਕਰਨ ਲਈ ਇੰਦਰਾ ਕਾਂਗਰਸ ਭਵਨ ਨਵੀਂ ਦਿੱਲੀ ਵਿਖੇ ਇੰਡੀਆ ਕਾਂਗਰਸ ਪਾਰਟੀ ਦੇ ਕੌਮੀ ਆਗੂ ਤੇ ਸੰਸਦ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ ਮਿਲਿਆ।ਪ੍ਰੈੱਸ ਨਾਲ ਗੱਲਬਾਤ ਕਰਦਿਆਂ ਭਗਵੰਤ ਸਮਾਓਂ ਨੇ ਦੱਸਿਆ ਕਿ ਸੰਸਦ ਅੰਦਰ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨਾਲ ਭਾਰਤ, ਅਮਰੀਕਾ ਵਪਾਰਕ ਸਮਝੌਤੇ ਕਰਨ ਕਿਸਾਨਾਂ, ਮਜ਼ਦੂਰਾਂ, ਛੋਟੇ ਕਾਰੋਬਾਰੀਆਂ 'ਤੇ ਪੈਣ ਵਾਲੇ ਦੁਰਪ੍ਰਭਾਵ, ਮਨਰੇਗਾ ਰੁਜ਼ਗਾਰ ਗਰੰਟੀ ਕਾਨੂੰਨ ਨੂੰ ਬਚਾਉਣ ਸਮੇਤ ਯੂ ਜੀ ਸੀ ਦੇ ਨਵੇਂ ਨਿਯਮਾਂ ਦੀ ਬਹਾਲੀ, ਨਵੀਂ ਸਿੱਖਿਆ ਨੀਤੀ 2020, ਨਵੇਂ ਬਿਜਲੀ ਬਿੱਲ, ਬੇਜ਼ਮੀਨੇ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ, ਸਮੁੱਚੇ ਦੇਸ਼ 'ਚ ਜ਼ਮੀਨ ਹੱਦਬੰਦੀ ਕਾਨੂੰਨ ਲਾਗੂ ਕਰਵਾਉਣ, ਦਲਿਤਾਂ 'ਤੇ ਹੋ ਰਹੇ ਅੱਤਿਆਚਾਰਾਂ ਤੇ ਪੰਜਾਬ ਦੀ ਆਪ ਸਰਕਾਰ ਵੱਲੋਂ ਅੰਦੋਲਨਕਾਰੀ ਕਿਸਾਨਾਂ 'ਤੇ ਕੀਤੇ ਅਣਮਨੁੱਖੀ ਤਸ਼ੱਦਦ ਆਦਿ ਮੁੱਦਿਆਂ 'ਤੇ ਚਰਚਾ ਹੋਈ ਅਤੇ ਭਵਿੱਖ 'ਚ ਭਾਜਪਾ ਦੇ ਮਨੂੰਵਾਦੀ ਮਨਸੂਬਿਆਂ ਖ਼ਿਲਾਫ਼ ਦਲਿਤਾਂ, ਮਜ਼ਦੂਰਾਂ ਦੇ ਸਾਂਝੇ ਸੰਵਿਧਾਨ ਬਚਾਓ, ਆਜ਼ਾਦੀ ਬਚਾਓ ਵਿਸ਼ਾਲ ਅੰਦੋਲਨ ਦੀ ਲਾਮਬੰਦੀ ਕਰਨ ਲਈ ਪੰਜਾਬ ਸਮੇਤ ਦੇਸ਼ ਭਰ ਦੀਆਂ ਅੰਬੇਡਕਰਵਾਦੀ ਧਿਰਾਂ ਨੂੰ ਇੱਕਜੁੱਟ ਕਰਨ ਲਈ ਗੱਲਬਾਤ ਕੀਤੀ ਗਈ।ਉਨ੍ਹਾਂ ਕਿਹਾ ਕਿ ਕਾਂਗਰਸ ਰਾਹੁਲ ਗਾਂਧੀ ਦੀ ਅਗਵਾਈ ਹੇਠ ਪੂਰੇ ਦੇਸ਼ 'ਚ ਮਨਰੇਗਾ ਬਚਾਓ ਸੰਗਰਾਮ ਚਲਾ ਰਹੀ ਹੈ।ਸਮਾਓਂ ਨੇ ਕਿਹਾ ਕਿ ਬਰਨਾਲਾ ਵਿਖੇ ਕੀਤੀ ਜਾ ਰਹੀ ਮਨਰੇਗਾ ਬਚਾਓ ਸੰਗਰਾਮ ਰੈਲੀ 'ਚ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦਾ ਇੱਕ ਵੱਡਾ ਜੱਥਾ ਸ਼ਮੂਲੀਅਤ ਵੀ ਕਰੇਗਾ।ਵਫਦ 'ਚ ਮੋਰਚੇ ਦੇ ਪ੍ਰਮੁੱਖ ਮਜ਼ਦੂਰ ਆਗੂ ਮੱਖਣ ਸਿੰਘ ਰਾਮਗੜ੍ਹ, ਨਿੱਕਾ ਸਿੰਘ ਬਹਾਦਰਪੁਰ, ਰੋਹੀ ਸਿੰਘ ਗੋਬਿੰਦਗੜ੍ਹ ਆਦਿ ਹਾਜ਼ਰ ਸਨ।

# ਉਸਾਰੀ ਕਿਰਤੀਆਂ ਵੱਲੋਂ ਸਕੀਮਾਂ 'ਚ ਬਦਲਾਅ ਤੇ ਲਾਭ ਨਾ ਮਿਲਣ ਵਿਰੁੱਧ ਰੋਸ ਪ੍ਰਦਰਸ਼ਨ

### ਪੈਨਸ਼ਨ ਤੇ ਐਕਸਗਰੇਸ਼ੀਆ ਸਕੀਮਾਂ 'ਚ ਮਨਮਰਜ਼ੀ ਦੇ ਬਦਲਾਅ ਰੱਦ ਕਰਨ ਦੀ ਮੰਗ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਕੰਸਟਰੱਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਥਾਨਕ ਡੀ ਸੀ ਦਫ਼ਤਰ ਤੇ ਅਸਿਸਟੈਂਟ ਲੇਬਰ ਕਮਿਸ਼ਨਰ ਦੇ ਦਫ਼ਤਰ ਸਾਹਮਣੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ।ਉਸਾਰੀ ਕਿਰਤੀਆਂ ਨੇ ਕਿਰਤ ਵਿਭਾਗ ਦੀ ਕਾਰਗੁਜ਼ਾਰੀ ਤੇ ਸਕੀਮਾਂ ਵਿੱਚ ਕੀਤੇ ਜਾ ਰਹੇ ਗੈਰ-ਵਾਜਬ ਬਦਲਾਅ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਜ਼ਿਲ੍ਹਾ ਆਗੂ ਗੋਰਾ ਸਿੰਘ ਪਿਪਲੀ ਤੇ ਚਰਨਜੀਤ ਸਿੰਘ ਚੰਬੇਲੀ ਨੇ ਦੋਸ਼ ਲਾਇਆ ਕਿ ਬੋਰਡ ਦੀਆਂ ਮੀਟਿੰਗਾਂ ਨਾ ਹੋਣ ਕਾਰਨ ਵਿਭਾਗ ਵੱਲੋਂ ਮਨਮਰਜ਼ੀ ਨਾਲ ਸਕੀਮਾਂ ਵਿੱਚ ਬਦਲਾਅ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੈਨਸ਼ਨ ਸਕੀਮ ਤੇ ਐਕਸਗਰੇਸ਼ੀਆ (ਮੁਆਵਜ਼ਾ) ਰਾਸ਼ੀ ਵਿੱਚ ਕੀਤੇ ਗਏ ਬਦਲਾਅ ਸਿੱਧੇ ਤੌਰ 'ਤੇ ਮਜ਼ਦੂਰ ਵਿਰੋਧੀ ਹਨ।ਕਈ ਸਾਲਾਂ ਤੋਂ ਲੰਬਿਤ ਪਏ ਮਾਮਲਿਆਂ 'ਤੇ ਵਿਭਾਗ ਵੱਲੋਂ ਜਾਣਬੁੱਝ ਕੇ ਗੈਰ-ਵਾਜਬ ਇਤਰਾਜ਼ ਲਗਾ ਕੇ ਲਾਭਪਾਤਰੀਆਂ ਨੂੰ ਖੱਜਲ-ਖੁਆਰ ਕੀਤਾ ਜਾ ਰਿਹਾ ਹੈ।ਸਾਥੀ ਬਲਜਿੰਦਰ ਸਿੰਘ ਪਿਪਲੀ ਨੇ ਕਿਹਾ ਕਿ ਜੇਕਰ ਪੁਰਾਣੇ ਪੋਰਟਲ ਤੇ ਹੋਰ ਲਟਕਦੀਆਂ ਮੰਗਾਂ ਦਾ ਜਲਦ ਨਿਪਟਾਰਾ ਨਾ ਕੀਤਾ ਗਿਆ ਤਾਂ ਲਾਭਪਾਤਰੀ ਲੋਕ ਅਦਾਲਤਾਂ ਜਾਂ ਕਾਨੂੰਨੀ ਰਸਤਾ ਅਖ਼ਤਿਆਰ ਕਰਨ ਲਈ ਮਜਬੂਰ ਹੋਣਗੇ।ਇਸ ਮੌਕੇ ਬਲਜਿੰਦਰ ਸਿੰਘ ਮਿਸਤਰੀ, ਬਲਜਿੰਦਰ ਸਿੰਘ ਨਿੱਕਾ, ਸਤਨਾਮ ਸਿੰਘ ਪਿਪਲੀ, ਗੁਰਮੀਤ ਸਿੰਘ ਮੋਰਾਂਵਾਲੀ ਤੇ ਜਿੰਦਰਪਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

## ਮੰਤਰੀਆਂ ਦੀਆਂ ਕੋਠੀਆਂ ਘੇਰਨ ਲਈ ਰੋਡ ਮੈਪ ਤਿਆਰ : ਸੁਰਿੰਦਰ ਕੌਰ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਸਰਕਾਰੀ ਆਈ ਟੀ ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਦੀ ਆਗੂ ਸੁਰਿੰਦਰ ਕੌਰ ਨੇ ਕਿਹਾ ਕਿ ਪੰਜਾਬ ਦੀਆਂ ਸਰਕਾਰੀ ਆਈ ਟੀ ਆਈਜ਼ 'ਚ ਕੰਮ ਕਰਦੇ 700 ਕੱਚੇ ਇੰਸਟਕਟਰਾਂ ਨੇ ਮੁੱਖ ਮੰਤਰੀ ਤੇ ਮੰਤਰੀਆਂ ਦੀਆਂ ਕੋਠੀਆਂ ਦਾ ਘਿਰਾਓ ਕਰਨ ਲਈ ਆਗਾਮੀ ਸਤੰਬਰ ਮਹੀਨੇ ਤੱਕ ਦਾ ਰੋਡਮੈਪ ਤਿਆਰ ਕਰ ਲਿਆ।ਉਪਰੋਕਤ ਆਗੂ ਨੇ ਕਿਹਾ ਕਿ ਰੈਗੂਲਰ ਆਸਾਮੀਆਂ ਭਰਨ ਤੋਂ ਪਹਿਲਾਂ ਸਰਕਾਰ ਆਈ.ਟੀ.ਆਈਜ਼ 'ਚ ਠੇਕੇ 'ਤੇ ਬੇਸਿਕ ਤਨਖਾਹ 'ਤੇ ਕੰਮ ਕਰਦੇ ਸਾਰੇ 700 ਕਰਾਫਟ ਇੰਸਟਕਟਰਾਂ ਨੂੰ ਵਿਭਾਗ ਅਧੀਨ ਖਾਲੀ ਪਈਆਂ ਆਸਾਮੀਆਂ ਵਿਰੁੱਧ ਰੈਗੂਲਰ ਜਾਂ ਵੱਖਰਾ ਕਾਡਰ ਬਣਾਏ, ਤਨਖਾਹ ਤੇ ਛੁੱਟੀਆਂ ਸਬੰਧੀ ਪੈਂਡਿੰਗ ਪਈ ਫਾਈਲ ਨੂੰ ਵਿੱਤ ਮੰਤਰੀ ਤੁਰੰਤ ਅਪਰੂਵ ਕਰਕੇ ਅਗਸਤ-2024 ਤੋਂ ਬਣਦਾ ਏਰੀਅਰ ਦੇਣ ਤੇ ਨੌਕਰੀ ਤੋਂ ਕੱਢੇ ਮੁਲਾਜ਼ਮਾਂ ਨੂੰ ਤੁਰੰਤ ਜੁਆਇੰਨ ਕਰਾਇਆ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਾ ਕੀਤੀਆਂ ਤਾਂ 16 ਤੋਂ 19 ਮਾਰਚ ਤੱਕ ਸੰਸਥਾਵਾਂ 'ਚ ਰੋਜ਼ਾਨਾ ਗੇਟ ਰੈਲੀਆਂ, 20 ਮਾਰਚ ਨੂੰ ਗੇਟ ਮੂਹਰੇ ਪੰਜਾਬ ਸਰਕਾਰ ਦੀਆਂ ਅਰਥੀਆਂ ਫੂਕੀਆਂ ਜਾਣਗੀਆਂ ਤੇ ਜੇਕਰ ਸਰਕਾਰ ਫੇਰ ਵੀ ਹੱਲ ਨਹੀਂ ਕਰਦੀ ਤਾਂ 23 ਮਾਰਚ ਤੋਂ 27 ਮਾਰਚ ਤੱਕ ਸੰਗਰੂਰ ਧਰਨੇ ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹਾ ਵਾਈਜ਼ ਮੀਟਿੰਗਾਂ ਕੀਤੀਆਂ ਜਾਣਗੀਆਂ ਤੇ ਜੇਕਰ ਫੇਰ ਵੀ ਸਰਕਾਰ ਨੇ ਮੰਗਾਂ ਪੂਰੀਆਂ ਨਾ ਕੀਤੀਆਂ ਤਾਂ ਆਗਾਮੀ 27 ਸਤੰਬਰ ਨੂੰ ਮੁੱਖ ਮੰਤਰੀ ਦੀ ਸੰਗਰੂਰ ਸਥਿਤ ਕੋਠੀ ਦਾ ਘਿਰਾਓ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਜਥੇਬੰਦੀ ਨੂੰ ਭਰਾਤਰੀ ਜਥੇਬੰਦੀਆਂ ਵੱਲੋਂ ਖੁੱਲ੍ਹਾ ਸਮਰਥਨ ਦਿੱਤਾ ਜਾ ਰਿਹਾ ਹੈ।

## ਸਰਕਾਰ ਸਰਬ ਸਿੱਖਿਆ ਅਭਿਆਨ ਤਹਿਤ ਦਫਤਰੀ ਕਰਮਚਾਰੀਆਂ ਨੂੰ ਪੂਰੀਆਂ ਤਨਖਾਹਾਂ 'ਤੇ ਰੈਗੂਲਰ ਕਰੇ : ਨਵਪ੍ਰੀਤ ਬੱਲੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਗੌਰਮਿੰਟ ਟੀਚਰਜ਼ ਯੂਨੀਅਨ (ਵਿਗਿਆਨਕ) ਪੰਜਾਬ ਦੀ ਵਰਚੁਅਲ ਮਾਧਿਅਮ ਰਾਹੀਂ ਸੂਬਾ ਪ੍ਰਧਾਨ ਨਵਪ੍ਰੀਤ ਬੱਲੀ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਬਾਰੇ ਦੱਸਦਿਆਂ ਜਨਰਲ ਸਕੱਤਰ ਸੁਰਿੰਦਰ ਕੰਬੋਜ, ਵਿੱਤ ਸਕੱਤਰ ਸੋਮ ਸਿੰਘ ਤੇ ਪ੍ਰੈੱਸ ਸਕੱਤਰ ਐੱਨ ਡੀ ਤਿਵਾੜੀ ਨੇ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਜੋ ਪ੍ਰੀਖਿਆਵਾਂ ਹੋ ਰਹੀਆਂ ਹਨ, ਇਨ੍ਹਾਂ ਪ੍ਰੀਖਿਆਵਾਂ ਵਿੱਚ ਅਬਜ਼ਰਵਰਾਂ ਦੀਆਂ ਡਿਊਟੀਆਂ ਘਰ ਤੋਂ ਲਗਭਗ 60 ਕਿਲੋਮੀਟਰ ਦੂਰ ਲਗਾਈਆਂ ਗਈਆਂ ਹਨ, ਜਿਸ ਦੀ ਜਥੇਬੰਦੀ ਪੁਰਜ਼ੋਰ ਸ਼ਬਦਾਂ 'ਚ ਨਿਖੇਧੀ ਕਰਦੀ ਹੈ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਤੋਂ ਮੰਗ ਕੀਤੀ ਕਿ ਅਬਜ਼ਰਵਰਾਂ ਦੀਆਂ ਡਿਊਟੀਆਂ ਜਿੱਥੇ ਕਰਮਚਾਰੀ ਪੜ੍ਹਾ ਰਿਹਾ ਹੈ, ਉਸ ਸਥਾਨ ਤੋਂ 20 ਕਿਲੋਮੀਟਰ ਘੇਰੇ ਦੇ ਅੰਦਰ-ਅੰਦਰ ਲਗਾਈਆਂ ਜਾਣ, ਜੋ ਕਿ ਕਰਮਚਾਰੀਆਂ ਨੂੰ ਖੱਜਲ ਖ਼ੁਆਰੀ ਦਾ ਸਾਹਮਣਾ ਨਾ ਕਰਨਾ ਪਵੇ।ਸੂਬਾ ਸੀਨੀਅਰ ਮੀਤ ਪ੍ਰਧਾਨ ਪ੍ਰਗਟ ਸਿੰਘ ਜੰਬਰ, ਜਤਿੰਦਰ ਸਿੰਘ ਸੋਨੀ ਕਿਹਾ ਕਿ ਪੰਜਾਬ ਸਰਕਾਰ ਨੇ ਦਫ਼ਤਰਾਂ ਵਿੱਚ ਸਰਵ ਸਿੱਖਿਆ ਅਭਿਆਨ ਦੇ ਤਹਿਤ ਕੰਮ ਕਰ ਰਹੇ ਦਫਤਰੀ ਕਰਮਚਾਰੀਆਂ ਨੂੰ ਉਨ੍ਹਾਂ ਦੀਆਂ ਤਨਖਾਹਾਂ ਘਟਾ ਕੇ ਬੇਸਿਕ ਪੇਅ 'ਤੇ ਰੈਗੂਲਰ ਕੀਤਾ ਗਿਆ ਹੈ, ਇਹ ਉਨ੍ਹਾਂ ਕਰਮਚਾਰੀਆਂ ਨਾਲ ਕੋਝਾ ਮਜ਼ਾਕ ਕੀਤਾ ਹੈ।ਇਸ ਸਬੰਧੀ ਰੈਲੀ ਕਰ ਰਹੇ ਇਨ੍ਹਾਂ ਕਰਮਚਾਰੀਆਂ ਉੱਤੇ ਪਾਣੀ ਦੀਆਂ ਵਛਾੜਾਂ ਮਾਰਨ ਦੀ ਜਥੇਬੰਦੀ ਨਿਖੇਧੀ ਕਰਦੀ ਹੈ ਤੇ ਸਰਕਾਰ ਤੋਂ ਮੰਗ ਕਰਦੀ ਹੈ ਕਿ ਇਨ੍ਹਾਂ ਮੁਲਾਜ਼ਮਾਂ ਨੂੰ ਪੂਰੀਆਂ ਤਨਖਾਹਾਂ 'ਤੇ ਰੈਗੂਲਰ ਕੀਤਾ ਜਾਵੇ।ਇਸ ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਕੰਵਲਜੀਤ ਸਿੰਘ ਸੰਗੋਵਾਲ, ਗੁਰਜੀਤ ਸਿੰਘ ਮੋਹਾਲੀ, ਗੁਰਮੀਤ ਸਿੰਘ ਖਾਲਸਾ, ਗੁਰਪ੍ਰੀਤ ਸਿੰਘ ਸੰਧੂ, ਲਾਲ ਚੰਦ ਨਵਾਂ ਸ਼ਹਿਰ, ਸੁੱਚਾ ਸਿੰਘ ਰੋਪੜ, ਮੋਹਨ ਲਾਲ, ਅਜੀਤਪਾਲ ਸਿੰਘ, ਸੁਮੇਸ਼ ਕੁਮਾਰ, ਜਸਵਿੰਦਰ ਸਿੰਘ, ਅਦੀਸ਼ ਜੈਨ, ਸੰਜੇ ਕੁਮਾਰ, ਗਗਨਦੀਪ ਸਿੰਘ, ਨਵਦੀਪ ਅਹੂਜਾ, ਜਗਤਾਰ ਸਿੰਘ ਖਮਾਣੋ, ਬਲਵੀਰ ਸਿੰਘ ਸੰਗਰੂਰ ਜਰਨੈਲ ਜੰਡਾਲੀ, ਰਸ਼ਮਿੰਦਰ ਪਾਲ ਆਦਿ ਆਗੂ ਹਾਜ਼ਰ ਸਨ।

## 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਸਮਾਗਮ



**ਫਰੀਦਕੋਟ (ਬੇਦੀ, ਡਿਸੂਜ਼ਾ)**-ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਸੇਵਾ ਤੇ ਸਨਮਾਨ ਲਈ ਸ਼ੁਰੂ ਕੀਤੀ ਗਈ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਤਾਜ ਪੈਲੇਸ ਵਿਖੇ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲਕ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਪੱਧਰੀ ਸਮਾਗਮ ਦਾ ਸਫ਼ਲ ਆਯੋਜਨ ਕੀਤਾ ਗਿਆ।ਮੁੱਖ ਮਹਿਮਾਨ ਵਜੋਂ ਡਾ. ਬਲਜੀਤ ਕੌਰ ਕੈਬਨਿਟ ਮੰਤਰੀ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਨੇ ਸ਼ਿਰਕਤ ਕੀਤੀ।ਵਿਧਾਇਕ ਗੁਰਦਿੱਤ ਸਿੰਘ ਸੇਖੋਂ, ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ, ਚੇਅਰਮੈਨ ਇੰਮਪਰੂਵਮੈਂਟ ਟਰੱਸਟ ਗਗਨਦੀਪ ਸਿੰਘ ਧਾਲੀਵਾਲ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਤੇਜ ਸਿੰਘ ਖੋਸਾ, ਐਸ.ਡੀ.ਐਮ. ਅਮਨਦੀਪ, ਸਿਵਲ ਸਰਜਨ ਡਾ. ਚੰਦਰ ਸ਼ੇਖਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੂਰੇ ਪੰਜਾਬ ਵਿੱਚ ਬਜ਼ੁਰਗਾਂ ਲਈ ਸ਼ੁਰੂ ਕੀਤੀ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਬਜ਼ੁਰਗਾਂ ਲਈ ਮੁਫ਼ਤ ਮੈਡੀਕਲ ਕੈਂਪ ਲਾਇਆ ਗਿਆ, ਜਿਸ ਵਿੱਚ ਅੱਖਾਂ ਦੇ ਮਾਹਿਰ, ਨੱਕ-ਕੰਨ-ਗਲਾ ਮਾਹਿਰ, ਹੱਡੀਆਂ ਦੇ ਮਾਹਿਰ, ਚਮੜੀ ਰੋਗ ਵਿਸ਼ੇਸ਼ਗਿਆਨ ਤੇ ਜਰਨਲ ਮੈਡੀਸਨ ਦੇ ਡਾਕਟਰਾਂ ਵੱਲੋਂ ਬਜ਼ੁਰਗਾਂ ਦਾ ਮੁਫ਼ਤ ਚੈੱਕਅਪ ਕੀਤਾ ਗਿਆ ਤੇ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ।ਉਨ੍ਹਾਂ ਦੱਸਿਆ ਕਿ ਨੌਜਵਾਨਾਂ ਤੇ ਬਜ਼ੁਰਗਾਂ ਵਿੱਚ ਆਪਸੀ ਸਬੰਧ ਮਜ਼ਬੂਰ ਕਰਨ ਵਿੱਚ ਇਹ ਕੈਂਪ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਬਜ਼ੁਰਗਾਂ ਨੂੰ ਮਾਣ ਸਨਮਾਨ ਦੇਣ ਲਈ ਪੰਜਾਬ ਸਰਕਾਰ ਵੱਲੋਂ ਇਹ ਉਪਰਾਲਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਬਜ਼ੁਰਗ ਸਾਡਾ ਸਰਮਾਇਆ ਹਨ।ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਦੱਸਿਆ ਕਿ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਜ਼ਿਲ੍ਹਾ ਪੱਧਰੀ ਕੈਂਪ ਲਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਬਜ਼ੁਰਗ ਸਿਰਫ ਘਰ ਦਾ ਹੀ ਨਹੀਂ ਬਲਕਿ ਸਮਾਜ ਦਾ ਵੀ ਮਾਣ ਹਨ।ਚੇਅਰਮੈਨ ਇੰਪਰੂਵਮੈਂਟ ਟਰੱਸਟ ਗਗਨਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ 1300 ਦੇ ਕਰੀਬ ਬਜ਼ੁਰਗਾਂ ਦੀ ਰਜਿਸਟ੍ਰੇਸ਼ਨ ਕਰਕੇ ਉਨ੍ਹਾਂ ਦਾ ਚੈੱਕਅੱਪ ਕਰਨ ਤੋਂ ਬਾਅਦ ਉਨ੍ਹਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ ਹਨ।ਇਸ ਤੋਂ ਇਲਾਵਾ ਉਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਤੇ ਸਰਕਾਰੀ ਸਕੀਮਾਂ ਸਬੰਧੀ ਜਾਣੂ ਕਰਾਇਆ ਗਿਆ ਹੈ।

## ਐਸ ਐਸ ਪੀ ਜੋਤੀ ਯਾਦਵ ਦੇ ਅਸਤੀਫ਼ੇ ਦੀ ਮੰਗ

**ਦੋਰਾਹਾ (ਹਰਮਿੰਦਰ ਸੇਠ)**-ਡਾ. ਅੰਬੇਡਕਰ ਨਵਯੁਵਕ ਦਲ ਭਾਰਤ ਦੇ ਪ੍ਰਧਾਨ ਵੱਲੋਂ ਪਿੰਡ ਜਿਉਂਦ 'ਚ ਸ਼ਾਂਤੀਪੂਰਵਕ ਮੀਟਿੰਗ ਕਰ ਰਹੇ ਕਿਸਾਨਾਂ 'ਤੇ ਸਰਕਾਰ ਦੀ ਸ਼ਹਿ 'ਤੇ ਐਸਐਸਪੀ ਜੋਤੀ ਯਾਦਵ ਵੱਲੋਂ ਹਮਲਾ ਕਰਨਾ ਅੱਥਰੂ ਗੈਸ ਸੁੱਟਣੇ ਤੇ ਉਨ੍ਹਾਂ ਨੂੰ ਕੁੱਟਮਾਰ ਕਰਨਾ, ਪੰਜਾਬ ਪੁਲਸ ਦਾ ਬਹੁਤ ਹੀ ਘਟੀਆ ਵਰਤਾਰਾ ਸੀ ਤੇ ਲੋਕਤੰਤਰ ਲਈ ਘਾਤਕ ਹੈ, ਇਸ ਕਾਰਵਾਈ ਦੀ ਜਥੇਬੰਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ ਤੇ ਮੰਗ ਕੀਤੀ ਹੈ ਕਿ ਐਸਐਸਪੀ ਜੋਤੀ ਯਾਦਵ ਨੂੰ ਤੁਰੰਤ ਉਹਨਾਂ ਦੇ ਅਹੁਦੇ ਤੋਂ ਹਟਾ ਕੇ ਉਸ ਉੱਪਰ ਪਰਚਾ ਦਰਜ ਕੀਤਾ ਜਾਵੇ। ਪ੍ਰਧਾਨ ਗੁਰਦੀਪ ਸਿੰਘ ਕਾਲੀ ਨੇ ਕਿਹਾ ਕਿ ਜੋਤੀ ਯਾਦਵ ਵੱਲੋਂ ਇਹ ਸੋਚੀ ਸਮਝੀ ਰਣਨੀਤੀ ਤਹਿਤ ਕੀਤਾ ਗਿਆ ਹਮਲਾ ਹੈ, ਜਿਸ ਤਹਿਤ ਕਿਸਾਨ ਤੇ ਸਿੱਖ ਲੋਕਾਂ ਨੂੰ ਹੀ ਟਾਰਗੇਟ ਕੀਤਾ ਗਿਆ ਹੈ ਤੇ ਸਿੱਧਾ ਸਿੱਧਾ ਇਹ ਕਿਹਾ ਗਿਆ ਹੈ ਕਿ ਪੀਲੇ ਪਰਨੇ ਵਾਲੇ ਨੂੰ ਲਿਆਓ। ਇਸ ਤੋਂ ਸਪੱਸ਼ਟ ਹੈ ਕਿ ਐਸਐਸਪੀ ਸਿੱਧਾ ਪੱਗਾਂ ਵਾਲਿਆਂ ਨੂੰ ਟਾਰਗੇਟ ਕਰ ਰਹੀ ਹੈ।



# ਮਾਤਾ ਪ੍ਰੀਤਮ ਕੌਰ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ

**ਦੋਰਾਹਾ (ਪੱਤਰ ਪ੍ਰੇਰਕ)**

ਦੋਰਾਹਾ ਸ਼ਹਿਰ ਦੀ ਸਤਿਕਾਰਯੋਗ ਸ਼ਖਸੀਅਤ ਗੁਰਜੀਤ ਸਿੰਘ ਤੇ 'ਨਵਾਂ ਜ਼ਮਾਨਾ' ਅਖ਼ਬਾਰ ਦੇ ਪੱਤਰਕਾਰ ਹਰਮਿੰਦਰ ਸੇਠ ਦੀ ਮਾਤਾ ਪ੍ਰੀਤਮ ਕੌਰ 17 ਫਰਵਰੀ 2026 ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ।ਮਾਤਾ ਪ੍ਰੀਤਮ ਕੌਰ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ਼੍ਰੀ ਸਹਿਜ ਪਾਠ ਦੇ ਭੋਗ ਬੀਤੇ ਬੁੱਧਵਾਰ ਦੁਪਹਿਰ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਪਾਏ ਗਏ।ਇਸ ਮੌਕੇ ਕੀਰਤਨੀ ਜਥੇ ਵੱਲੋਂ ਵੈਰਾਗਮਈ ਕੀਰਤਨ ਰਾਹੀਂ ਸੰਗਤ ਨੂੰ ਗੁਰਬਾਣੀ ਨਾਲ ਜੋੜਿਆ ਗਿਆ।ਇਸ ਮੌਕੇ ਕਮਿਊਨਿਸਟ ਪਾਰਟੀ ਦੇ ਪ੍ਰਤੀਨਿਧੀਆਂ, ਸਮਾਜਿਕ ਤੇ ਰਾਜਨੀਤਕ ਆਗੂਆਂ, ਪੱਤਰਕਾਰ ਭਾਈਚਾਰੇ ਤੇ ਨਿਰੰਕਾਰੀ ਮਿਸ਼ਨ ਵੱਲੋਂ ਮਾਤਾ ਜੀ ਨੂੰ ਸ਼ਰਧਾਂਜਲੀਆਂ ਅਰਪਿਤ ਕੀਤੀਆਂ ਗਈਆਂ ਅਤੇ ਅੰਤਿਮ ਅਰਦਾਸ ਕੀਤੀ ਗਈ।ਸਮਾਗਮ ਦੌਰਾਨ ਹਲਕਾ ਪਾਇਲ ਤੋਂ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ, ਕਾਮਰੇਡ ਐੱਮ. ਐੱਸ. ਭਾਟੀਆ, ਟ੍ਰੇਡ ਯੂਨੀਅਨ ਆਗੂ ਕਾਮਰੇਡ ਕਰਮ ਸਿੰਘ ਜਟਾਣਾ, ਨਗਰ ਕੌਂਸਲ ਦੇ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ, ਸਮਾਜ ਸੇਵੀ ਗੁਰਦੀਪ ਸਿੰਘ ਕਾਲੀ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਲਾਪਰਾਂ, ਸੀਨੀਅਰ ਪੱਤਰਕਾਰ ਜੋਗਿੰਦਰ ਓਬਰਾਏ ਤੇ ਨਿਰੰਕਾਰੀ ਮਿਸ਼ਨ ਦੋਰਾਹਾ ਬ੍ਰਾਂਚ ਦੇ ਮੁਖੀ ਹਰਮੇਲ ਸਿੰਘ ਵੱਲੋਂ ਮਾਤਾ ਜੀ ਦੇ ਜੀਵਨ ਉੱਤੇ ਵਿਸਥਾਰ ਨਾਲ ਚਾਨਣ ਪਾਇਆ ਗਿਆ। ਉਨ੍ਹਾਂ ਮਾਤਾ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਮਾਤਾ ਪ੍ਰੀਤਮ ਕੌਰ ਜੀ ਨੇ ਸਾਰੀ ਉਮਰ ਸੇਵਾ, ਸਹਿਣਸ਼ੀਲਤਾ ਤੇ ਉੱਚੇ ਸੰਸਕਾਰਾਂ ਦੀ ਮਿਸਾਲ ਕਾਇਮ ਕੀਤੀ।ਇਸ ਦੌਰਾਨ ਨਗਰ ਕੌਂਸਲ ਦੇ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ, ਪ੍ਰੈੱਸ ਕਲੱਬ ਦੋਰਾਹਾ ਦੇ ਪ੍ਰਧਾਨ ਰਣਧੀਰ ਸਿੰਘ ਧੀਰਾ, ਕੌਂਸਲਰ ਰਾਜਿੰਦਰ ਗਹੀਰ, ਕੌਂਸਲਰ ਕੁਲਵੰਤ ਸਿੰਘ, ਅਵਤਾਰ ਸਿੰਘ ਗੁਰਥਲੀ, ਹਰਿੰਦਰ ਹਿੰਦਾ, ਸੀਨੀਅਰ ਭਾਜਪਾ ਆਗੂ ਪ੍ਰਿੰਸੀਪਲ ਜਤਿੰਦਰ ਸ਼ਰਮਾ, ਪ੍ਰਿੰਸੀਪਲ ਡੀ.ਐੱਸ. ਗੁਸਾਈਂ, ਇੰਦਰਜੀਤ ਸਿੰਘ ਕਾਲਾ, ਮੋਹਨ ਲਾਲ ਸਮੇਤ ਸ਼ਹਿਰ ਵਾਸੀਆਂ ਨੇ ਭੰਮਰਾ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਵਿੱਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ।



## ਮਾਤਾ ਗੁਜਰੀ ਕਾਲਜ 'ਚ ਮਨਾਇਆ ਕੈਮਿਸਟਰੀ ਸਪਤਾਹ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਕੈਮਿਸਟਰੀ ਵਿਭਾਗ ਵੱਲੋਂ ਪਿਛਲੇ ਸਾਲਾਂ ਦੀ ਪ੍ਰੰਪਰਾ ਨੂੰ ਜਾਰੀ ਰੱਖਦਿਆਂ ਰਾਸ਼ਟਰੀ ਕੈਮਿਸਟਰੀ ਸਪਤਾਹ ਮਨਾਇਆ ਗਿਆ।ਇਸ ਸਾਲ ਦੇ ਕੈਮਿਸਟਰੀ ਸਪਤਾਹ ਦਾ ਥੀਮ 'ਦਿ ਹਿਡਨ ਲਾਈਫ ਆਫ਼ ਸਪਾਈਸਿਸ' ਸੀ।ਇਸ ਸਮਾਰੋਹ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਰੋਜ਼ਾਨਾ ਜੀਵਨ ਵਿੱਚ ਕੈਮਿਸਟਰੀ ਦੀ ਅਹਿਮ ਭੂਮਿਕਾ ਬਾਰੇ ਜਾਗਰੂਕ ਕਰਨਾ ਸੀ।ਇਸ ਸਪਤਾਹ ਦੌਰਾਨ ਕੈਮਿਸਟਰੀ ਵਿਭਾਗ ਵੱਲੋਂ ਵਿਦਿਆਰਥੀਆਂ ਦਾ ਰੰਗੋਲੀ ਮੁਕਾਬਲਾ, ਪਾਵਰ-ਪੁਆਇੰਟ ਪੇਸ਼ਕਾਰੀਆਂ, ਦੋ ਮਿੰਟ ਦਾ ਭਾਸ਼ਣ ਮੁਕਾਬਲਾ, ਮੈਜ਼ੀਕਲ ਸਾਇੰਸ ਮੁਕਾਬਲਾ ਤੇ ਕੋਲਾਜ ਬਣਾਉਣ ਮੁਕਾਬਲਿਆਂ ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਰੋਜ਼ਾਨਾ ਜੀਵਨ ਵਿੱਚ ਰਸਾਇਣ ਵਿਗਿਆਨ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਵਧੀਆ ਮੰਚ ਪ੍ਰਦਾਨ ਕਰਦੇ ਹਨ ਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ।ਕੈਮਿਸਟਰੀ ਵਿਭਾਗ ਦੇ ਮੁਖੀ ਡਾ. ਕਮਲਪ੍ਰੀਤ ਕੌਰ ਨੇ ਧੰਨਵਾਦ ਦਾ ਮਤਾ ਪੇਸ਼ ਕਰਦਿਆਂ ਕਿਹਾ ਕਿ ਸਮਾਗਮ ਦੀਆਂ ਸਾਰੀਆਂ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਦੀ ਵਧੀਆ ਭਾਗੀਦਾਰੀ ਸੀ ਤੇ ਇਹ ਸਮਾਗਮ ਵਿਭਾਗ ਦੇ ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਲਈ ਸਿੱਖਿਆਦਾਇਕ ਅਨੁਭਵ ਸਾਬਿਤ ਹੋਇਆ ਹੈ। ਇਸ ਮੌਕੇ ਕੈਮਿਸਟਰੀ ਵਿਭਾਗ ਦੇ ਪ੍ਰੋ. ਸਿਮਰਤ ਕੌਰ, ਡਾ. ਕਿਰਨ, ਡਾ. ਕੁਲਦੀਪ ਕੌਰ, ਪ੍ਰੋ. ਸੀਮਾ ਮਹੇਸ਼ਵਰੀ, ਡਾ. ਮਨਪ੍ਰੀਤ ਕੌਰ, ਡਾ. ਪ੍ਰੀਤੀ ਕੁੱਕੜ, ਪ੍ਰੋ. ਗੁਰਲੀਨ ਕੌਰ, ਡਾ. ਮਨਪ੍ਰੀਤ ਕੌਰ ਗਿੱਲ ਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

# ਜ਼ਿਲ੍ਹਾ ਪੁਲਸ ਨੂੰ ਤਕਨਾਲੋਜੀ ਪੱਖੋਂ ਮਜ਼ਬੂਤ ਬਣਾਉਣ ਲਈ 69 ਕੰਪਿਊਟਰ, 28 ਲੈਪਟਾਪ ਤੇ ਹੋਰ ਸਮਾਨ ਤਕਸੀਮ

**ਸੰਗਰੂਰ (ਪ੍ਰਵੀਨ ਸਿੰਘ)**-ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਵੱਲੋਂ ਪੁਲਸ ਲਾਇਨ ਵਿਖੇ ਜ਼ਿਲ੍ਹਾ ਪੁਲਸ ਨੂੰ ਤਕਨਾਲੋਜੀ ਪੱਖੋਂ ਮਜ਼ਬੂਤ ਬਣਾਉਣ ਲਈ ਸਮੂਹ ਸਰਕਲ ਦਫਤਰਾਂ, ਥਾਣਿਆਂ ਨੂੰ 69 ਕੰਪਿਊਟਰ, 28 ਲੈਪਟਾਪ ਅਤੇ ਪ੍ਰਿੰਟਰ ਮੁਹੱਈਆ ਕਰਾਏ ਗਏ।ਐਸ.ਐਸ.ਪੀ. ਦੱਸਿਆ ਕਿ ਤਫ਼ਤੀਸ਼ ਦੇ ਰਿਕਾਰਡ ਲਈ ਫਿੰਗਰ ਪ੍ਰਿੰਟ ਰੀਡਰ, ਕਿਊਆਰ ਕੋਡ ਸਕੈਨਰ/ਪ੍ਰਿੰਟਰ ਤੇ ਹੋਰ ਸਮਾਨ ਵੀ ਦਿੱਤਾ ਜਾ ਰਿਹਾ ਹੈ।ਐਸ.ਐਸ.ਪੀ. ਨੇ ਦੱਸਿਆ ਕਿ ਨਵੇਂ ਅਪਰਾਧਕ ਕਾਨੂੰਨਾਂ ਦੇ ਲਾਗੂ ਹੋਣ ਨਾਲ ਕੰਪਿਊਟਰ, ਸੀਸੀਟੀਐਨਐਸ ਰਾਹੀਂ ਤਫ਼ਤੀਸ਼ ਵਿੱਚ ਵਧੇਰੇ ਪਾਰਦਰਸ਼ਤਾ ਲਿਆਉਣ ਲਈ ਤਕਨੀਕ ਦੀ ਵਰਤੋਂ ਬਹੁਤ ਵਧ ਗਈ ਹੈ।ਇਸ ਲਈ ਤਫਤੀਸ਼ ਦੇ ਮਿਆਰ ਨੂੰ ਤਕਨੀਕੀ ਪੱਖ ਤੋਂ ਹੋਰ ਉੱਚਾ ਚੁੱਕਣ ਲਈ ਮੌਜੂਦਾ ਸਿਸਟਮ ਨੂੰ ਨਵੇਂ ਹੋਰ ਆਧੁਨਿਕ ਸਿਸਟਮ ਨਾਲ ਜੋੜ ਕੇ ਅਪਗ੍ਰੇਡ ਕੀਤਾ ਜਾ ਰਿਹਾ ਹੈ।ਐਸ.ਐਸ.ਪੀ. ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਦੇ ਤਫ਼ਤੀਸ਼ੀ ਅਫਸਰਾਂ ਨੂੰ ਪਹਿਲਾਂ ਹੀ ਪ੍ਰਤੀ ਥਾਣਾ 10 ਟੈਬਲੇਟ ਅਤੇ 10 ਸਮਾਰਟ ਮੋਬਾਇਲ ਫੋਨ ਵੀ ਮੁਹੱਈਆ ਕਰਾਏ ਜਾ ਚੁੱਕੇ ਹਨ, ਤਾਂ ਜੁ ਵੱਖ-ਵੱਖ ਪੋਰਟਲਾਂ ਤੋਂ ਡਾਟਾ ਹਾਸਲ/ਅਪਲੋਡ ਕੀਤਾ ਜਾ ਸਕੇ।ਐਸ.ਐਸ.ਪੀ. ਨੇ ਦੱਸਿਆ ਕਿ ਇਨ੍ਹਾਂ ਅਪਗ੍ਰੇਡਿਡ ਕੰਪਿਊਟਰ/ਲੈਪਟਾਪ ਨਾਲ ਅਪਰਾਧਿਕ ਡਾਟਾਬੇਸ ਤੱਕ ਤੁਰੰਤ ਪਹੁੰਚ, ਡਿਜ਼ੀਟਲ ਸਬੂਤਾਂ ਦੀ ਤੇਜ਼ ਜਾਂਚ ਤੇ ਕੇਸਾਂ ਦਾ ਤੇਜ਼ੀ ਨਾਲ ਨਿਪਟਾਰਾ ਸੰਭਵ ਹੋ ਸਕੇਗਾ।ਉਨ੍ਹਾਂ ਕਿਹਾ ਕਿ ਵੱਧ ਰਹੇ ਸਾਈਬਰ ਅਪਰਾਧਾਂ ਨਾਲ ਪੁਲਸ ਨੂੰ ਅਜਿਹੇ ਅਪਗ੍ਰੇਡਿਡ ਸਿਸਟਮ ਦੀ ਲੋੜ ਹੈ।ਇਹ ਨਵੇਂ ਉਪਕਰਣ ਫੋਰੈਂਸਿਕ ਤੇ ਸਾਈਬਰ ਸੁਰੱਖਿਆ ਸਾਫਟਵੇਅਰ ਚਲਾਉਣ ਲਈ ਜ਼ਿਆਦਾ ਪ੍ਰਭਾਵਸ਼ਾਲੀ ਹਨ। ? ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਸਿਸਟਮ ਅਪਗ੍ਰੇਡ ਕਰਨ ਨਾਲ ਪੁਲਸ ਦੀ ਕਾਰਗੁਜ਼ਾਰੀ 'ਚ ਹੋਰ ਸੁਧਾਰ, ਪਾਰਦਰਸ਼ਤਾ ਅਤੇ ਜਵਾਬਦੇਹੀ ਵਿੱਚ ਵਾਧਾ ਹੋਇਆ ਹੈ।ਉਨ੍ਹਾਂ ਕਿਹਾ ਕਿ ਇਸ ਦੇ ਨਾਲ ਅਪਰਾਧਾਂ ਵਿੱਚ ਰੋਕਥਾਮ ਦੀ ਪ੍ਰਕਿਰਿਆ ਤੇਜ਼ ਹੋ ਰਹੀ ਹੈ।ਡਿਜ਼ੀਟਲ ਯੁੱਗ ਵਿੱਚ ਆਧੁਨਿਕ ਆਈ ਟੀ ਢਾਂਚਾ, ਪੁਲਸ ਲਈ ਲਾਜ਼ਮੀ ਜ਼ਰੂਰਤ ਹੈ, ਜੋ ਸਮੇਂ-ਸਮੇਂ 'ਤੇ ਲੋੜ ਅਨੁਸਾਰ ਅਪਗ੍ਰੇਡ ਕੀਤਾ ਜਾ ਰਿਹਾ ਹੈ।



## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮੀਟਿੰਗ ਹੋਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਰਾਮਪੁਰਾ ਫੂਲ ਦੀ ਮਹੀਨਾਵਾਰ ਮੀਟਿੰਗ ਡਾਕਟਰ ਨਿਰਮਲ ਸਿੰਘ ਚਾਉਕੇ ਬਲਾਕ ਪ੍ਰਧਾਨ ਦੀ ਹਾਜ਼ਰੀ ਵਿੱਚ ਹੋਈ।ਸਟੇਜ ਦੀ ਸੈਕਟਰੀ ਡਾਕਟਰ ਦੇਵ ਰਾਜ ਨੇ ਬਾਖੂਬੀ ਨਿਭਾਈ, ਜਿਸ ਵਿੱਚ ਇਸ ਮਹੀਨੇ ਵਿੱਛੜੀਆਂ ਰੂਹਾਂ ਨੂੰ ਯਾਦ ਕੀਤਾ ਗਿਆ।ਗੁਰੂ ਰਵਿਦਾਸ ਜੀ ਨੂੰ ਸਮਰਪਤ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਗਈਆਂ ਤੇ ਸਾਨੂੰ ਗੁਰੂਆਂ ਦੇ ਦੱਸੇ ਸੱਚ ਦੇ ਮਾਰਗ 'ਤੇ ਚੱਲਣ ਲਈ ਤੇ ਮਾਨਵਤਾ ਦੀ ਸੇਵਾ ਵਿੱਚ ਹਰ ਸਮੇਂ ਤਿਆਰ ਰਹਿਣ ਲਈ ਕਿਹਾ ਗਿਆ।ਡਾਕਟਰ ਰਵੇਲ ਸਿੰਘ ਮਹਿਰਾਜ ਨੇ ਕਿਹਾ ਕਿ ਸਾਥੀਆਂ ਦੀਆਂ ਸਮੱਸਿਆ ਵੱਲ ਧਿਆਨ ਦਿੱਤਾ ਜਾਵੇ। ਸਰਕਾਰ ਵੱਲੋਂ ਸਾਡੇ ਨਾਲ ਕੀਤੇ ਵਾਅਦੇ ਯਾਦ ਕਰਾਏ ਜਾਣ ਤੇ ਹੱਲ ਕੀਤੇ ਜਾਣ। ਡਾਕਟਰ ਭਰਥਰੀ ਸ਼ਰਮਾ ਨੇ ਕਿਹਾ ਕਿ ਸਾਰੇ ਡਾਕਟਰ ਸਾਥੀਆਂ ਨੂੰ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਪਹਿਲ ਦੇ ਅਧਾਰ ਯੂਨੀਅਨ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ।ਡਾਕਟਰ ਚਮਕੌਰ ਸਿੰਘ ਮਾਨ ਨੇ ਕਿਹਾ ਕਿ ਡਾਕਟਰ ਸਾਥੀਆਂ ਨੂੰ ਮੀਟਿੰਗ ਵਿੱਚ ਗਿਣਤੀ ਵਧਾਉਣ ਲਈ ਕਿਹਾ ਗਿਆ ਤੇ ਸਾਫ ਸੁਥਰੀ ਤੇ ਨਸ਼ੇ ਰਹਿਤ ਪ੍ਰੈਕਟਿਸ ਕਰਨ ਲਈ ਕਿਹਾ ਗਿਆ।ਡਾਕਟਰ ਦਰਸ਼ਨ ਸਿੰਘ ਭਾਈਰੂਪਾ ਤੇ ਡਾਕਟਰ ਕੌਰ ਸਿੰਘ ਫੂਲ ਨੇ ਵੀ ਵਿਚਾਰ ਪੇਸ਼ ਕੀਤੇ।

## ਲੱਛਮੀ ਬਾਗ ਸਕੂਲ 'ਚ ਨਵੇਂ ਕੰਪਿਊਟਰਾਂ ਦਾ ਉਦਘਾਟਨ



**ਧੂਰੀ (ਮਨੋਹਰ ਸੱਗੂ/ਮੋਹਿਤ ਗਰਗ, ਬਿੰਨੀ ਗਰਗ)**-ਸਮੱਗਰਾ ਸਿੱਖਿਆ ਅਧੀਨ ਸਰਕਾਰੀ ਮਿਡਲ ਸਕੂਲ ਲੱਛਮੀ ਬਾਗ ਧੂਰੀ ਵਿਖੇ ਸਕੂਲ ਮੁਖੀ ਮੰਜੂ ਬਾਲਾ ਦੀ ਅਗਵਾਈ ਹੇਠ ਸਕੂਲ ਵਿੱਚ ਆਏ ਨਵੇਂ ਕੰਪਿਊਟਰਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਐੱਸ.ਐੱਮ.ਸੀ. ਕਮੇਟੀ ਦੇ ਸਮੂਹ ਮੈਂਬਰਜ਼, ਐੱਮ.ਸੀ. ਬਲਜੀਤ ਕੌਰ, ਸਥਾਨਕ ਕਮੇਟੀ ਮੈਂਬਰਜ਼ ਗੁਰਤੇਜ ਸਿੰਘ ਤੇਜੀ, ਬੱਚਿਆਂ ਦੇ ਮਾਪੇ ਤੇ ਧੂਰੀ ਬਲਾਕ ਦੇ ਬੀ.ਐੱਨ.ਓ. ਵਿਪਨ ਕੁਮਾਰ ਗਰਗ ਨੇ ਸ਼ਿਰਕਤ ਕੀਤੀ।ਐੱਸ.ਐੱਮ.ਸੀ. ਕਮੇਟੀ ਦੇ ਸਿੱਖਿਆ ਸ਼ਾਸਤਰੀ ਤਰਸੇਮ ਕੁਮਾਰ ਮਿੱਤਲ ਨੇ ਕਿਹਾ ਕਿ ਇਹ ਕੰਪਿਊਟਰ ਅੱਜ ਦੇ ਆਧੁਨਿਕ ਯੁੱਗ ਵਿੱਚ ਬੱਚਿਆਂ ਦੀ ਕੰਪਿਊਟਰ ਸਿੱਖਿਆ ਲਈ ਲਾਹੇਵੰਦ ਸਾਬਿਤ ਹੋਣਗੇ।ਕੰਪਿਊਟਰ ਅਧਿਆਪਕ ਮਹਿੰਦਰ ਕੁਮਾਰ ਗਰਗ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚਿਆਂ ਲਈ ਕੰਪਿਊਟਰ ਸਿੱਖਿਆ ਇੱਕ ਵਰਦਾਨ ਹੈ।ਸਕੂਲ ਮੁਖੀ ਮੰਜੂ ਬਾਲਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਰਿੰਦਰ ਕੌਰ, ਨੀਤੂ ਸੇਠ, ਮੋਨਿਕਾ ਰਾਣੀ ਸਮੇਤ ਸਕੂਲ ਦਾ ਸਮੂਹ ਸਟਾਫ ਮੌਜੂਦ ਸੀ।

# ਨੰਨੂ ਨੂੰ ਹਲਕਾ ਇੰਚਾਰਜ ਲਾਉਣ 'ਤੇ ਵਰਕਰਾਂ 'ਚ ਖੁਸ਼ੀ ਦੀ ਲਹਿਰ



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸੁਖਪਾਲ ਸਿੰਘ ਨੰਨੂ ਸਾਬਕਾ ਮੁੱਖ ਸੰਸਦੀ ਸਕੱਤਰ ਨੂੰ ਫ਼ਿਰੋਜ਼ਪੁਰ ਸ਼ਹਿਰੀ ਹਲਕਾ ਇੰਚਾਰਜ ਨਿਯੁਕਤ ਕਰਨ ਦੇ ਐਲਾਨ ਬਾਅਦ ਹਲਕੇ ਦੇ ਵਰਕਰਾਂ ਵਿੱਚ ਭਾਰੀ ਖੁਸ਼ੀ ਤੇ ਉਤਸ਼ਾਹ ਦੀ ਲਹਿਰ ਦੌੜ ਗਈ ਹੈ।ਉਨ੍ਹਾਂ ਦੀ ਕੋਠੀ ਵਿਖੇ ਵਰਕਰਾਂ ਵੱਲੋਂ ਵਿਸ਼ੇਸ਼ ਸਨਮਾਨ ਸਮਾਰੋਹ ਆਯੋਜਤ ਕੀਤਾ ਗਿਆ, ਜੋ ਵੱਡੀ ਰੈਲੀ ਦਾ ਰੂਪ ਧਾਰ ਗਿਆ। ਸਮਾਰੋਹ ਦੌਰਾਨ ਵਰਕਰਾਂ ਨੇ ਫੁੱਲਾਂ ਦੀ ਵਰਖਾ ਕਰਕੇ ਤੇ ਸਿਰੋਪਾਓ ਭੇਟ ਕਰਕੇ ਨੰਨੂ ਦਾ ਨਾਲ ਸਵਾਗਤ ਕੀਤਾ।ਸੁਖਪਾਲ ਸਿੰਘ ਨੰਨੂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਹਾਜ਼ਰ ਸਮੂਹ ਆਗੂਆਂ ਤੇ ਵਰਕਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਦੇ ਵਰਕਰ ਹੀ ਉਨ੍ਹਾਂ ਦੀ ਜਿੰਦ-ਜਾਨ ਹਨ ਤੇ ਉਨ੍ਹਾਂ ਦਾ ਸਤਿਕਾਰ ਹਮੇਸ਼ਾ ਸਰਵਉੱਚ ਰਹੇਗਾ।ਉਨ੍ਹਾਂ ਦ੍ਰਿੜ ਨਿਸ਼ਚਾ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀ ਸਰਕਾਰ ਬਣਨ 'ਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ, ਇਲਾਕੇ ਦਾ ਸਰਵਪੱਖੀ ਵਿਕਾਸ, ਸ਼ਹਿਰੀ ਖੇਤਰ ਦੇ ਲੋਕਾਂ ਦੀ ਸੁਰੱਖਿਆ ਤੇ ਨੌਜਵਾਨਾਂ ਲਈ ਵਿਸ਼ੇਸ਼ ਰੋਜ਼ਗਾਰ ਉਪਰਾਲਿਆਂ ਨੂੰ ਪਹਿਲ ਦਿੱਤੀ ਜਾਵੇਗੀ।ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਵੱਧ ਤੋਂ ਵੱਧ ਕੰਮ ਕਰਨ ਤੇ 2022 ਵਿੱਚ ਪਾਰਟੀ ਦੀ ਸਰਕਾਰ ਬਣਾਉਣ ਲਈ ਇਕਜੁਟ ਹੋ ਕੇ ਯਤਨ ਕਰਨ।

## ਡਾ. ਕਵਿਤਾ ਸਿੰਘ ਨੇ ਆਯੂਸ਼ਮਾਨ ਆਰੋਗਿਆ ਕੇਂਦਰ ਲਈ ਮੈਡੀਕਲ ਅਫ਼ਸਰ ਨੂੰ ਦਿੱਤਾ ਨਿਯੁਕਤੀ ਪੱਤਰ



**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਉਪਲੱਬਧ ਕਰਾਉਣ ਲਈ ਵਚਨਬੱਧ ਹੈ।ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਘਰਾਂ ਦੇ ਨੇੜੇ ਸਿਹਤ ਸੁਵਿਧਾਵਾਂ ਦੇਣ ਦੇ ਮੰਤਵ ਨਾਲ ਰਾਜ ਵਿੱਚ ਆਯੂਸ਼ਮਾਨ ਆਰੋਗਿਆ ਕੇਂਦਰ ਸਥਾਪਿਤ ਕੀਤੇ ਗਏ ਹਨ, ਜਿਸ ਵਿੱਚ ਵੱਖ-ਵੱਖ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ।ਇਨ੍ਹਾਂ ਕਲੀਨਿਕਾਂ ਵਿੱਚ ਇੱਕ ਡਾਕਟਰ, ਫਾਰਮੇਸੀ ਅਫ਼ਸਰ, ਕਲੀਨੀਕਲ ਅਸਿਸਟੈਂਟ ਤੇ ਹੋਰ ਸਹਾਇਕ ਸਟਾਫ਼ ਕੰਮ ਕਰ ਰਿਹਾ ਹੈ। ਡਾ. ਕਵਿਤਾ ਸਿੰਘ ਸਿਵਲ ਸਰਜਨ ਵੱਲੋਂ ਆਯੂਸ਼ਮਾਨ ਆਰੋਗਿਆ ਕੇਂਦਰ ਲਮੋਚੜ ਕਲਾਂ ਲਈ ਮਨਿੰਦਰ ਸਿੰਘ ਮੈਡੀਕਲ ਅਫ਼ਸਰ ਨੂੰ ਨਿਯੁਕਤੀ ਪੱਤਰ ਦਿੱਤੇ।ਇਸ ਸਮੇਂ ਡਾ. ਰਿੰਕੂ ਚਾਵਲਾ ਜ਼ਿਲ੍ਹਾ ਟੀਕਾਕਰਣ ਅਫ਼ਸਰ, ਡਾ ਉਪਿੰਦਰ ਸਿੰਘ ਸਹਾਇਕ ਸਿਵਲ ਸਰਜਨ, ਡਾ ਸੁਨੀਤਾ ਕੰਬੋਜ, ਡਾ ਅੰਕੁਸ਼, ਮਾਸ ਮੀਡੀਆ ਵਿੰਗ ਤੋਂ ਵਿਨੋਦ ਖੁਰਾਣਾ ਤੇ ਦਿਵੇਸ਼ ਕੁਮਾਰ, ਰੋਹਿਤ ਸਟੈਨੋ, ਆਕਾਸ਼ ਕੁਮਾਰ, ਅਤਿੰਦਰ ਸਿੰਘ ਹਾਜ਼ਰ ਸਨ। ਡਾਕਟਰ ਕਵਿਤਾ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਫ਼ਾਜ਼ਿਲਕਾ ਵਿੱਚ ਆਯੂਸ਼ਮਾਨ ਆਰੋਗਿਆ ਕੇਂਦਰ ਲੋਕਾਂ ਲਈ ਵਰਦਾਨ ਸਿੱਧ ਹੋ ਰਹੇ ਹਨ ਤੇ ਲੋਕ ਇਨ੍ਹਾਂ ਕਲੀਨਿਕਾਂ ਵਿੱਚ ਵਿਸ਼ਵਾਸ ਰੱਖ ਕੇ ਇਲਾਜ ਕਰਾ ਰਹੇ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫ਼ਾਜ਼ਿਲਕਾ 'ਚ 26 ਆਯੂਸ਼ਮਾਨ ਆਰੋਗਿਆ ਕੇਂਦਰ ਸਫ਼ਲਤਾ ਪੂਰਵਕ ਚੱਲ ਰਹੇ ਹਨ।ਆਯੂਸ਼ਮਾਨ ਆਰੋਗਿਆ ਕੇਂਦਰ ਵਿੱਚ ਮੌਕੇ 'ਤੇ ਹੀ ਮਰੀਜ਼ਾਂ ਦਾ ਚੈੱਕਅਪ ਕਰਕੇ ਲੋੜੀਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾ ਰਹੀਆਂ ਹਨ।ਆਯੂਸ਼ਮਾਨ ਆਰੋਗਿਆ ਕੇਂਦਰ ਵਿੱਚ 46 ਤਰ੍ਹਾਂ ਦੇ ਲੈਬ ਟੈਸਟ ਅਤੇ ਲਗਭਗ 100 ਤਰ੍ਹਾਂ ਦੀਆਂ ਜ਼ਰੂਰੀ ਦਵਾਈਆਂ ਮੁਫ਼ਤ ਦਿੱਤੀਆਂ ਜਾ ਰਹੀਆਂ ਹਨ।

## ਰਾਏਸਰ ਸਕੂਲ 'ਚ ਵਾਤਾਵਰਨ ਸਿੱਖਿਆ ਤਹਿਤ ਵਰਕਸ਼ਾਪ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਟੇਟ ਨੋਡਲ ਏਜੰਸੀ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚਲਾਏ ਜਾ ਰਹੇ ਵਾਤਾਵਰਨ ਸਿੱਖਿਆ ਪ੍ਰੋਗਰਾਮ 2025 ਤਹਿਤ ਲੋਕ ਕਵੀ ਸੰਤ ਰਾਮ ਉਦਾਸੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਏਸਰ (ਬਰਨਾਲਾ) ਵਿਖੇ ਪਾਲੀਥੀਨ ਦੀ ਰੋਕਥਾਮ ਤੇ ਕੱਪੜੇ ਦੇ ਬੈਗਾਂ ਦੀ ਵਰਤੋਂ ਨੂੰ ਉਤਸ਼ਾਹਤ ਕਰਨ ਲਈ ਇੱਕ ਰੋਜ਼ਾ ਵਰਕਸ਼ਾਪ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ।ਇਸ ਵਰਕਸ਼ਾਪ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਟੇਲਰ ਮਾਸਟਰ ਟ੍ਰੇਨਰ ਭੁਪਿੰਦਰ ਕੌਰ ਵੱਲੋਂ ਵਿਦਿਆਰਥੀਆਂ ਨੂੰ ਕੱਪੜੇ ਦੇ ਬੈਗ ਬਣਾਉਣ ਦੀ ਵਿਹਾਰਕ ਸਿਖਲਾਈ ਦਿੱਤੀ ਗਈ।ਇਸ ਮੌਕੇ ਈ.ਈ.ਪੀ. ਇੰਚਾਰਜ ਏਕਮਪ੍ਰੀਤ ਸਿੰਘ (ਸਾਇੰਸ ਮਾਸਟਰ) ਨੇ ਵਿਦਿਆਰਥੀਆਂ ਨੂੰ ਪਾਲੀਥੀਨ ਦੇ ਵਾਤਾਵਰਨ 'ਤੇ ਪੈਣ ਵਾਲੇ ਮਾਰੂ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਸਕੂਲ ਮੁਖੀ ਸ੍ਰੀਮਤੀ ਸਿਮਨਜੀਤ ਕੌਰ ਨੇ ਬੱਚਿਆਂ ਨੂੰ ਰੋਜ਼ਾਨਾ ਜੀਵਨ ਵਿੱਚ ਕੱਪੜੇ ਦੇ ਬੈਗਾਂ ਦੀ ਵੱਧ ਤੋਂ ਵੱਧ ਵਰਤੋਂ ਕਰਨ ਲਈ ਪ੍ਰੇਰਿਤ ਕਰਦਿਆਂ ਵਾਤਾਵਰਨ ਦੀ ਸਾਂਭ-ਸੰਭਾਲ ਲਈ ਹਰ ਸੰਭਵ ਕਦਮ ਚੁੱਕਣ ਦੀ ਅਪੀਲ ਕੀਤੀ।ਇਸ ਮੌਕੇ ਸਕੂਲ ਦੇ ਸਮੂਹ ਸਟਾਫ ਮੈਂਬਰ ਸ੍ਰੀਮਤੀ ਸੋਨੀਆ ਗਰਗ, ਸ੍ਰੀਮਤੀ ਸਤਵੀਰ ਕੌਰ, ਸ੍ਰੀਮਤੀ ਹਰਦੀਪ ਕੌਰ, ਸ੍ਰੀਮਤੀ ਜਸਪ੍ਰੀਤ ਕੌਰ, ਸ੍ਰੀਮਤੀ ਰਕਸ਼ਾ ਰਾਣੀ, ਸ੍ਰੀ ਨਿਰਮਲ ਸਿੰਘ ਤੇ ਸ੍ਰੀ ਗੁਰਦੀਪ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਨਗਰ ਕੌਂਸਲ ਰਾਮਾਂ ਦੇ ਸੀਵਰੇਜ ਲਈ 5 ਕਰੋੜ ਦਾ ਚੈੱਕ ਭੇਟ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਨਗਰ ਕੌਂਸਲ ਰਾਮਾਂ ਮੰਡੀ ਵਿਖੇ 23 ਕਰੋੜ ਰੁਪਏ ਦੀ ਲਾਗਤ ਨਾਲ ਪਾਏ ਜਾ ਰਹੇ ਸੀਵਰੇਜ ਲਈ ਐੱਚ.ਐੱਮ.ਈ.ਐੱਲ. ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦੇ ਡੀ.ਜੀ.ਐੱਮ., ਸੀ.ਐੱਸ.ਆਰ. ਸ੍ਰੀ ਵਿਸ਼ਵਾ ਮੋਹਨ ਪ੍ਰਸਾਦ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਮੈਡਮ ਕੰਚਨ ਨੂੰ 5 ਕਰੋੜ ਦਾ ਚੈੱਕ ਸੌਂਪਿਆ।ਇਸ ਦੌਰਾਨ ਡੀ.ਜੀ.ਐੱਮ., ਸੀ.ਐੱਸ.ਆਰ. ਸ੍ਰੀ ਵਿਸ਼ਵਾ ਮੋਹਨ ਪ੍ਰਸਾਦ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਇਸੇ ਕੰਮ ਲਈ ਐੱਚ.ਐੱਮ.ਈ.ਐੱਲ. ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ 5 ਕਰੋੜ ਰੁਪਏ ਦੇ ਫੰਡ ਪਹਿਲਾਂ ਦਿੱਤੇ ਜਾ ਚੁੱਕੇ ਹਨ ਤੇ ਹੁਣ ਤੱਕ ਕੁੱਲ 10 ਕਰੋੜ ਰੁਪਏ ਦਿੱਤੇ ਜਾ ਚੁੱਕੇ ਹਨ।ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਮੈਡਮ ਕੰਚਨ ਨੇ ਦੱਸਿਆ ਕਿ ਐੱਚ.ਐੱਮ.ਈ.ਐੱਲ. ਗੁਰੂ ਗੋਬਿੰਦ ਸਿੰਘ ਰਿਫਾਇਨਰੀ ਰਾਮਾਂ ਮੰਡੀ ਵੱਲੋਂ ਪਹਿਲਾਂ ਵੀ ਸਮੇਂ-ਸਮੇਂ ਤੇ ਆਪਣੇ ਸੀ.ਐੱਸ.ਆਰ. ਫੰਡ ਵਿੱਚ ਮੱਦਦ ਕੀਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਰਾਮਾਂਮੰਡੀ ਦੇ ਸੀਵਰੇਜ ਸਿਸਟਮ ਦਾ ਕੰਮ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਵੱਲੋਂ ਕਰਵਾਇਆ ਜਾ ਰਿਹਾ ਹੈ।

## ਸਫਾ 1 ਦੇ ਬਾਕੀ...

### ਫੈਸਲੇ ਨਾਲ ਸੱਚਾਈ ...

ਸਾਜ਼ਿਸ਼ ਸੀ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਨੇ ਝੂਠ ਦੀ ਜੋ ਇਮਾਰਤ ਖੜ੍ਹੀ ਕੀਤੀ ਸੀ, ਉਹ ਅੱਜ ਤਾਸ਼ ਦੇ ਪੱਤਿਆਂ ਵਾਂਗ ਬਿਖਰ ਗਈ ਹੈ।ਭਾਜਪਾ ਨੇ ਆਪਣੀਆਂ ਏਜੰਸੀਆਂ ਦੀ ਦੁਰਵਰਤੋਂ ਕਰਕੇ ਸਾਡੀ ਸੀਨੀਅਰ ਲੀਡਰਸ਼ਿਪ ਨੂੰ ਜੇਲ੍ਹ ਦੀਆਂ ਸਲਾਖਾਂ ਪਿੱਛੇ ਸੁੱਟਿਆ, ਪਰ ਉਹ ਭੁੱਲ ਗਏ ਸਨ ਕਿ ਸੱਚ ਨੂੰ ਪ੍ਰੇਸ਼ਾਨ ਕੀਤਾ ਜਾ ਸਕਦਾ ਹੈ, ਪਰ ਹਰਾਇਆ ਨਹੀਂ ਜਾ ਸਕਦਾ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕਥਿਤ ਦਿੱਲੀ ਸ਼ਰਾਬ ਘੁਟਾਲੇ ਦੇ ਮਾਮਲੇ ਵਿੱਚ ਕੇਜਰੀਵਾਲ, ਸਿਸੋਦੀਆ, ਸੰਜੇ ਸਿੰਘ, ਦੁਰਗੇਸ਼ ਪਾਠਕ, ਸਤਿੰਦਰ ਜੈਨ ਅਤੇ ਹੋਰਨਾਂ ਦੇ ਬਰੀ ਹੋਣ ਨਾਲ ਭਾਰਤੀ ਜਨਤਾ ਪਾਰਟੀ ਦੀ ਸਿਆਸੀ ਹਿੱਤਾਂ ਤੋਂ ਪ੍ਰੇਰਿਤ ਸਾਜ਼ਿਸ਼ ਪੂਰੀ ਤਰ੍ਹਾਂ ਬੇਨਕਾਬ ਹੋ ਗਈ ਹੈ। ਚੀਮਾ ਨੇ ਕਿਹਾ ਕਿ ਇਸ ਫੈਸਲੇ ਨੇ ਪੂਰੇ ਦੇਸ਼ ਦੇ ਸਾਹਮਣੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਇਹ ਕੇਸ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰਕੇ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਨੂੰ ਬਦਨਾਮ ਕਰਨ ਅਤੇ ਸਿਆਸੀ ਤੌਰ 'ਤੇ ਖ਼ਤਮ ਕਰਨ ਦੀ ਕੋਸ਼ਿਸ਼ ਵਜੋਂ ਘੜਿਆ ਗਿਆ ਸੀ।

### ਸਾਡਾ ਅਨਮੋਲ ਵਿਰਸਾ...

ਰਾਹ ਪੱਧਰਾ ਕਰਨ ਵਾਸਤੇ ਸਮਾਜ ਅੰਦਰ ਫ਼ਿਰਕੂ ਫਾਸ਼ੀਵਾਦ ਦੀ ਹਨੇਰੀ ਤੇਜ਼ੀ ਨਾਲ ਵਗਾ ਰਹੇ ਹਨ। ਮੌਜੂਦਾ ਭਾਜਪਾ ਹਕੂਮਤ ਦਾ ਮੁੱਖ ਨਿਸ਼ਾਨਾ ਮੁਸਲਮਾਨ, ਇਸਾਈ ਅਤੇ ਕਮਿਊਨਿਸਟ ਨੇ। ਆਦਿਵਾਸੀਆਂ ਅਤੇ ਸੰਘਰਸ਼ ਕਰਦੇ ਮੁਲਕ ਦੇ ਕਾਮਿਆਂ, ਪੰਜਾਬ ਅੰਦਰ ਜਿਉਂਦ ਪਿੰਡ ਨੂੰ ਚੋਣਵਾਂ ਨਿਸ਼ਾਨਾ ਬਣਾਇਆ ਜਾਣਾ ਭਵਿੱਖ ਵਿੱਚ ਫੈਲਦੇ ਫਾਸ਼ੀਵਾਦ ਦੇ ਪੰਜਿਆਂ ਦੀ ਖ਼ੂੰਖਾਰ ਤਸਵੀਰ ਪੇਸ਼ ਕਰਦਾ ਹੈ। ਇਟਲੀ, ਜਰਮਨੀ ਅਤੇ ਫ਼ਲਸਤੀਨ ਵਰਗੇ ਹਾਲਾਤ ਵੱਲ ਲਗਾਤਾਰ ਮੁਲਕ ਨੂੰ ਧੱਕਿਆ ਜਾ ਰਿਹਾ ਹੈ। ਸਾਮਰਾਜੀ ਹੱਲੇ ਦੇ ਸਿਰਜੇ ਅਖੌਤੀ ਰਾਸ਼ਟਰਵਾਦ ਦੇ ਬਦਲ 'ਚ ਮਜ਼ਦੂਰ ਜਮਾਤ ਨੇ ਖਰੇ ਕੌਮੀ ਅਤੇ ਕੌਮਾਂਤਰੀ ਵਰਤਾਰੇ ਦਾ ਸੰਕਲਪ ਉਭਾਰ ਕੇ ਸਾਹਮਣੇ ਲਿਆਂਦਾ ਅਤੇ ਖਰੇ ਕੌਮਾਂਤਰੀਵਾਦ ਨੂੰ ਉਭਾਰਿਆ। ਜਿਵੇਂ ਯਹੂਦੀਆਂ ਨੂੰ ਦੁਸ਼ਮਣ ਦੇ ਤੌਰ 'ਤੇ ਉਭਾਰਿਆ ਗਿਆ, ਉਸੇ ਤਰ੍ਹਾਂ ਸਾਡੇ ਮੁਲਕ ਅੰਦਰ ਮੁਸਲਮਾਨ ਭਾਈਚਾਰੇ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਹ ਰੁਝਾਨ ਸਿਰਫ਼ ਭਾਜਪਾ, ਆਰ.ਐੱਸ.ਐੱਸ. ਦਾ ਹੀ ਨਹੀਂ, ਆਨੰਦ ਮੱਠ ਵਰਗੇ ਨਾਵਲਾਂ ਰਾਹੀਂ ਇਸ ਪ੍ਰਬੰਧ ਦੇ ਰਖੇਲਾਂ ਨੇ ਆਪਣੇ ਸੌੜੇ ਹਿੱਤਾਂ ਦੀ ਪੂਰਤੀ ਦੀ ਪੁੱਠ ਚਾੜ੍ਹੀ। ਸਾਮਰਾਜੀ ਸਰਮਾਏ ਦੇ ਹੁਕਮਾਂ ਦੀ ਪਾਲਣਾ ਕਰਦਾ ਇੱਥੋਂ ਦਾ ਫਾਸ਼ੀ ਹੱਲਾ ਲੋਕਾਂ ਖ਼ਿਲਾਫ਼ ਹੈ।

ਇਸ ਲਈ ਜੇ ਅੱਜ ਭਾਜਪਾ ਤੇ ਆਰ.ਐੱਸ.ਐੱਸ. ਜ਼ਿੰਮੇਵਾਰ ਹਨ ਤਾਂ ਇਸ ਦੀ ਨੀਂਹ ਵਿੱਚ 1947 ਸਮੇਂ ਦੇ ਹੁਕਮਰਾਨਾਂ ਦੀ ਮਾਨਸਿਕਤਾ ਅਤੇ ਮੰਤਵ ਸਮੋਏ ਹੋਏ ਨੇ। ਉਨ੍ਹਾ ਕਿਹਾ ਕਿ ਪੰਜਾਬ ਅੰਦਰ ਖ਼ਾਲਿਸਤਾਨੀ ਦਹਿਸ਼ਤਗਰਦੀ ਵਿਰੁਧ ਇੱਕਜੁੱਟ ਸੰਘਰਸ਼ ਪੰਜਾਬ ਅੰਦਰ ਸਫ਼ਲ ਹੋਇਆ।

ਉਨ੍ਹਾ ਕਿਹਾ ਕਿ ਕੁਦਰਤੀ ਵਸੀਲਿਆਂ ਉਪਰ ਸਾਮਰਾਜੀ ਬਹੁਕੌਮੀ ਕੰਪਨੀਆਂ ਦਾ ਜੱਫਾ ਮਜ਼ਬੂਤ ਕੀਤਾ ਜਾ ਰਿਹਾ ਹੈ। ਜੇਕਰ ਇਹ ਕੁਦਰਤੀ ਵਸੀਲੇ ਲੋਕਾਂ ਲਈ ਵਰਤੇ ਜਾਣ ਤਾਂ ਨਾ ਭੁੱਖ ਮਰੀ, ਨਾ ਫ਼ਿਰਕੂ ਫਾਸ਼ੀ ਹੱਲੇ ਹੋਣਗੇ। ਮੁਨਾਫ਼ਿਆਂ ਦੀ ਅੰਨ੍ਹੀ ਦੌੜ ਵਿੱਚ ਮਦਹੋਸ਼ ਭਾਜਪਾ ਹਕੂਮਤ ਸਾਮਰਾਜ ਨੂੰ ਮਜ਼ਬੂਤ ਕਰ ਰਹੀ ਹੈ ਤੇ ਉਹਦੀ ਅਧੀਨਗੀ ਵਾਲਾ ਫਾਸ਼ੀਵਾਦ ਲਿਆ ਰਹੀ ਹੈ।

ਸਮਾਗਮ 'ਚ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਬੱਬਰ ਅਕਾਲੀ ਲਹਿਰ ਦੇ ਪਿੰਡਾਂ, ਯਾਦਗਾਰੀ ਕਮੇਟੀਆਂ ਦੇ ਨੁਮਾਇੰਦਿਆਂ ਨੂੰ 'ਸਨਮਾਨ ਚਿੰਨ੍ਹ' ਭੇਟ ਕਰਕੇ ਅਤੇ ਉਹਨਾਂ ਦੀ ਦੇਣ ਨੂੰ ਸਲਾਮ ਕਰਦੇ ਹੋਏ ਸਨਮਾਨਿਤ ਕੀਤਾ ਗਿਆ। ਮੰਚ ਤੋਂ ਸਨਮਾਨਤ ਹੋਣ ਵਾਲਿਆਂ 'ਚ ਸ਼ਹੀਦ ਵਰਿਆਮ ਸਿੰਘ ਧੁੱਗਾ ਦੇ ਪਿੰਡੋਂ ਆਏ ਮੱਖਣ ਸਿੰਘ, ਸ਼ਹੀਦ ਕਰਤਾਰ ਸਿੰਘ ਚੱਕ ਕਲਾਂ ਤੋਂ ਪ੍ਰਮਿੰਦਰ ਸਿੰਘ, ਸ਼ਹੀਦ ਸੰਤਾ ਸਿੰਘ ਹਰਿਓਂ ਖੁਰਦ (ਲੁਧਿਆਣਾ) ਦੇ ਜਗਰੂਪ ਸਿੰਘ, ਮਾਸਟਰ ਕੁਲਵੰਤ 'ਤਰਕ', ਬੱਬਰ ਮੋਤਾ ਸਿੰਘ ਦੇ ਪਿੰਡ ਪਤਾਰਾ ਤੋਂ ਅਸ਼ੋਕ ਪਤਾਰਾ, ਕਰਮ ਸਿੰਘ ਦੌਲਤਪੁਰ ਦੀ ਸਮਾਰਕ ਵੱਲੋਂ ਜਸਪਾਲ ਜਾਂਡਲੀ, ਰਣਜੀਤ ਸਿੰਘ ਗੜ੍ਹੀ, ਸੁਖਵੀਰ ਸਿੰਘ, ਬੱਬਰ ਕਰਮ ਸਿੰਘ ਦੇ ਨਾਨਕਾ ਪਿੰਡ ਕੌਲਗੜ੍ਹ ਤੋਂ ਦੀਦਾਰ ਸ਼ੇਤਰਾ, ਬੱਬਰ ਅਕਾਲੀ ਹੈਰੀਟੇਜ ਐਬਸਫੋਰਡ (ਕੈਨੇਡਾ) ਤੋਂ ਬਲਜਿੰਦਰ ਬੈਂਸ, ਰਾਜਿੰਦਰ ਢਿੱਲੋਂ, ਗੁਰਤੇਜ ਸਿੰਘ, ਗੁਰਦੇਵ ਸਿੰਘ ਬਰਾੜ, ਬੱਬਰ ਕਰਮ ਸਿੰਘ ਝਿੰਗੜ ਦੇ ਪਿੰਡੋਂ ਮਲਕੀਤ ਸਿੰਘ ਝਿੰਗੜ, ਬੱਬਰ ਅਕਾਲੀ ਹੈਰੀਟੇਜ ਐਬਸਫੋਰਡ (ਕੈਨੇਡਾ) ਤੋਂ ਅਮਰਜੀਤ ਸਿੰਘ ਨਰੰਗ, ਮੱਖਣ ਸਿੰਘ ਅੱਚਰਵਾਲ, ਮਲਕੀਤ ਸਿੰਘ ਤੂਰ, ਗੁਰਮੇਲ ਸਿੰਘ ਸੰਧੂ, ਬੱਬਰ ਸੁਰੈਣ ਸਿੰਘ ਦੌਲਤਪੁਰ, ਅਲਾਵਲਪੁਰ ਤੋਂ ਜਸਵਿੰਦਰ ਸਿੰਘ ਦੌਲਤਪੁਰ ਸ਼ਾਮਲ ਸਨ।

ਪ੍ਰਧਾਨਗੀ ਮੰਡਲ ਦੀ ਤਰਫ਼ੋਂ ਬੋਲਦਿਆਂ ਕਮੇਟੀ ਪ੍ਰਧਾਨ ਕੁਲਵੰਤ ਸਿੰਘ ਸੰਧੂ ਨੇ ਅਪੀਲ ਕੀਤੀ ਕਿ ਇਹ ਵੇਲਾ ਅੱਜ ਤੋਂ ਹੀ ਸ਼ਤਾਬਦੀ ਮੁਹਿੰਮ ਦੀ ਸਫ਼ਲਤਾ ਲਈ ਜੁੱਟ ਜਾਣ ਦਾ ਹੈ। ਉਨ੍ਹਾ ਕਿਹਾ ਕਿ ਇਸ ਮੁਹਿੰਮ ਦੀ ਸਿਖ਼ਰ 'ਮੇਲਾ ਗ਼ਦਰੀ ਬਾਬਿਆਂ ਦਾ' ਮੌਕੇ ਹਰ ਪੱਖੋਂ ਯੋਗਦਾਨ ਪਾਉਣ ਲਈ ਬੱਬਰ ਅਕਾਲੀ ਸੂਰਮਿਆਂ ਦੇ ਪਿੰਡਾਂ ਨੂੰ ਅੱਗੇ ਆਉਣਾ ਚਾਹੀਦਾ ਹੈ। ਮੰਚ ਸੰਚਾਲਨ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕੀਤਾ।

## 120 ਵਿਦਿਆਰਥੀਆਂ ਦੀ ਹੀਮੋਗਲੋਬਿਨ ਜਾਂਚ



**ਨਾਭਾ (ਵਰਿੰਦਰ ਵਰਮਾ)**-ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਪ੍ਰਧਾਨ ਨਰਿੰਦਰ ਵਰਮਾ, ਜਰਨਲ ਸਕੱਤਰ ਵਿਕਾਸ ਮਿੱਤਲ ਅਤੇ ਕੈਸ਼ੀਅਰ ਅਸ਼ਵਨੀ ਮਦਾਨ ਦੀ ਅਗਵਾਈ ਹੇਠ ਅਨੀਮੀਆ ਮੁਕਤ ਭਾਰਤ ਦੇ ਤਹਿਤ ਸਰਕਾਰੀ ਕੰਨਿਆ ਮਿਡਲ ਸਕੂਲ ਪੁਰਾਣਾ ਹਾਈ ਕੋਰਟ ਨਾਭਾ ਵਿਖੇ 120 ਸਕੂਲ ਦੇ ਵਿਦਿਆਰਥੀਆਂ ਦੀ ਹੀਮੋਗਲੋਬਿਨ ਜਾਂਚ ਕੀਤੀ ਗਈ। ਇਸ ਮੌਕੇ ਨਰਿੰਦਰ ਵਰਮਾ, ਵਿਕਾਸ ਮਿੱਤਲ ਅਤੇ ਅਸ਼ਵਨੀ ਮਦਾਨ ਨੇ ਕਿਹਾ ਕਿ ਸਕੂਲ ਸੁਰੱਖਿਆ ਨੂੰ ਪਹਿਲ ਨਹੀਂ ਦਿੰਦੇ ਤਾਂ ਅਸੀਂ ਉਹਨਾਂ ਦੇ ਉਜਵਲ ਭਵਿੱਖ ਨਾਲ ਇਨਸਾਫ ਨਹੀਂ ਕਰ ਸਕਦੇ। ਚਾਹੇ ਉਹ ਅਨੀਮੀਆ ਮੁਕਤ ਭਾਰਤ ਮੁਹਿਮ ਹੋਵੇ ਜਾਂ ਸੁਰੱਖਿਅਤ ਸਕੂਲ ਨੀਤੀ। ਇਹ ਦੋਵੇਂ ਮਿਸ਼ਨ ਉਦੋਂ ਹੀ ਸਫਲ ਹੋਣਗੇ ਜਦੋਂ ਹਰ ਸਕੂਲ ਮੁਖੀ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਵੇਗਾ। ਉਹਨਾਂ ਕਿਹਾ ਕਿ ਅੱਜ ਸਕੂਲ ਵਿੱਚ ਅਨੀਮੀਆ ਮੁਕਤ ਭਾਰਤ ਮੁਹਿੰਮ ਦੇ ਤਹਿਤ ਸਕੂਲ ਨੀਤੀ ਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਗਿਆ ਹੈ ਅਤੇ ਉਹਨਾਂ ਦਾ ਹੀਮੋਗਲੋਬਿਨ ਦੀ ਜਾਂਚ ਕੀਤੀ ਗਈ ਹੈ। ਉਨ੍ਹਾਂ ਸਟਾਫ ਨੂੰ ਅਪੀਲ ਕਰਦਿਆਂ ਕਿਹਾ ਕਿ ਮਾਪਦੰਡਾਂ ਨੂੰ ਪੂਰੀ ਇਮਾਨਦਾਰੀ ਤੇ ਸੰਵੇਦਨਸ਼ੀਲਤਾ ਨਾਲ ਲਾਗੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਬਹੁਤ ਜਲਦੀ ਹੀ ਹੋਰ ਸਕੂਲਾਂ ਵਿੱਚ ਵੀ ਵਿਦਿਆਰਥੀਆਂ ਦੀ ਹੀਮੋਗਲੋਬਿਨ ਦੀ ਜਾਂਚ ਕੀਤੀ ਜਾਵੇਗੀ। ਇਸ ਮੌਕੇ ਸਰਕਾਰੀ ਕੰਨਿਆ ਮਿਡਲ ਸਕੂਲ ਦੇ ਸਟਾਫ਼ ਅਮਨਦੀਪ ਕੌਰ, ਪ੍ਰੀਤ ਕਿਰਨ, ਰੀਤੂ ਮੱਕਣ, ਪਰਮਿੰਦਰ ਕੌਰ, ਵੰਦਨਾ, ਸ਼ਸ਼ੀ ਬਾਲਾ ਅਤੇ ਜਸਵੀਰ ਸਿੰਘ ਨੇ ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸੰਸਥਾ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਇਹ ਸੰਸਥਾਂ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹੇ ਤੇ ਲੋੜਵੰਦਾਂ ਦੀ ਮਦਦ ਕਰਦੇ ਰਹੇ। ਇਸ ਮੌਕੇ ਮਹਿਲਾ ਪ੍ਰਮੁੱਖ ਹੀਨਾ ਸਿੰਗਲਾ, ਰਾਜੇਸ਼ ਸਿੰਗਲਾ, ਦਿਵਿਆ ਜੈਨ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

## ਜੇਲ 'ਚ ਭੇਜੇ ਕਿਸਾਨ ਆਗੂਆਂ ਦੀ ਬਿਨਾਂ ਸ਼ਰਤ ਰਿਹਾਈ ਦੀ ਮੰਗ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਸਹਿਕਾਰੀ ਸ਼ੂਗਰ ਮਿਲ ਸ਼ੇਰੋਂ ਨੂੰ ਬਚਾਉਣ ਲਈ ਲਗਾਤਾਰ ਚੱਲ ਰਹੇ ਧਰਨੇ ਤੋਂ ਪੁਲਸ ਨੇ ਕਿਸਾਨ ਆਗੂਆਂ ਨੂੰ ਰਿਆਸਤ ਵਿੱਚ ਲੈ ਕੇ ਕਿਸਾਨ ਆਗੂਆਂ ਨੂੰ ਜੇਲ ਵਿੱਚ ਭੇਜ ਦਿੱਤਾ ਗਿਆ ਜਿਸ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਵੱਲੋਂ ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ ਦਾ ਪੁਤਲਾ ਤਰਨ ਤਾਰਨ ਬੋਹੜੀ ਚੌਕ 'ਚ ਫੂਕਿਆ ਗਿਆ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੇ ਮੰਗ ਕੀਤੀ ਕਿ ਕਿਸਾਨ ਆਗੂਆਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ।ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਆਗੂ ਮਨਜੀਤ ਸਿੰਘ ਬੱਗੂ, ਜਮਹੂਰੀ ਕਿਸਾਨ ਸਭਾ ਪੰਜਾਬ ਮੰਗਲ ਸਿੰਘ ਜਵੰਦਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਕੁਲਦੀਪ ਸਿੰਘ ਮੁੰਡਾ ਪਿੰਡ, ਜਤਿੰਦਰ ਪਾਲ ਸਿੰਘ ਪੰਡੋਰੀ ਕਿਸਾਨ ਸੰਘਰਸ਼ ਕਮੇਟੀ ਆਜ਼ਾਦ, ਤਰਸੇਮ ਸਿੰਘ ਲੋਹਾਰ ਕੌਮੀ ਕਿਸਾਨ ਯੂਨੀਅਨ, ਦਲਵਿੰਦਰ ਸਿੰਘ ਨੁਸ਼ਹਿਰਾ ਪੰਨੂਆਂ ਪੰਜਾਬ ਕਿਸਾਨ ਯੂਨੀਅਨ, ਸੁਖਬਾਜ ਸਿੰਘ ਸਿੱਧੂ, ਰਵਿੰਦਰ ਸਿੰਘ ਔਲਖ, ਚਰਨ ਸਿੰਘ ਤਰਨ ਤਾਰਨ ਕੁੱਲ ਹਿੰਦ ਕਿਸਾਨ ਯੂਨੀਅਨ, ਗੁਰਚਰਨ ਸਿੰਘ ਸਭਰਾ ਕੌਮੀ ਕਿਸਾਨ ਯੂਨੀਅਨ, ਜਤਿੰਦਰ ਸਿੰਘ ਕੋਟ ਮੁਹੰਮਦ, ਬਲਵਿੰਦਰ ਸਿੰਘ ਗੋਹਲਵੜ, ਬਚਨ ਸਿੰਘ ਐਮਾ ਮੱਲੀਆਂ, ਸੁਰਜੀਤ ਸਿੰਘ ਮਾਲੂਵਾਲ, ਸੁੱਖਾ ਸਿੰਘ ਸਖੀਰਾ, ਸੁਰਜੀਤ ਸਿੰਘ ਬਾਠ, ਬਲਵਿੰਦਰ ਸਿੰਘ ਕਬਾੜੀਆ ਆਦਿ ਹਾਜ਼ਰ ਸਨ।

## ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੂੰ ਗ੍ਰਿਫਤਾਰ ਕਰਨ ਵਿਰੁੱਧ ਰੋਸ ਪ੍ਰਦਰਸ਼ਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸਰਕਾਰ ਵਲੋਂ ਮੁਲਾਜ਼ਮ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ ਸਮੇਤ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੂੰ ਨਜਾਇਜ਼ ਹਿਰਾਸਤ ਵਿੱਚ ਲੈਣ ਦੇ ਰੋਸ ਵਜੋਂ ਅੱਜ ਬਿਜਲੀ ਵਿਭਾਗ ਦੇ ਸਮੂਹ ਮੁਲਾਜ਼ਮਾਂ ਵਲੋਂ ਸਾਂਝੇ ਤੌਰ ਤੇ ਰੋਸ ਪ੍ਰਦਰਸ਼ਨ ਕਰਕੇ ਮੁਲਜ਼ਮ ਆਗੂ ਗੁਰਪ੍ਰੀਤ ਸਿੰਘ ਸਮੇਤ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਿਜਲੀ ਮੁਲਾਜ਼ਮਾਂ ਦੇ ਸੂਬਾਈ ਆਗੂ ਸੁਖਵਿੰਦਰ ਸਿੰਘ ਦੁਮਣਾ ਨੇ ਦੱਸਿਆ ਕਿ



ਜੋਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਤੇ ਸਾਂਝੇ ਸੱਦੇ ਤੇ ਖੰਡ ਮਿੱਲ ਸ਼ੇਰੋਂ (ਤਰਨਤਾਰਨ) ਦੀ ਜਮੀਨ ਦੀ ਮਾਲਕੀ ਪੁੱਡਾ ਨੂੰ ਤਬਦੀਲ ਕਰਨ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚੇ ਅਤੇ ਹੋਰ ਸੰਘਰਸ਼ੀ ਜਥੇਬੰਦੀਆਂ ਵਲੋਂ ਸ਼ਾਂਤ ਮਈ ਰੋਸ ਧਰਨਾ ਦਿੱਤਾ ਜਾ ਰਿਹਾ ਸੀ। ਇਸ ਧਰਨੇ ਵਿੱਚ ਸ਼ਾਮਲ ਕਿਸਾਨ ਆਗੂਆਂ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਕਨਵੀਨਰ ਸਾਥੀ ਗੁਰਪ੍ਰੀਤ ਸਿੰਘ ਗੰਡੀ ਵਿੰਡ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੂੰ ਪੁਲਸ ਵੱਲੋਂ ਨਜਾਇਜ਼ ਗ੍ਰਿਫਤਾਰ ਕੀਤਾ ਗਿਆ। ਇਹਨਾਂ ਨਜਾਇਜ਼ ਗ੍ਰਿਫਤਾਰੀਆਂ ਦੇ ਵਿਰੋਧ ਵਿੱਚ ਸਮੂਚੇ ਪੰਜਾਬ ਅੰਦਰ ਬਿਜਲੀ ਮੁਲਾਜ਼ਮਾਂ ਦੀ ਪ੍ਰਮੁੱਖ ਜਥੇਬੰਦੀ ਜੋਆਇੰਟ ਫੋਰਮ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੱਦੇ ਤੇ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ ਇਸੇ ਲੜੀ ਤਹਿਤ ਬਿਜਲੀ ਮੁਲਾਜ਼ਮਾਂ ਵਲੋਂ ਮੋਰਿੰਡਾ ਵਿਖੇ ਰੈਲੀ ਕੀਤੀ ਗਈ। ਉਹਨਾਂ ਦੱਸਿਆ ਕਿ ਕਿਸਾਨ ਜਥੇਬੰਦੀਆਂ ਅਤੇ ਸਾਥੀ ਗੁਰਪ੍ਰੀਤ ਸਿੰਘ ਗੰਡੀ ਵਿੰਡ ਦੀ ਪੁਲਿਸ ਵੱਲੋਂ ਕੀਤੀ ਗਈ ਨਾਜਾਇਜ਼ ਗ੍ਰਿਫਤਾਰੀ ਦੀ ਅਸੀਂ ਨਿੰਦਾ ਕਰਦੇ ਹਾਂ ਅਤੇ ਸਰਕਾਰ ਤੋਂ ਜ਼ੋਰਦਾਰ ਮੰਗ ਕਰਦੇ ਹਾਂ ਕਿ ਗ੍ਰਿਫਤਾਰ ਕੀਤੇ ਮੁਲਜ਼ਮ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ ਸਮੇਤ ਸੰਯੁਕਤ ਮੋਰਚੇ ਦੇ ਆਗੂਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਬੁਲਾਰਿਆਂ ਨੇ ਆਖਿਆ ਕਿ ਇਹ ਕੰਮ ਜਮਹੂਰੀਅਤ ਵਿਰੋਧੀ ਹੈ। ਇਸ ਰੈਲੀ ਨੂੰ ਮਿਨਿਸਟਰੀਅਲ ਸਰਵਿਸ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਬਰਿੰਦਰ ਸਿੰਘ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਜਦੋਂ ਤੱਕ ਕਿਸਾਨ ਆਗੂ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਤੇ ਕੀਤਾ ਪਰਚਾ ਰੱਦ ਨਹੀਂ ਹੁੰਦਾ ਉਦੋਂ ਤੱਕ ਸਾਡਾ ਸੰਘਰਸ਼ ਜਾਰੀ ਰਹੇਗਾ। ਇਸ ਰੈਲੀ ਵਿੱਚ ਐਮ ਐਸ ਯੂ ਦੇ ਡਿਵੀਜ਼ਨ ਪ੍ਰਧਾਨ ਸਿਮਰਪ੍ਰੀਤ ਸਿੰਘ, ਸ਼ਹਿਰੀ ਮੋਰਿੰਡਾ ਤੋਂ ਟੀ ਐਸ ਯੂ ਦੇ ਪ੍ਰਧਾਨ ਗੁਲਜਾਰ ਸਿੰਘ, ਡਿਵੀਜ਼ਨ ਸਕੱਤਰ ਬਲਜਿੰਦਰ ਸਿੰਘ, ਮਨੋਜ ਕੁਮਾਰ,ਗੁਰਨਾਮ ਸਿੰਘ, ਗੁਰਦਿਆਲ ਸਿੰਘ, ਪਰਮਜੀਤ ਕੌਰ, ਮਲਕੀਤ ਸਿੰਘ, ਜਗਦੀਪ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

## ਪੱਤਰਕਾਰ ਭਾਈਚਾਰੇ ਵੱਲੋਂ ਐੱਸਡੀਐੱਮ ਰਵਿੰਦਰ ਸਿੰਘ ਅਰੋੜਾ ਦਾ ਗਰਮਜੋਸ਼ੀ ਨਾਲ ਸਨਮਾਨ

**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**: ਰਵਿੰਦਰ ਸਿੰਘ ਅਰੋੜਾ ਐੱਸਡੀਐੱਮ ਅਜਨਾਲਾ ਨਾਲ ਬਿਤਾਇਆ ਸਮਾਂ ਪੱਤਰਕਾਰ ਭਾਈਚਾਰੇ ਲਈ ਯਾਦਗਾਰ ਅਤੇ ਪ੍ਰੇਰਨਾਦਾਇਕ ਰਿਹਾ।ਆਪਣੇ



ਕਾਰਜਕਾਲ ਦੌਰਾਨ ਅਰੋੜਾ ਨੇ ਹਰ ਵਰਗ ਦੇ ਲੋਕਾਂ ਨੂੰ ਬਰਾਬਰ ਮਾਣ-ਸਨਮਾਨ ਦਿੱਤਾ ਅਤੇ ਲੋਕ-ਹਿਤ ਦੇ ਮਾਮਲਿਆਂ ਵਿੱਚ ਸੰਵੇਦਨਸ਼ੀਲ ਤੇ ਤੁਰੰਤ ਫੈਸਲੇ ਕਰਕੇ ਵੱਡੀ ਪਛਾਣ ਬਣਾਈ।ਅਰੋੜਾ ਦੀ ਬਦਲੀ ਅਬੋਹਰ ਹੋਣ 'ਤੇ ਅਜਨਾਲਾ ਦੇ ਪੱਤਰਕਾਰ ਭਾਈਚਾਰੇ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਨਮਾਨ ਕੀਤਾ ਗਿਆ ਅਤੇ ਨਿੱਘੀ ਵਿਦਾਇਗੀ ਦਿੱਤੀ ਗਈ।ਸਮਾਗਮ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਸ਼੍ਰੀ ਅਰੋੜਾ ਨੇ ਪ੍ਰਸ਼ਾਸਨ ਅਤੇ ਆਮ ਜਨਤਾ ਵਿਚਕਾਰ ਭਰੋਸੇ ਦੀ ਮਜ਼ਬੂਤ ਕੜੀ ਬਣਾਈ, ਜਿਸ ਕਾਰਨ ਲੋਕਾਂ ਵਿੱਚ ਉਨ੍ਹਾਂ ਪ੍ਰਤੀ ਖਾਸ ਸਨਮਾਨ ਹੈ।ਪੱਤਰਕਾਰਾਂ ਨੇ ਉਨ੍ਹਾਂ ਦੀ ਨਿਮਰਤਾ, ਸਾਫ-ਸੁਥਰੀ ਕਾਰਗੁਜ਼ਾਰੀ ਅਤੇ ਇਨਸਾਨੀਅਤ ਭਰੀ ਸੋਚ ਦੀ ਖੂਬ ਸਰਾਹਨਾ ਕੀਤੀ।ਸਭ ਨੇ ਇਕ ਸੁਰ ਵਿੱਚ ਕਿਹਾ ਕਿ ਅਰੋੜਾ ਸਾਹਿਬ ਜਿੱਥੇ ਵੀ ਸੇਵਾ ਨਿਭਾਉਣਗੇ, ਉੱਥੇ ਲੋਕਾਂ ਦੇ ਦਿਲ ਜਿੱਤਣਗੇ ਅਤੇ ਪ੍ਰਸ਼ਾਸਨਿਕ ਸੇਵਾ ਦਾ ਉਚ ਮਿਆਰ ਕਾਇਮ ਰੱਖਣਗੇ।ਇਸ ਮੌਕੇ ਵਰਿੰਦਰ ਕੁਮਾਰ ਸ਼ਰਮਾ, ਸੁਖਚੈਨ ਸਿੰਘ, ਦੇਵਿੰਦਰ ਕੁਮਾਰ ਪੁਰੀ, ਸੁਖਿੰਦਰ ਸਿੰਘ ਰਾਜੂ, ਪ੍ਰਦੀਪ ਕੁਮਾਰ ਅਰੋੜਾ, ਪੰਕਜ ਮੱਲੀ ਅਤੇ ਮਨੀਸ਼ ਉਪਲ ਸਮੇਤ ਹੋਰ ਪੱਤਰਕਾਰ ਸਾਥੀ ਮੌਜੂਦ ਰਹੇ।ਸਮਾਗਮ ਦੇ ਅੰਤ ਵਿੱਚ ਸਭ ਨੇ ਅਰੋੜਾ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ ਅਤੇ ਉਨ੍ਹਾਂ ਦੀਆਂ ਯਾਦਗਾਰੀ ਸੇਵਾਵਾਂ ਲਈ ਧੰਨਵਾਦ ਪ੍ਰਗਟਾਇਆ।

## ਗ੍ਰਿਫ਼ਤਾਰ ਕਿਸਾਨਾਂ ਨੂੰ ਰਿਹਾਅ ਕਰੋ, ਖੰਡ ਮਿੱਲ ਚਾਲੂ ਕਰੋ : ਦਦੇਹਰ, ਚੋਹਲਾ

**ਸਰਹਾਲੀ ਕਲਾਂ, (ਰਮਨ ਚੱਢਾ)**- ਸ਼ੇਰੋਂ ਖੰਡ ਮਿੱਲ ਨੂੰ ਚਾਲੂ ਕਰਾਉਣ ਲਈ ਦਿੱਤੇ ਜਾ ਰਹੇ ਧਰਨੇ ਤੋਂ ਕਿਸਾਨਾਂ ਦੀ ਗ੍ਰਿਫ਼ਤਾਰੀ ਵਿਰੁੱਧ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨ ਤਾਰਨ ਦੇ ਸੱਦੇ ਤੇ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਪਿੰਡ ਦਦੇਹਰ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ



ਕਿਸਾਨਾਂ ਇਕੱਠੇ ਹੋ ਕੇ ਸਰਕਾਰ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਇਕੱਤਰ ਹੋਏ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਕਾਮਰੇਡ ਬਲਵਿੰਦਰ ਸਿੰਘ ਦਦੇਹਰ, ਪਰਮਜੀਤ ਸਿੰਘ ਚੋਹਲਾ, ਕੁਲਦੀਪ ਸਿੰਘ ਦਦੇਹਰ, ਸੇਵਾ ਸਿੰਘ ਮੈਂਬਰ, ਸੂਬੇਦਾਰ ਲੇਖ ਸਿੰਘ, ਮੰਗਲ ਸਿੰਘ ਚੋਹਲਾ ਨੇ ਕਿਹਾ ਕਿ ਬਹੁਤ ਸਾਲ ਪਹਿਲਾਂ ਸਾਡੇ ਇਲਾਕੇ ਦੇ ਪਿੰਡ ਸ਼ੇਰੋਂ ਦੀ ਇੱਕ ਸੌ ਏਕੜ ਜ਼ਮੀਨ ਬਹੁਤ ਸਸਤੇ ਰੇਟ ਤੇ ਲੈ ਕੇ ਖੰਡ ਮਿੱਲ ਚਾਲੂ ਕੀਤੀ ਗਈ ਸੀ।ਇਸ ਮਿੱਲ ਨੇ ਲਗਾਤਾਰ ਸਰਕਾਰ ਨੂੰ ਮੁਨਾਫਾ ਦਿੱਤਾ।ਜਦੋਂ ਮਿੱਲ ਬੰਦ ਕੀਤੀ ਗਈ ਉਦੋਂ ਵੀ ਮੁਨਾਫ਼ੇ ਵਿੱਚ ਸੀ।ਤਰਨ ਤਾਰਨ ਜ਼ਿਲ੍ਹੇ ਦੇ ਕਿਸਾਨਾਂ ਨੂੰ ਇਸਦਾ ਕਾਫ਼ੀ ਫਾਇਦਾ ਸੀ।ਮਜ਼ਦੂਰ ਪਰਿਵਾਰਾਂ ਨੂੰ ਵੀ ਗੰਨਾ ਖੇਤਾਂ 'ਚੋਂ ਕੱਟਣ ਤੋਂ ਲੈ ਕੇ ਮਿੱਲ ਦੀ ਢੋਆ ਢੁਆਈ ਅਤੇ ਖੰਡ ਬਣਨ ਤੱਕ ਕੰਮ ਮਿਲਦਾ ਸੀ।ਇਹ ਵੀ ਜ਼ਿਕਰਯੋਗ ਹੈ ਕਿ ਤਰਨ ਤਾਰਨ ਜ਼ਿਲ੍ਹੇ ਵਿੱਚ ਖੇਤੀ ਅਧਾਰਿਤ ਸਿਰਫ਼ ਤੇ ਸਿਰਫ਼ ਇਹ ਇੱਕੋ ਇੱਕ ਮਿੱਲ ਸੀ। ਮੌਜੂਦਾ ਸਰਕਾਰ ਨੇ ਚੋਣਾਂ ਸਮੇਂ ਵਾਅਦਾ ਕੀਤਾ ਸੀ ਕਿ ਇਹ ਮਿੱਲ ਮੁੜ ਸ਼ੁਰੂ ਕੀਤੀ ਜਾਵੇਗੀ।ਪਰ ਹੁਣ ਕਿਸਾਨਾਂ ਦੀ ਸਲਾਹ ਬਿਨਾਂ ਇਸਦੀ ਕੀਮਤੀ ਜ਼ਮੀਨ ਘੱਟੇ ਕੌਡੀਆਂ ਕੀਤੀ ਜਾ ਰਹੀ ਹੈ।ਯਾਦ ਰਹੇ ਕਿ ਇਸ ਮਿੱਲ ਵਿੱਚ ਸੱਠ ਫ਼ੀਸਦੀ ਹਿੱਸੇਦਾਰੀ ਕਿਸਾਨਾਂ ਦੀ ਹੈ, ਜਿਹਨਾਂ ਨੂੰ ਪੁੱਛਿਆ ਨਹੀਂ ਜਾ ਰਿਹਾ।ਇਸ ਮੌਕੇ ਕਿਸਾਨ ਆਗੂਆਂ ਮੰਗ ਕੀਤੀ ਕਿ ਗ੍ਰਿਫ਼ਤਾਰ ਕਿਸਾਨ ਤੁਰੰਤ ਰਿਹਾਅ ਕੀਤੇ ਜਾਣ।ਇਹ ਖੰਡ ਮਿੱਲ ਮੁੜ ਚਾਲੂ ਕਰਕੇ ਸਰਕਾਰ ਆਪਣਾ ਵਾਅਦਾ ਪੂਰਾ ਕਰੇ।ਇਸ ਮੌਕੇ ਹੋਰਨਾਂ ਤੋਂ ਪਾਲ ਸਿੰਘ, ਮਨਜੀਤ ਸਿੰਘ, ਗੁਰਬਚਨ ਸਿੰਘ, ਨੇਕ ਸਿੰਘ, ਹਰਦਿਆਲ ਸਿੰਘ ਫੌਜੀ ਨੇ ਵੀ ਸੰਬੋਧਨ ਕੀਤਾ।

### ਮਾਮਲਾ ਖੰਡ ਮਿੱਲ ਸ਼ੇਰੋਂ ਨੂੰ ਵੇਚਣ ਦਾ:

## ਕਿਸਾਨਾਂ ਨੇ ਡੀਸੀ ਦਫਤਰ ਅੱਗੇ ਪੁਤਲਾ ਫੂਕਿਆ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਕੀਤੇ ਵਾਅਦੇ ਦੇ ਉਲਟ ਪੰਜਾਬ ਸਰਕਾਰ ਨੇ ਸ਼ੇਰੋਂ ਖੰਡ ਮਿੱਲ ਚਾਲੂ ਕਰਨ ਦੀ ਬਜਾਏ ਵੇਚ ਦਿੱਤੀ ਹੈ।ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤੇ ਖੰਡ ਮਿੱਲ ਨੂੰ ਬਚਾਉਣ ਲਈ ਅਤੇ ਪੰਜਾਬ ਸਰਕਾਰ ਨੂੰ



ਆਪਣਾ ਵਾਅਦਾ ਪੂਰਾ ਕਰਨ ਲਈ ਕਹਿਣ ਵਾਸਤੇ ਧਰਨੇ 'ਤੇ ਬੈਠੇ ਕਿਸਾਨਾਂ ਨੂੰ ਪੁਲਸ ਚੁੱਕ ਕੇ ਲੈ ਗਈ ਅਤੇ ਕਿਸਾਨਾਂ ਦਾ ਟੈਂਟ ਉਖਾੜ ਦਿੱਤਾ ਗਿਆ।ਇਸਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਡੀ ਸੀ ਦਫਤਰ ਅੱਗੇ ਇਕੱਠੇ ਹੋ ਕੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ।ਇਸ ਮੌਕੇ ਕਿਸਾਨ ਆਗੂ ਮਹਾਂਬੀਰ ਸਿੰਘ ਗਿੱਲ, ਤਰਸੇਮ ਸਿੰਘ ਲੁਹਾਰਾ, ਗੁਰਸਾਹਿਬ ਸਿੰਘ ਡੱਲ, ਸਤਪਾਲ ਸਿੰਘ, ਪੂਰਨ ਸਿੰਘ ਮਾੜੀਮੇਘਾ, ਦਵਿੰਦਰ ਸੋਹਲ ਨੇ ਕਿਹਾ ਕਿ ਇਹ ਸਰਕਾਰ ਪਹਿਲੀਆਂ ਸਰਕਾਰਾਂ ਨਾਲੋਂ ਵੀ ਨਿਕੰਮੀ ਸਾਬਤ ਹੋ ਰਹੀ।ਸ਼ੇਰੋਂ ਖੰਡ ਮਿੱਲ ਵਿੱਚ ਸੱਠ ਫ਼ੀਸਦੀ ਹਿੱਸੇਦਾਰੀ ਕਿਸਾਨਾਂ ਦੀ ਹੈ।ਪਰ ਮਿੱਲ ਦੇ ਥਾਂ ਨੂੰ ਪੁੱਡਾ ਅਤੇ ਫੂਡ ਸਪਲਾਈ ਵਿਭਾਗ ਨੂੰ ਦੇਣ ਲਈ ਹਿੱਸੇਦਾਰ ਕਿਸਾਨਾਂ ਨੂੰ ਪੁੱਛਿਆ ਤੱਕ ਨਹੀਂ।ਉਨ੍ਹਾਂ ਕਿਹਾ ਕਿ ਚਾਹੀਦਾ ਤਾਂ ਇਹ ਸੀ ਕਿ ਅਕਾਲੀ ਸਰਕਾਰ ਵੇਲੇ ਬੰਦ ਕੀਤੀ ਮਿੱਲ ਨੂੰ ਮੁੜ ਚਾਲੂ ਕੀਤਾ ਜਾਂਦਾ, ਜਿਸ ਨਾਲ ਹਜ਼ਾਰਾਂ ਲੋਕਾਂ ਨੂੰ ਸਿੱਧਾ ਤੇ ਅਸਿੱਧਾ ਰੁਜ਼ਗਾਰ ਮਿਲ਼ਦਾ, ਗੰਨਾ ਕਾਸ਼ਤਕਾਰਾਂ ਨੂੰ ਵੀ ਲਾਭ ਮਿਲਦਾ, ਮੁਨਾਫ਼ਾ ਦੇ ਰਹੀ ਇਸ ਮਿੱਲ ਤੋਂ ਪੰਜਾਬ ਸਰਕਾਰ ਨੂੰ ਵੀ ਵਿੱਤੀ ਲਾਭ ਮਿਲਦਾ। ਇਸ ਮੌਕੇ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਫੈਸਲਾ ਕੀਤਾ ਕਿ ਅਠਾਈ ਫਰਵਰੀ ਨੂੰ ਮੁੜ ਮੀਟਿੰਗ ਕਰਕੇ ਸੰਘਰਸ਼ ਦੀ ਅਗਲੀ ਰੂਪ ਰੇਖਾ ਉਲੀਕੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਕਾਰ ਸਿੰਘ ਵਲਟੋਹਾ, ਕਾਰਜ ਸਿੰਘ ਕੈਰੋਂ, ਰਾਜ ਗੋਬਿੰਦ ਸਿੰਘ, ਸੁਖਦੇਵ ਸਿੰਘ ਮਾਨੋਚਾਹਲ, ਰੂਪ ਸਿੰਘ, ਚਰਨ ਸਿੰਘ ਸਮੇਤ ਕਈ ਕਿਸਾਨ ਆਗੂ ਹਾਜ਼ਰ ਸਨ।

## ਦਫਤਰੀ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਐਲੀਮੈਂਟਰੀ ਟੀਚਰਜ਼ ਯੂਨੀਅਨ ਵੱਲੋਂ ਨਿੰਦਾ

ਧਾਰੀਵਾਲ, (ਮਨਦੀਪ ਵਿੱਕੀ)-ਐਲੀਮੈਂਟਰੀ ਟੀਚਰਜ਼ ਯੂਨੀਅਨ ਰਜਿ. ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ ਤੇ ਸੂਬਾਈ ਆਗੂ ਹਰਪ੍ਰੀਤ ਪਰਮਾਰ ਨੇ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਦਫਤਰ ਕਰਮਚਾਰੀ ਰੈਗੂਲਰ ਕਰਨ ਸਮੇਂ ਵੱਡੀ ਪੱਧਰ ਤੇ ਕੀਤੀ ਗਈ ਤਨਖਾਹ ਕਟੌਤੀ, ਲਗਭਗ 20 ਸਾਲ ਦੀ ਪਿਛਲੀ ਸੇਵਾ ਖਤਮ ਕਰਨ ਅਤੇ ਦੁਬਾਰਾ ਤਿੰਨ ਸਾਲ ਦੇ ਪ੍ਰੋਬੇਸ਼ਨ ਸਮੇਂ ਵਿੱਚ ਲਿਆਉਣ ਆਦਿ ਮੰਗਾਂ ਨੂੰ ਲੈ ਕੇ ਡੀਪੀਆਈ (ਸੈ) ਦੇ ਦਫਤਰ ਮੁਹਾਲੀ ਵਿਖੇ ਸ਼ਾਂਤਮਈ ਸੰਘਰਸ਼ ਕਰ ਰਹੇ ਦਫਤਰੀ ਕਰਮਚਾਰੀਆਂ 'ਤੇ ਲਾਠੀਚਾਰਜ ਕਰਨ, ਪਾਣੀ ਦੀਆਂ ਬੁਛਾੜਾਂ ਮਾਰਨ ਤੇ ਪੱਗਾਂ ਲਾਹੁਣ ਦੀ ਐਲੀਮੈਂਟਰੀ ਟੀਚਰ ਯੂਨੀਅਨ ਵੱਲੋਂ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਹੈ।ਯੂਨੀਅਨ ਆਗੂਆਂ ਅਸ਼ਵਨੀ ਫੱਜੂਪੁਰ ਤੇ ਹਰਪ੍ਰੀਤ ਪਰਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਜਿੱਥੇ ਰੈਗੂਲਰ ਕਰਨ ਤੇ ਤਨਖਾਹਾਂ ਵੀ ਘੱਟ ਕਰ ਰਹੀ ਹੈ ਅਤੇ ਉੱਥੇ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਮੁਲਾਜ਼ਮਾਂ ਨੂੰ ਕੁੱਟ ਵੀ ਰਹੀ ਹੈ।ਉਨ੍ਹਾਂ ਕਿਹਾ ਕਿ ਆਪ ਦੀ ਸਰਕਾਰ ਨੇ ਪਿਛਲੀਆਂ ਸਰਕਾਰਾਂ ਨੂੰ ਮਾਤ ਪਾਉਂਦੇ ਹੋਏ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਦੇ ਸਾਰੇ ਮੁਲਾਜ਼ਮਾਂ ਨੂੰ ਭਾਰੀ ਵਿੱਤੀ ਸੱਟ ਮਾਰੀ ਹੈ।ਉਨ੍ਹਾਂ ਨੇ ਦਫਤਰੀ ਕਰਮਚਾਰੀਆਂ ਨੂੰ ਰੈਗੂਲਰ ਕਰਨ ਦੇ ਨਾਂਅ 'ਤੇ ਤਨਖਾਹ ਕਟੌਤੀ ਕਰਨ, 20 ਸਾਲ ਦੀ ਪਿਛਲੀ ਨੌਕਰੀ ਖਤਮ ਕਰਨ ਅਤੇ ਤਿੰਨ ਸਾਲ ਦਾ ਪ੍ਰੋਬੇਸ਼ਨ ਸਮਾਂ ਥੋਪਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਲੰਮੇ ਸਮੇਂ ਤੋਂ ਸਿੱਖਿਆ ਵਿਭਾਗ ਵਿੱਚ ਸੇਵਾ ਕਰ ਰਹੇ ਇਨ੍ਹਾਂ ਦਫਤਰੀ ਕਰਮਚਾਰੀਆਂ 'ਤੇ ਜਬਰੀ ਥੋਪੀਆਂ ਸ਼ਰਤਾਂ ਖਤਮ ਕਰਕੇ ਉਨ੍ਹਾਂ ਦੀਆਂ ਮੌਜੂਦਾ ਤਨਖ਼ਾਹਾਂ ਸੁਰੱਖਿਅਤ ਕਰਦੇ ਹੋਏ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦੇ ਸਕੇਲ ਦੇ ਕੇ ਪੂਰੇ ਭੱਤਿਆਂ ਸਮੇਤ ਰੈਗੂਲਰ ਕੀਤਾ ਜਾਵੇ।





## ਕਿਸਾਨ ਆਗੂਆਂ ਦੀ ਗ੍ਰਿਫ਼ਤਾਰੀ ਦੀ ਨਿਖੇਧੀ



**ਤਰਨਤਾਰਨ (ਪ੍ਰਿਤਪਾਲ ਸਿੰਘ)**- ਜਮਹੂਰੀ ਕਿਸਾਨ ਸਭਾ ਦੇ ਆਗੂ ਪ੍ਰਗਟ ਸਿੰਘ ਜਾਮਾਰਾਏ, ਮਨਜੀਤ ਸਿੰਘ ਬੱਗੂ, ਦਲਜੀਤ ਸਿੰਘ ਦਿਆਲਪੁਰਾ, ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਨਰਿੰਦਰ ਸਿੰਘ ਰਟੌਲ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੁਖਦੇਵ ਸਿੰਘ ਜਵੰਦਾ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਚਮਨ ਲਾਲ ਦਰਾਜਕੇ ਅਤੇ ਪ੍ਰਧਾਨ ਜਸਬੀਰ ਸਿੰਘ ਵੈਰੋਵਾਲ ਸਮੇਤ ਕਈ ਆਗੂਆਂ ਨੇ ਸਹਿਕਾਰੀ ਸ਼ੂਗਰ ਮਿੱਲ ਸ਼ੇਰੋਂ ਨੂੰ ਵੇਚਣ ਦੇ ਖ਼ਿਲਾਫ਼ ਸੰਯੁਕਤ ਕਿਸਾਨ ਮੋਰਚੇ ਵੱਲੋਂ ਲਗਾਤਾਰ ਚੱਲ ਰਹੇ ਧਰਨੇ 'ਤੇ ਬੈਠੇ ਆਗੂਆਂ ਦੀ ਗ੍ਰਿਫ਼ਤਾਰੀ ਦੀ ਤਿੱਖੀ ਨਿਖੇਧੀ ਕੀਤੀ ਹੈ। ਆਗੂਆਂ ਨੇ ਸਪਸ਼ਟ ਕੀਤਾ ਕਿ ਸਰਕਾਰੀ ਖੰਡ ਮਿੱਲ ਸ਼ੇਰੋਂ ਇਲਾਕੇ ਦੇ ਕਿਸਾਨਾਂ ਦੀ ਜ਼ਮੀਨ ਨਾਲ ਜੁੜੀ ਹੋਈ ਹੈ ਅਤੇ ਇਸ ਨੂੰ ਵੇਚਣ ਦਾ ਪੰਜਾਬ ਸਰਕਾਰ ਨੂੰ ਕੋਈ ਹੱਕ ਨਹੀਂ।ਉਨ੍ਹਾਂ ਨੇ ਮੰਗ ਕੀਤੀ ਕਿ ਮਿੱਲ ਨੂੰ ਵੇਚਣ ਦੀ ਪ੍ਰਕਿਰਿਆ ਤੁਰੰਤ ਰੋਕੀ ਜਾਵੇ ਅਤੇ ਗ੍ਰਿਫ਼ਤਾਰ ਕੀਤੇ ਗਏ ਆਗੂਆਂ ਨੂੰ ਫੌਰੀ ਰਿਹਾਅ ਕੀਤਾ ਜਾਵੇ।

## ਐੱਸ ਕੇ ਐੱਮ ਵੱਲੋਂ ਖੰਡ ਮਿੱਲ ਸ਼ੇਰੋਂ ਨੂੰ ਤੁਰੰਤ ਚਾਲੂ ਕਰਨ ਦੀ ਮੰਗ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਸ਼ੇਰੋਂ ਖੰਡ ਮਿੱਲ ਚਾਲੂ ਕਰਾਉਣ ਲਈ ਦਿੱਤੇ ਜਾ ਰਹੇ ਧਰਨੇ ਤੋਂ ਕਿਸਾਨਾਂ ਦੀ ਗ੍ਰਿਫ਼ਤਾਰੀ ਵਿਰੁੱਧ ਸਯੁੰਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨ ਤਾਰਨ ਦੇ ਸੱਦੇ 'ਤੇ ਸਥਾਨਕ ਚੌਕ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਇਕੱਠੇ ਹੋ ਸਰਕਾਰ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਇਕੱਤਰ ਹੋਏ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਦਵਿੰਦਰ ਸੋਹਲ, ਕੈਪਟਨ ਸਿੰਘ ਬਘਿਆੜੀ, ਜਗਰੂਪ ਸਿੰਘ ਕਸੇਲ, ਮਲਕੀਤ ਸਿੰਘ ਬਘਿਆੜੀ, ਬਲਜਿੰਦਰ ਸਿੰਘ ਸਰਪੰਚ, ਜਗਤਾਰ ਸਿੰਘ ਜੱਗਾ,



ਬਾਬਾ ਬਲਜਿੰਦਰ ਸਿੰਘ, ਹਰਬਿੰਦਰ ਸਿੰਘ ਕਸੇਲ, ਪ੍ਰੀਤਮ ਸਿੰਘ ਛਾਪਾ, ਧਿਆਨ ਸਿੰਘ ਮੰਨਣ ਨੇ ਕਿਹਾ ਕਿ ਬਹੁਤ ਸਾਲ ਪਹਿਲਾਂ ਪਿੰਡ ਸ਼ੇਰੋਂ ਦੀ ਇੱਕ ਸੌ ਏਕੜ ਜ਼ਮੀਨ ਬਹੁਤ ਸਸਤੇ ਰੇਟ 'ਤੇ ਲੈ ਕੇ ਖੰਡ ਮਿੱਲ ਚਾਲੂ ਕੀਤੀ ਗਈ ਸੀ।ਇਸ ਮਿੱਲ ਨੇ ਲਗਾਤਾਰ ਸਰਕਾਰ ਨੂੰ ਮੁਨਾਫਾ ਦਿੱਤਾ।ਜਦੋਂ ਮਿੱਲ ਬੰਦ ਕੀਤੀ ਗਈ ਉਦੋਂ ਵੀ ਮੁਨਾਫ਼ੇ ਵਿੱਚ ਸੀ। ਤਰਨ ਤਾਰਨ ਜ਼ਿਲ੍ਹੇ ਦੇ ਕਿਸਾਨਾਂ ਨੂੰ ਇਸਦਾ ਕਾਫ਼ੀ ਫਾਇਦਾ ਸੀ।ਮਜ਼ਦੂਰ ਪਰਿਵਾਰਾਂ ਨੂੰ ਵੀ ਗੰਨਾ ਖੇਤਾਂ 'ਚੋਂ ਕੱਟਣ ਤੋਂ ਲੈ ਕੇ ਮਿੱਲ ਦੀ ਢੋਆ ਢੁਆਈ ਅਤੇ ਖੰਡ ਬਣਨ ਤੱਕ ਕੰਮ ਮਿਲਦਾ ਸੀ।ਇਹ ਵੀ ਜ਼ਿਕਰਯੋਗ ਹੈ ਕਿ ਤਰਨ ਤਾਰਨ ਜ਼ਿਲ੍ਹੇ ਵਿੱਚ ਖੇਤੀ ਅਧਾਰਿਤ ਸਿਰਫ਼ ਤੇ ਸਿਰਫ਼ ਇਹ ਇੱਕੋ ਇੱਕ ਮਿੱਲ ਸੀ।ਮੌਜੂਦਾ ਸਰਕਾਰ ਨੇ ਚੋਣਾਂ ਸਮੇਂ ਵਾਅਦਾ ਕੀਤਾ ਸੀ ਕਿ ਇਹ ਮਿੱਲ ਮੁੜ ਸ਼ੁਰੂ ਕੀਤੀ ਜਾਵੇਗੀ ਪਰ ਹੁਣ ਕਿਸਾਨਾਂ ਦੀ ਸਲਾਹ ਬਿਨਾਂ ਇਸਦੀ ਕੀਮਤੀ ਜ਼ਮੀਨ ਘੱਟੇ ਕੌਡੀਆਂ ਕੀਤੀ ਜਾ ਰਹੀ ਹੈ।ਯਾਦ ਰਹੇ ਕਿ ਇਸ ਮਿੱਲ ਵਿੱਚ ਸੱਠ ਫ਼ੀਸਦੀ ਹਿੱਸੇਦਾਰੀ ਕਿਸਾਨਾਂ ਦੀ ਹੈ, ਜਿਨ੍ਹਾਂ ਨੂੰ ਪੁੱਛਿਆ ਨਹੀਂ ਜਾ ਰਿਹਾ।ਇਸ ਮੌਕੇ ਕਿਸਾਨ ਆਗੂਆਂ ਮੰਗ ਕੀਤੀ ਕਿ ਗ੍ਰਿਫ਼ਤਾਰ ਕਿਸਾਨ ਤੁਰੰਤ ਰਿਹਾਅ ਕੀਤੇ ਜਾਣ।ਇਹ ਖੰਡ ਮਿੱਲ ਮੁੜ ਚਾਲੂ ਕਰਕੇ ਸਰਕਾਰ ਆਪਣਾ ਵਾਅਦਾ ਪੂਰਾ ਕਰੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਜਾਬ ਸਿੰਘ ਕਸੇਲ, ਸੁਖਬੀਰ ਸਿੰਘ ਗੱਗੋਬੂਹਾ, ਆਤਮਾ ਸਿੰਘ ਸੋਹਲ, ਜਸਵੰਤ ਸਿੰਘ ਸੋਹਲ, ਪਰਮਜੀਤ ਸਿੰਘ ਬਘਿਆੜੀ ਨੇ ਵੀ ਸੰਬੋਧਨ ਕੀਤਾ।

## ਵਿਸ਼ਵ ਟਿਕਾਊ ਊਰਜਾ ਦਿਵਸ 'ਤੇ ਪ੍ਰਾਰਥਨਾ ਸਭਾ ਕਰਵਾਈ

**ਗੁਰਾਇਆ (ਬਿੰਦਰ ਸੁਮਨ)**- ਐਸ ਟੀ ਐਸ ਵਰਲਡ ਸਕੂਲ ਨੇ ਵਿਸ਼ਵ ਟਿਕਾਊ ਊਰਜਾ ਦਿਵਸ ਮਨਾਉਣ ਲਈ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ। ਪਹਿਲੀ ਜਮਾਤ 'ਸੀ' ਦੇ ਵਿਦਿਆਰਥੀਆਂ ਨੇ ਊਰਜਾ ਸੰਭਾਲ ਦਾ ਸੰਦੇਸ਼ ਫੈਲਾਉਂਦੇ ਹੋਏ ਵੱਖ-ਵੱਖ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰੋਗਰਾਮ ਦਾ ਸੰਚਾਲਨ ਮਨਕੀਰਤ ਕੌਰ ਅਤੇ ਸਨਮੀਤ ਕੌਰ ਦੁਆਰਾ ਕੀਤਾ ਗਿਆ। ਕਾਵਿਆ ਨੇ ਇੱਕ




ਪ੍ਰੇਰਨਾਦਾਇਕ ਵਿਚਾਰ ਪੇਸ਼ ਕੀਤਾ। ਉਹਨਾਂ ਕਿਹਾ, ਅੱਜ ਊਰਜਾ ਬਚਾਓ ਤਾਂ ਜੋ ਸਾਡਾ ਭਵਿੱਖ ਕੱਲ੍ਹ ਨੂੰ ਉਜਵਲ ਹੋ ਸਕੇ। ਲਵਿਕ ਕੁਮਾਰ ਨੇ ਊਰਜਾ ਸ਼ਬਦ ਦਾ ਅਰਥ ਸਮਝਾਇਆ ਅਤੇ ਹਰਜੋਤ ਨੇ ਆਪਣੇ ਭਾਸ਼ਣ ਰਾਹੀਂ ਊਰਜਾ ਸੰਭਾਲ ਦੀ ਮਹੱਤਤਾ 'ਤੇ ਚਾਨਣਾ ਪਾਇਆ। ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਮੁੱਖ ਆਕਰਸ਼ਣ ਇੱਕ ਛੋਟਾ ਜਿਹਾ ਇੱਕ-ਨਾਟਕ ਨਾਟਕ ਸੀ, ਜਿਸ ਵਿੱਚ ਅਗਮ ਨੇ ਇੱਕ ਸੋਲਰ ਪੈਨਲ ਪੇਸ਼ ਕੀਤਾ, ਅਭਿਜੋਤ ਨੇ ਇੱਕ ਵਿੰਡਮਿਲ ਪੇਸ਼ ਕੀਤੀ, ਗੈਰੀ ਨੇ ਇੱਕ ਪਲਾਸਟਿਕ-ਮੁਕਤ ਜੀਵਨ ਪੇਸ਼ ਕੀਤਾ, ਸਾਹਿਬ ਨੇ ਘਟਾਓ, ਮੁੜ ਵਰਤੋਂ, ਰੀਸਾਈਕਲ ਪੇਸ਼ ਕੀਤਾ ਅਤੇ ਸਾਹਸ ਨੇ ਰੁੱਖਾਂ ਦੀ ਮਹੱਤਤਾ ਪੇਸ਼ ਕੀਤੀ। ਨਾਟਕ ਰਾਹੀਂ, ਵਿਦਿਆਰਥੀਆਂ ਨੇ ਇਹ ਸੁਨੇਹਾ ਦਿੱਤਾ ਕਿ ਜੇਕਰ ਅਸੀਂ ਕੁਦਰਤੀ ਸਰੋਤਾਂ ਦੀ ਸਮਝਦਾਰੀ ਨਾਲ ਵਰਤੋਂ ਕਰਦੇ ਹਾਂ, ਤਾਂ ਅਸੀਂ ਊਰਜਾ ਬਚਾ ਸਕਦੇ ਹਾਂ ਅਤੇ ਵਾਤਾਵਰਣ ਦੀ ਰੱਖਿਆ ਕਰ ਸਕਦੇ ਹਾਂ। ਕਲਾਸ ਇੰਚਾਰਜ ਸ਼੍ਰੀਮਤੀ ਯਾਸਮੀਨ ਦੀ ਅਗਵਾਈ ਹੇਠ ਆਯੋਜਿਤ ਇਸ ਵਿਸ਼ੇਸ਼ ਅਸੈਂਬਲੀ ਨੇ ਵਿਦਿਆਰਥੀਆਂ ਦੀ ਜਾਗਰੂਕਤਾ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕੀਤਾ। ਆਪਣੇ ਪ੍ਰੇਰਨਾਦਾਇਕ ਭਾਸ਼ਣ ਵਿੱਚ, ਪ੍ਰਿੰਸੀਪਲ ਪ੍ਰਭਜੋਤ ਗਿੱਲ ਨੇ ਕਿਹਾ, ਊਰਜਾ ਸੰਭਾਲ ਸਿਰਫ਼ ਇੱਕ ਦਿਨ ਦਾ ਪ੍ਰੋਗਰਾਮ ਨਹੀਂ ਹੋਣਾ ਚਾਹੀਦਾ, ਇਹ ਸਾਡੀ ਜੀਵਨ ਸ਼ੈਲੀ ਦਾ ਹਿੱਸਾ ਹੋਣਾ ਚਾਹੀਦਾ ਹੈ। ਛੋਟੇ-ਛੋਟੇ ਯਤਨ ਵੱਡੇ ਬਦਲਾਅ ਲਿਆਉਂਦੇ ਹਨ। ਉਨ੍ਹਾਂ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਹਮੇਸ਼ਾ ਵਾਤਾਵਰਣ ਪ੍ਰਤੀ ਸੁਚੇਤ ਰਹਿਣ ਲਈ ਉਤਸ਼ਾਹਿਤ ਕੀਤਾ।

## ਸੂਬੇ 'ਚ ਸੜਕਾਂ ਦੇ ਖੇਤਰ 'ਚ ਇਤਿਹਾਸਕ ਪ੍ਰਗਤੀ ਹੋਈ : ਗੰਗਵਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਲੋਕ ਨਿਰਮਾਣ (ਭਵਨ ਅਤੇ ਸੜਕਾਂ) ਮੰਤਰੀ ਰਣਬੀਰ ਗੰਗਵਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਦੀ ਅਗਵਾਈ ਹੇਠ ਸੂਬੇ ਵਿੱਚ ਸੜਕਾਂ ਦੇ ਖੇਤਰ ਵਿੱਚ ਇਤਿਹਾਸਕ ਪ੍ਰਗਤੀ ਹੋਈ ਹੈ।ਪੂਰੇ ਸੂਬੇ ਵਿੱਚ ਸੜਕਾਂ ਦੇ ਚੌੜਾਕਰਣ, ਮਜਬੂਤੀਕਰਣ ਅਤੇ ਫੋਰਲੇਨ ਨਿਰਮਾਣ ਦੇ ਕੰਮ ਤੇਜੀ ਨਾਲ ਕੀਤੇ ਜਾ ਰਹੇ ਹਨ, ਜਿਸ ਨਾਲ ਸੁਗਮ ਹੋਇਆ ਹੈ ਤੇ ਖੇਤਰੀ ਵਿਕਾਸ ਨੂੰ ਨਵੀਂ ਗਤੀ ਮਿਲੀ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਦਾ ਟੀਚਾ ਹੈ ਕਿ ਹਰ ਜ਼ਿਲ੍ਹਾ ਨੂੰ ਬਿਹਤਰ ਅਤੇ ਸੁਰੱਖਿਅਤ ਸੜਕ ਨੈਟਵਰਕ ਨਾਲ ਜੋੜਿਆ ਜਾਵੇ। ਲੋਕ ਨਿਰਮਾਣ (ਭਵਨ ਅਤੇ ਸੜਕਾਂ) ਮੰਤਰੀ ਸ੍ਰੀ ਰਣਬੀਰ ਗੰਗਵਾ ਹਰਿਆਣਾ ਵਿਧਾਨਸਭਾ ਵਿੱਚ ਚੱਲ ਰਹੇ ਬਜਟ ਸੈਸ਼ਨ ਦੌਰਾਨ ਵਿਧਾਇਕ ਮੋਹਮਦ ਇਲਿਆਸ ਵੱਲੋਂ ਪੁੱਛੇ ਗਏ ਇੱਕ ਸੁਆਲ ਦਾ ਜਵਾਬ ਦੇ ਰਹੇ ਸਨ। ਸ੍ਰੀ ਗੰਗਵਾ ਨੇ ਦਸਿਆ ਕਿ ਹੋਡਲ ਤੋਂ ਪਟੌਦੀ ਨੂੰ ਜੋੜਨ ਵਾਲਾ ਮਾਰਗ, ਜੋ ਦੱਖਣ ਹਰਿਆਣਾ ਦਾ ਇੱਕ ਮਹਤੱਵਪੂਰਣ ਆਵਾਜਾਈ ਮਾਰਗ ਹੈ, ਉਸ ਨੂੰ ਫੋਰਲੇਨ ਬਨਾਉਣ ਦਾ ਪ੍ਰਸਤਾਵ ਵਿਚਾਰਧੀਨ ਹੈ।ਇਸ ਪਰਿਯੋਜਨਾ ਨੂੰ ਦੋ ਹਿੱਸਿਆ ਵਿੱਚ ਲਾਗੂ ਕੀਤਾ ਜਾਵੇਗਾ।

## ਅੱਗ ਲੱਗਣ ਦੀ ਸਥਿਤੀ 'ਤੇ ਕਾਬੂ ਪਾਉਣ ਸਬੰਧੀ ਮੌਕ ਡਰਿੱਲ ਕਰਵਾਈ

**ਗੁਰਦਾਸਪੁਰ, (ਜਨਕ ਮਹਾਜਨ)**- ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਸਹਿਯੋਗ ਨਾਲ ਗੁਜਰਾਤ ਗੈਸ ਲਿਮਟਿਡ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਚੌਕ, ਡੇਰਾ ਬਾਬਾ ਨਾਨਕ ਰੋਡ ਗੁਰਦਾਸਪੁਰ ਦੇ ਨੇੜੇ ਲੈਵਲ-



3 ਆਫਸਾਈਟ ਮੌਕ ਡ੍ਰਿਲ ਸਫਲਤਾਪੂਰਵਕ ਕਰਵਾਈ ਗਈ। ਇਹ ਮੌਕ ਡਰਿੱਲ ਗੁਜਰਾਤ ਗੈਸ ਲਿਮਟਿਡ (ਜੀਜੀਐੱਲ) ਵੱਲੋਂ ਖੁਦਾਈ ਦੇ ਕੰਮ ਦੌਰਾਨ ਸਟੀਲ ਗੈਸ ਪਾਈਪਲਾਈਨ ਨੂੰ ਹੋਏ ਨੁਕਸਾਨ ਕਾਰਨ ਅੱਗ ਦੀ ਸਥਿਤੀ 'ਤੇ ਕਾਬੂ ਪਾਉਣ ਦੇ ਸਬੰਧ ਵਿੱਚ ਕੀਤੀ ਗਈ। ਮੌਕ ਡਰਿੱਲ ਰਾਹੀਂ ਐਮਰਜੈਂਸੀ ਦੇ ਸਰਗਰਮ ਹੋਣ 'ਤੇ, ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਤੁਰੰਤ ਸਾਈਟ 'ਤੇ ਪਹੁੰਚੇ, ਜ਼ਿਲ੍ਹਾ ਪ੍ਰਸ਼ਾਸਨ ਟੀਮ ਦੀ ਅਗਵਾਈ ਰੇਸ਼ਮ ਸਿੰਘ ਤਹਿਸੀਲਦਾਰ ਗੁਰਦਾਸਪੁਰ ਨੇ ਕੀਤੀ। ਮੌਕ ਡਰਿੱਲ ਦੌਰਾਨ ਪੁਲਸ ਵਿਭਾਗ ਨੇ ਤੇਜ਼ੀ ਨਾਲ ਇਲਾਕੇ ਨੂੰ ਘੇਰ ਲਿਆ, ਮੁੱਖ ਸੜਕ 'ਤੇ ਆਵਾਜਾਈ ਨੂੰ ਨਿਯਮਤ ਕੀਤਾ। ਸਿਹਤ ਵਿਭਾਗ ਸਿਵਲ ਸਰਜਨ ਡਾ. ਗੁਰਪ੍ਰੀਤ ਕੌਰ ਨੇ ਬਿਨਾਂ ਦੇਰੀ ਕੀਤੇ ਐਂਬੂਲੈਂਸ ਭੇਜੀ, ਤੁਰੰਤ ਡਾਕਟਰੀ ਸਹਾਇਤਾ ਪ੍ਰਦਾਨ ਕੀਤੀ, ਜ਼ਖਮੀਆਂ ਨੂੰ ਬਚਾਇਆ ਅਤੇ ਸੁਰੱਖਿਅਤ ਹਸਪਤਾਲ ਭੇਜ ਦਿੱਤਾ। ਲਗਭਗ 30 ਮਿੰਟਾਂ ਦੇ ਅੰਦਰ ਸਥਿਤੀ ਨੂੰ ਕਾਬੂ ਵਿੱਚ ਕਰ ਲਿਆ ਗਿਆ। ਸਤਯੇਨ ਤ੍ਰਿਵੇਦੀ ਸਰਕਲ ਹੈੱਡ-ਅੰਮ੍ਰਿਤਸਰ ਅਤੇ ਚੰਦਰਕਾਂਤ ਵਾਲਾ ਜੀਏ ਹੈੱਡ-ਹੁਸ਼ਿਆਰਪੁਰ ਅਤੇ ਗੁਰਦਾਸਪੁਰ, ਗੁਜਰਾਤ ਗੈਸ ਲਿਮਟਿਡ ਨੇ ਦੱਸਿਆ ਕਿ ਜੀਜੀਐੱਲ ਨੇ ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਨਾਲ ਨਜਿੱਠਣ ਲਈ ਗੁਰਦਾਸਪੁਰ ਵਿੱਚ 24×7 ਐਮਰਜੈਂਸੀ ਰਿਸਪਾਂਸ ਟੀਮ ਤਾਇਨਾਤ ਕੀਤੀ ਹੈ। ਇਸ ਮੌਕੇ ਵਧੀਕ ਕੰਟਰੋਲਰ ਸਿਵਲ ਡਿਫੈਂਸ ਗੁਰਦਾਸਪੁਰ ਰਵੇਲ ਸਿੰਘ ਰੰਧਾਵਾ, ਇੰਸਪੈਕਟਰ ਵਰਿੰਦਰ ਸਿੰਘ, ਕੰਪਨੀ ਕਮਾਂਡਰ ਪੰਜਾਬ ਹੋਮਗਾਰਡ ਗੁਰਦਾਸਪੁਰ ਸ਼ਰਨਦੀਪ ਸਿੰਘ, ਸਬ ਇੰਸਪੈਕਟਰ ਰਮੇਸ਼ ਕੁਮਾਰ, ਹੈੱਡ ਕਾਂਸਟੇਬਲ ਕਮਲਪ੍ਰੀਤ ਸਿੰਘ ਅਤੇ ਸ਼ਕਤੀ ਪਠਾਨੀਆ ਸਮੇਤ ਸਮੁੱਚੀ ਸਿਵਲ ਡਿਫੈਂਸ ਟੀਮ, ਡਾ. ਗੁਰਪ੍ਰੀਤ ਕੌਰ ਅਤੇ ਡਾ. ਹਰਮਿੰਦਰ ਕੌਰ ਆਦਿ ਮੌਜੂਦ ਸਨ।

## ਨਵ-ਨਿਯੁਕਤ ਜ਼ਿਲ੍ਹਾ ਯੁਵਾ ਅਫ਼ਸਰਾਂ ਲਈ ਪੰਜ ਰੋਜ਼ਾ ਫੀਲਡ ਸਿਖਲਾਈ ਪ੍ਰੋਗਰਾਮ ਕਰਵਾਇਆ

**ਪੱਟੀ, ਤਰਨ ਤਾਰਨ (ਬਲਦੇਵ ਸਿੰਘ ਸੰਧੂ, ਪ੍ਰਿਤਪਾਲ ਸਿੰਘ)**- ਮਾਈ ਭਾਰਤ ਤਰਨ ਤਾਰਨ ਨੇ ਡਿਪਟੀ ਡਾਇਰੈਕਟਰ ਜਸਲੀਨ ਕੌਰ ਦੀ ਨਿਗਰਾਨੀ ਅਤੇ ਮਾਰਗਦਰਸ਼ਨ ਹੇਠ 6 ਨਵ-



ਨਿਯੁਕਤ ਜ਼ਿਲ੍ਹਾ ਯੁਵਾ ਅਫਸਰਾਂ (ਡੀ.ਵਾਈ.ਓਜ਼) ਲਈ 22 ਤੋਂ 27 ਫਰਵਰੀ ਤੱਕ 5 ਰੋਜ਼ਾ ਫੀਲਡ ਸਿਖਲਾਈ ਪ੍ਰੋਗਰਾਮ ਦਾ ਸਫਲਤਾਪੂਰਵਕ ਆਯੋਜਨ ਕੀਤਾ।ਇਹ ਸਿਖਲਾਈ ਪ੍ਰੋਗਰਾਮ ਮਾਈ ਭਾਰਤ ਪਹਿਲਕਦਮੀਆਂ ਦੇ ਕੰਮਕਾਜ ਅਤੇ ਲਾਗੂ ਕਰਨ ਸਬੰਧੀ ਵਿਆਪਕ ਪ੍ਰਸ਼ਾਸਕੀ ਦਿਸ਼ਾ-ਨਿਰਦੇਸ਼ ਅਤੇ ਖੇਤਰ-ਪੱਧਰੀ ਐਕਸਪੋਜ਼ਰ ਪ੍ਰਦਾਨ ਕਰਨ ਲਈ ਆਯੋਜਿਤ ਕੀਤਾ ਗਿਆ।ਸਿਖਲਾਈ ਪ੍ਰੋਗਰਾਮ ਵਿਚ ਹਿੱਸਾ ਲੈਣ ਵਾਲੇ ਅਧਿਕਾਰੀਆਂ ਵਿਚ ਤ੍ਰਿਪਤੀ ਜੈਨ, ਅਨੀਕੇਤ ਸ਼ਰਮਾ, ਸਨੇਹਾ ਪ੍ਰਜਾਪਤ, ਸੌਰਭ ਜੈਨ, ਆਕਾਸ਼ ਮੀਨਾ ਅਤੇ ਰਿਸ਼ਵ ਦੇਵ ਸ਼ਾਮਲ ਸਨ।ਸਿਖਲਾਈ ਦੀ ਸ਼ੁਰੂਆਤ ਓਰੀਐਂਟੇਸ਼ਨ ਸੈਸ਼ਨ ਨਾਲ ਹੋਈ, ਜਿਸ ਵਿੱਚ ਮਾਈ ਭਾਰਤ ਦੀ ਬਣਤਰ ਅਤੇ ਕਾਰਜਸ਼ੀਲਤਾ, ਸਾਲਾਨਾ ਕਾਰਜ ਯੋਜਨਾ ਦੀ ਤਿਆਰੀ, ਜ਼ਿਲ੍ਹਾ ਸਲਾਹਕਾਰ ਕਮੇਟੀ ਪ੍ਰਕਿਰਿਆਵਾਂ, ਬਜਟ, ਖਾਤਿਆਂ ਦੀ ਦੇਖਭਾਲ, ਰਿਕਾਰਡ ਰੱਖਣ, ਰਿਪੋਰਟਿੰਗ ਵਿਧੀਆਂ, ਡੀ.ਵਾਈ.ਓਜ਼ ਦੇ ਡਰਾਇੰਗ ਅਤੇ ਵੰਡ ਸ਼ਕਤੀਆਂ ਆਦਿ ਬਾਰੇ ਦੱਸਿਆ ਗਿਆ।ਇਸ ਦੌਰਾਨ ਪੀ.ਐੱਫ.ਐੱਮ. ਐੱਸ/ ਟੀ. ਐੱਸ. ਏ ਰਾਹੀਂ ਉਨ੍ਹਾਂ ਦੀ ਚੋਣ ਪ੍ਰਕਿਰਿਆ, ਤੈਨਾਤੀ, ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ, ਰਿਪੋਰਟਿੰਗ ਪ੍ਰਣਾਲੀਆਂ, ਹਾਜ਼ਰੀ ਨਿਗਰਾਨੀ ਅਤੇ ਮਾਣਭੱਤਾ ਵੰਡ ਦੀ ਪਹਿਲੀ ਸਮਝ ਪ੍ਰਦਾਨ ਕਰਨ ਲਈ ਯੁਵਾ ਵਲੰਟੀਅਰਾਂ ਨਾਲ ਇੰਟਰਐਕਟਿਵ ਸੈਸ਼ਨ ਆਯੋਜਿਤ ਕੀਤੇ ਗਏ।ਫੀਲਡ ਐਕਸਪੋਜ਼ਰ ਵਿਜ਼ਿਟ ਦੌਰਾਨ ਸਿਖਿਆਰਥੀਆਂ ਨੇ ਜ਼ਿਲ੍ਹਾ ਮੈਜਿਸਟ੍ਰੇਟ/ ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਅਤੇ ਬਲਾਕ ਪੱਧਰ ਤੇ ਮੁੱਖ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗਾਂ ਕੀਤੀਆਂ ਤਾਂ ਜੋ ਯੁਵਾ-ਕੇਂਦ੍ਰਿਤ ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਕਨਵਰਜੈਂਸ ਰਣਨੀਤੀਆਂ ਅਤੇ ਤਾਲਮੇਲ ਨੂੰ ਸਮਝਿਆ ਜਾ ਸਕੇ।ਇਸ ਪ੍ਰੋਗਰਾਮ ਵਿੱਚ ਗ੍ਰਾਮ ਪੰਚਾਇਤ ਪੱਧਰ 'ਤੇ ਪੰਚਾਇਤ ਪ੍ਰਤੀਨਿਧੀਆਂ, ਯੂਥ ਕਲੱਬ ਦੇ ਆਗੂਆਂ, ਪ੍ਰੋਗਰਾਮ ਲਾਭਪਾਤਰੀਆਂ ਖਾਸ ਕਰਕੇ ਮਹਿਲਾ ਭਾਗੀਦਾਰਾਂ ਅਤੇ ਹੋਰ ਹਿੱਸੇਦਾਰਾਂ ਨਾਲ ਜ਼ਮੀਨੀ ਪੱਧਰ ਦੀਆਂ ਗਤੀਵਿਧੀਆਂ ਅਤੇ ਭਾਈਚਾਰਕ ਸ਼ਮੂਲੀਅਤ ਬਾਰੇ ਸਮਝ ਪ੍ਰਾਪਤ ਕਰਨ ਲਈ ਮੀਟਿੰਗਾਂ ਵੀ ਸ਼ਾਮਲ ਸਨ।

## 'ਸਾਡਾ ਬਜ਼ੁਰਗ-ਸਾਡਾ ਮਾਣ' ਵਿਸ਼ੇ 'ਤੇ ਸੈਮੀਨਾਰ ਆਯੋਜਿਤ

**ਗੁਰਦਾਸਪੁਰ, (ਜਨਕ ਮਹਾਜਨ)**- ਸਰਕਾਰੀ ਕਾਲਜ ਗੁਰਦਾਸਪੁਰ ਵਿਖੇ "ਸਾਡਾ ਬਜ਼ੁਰਗ, ਸਾਡਾ ਮਾਣ" ਵਿਸ਼ੇ 'ਤੇ ਇੱਕ ਸੈਮੀਨਾਰ ਕਰਵਾਇਆ ਗਿਆ। ਇਹ ਪ੍ਰੋਗਰਾਮ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਇੰਪਾਵਰਮੈਂਟ ਮੰਤਰਾਲਾ ਦੇ ਸਹਿਯੋਗ ਨਾਲ ਕਰਵਾਇਆ ਗਿਆ। ਸੈਮੀਨਾਰ ਵਿੱਚ ਲਗਭਗ 560 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਸਮਾਰੋਹ ਦੇ ਨੋਡਲ ਅਫ਼ਸਰ ਪ੍ਰੋਫੈਸਰ ਦਿਲਬਾਗ ਸਿੰਘ ਨੇ ਮੰਚ ਸੰਚਾਲਨ ਕਰਦਿਆਂ ਪ੍ਰੋਗਰਾਮ ਦੀ ਰੂਪਰੇਖਾ ਪੇਸ਼ ਕੀਤੀ ਅਤੇ ਵਿਸ਼ੇ ਦੀ ਮਹੱਤਤਾ ਉਜਾਗਰ ਕੀਤੀ। ਉਨ੍ਹਾਂ ਨੇ ਕਿਹਾ ਕਿ ਬਜ਼ੁਰਗਾਂ ਦਾ ਸਤਿਕਾਰ ਸਾਡੀ ਸੱਭਿਆਚਾਰਕ ਵਿਰਾਸਤ ਦਾ ਅਟੁੱਟ ਹਿੱਸਾ ਹੈ। ਮੁੱਖ ਵਕਤਾ ਡਾ. ਕਿਰਤਪ੍ਰੀਤ ਕੌਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬਜ਼ੁਰਗ ਸਾਡੇ ਸਮਾਜ ਦੀ ਅਮੋਲਕ ਧਰੋਹਰ ਹਨ। ਉਨ੍ਹਾਂ ਨੇ ਬਜ਼ੁਰਗਾਂ ਲਈ ਚਲ ਰਹੀਆਂ ਸਰਕਾਰੀ ਭਲਾਈ ਯੋਜਨਾਵਾਂ ਅਤੇ ਸਮਾਜਿਕ ਸੁਰੱਖਿਆ ਪ੍ਰੋਗਰਾਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਵਿੱਚ ਬਜ਼ੁਰਗਾਂ ਦੀ ਸੰਭਾਲ ਨੂੰ ਸਨਮਾਨ ਸਮਝਣ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਸਾਡਾ ਬਜ਼ੁਰਗ-ਸਾਡਾ ਮਾਣ ਦੀ ਸਹੁੰ ਵੀ ਚੁਕਾਈ ਗਈ। ਪ੍ਰਿੰਸੀਪਲ ਪ੍ਰੋ. ਅਸ਼ਵਨੀ ਕੁਮਾਰ ਭੱਲਾ ਨੇ ਸੰਬੋਧਨ ਵਿੱਚ ਕਿਹਾ ਕਿ ਕਿਸੇ ਵੀ ਸਮਾਜ ਦੀ ਪਛਾਣ ਉਸਦੇ ਬਜ਼ੁਰਗਾਂ ਦੇ ਸਨਮਾਨ ਨਾਲ ਹੁੰਦੀ ਹੈ ਅਤੇ ਕਾਲਜ ਹਮੇਸ਼ਾ ਸਮਾਜਿਕ ਜਾਗਰੂਕਤਾ ਨਾਲ ਜੁੜੇ ਅਜਿਹੇ ਕਾਰਜਕ੍ਰਮ ਕਰਵਾਉਂਦਾ ਰਹੇਗਾ।

## ਹੋਲੇ ਮਹੱਲੇ 'ਤੇ 10 ਰੋਜ਼ਾ ਲੰਗਰ ਸ਼ੁਰੂ

**ਮਜੀਠਾ (ਸੋਇਮ ਆਨੰਦ)**- ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਂਦਾ ਹੈ।ਇਸ ਹੋਲੇ ਮਹੱਲੇ ਦਾ ਸੰਗਤਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਦਾ ਹੈ ਜਿਸ ਦੇ ਚਲਦਿਆਂ ਹਰੀਆਂ ਰੋਡ



ਮਜੀਠਾ ਵਿਖੇ ਮਜੀਠਾ ਤੇ ਇਲਾਕੇ ਦੀਆਂ ਸਮੂਹ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਹ ਲੰਗਰ ਹਰ ਸਾਲ ਦੀ ਤਰ੍ਹਾਂ 25 ਫਰਵਰੀ ਤੋਂ 6 ਮਾਰਚ ਤੱਕ ਚਲਣਾ ਹੈ। ਲੰਗਰ ਦੀ ਸ਼ੁਰੂਆਤ ਕਰਨ ਮੌਕੇ ਸੇਵਾਦਾਰ ਕੁਲਦੀਪ ਸਿੰਘ, ਹੈਪੀ ਟੈਂਟ ਹਾਊਸ ਵਾਲਾ, ਹਰਜੀਤ ਸਿੰਘ, ਗੁਰਸੇਵਕ ਸਿੰਘ, ਸੁਲਤਾਨ ਸਿੰਘ, ਸ਼ੇਰਾਂ, ਗੁਰਸਾਹਿਬ ਸਿੰਘ, ਗੁਰਦਿੱਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੇਵਾਦਾਰ ਹਾਜ਼ਰ ਸਨ।

## ਸਕੂਲ 'ਚ ਹੈਂਡ ਵਾਸ਼ ਸਟੇਸ਼ਨ ਸਥਾਪਿਤ

**ਹੁਸ਼ਿਆਰਪੁਰ (ਓ ਪੀ ਰਾਣਾ)**- ਸਮਾਜ ਸੇਵਾ ਅਤੇ ਸਫ਼ਾਈ ਮੁਹਿੰਮ ਤਹਿਤ ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਰੂ ਨੰਗਲ ਵਿੱਚ ਹੈਂਡ ਵਾਸ਼ ਸਟੇਸ਼ਨ ਸਥਾਪਿਤ ਕਰਕੇ ਸਕੂਲ ਪ੍ਰਬੰਧਕਾਂ ਨੂੰ ਸਮਰਪਿਤ ਕੀਤਾ ਗਿਆ। ਵਿਦਿਆਰਥੀਆਂ ਵਿੱਚ ਸਫ਼ਾਈ ਪ੍ਰਤੀ ਜਾਗਰੂਕਤਾ ਵਧਾਉਣ ਅਤੇ ਬਿਮਾਰੀਆਂ ਤੋਂ ਬਚਾਅ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਸੁਵਿਧਾ ਪ੍ਰਦਾਨ ਕੀਤੀ ਗਈ ਹੈ। ਇਸ ਮੌਕੇ ਸਕੂਲ ਪ੍ਰੰਗਣ ਵਿੱਚ ਇਕ ਸਾਦਗੀਪੂਰਨ ਸਮਾਗਮ ਦਾ



ਆਯੋਜਨ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਸਕੂਲ ਦੇ ਪ੍ਰਿੰਸੀਪਲ ਸ਼ੈਲੇਂਦਰ ਠਾਕੁਰ ਨੇ ਕੀਤੀ। ਸਮਾਗਮ ਦੌਰਾਨ ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਕਲੱਬ ਦੇ ਪਦਾਧਿਕਾਰੀਆਂ ਦਾ ਸਵਾਗਤ ਕੀਤਾ ਗਿਆ। ਪ੍ਰਿੰਸੀਪਲ ਸ਼ੈਲੇਂਦਰ ਠਾਕੁਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਹੈਂਡ ਵਾਸ਼ ਸਟੇਸ਼ਨ ਦੀ ਸਥਾਪਨਾ ਨਾਲ ਵਿਦਿਆਰਥੀਆਂ ਨੂੰ ਸਫ਼ਾਈ ਅਪਣਾਉਣ ਲਈ ਪ੍ਰੇਰਣਾ ਮਿਲੇਗੀ ਅਤੇ ਸੰਕਰਮਕ ਬਿਮਾਰੀਆਂ ਤੋਂ ਬਚਾਅ ਵਿੱਚ ਮਦਦ ਮਿਲੇਗੀ। ਉਨ੍ਹਾਂ ਰੋਟਰੀ ਕਲੱਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਹਿਯੋਗ ਸਿੱਖਿਆ ਦੇ ਨਾਲ-ਨਾਲ ਸਿਹਤ ਸੁਰੱਖਿਆ ਵੱਲ ਵੀ ਇਕ ਮਹੱਤਵਪੂਰਨ ਕਦਮ ਹੈ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕਲੱਬ ਦੇ ਪ੍ਰਧਾਨ ਰੋਟੇਰੀਅਨ ਅਵਤਾਰ ਸਿੰਘ ਅਤੇ ਸਾਬਕਾ ਪ੍ਰਧਾਨ ਮਨੋਜ ਓਹਰੀ ਨੇ ਕਲੱਬ ਵੱਲੋਂ ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਕੀਤੇ ਜਾ ਰਹੇ ਸੇਵਾ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਰੋਟਰੀ ਕਲੱਬ ਸਿੱਖਿਆ, ਸਿਹਤ ਅਤੇ ਵਾਤਾਵਰਨ ਸੁਰੱਖਿਆ ਦੇ ਖੇਤਰਾਂ ਵਿੱਚ ਨਿਰੰਤਰ ਕੰਮ ਕਰ ਰਿਹਾ ਹੈ। ਉਨ੍ਹਾਂ ਭਵਿੱਖ ਵਿੱਚ ਵੀ ਸਕੂਲ ਨੂੰ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿੱਤਾ। ਨਾਲ ਹੀ ਉਨ੍ਹਾਂ ਦੱਸਿਆ ਕਿ ਸਕੂਲ ਲਈ ਜਲਦੀ ਹੀ 50 ਜਨਰਲ ਨੌਲੇਜ ਦੀਆਂ ਪੁਸਤਕਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ, ਜਿਸ ਨਾਲ ਵਿਦਿਆਰਥੀਆਂ ਨੂੰ ਮੁਕਾਬਲਾਤੀ ਪਰੀਖਿਆਵਾਂ ਦੀ ਤਿਆਰੀ ਵਿੱਚ ਮਦਦ ਮਿਲੇਗੀ। ਖਾਸ ਤੌਰ 'ਤੇ ਕਲੱਬ ਵੱਲੋਂ ਹੈਂਡ ਵਾਸ਼ ਸਟੇਸ਼ਨ ਦੇ ਨਾਲ ਇੱਕ ਸਾਲ ਲਈ ਕੁੱਲ 648 ਸਾਬਣ ਵੀ ਪ੍ਰਦਾਨ ਕੀਤੇ ਗਏ ਹਨ, ਤਾਂ ਜੋ ਵਿਦਿਆਰਥੀ ਨਿਯਮਿਤ ਤੌਰ 'ਤੇ ਹੱਥ ਧੋ ਸਕਣ ਅਤੇ ਸਫ਼ਾਈ ਮੁਹਿੰਮ ਪ੍ਰਭਾਵਸ਼ਾਲੀ ਢੰਗ ਨਾਲ ਜਾਰੀ ਰਹੇ। ਇਸ ਮੌਕੇ ਜਸਵੰਤ ਸਿੰਘ ਭੋਗਲ, ਮਨੋਜ ਓਹਰੀ, ਰਜਨੀਸ਼ ਕੁਮਾਰ ਗੁਲਿਆਨੀ, ਅਸ਼ੋਕ ਕੁਮਾਰ, ਜਗਮੀਤ ਸਿੰਘ ਸੇਠੀ, ਅਵਤਾਰ ਸਿੰਘ, ਕੁਲਜੀਤ ਸਿੰਘ ਸੈਣੀ, ਜੋਗਿੰਦਰ ਸਿੰਘ, ਪਲਵਿੰਦਰ ਸਿੰਘ, ਸੁਨੀਤਾ ਕੁਮਾਰੀ, ਨਵਦੀਪ ਮਹਾਜਨ, ਸੁਰਜੀਤ ਸਿੰਘ, ਕੁਲਵਿੰਦਰ ਸਿੰਘ, ਰਮਨਦੀਪ ਕੌਰ, ਮਨਜੀਤ ਸਿੰਘ ਸਮੇਤ ਹੋਰ ਗਣਮਾਨਯ ਵਿਅਕਤੀ ਹਾਜ਼ਰ ਸਨ।ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਰੋਟਰੀ ਕਲੱਬ ਦੀ ਪੂਰੀ ਟੀਮ ਨੂੰ ਸਨਮਾਨਤ ਕੀਤਾ ਗਿਆ।

## ਉੱਚੀ ਆਵਾਜ਼ 'ਚ ਚਲਦੇ ਲਾਊਡ ਸਪੀਕਰਾਂ ਤੋਂ ਬੱਚੇ ਤੇ ਬਜ਼ੁਰਗ ਡਾਢੇ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**- ਸਬਜ਼ੀ ਫ਼ਰੂਟ ਦੀਆਂ ਰੇਹੜੀਆਂ 'ਤੇ ਲਾਊਡ ਸਪੀਕਰਾਂ ਦੀਆਂ ਉੱਚੀਆਂ-ਉਚੀਆਂ ਆਵਾਜ਼ਾਂ ਲਗਾਉਣ ਨਾਲ ਗੁਰਦਾਸਪੁਰ ਸ਼ਹਿਰ ਵਾਸੀ ਕਾਫ਼ੀ ਪ੍ਰੇਸ਼ਾਨ ਹੋ ਰਹੇ ਹਨ। ਸ਼ਹਿਰ ਵਿਚ ਸ਼ਾਮ ਪੈਂਦੇ ਹੀ ਇਹ ਸਬਜ਼ੀ ਫ਼ਰੂਟ ਵਾਲੇ ਆਪਣਾ ਸਾਮਾਨ ਵੇਚਣ ਲਈ ਆਪਣੀਆਂ ਰੇਹੜੀਆਂ 'ਤੇ ਫਿਟ ਕੀਤੇ ਹੋਏ ਲਾਊਡ ਸਪੀਕਰਾਂ ਦੁਆਰਾ ਰਾਹਗੀਰਾਂ ਤੇ ਇਲਾਕਾ ਵਾਸੀਆਂ ਨੂੰ ਕਾਫ਼ੀ ਪ੍ਰੇਸ਼ਾਨ ਕਰ ਰਹੇ ਹਨ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁਨਿਆਦੀ ਦੇ ਬਾਵਜੂਦ ਲਾਊਡ ਸਪੀਕਰਾਂ ਦੀ ਵਰਤੋਂ ਜ਼ੋਰਾਂ ਸ਼ੋਰਾਂ ਨਾਲ ਹੋ ਰਹੀ ਹੈ ਜਿਸ ਤੋਂ ਸਾਬਤ ਹੁੰਦਾ ਹੈ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਹੁਕਮਾਂ ਦੀਆਂ ਸ਼ਰੇਆਮ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਇਸ ਮਸਲੇ ਨੂੰ ਲੈ ਕੇ ਪੁਲਸ ਪ੍ਰਸ਼ਾਸਨ ਵੀ ਗੰਭੀਰ ਨਹੀਂ ਜਿਸ ਕਰਕੇ ਲੋਕ ਚਿੰਤਤ ਹੋਏ ਪਏ ਹਨ। ਇਨ੍ਹਾਂ ਦਾ ਜ਼ਿਆਦਾ ਰੌਲਾ ਬਾਟਾ ਚੌਕ, ਸੁੱਕਾ ਤਲਾਬ, ਜ਼ਿਆਦਾਤਰ ਲਾਇਬ੍ਰੇਰੀ ਚੌਕ, ਹਨੂੰਮਾਨ ਚੌਕ ਤੋਂ ਤਿੱਬੜੀ ਰੋਡ ਵਿਚਕਾਰ ਪੈਂਦਾ ਹੈ ਜਿਥੇ ਸ਼ਾਮ ਹੁੰਦੇ ਹੀ ਇਹ ਲੋਕ ਆਪਣਾ ਸਾਮਾਨ ਵੇਚਣ ਲਈ ਆਪਣੇ ਸਪੀਕਰਾਂ ਰਾਹੀਂ ਉਚੀ-ਉਚੀ ਆਵਾਜ਼ਾਂ ਲਗਾਉਣੀਆਂ ਸ਼ੁਰੂ ਕਰ ਦਿੰਦੇ ਹਨ ਜਿਸ ਨਾਲ ਸਕੂਟਰਰ ਸਵਾਰ ਲੋਕ ਕਈ ਵਾਰ ਅਚਾਨਕ ਬਰੇਕਾਂ ਲਗਾਉਣ ਲਈ ਮਜਬੂਰ ਹੋ ਜਾਂਦੇ ਹਨ ਅਤੇ ਸਕੂਟਰ ਆਦਿ ਪਲਟ ਜਾਂਦੇ ਹਨ। ਜ਼ਿਕਰਯੋਗ ਹੈ ਕਿ ਲਾਇਬ੍ਰੇਰੀ ਰੋਡ 'ਤੇ ਸੜਕ ਕੰਢੇ 'ਤੇ ਹੀ ਇਕ ਹਸਪਤਾਲ ਹੈ ਜਦਕਿ ਦੂਸਰਾ ਹਸਪਤਾਲ ਸੜਕ ਨਾਲ ਗਲੀ ਵਿਚ ਹੀ ਹੈ ਜਿਥੇ ਦਾਖਲ ਮਰੀਜ਼ ਪ੍ਰੇਸ਼ਾਨ ਹੁੰਦੇ ਹਨ। ਲੋਕਾਂ ਦੀ ਪੁਲਸ ਪ੍ਰਸ਼ਾਸਨ ਤੇ ਥਾਣਾ ਸਿਟੀ ਦੇ ਐਸਐਚਓ ਪਾਸੋਂ ਮੰਗ ਹੈ ਕਿ ਸ਼ਹਿਰ ਅੰਦਰ ਪੁਲਸ ਕਰਮਚਾਰੀਆਂ ਦੀ ਡਿਊਟੀ ਲਗਾਈ ਜਾਵੇ ਕਿ ਉਹ 2/3 ਦਿਨ ਲਗਾਤਾਰ ਇਨ੍ਹਾਂ ਇਲਾਕਿਆਂ ਵਿਚ ਸ਼ਾਮ ਅਤੇ ਸਵੇਰ ਵੇਲੇ ਗਸ਼ਤ ਲਗਾਉਣ ਅਤੇ ਅਜਿਹਾ ਕਰਨ ਵਾਲੇ ਰੇਹੜੀਆਂ ਵਾਲਿਆਂ ਖ਼ਿਲਾਫ਼ ਢੁੱਕਵੀਂ ਕਾਰਵਾਈ ਕਰਨ। ਲੋਕਾਂ ਦਾ ਕਹਿਣਾ ਹੈ ਕਿ ਸਬਜ਼ੀ, ਫ਼ਰੂਟ ਬਿਨਾਂ ਸਪੀਕਰ ਦੀਆਂ ਆਵਾਜ਼ਾਂ ਦੇ ਵੀ ਖ਼ਰੀਦਿਆ ਜਾਂਦਾ ਹੈ ਅਤੇ ਸਪੀਕਰ ਰਾਹੀਂ ਉਚੀਆਂ ਆਵਾਜ਼ਾਂ ਲਗਾ ਕੇ ਸਾਮਾਨ ਵੇਚਣਾ ਜ਼ਰੂਰੀ ਨਹੀਂ।

## ਕੈਬਨਿਟ ਮੰਤਰੀ ਨੇ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਮੈਂਬਰਾਂ ਨੂੰ ਸਹੁੰ ਚੁਕਾਈ

**ਹੁਸ਼ਿਆਰਪੁਰ, (ਓ ਪੀ ਰਾਣਾ)**- ਹੁਸ਼ਿਆਰਪੁਰ ਵਿਚ ਸਥਾਨਕ ਸਿਟੀ ਸੈਂਟਰ ਵਿਖੇ ਦਸੰਬਰ 2025 ਵਿੱਚ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੌਰਾਨ ਚੁਣੇ ਗਏ ਮੈਂਬਰਾਂ ਦਾ ਜ਼ਿਲ੍ਹਾ ਪੱਧਰੀ ਸਹੁੰ ਚੁੱਕ ਸਮਾਗਮ ਸਨਮਾਨਜਨਕ ਮਾਹੌਲ ਵਿੱਚ ਪੂਰਾ ਹੋਇਆ। ਸਮਾਗਮ ਦੇ ਮੁੱਖ ਮਹਿਮਾਨ ਕੈਬਨਿਟ ਮੰਤਰੀ ਪੰਜਾਬ ਡਾ. ਰਵਜੋਤ ਸਿੰਘ ਨੇ ਜ਼ਿਲ੍ਹੇ ਦੇ ਨਵੇਂ ਚੁਣੇ ਗਏ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਮੈਂਬਰਾਂ ਨੂੰ ਅਹੁਦੇ ਦੀ ਸਹੁੰ ਚੁਕਾਈ। ਪ੍ਰੋਗਰਾਮ ਵਿੱਚ ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ,



ਵਿਧਾਇਕ ਕਰਮਬੀਰ ਸਿੰਘ ਘੁੰਮਣ ਅਤੇ ਵਿਧਾਇਕ ਡਾ. ਈਸ਼ਾਂਕ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀਆਂ ਲੋਕਤੰਤਰ ਦੀ ਮਜ਼ਬੂਤ ਨੀਂਹ ਹਨ ਅਤੇ ਇਹ ਸੰਸਥਾਵਾਂ ਪਿੰਡਾਂ ਦੇ ਸਰਵਪੱਖੀ ਵਿਕਾਸ ਦਾ ਅਸਲ ਧੁਰਾ ਹਨ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੇਂਡੂ ਖੇਤਰਾਂ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਸਾਰੀਆਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਵਿੱਚ ਜ਼ਿਲ੍ਹਾ ਪ੍ਰੀਸ਼ਦਾਂ ਅਤੇ ਪੰਚਾਇਤ ਸੰਮਤੀਆਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ।

ਨਵਾਂ ਜ਼ਮਾਨਾ
ਸ਼ਨੀਵਾਰ, 28 ਫਰਵਰੀ 2026

# ਬਚਾਉਣ ਵਾਲਿਆਂ ਤੋਂ ਹੀ ਖਤਰਾ!

*ਪਰਿਆਵਰਣ ਤੇ ਜੰਗਲਾਤ ਮਨਜ਼ੂਰੀਆਂ ਨਾਲ ਜੁੜੇ ਹਰ ਪੰਜ ਵਿੱਚੋਂ ਚਾਰ ਮਾਮਲਿਆਂ ’ਚ ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐੱਨ ਜੀ ਟੀ) ਨੇ ਪ੍ਰੋਜੈਕਟ ਵਿਕਸਤ ਕਰਨ ਵਾਲਿਆਂ ਦੇ ਹੱਕ ਵਿੱਚ ਫੈਸਲਾ ਸੁਣਾਇਆ ਹੈ। ਸਰਕਰਦਾ ਅੰਗਰੇਜ਼ੀ ਅਖਬਾਰ ‘ਦੀ ਇੰਡੀਅਨ ਐਕਸਪ੍ਰੈਸ’ ਨੇ ਵਿਆਪਕ ਪੜਤਾਲ ਵਿੱਚ ਪਾਇਆ ਹੈ ਕਿ ਭਾਰਤ ਦੀ ਪਰਿਆਵਰਣੀ ਨਿਗਰਾਨੀ ਸੰਸਥਾ ਐੱਨ ਜੀ ਟੀ, ਜਿਸ ਦਾ ਗਠਨ ਪਰਿਆਵਰਣ ਨੂੰ ਨੁਕਸਾਨ ਪਹੁੰਚਾਉਣ ਖਿਲਾਫ ਲੋਕਹਿਤ ਦੀ ਰਾਖੀ ਲਈ ਕੀਤਾ ਗਿਆ ਸੀ, ਨੇ ਜਾਂ ਤਾਂ ਵਿਵਾਦਤ ਸਰਕਾਰੀ ਮਨਜ਼ੂਰੀਆਂ ਨੂੰ ਬਰਕਰਾਰ ਰੱਖਿਆ ਜਾਂ ਫਿਰ ਮਨਜ਼ੂਰੀ ਨਾ ਦੇਣ ਦੇ ਸਰਕਾਰੀ ਫੈਸਲਿਆਂ ’ਤੇ ਰੋਕ ਲਾ ਦਿੱਤੀ। ਅਖਬਾਰ ਨੇ 2020 ਤੋਂ 2025 ਤੱਕ ਐੱਨ ਜੀ ਟੀ ਵੱਲੋਂ ਪਾਸ ਕੀਤੇ ਗਏ ਇੱਕ ਲੱਖ ਤੋਂ ਵੱਧ ਹੁਕਮਾਂ ਦੇ ਅਧਿਐਨ ਵਿੱਚ ਪਾਇਆ ਕਿ ਸਰਕਾਰ ਵੱਲੋਂ ਦਿੱਤੀਆਂ ਪਰਿਆਵਰਣੀ/ਜੰਗਲਾਤ ਮਨਜ਼ੂਰੀਆਂ ਵਿਰੁੱਧ ਨਾਗਰਿਕਾਂ ਤੇ ਪਰਿਆਵਰਣ ਕਾਰਕੁੰਨਾਂ ਵੱਲੋਂ ਦਾਇਰ 329 ਅਪੀਲਾਂ ਵਿੱਚੋਂ ਸਿਰਫ 20 ਫੀਸਦੀ (65 ਮਾਮਲਿਆਂ) ਵਿੱਚ ਹੀ ਐੱਨ ਜੀ ਟੀ ਨੇ ਅਪੀਲ ਕਰਤਿਆਂ ਦੇ ਹੱਕ ਵਿੱਚ ਫੈਸਲਾ ਸੁਣਾਇਆ। ਇਸ ਦੇ ਉਲਟ ਜਦ ਪ੍ਰੋਜੈਕਟ ਉਸਾਰਨ ਵਾਲਿਆਂ ਨੇ ਸਰਕਾਰ ਵੱਲੋਂ ਮਨਜ਼ੂਰੀ ਨਾ ਦਿੱਤੇ ਜਾਣ ਦੇ ਫੈਸਲਿਆਂ ਖਿਲਾਫ ਅਪੀਲ ਕੀਤੀ, ਤਦ ਲੱਗਭੱਗ 80 ਫੀਸਦੀ ਮਾਮਲਿਆਂ (160 ਵਿੱਚੋਂ 126) ਵਿੱਚ ਉਨ੍ਹਾਂ ਨੂੰ ਰਾਹਤ ਮਿਲੀ। ਦਿੱਲੀ (ਮੇਨ ਬੈਂਚ), ਭੋਪਾਲ (ਕੇਂਦਰੀ), ਪੂਣੇ (ਪੱਛਮੀ), ਕੋਲਕਾਤਾ (ਪੂਰਬੀ) ਤੇ ਚੇਨੱਈ (ਦੱਖਣੀ) ਸਥਿਤ ਐੱਨ ਜੀ ਟੀ ਬੈਂਚਾਂ ਵਿੱਚ ਸੁਣੇ ਗਏ ਬਹੁਤੇ ਮਾਮਲੇ ਹਵਾ ਤੇ ਪਾਣੀ ਪ੍ਰਦੂਸ਼ਣ ਨਾਲ ਜੁੜੇ ਸਨ।*

*ਸੁਪਰੀਮ ਕੋਰਟ ਦੇ ਸਾਬਕਾ ਜੱਜ ਜਸਟਿਸ ਦੀਪਕ ਗੁਪਤਾ ਦਾ ਕਹਿਣਾ ਹੈ ਕਿ ਪਰਿਆਵਰਣ ਦੀ ਰਾਖੀ ਦੇ ਮਾਮਲਿਆਂ ਵਿੱਚ ਅਦਾਲਤਾਂ ਪਿੱਛੇ ਹਟ ਰਹੀਆਂ ਹਨ। ਜੱਜ ਅਜਿਹੇ ਲੋਕ ਹੋਣੇ ਚਾਹੀਦੇ ਹਨ, ਜਿਨ੍ਹਾਂ ਨੂੰ ਪਰਿਆਵਰਣ ਦੀ ਚਿੰਤਾ ਹੋਵੇ। ਜਸਟਿਸ ਗੁਪਤਾ ਨੇ ਦੋ ਮਿਸਾਲਾਂ ਦੇ ਕੇ ਸਮਝਾਇਆ ਹੈ ਕਿ ਹੋ ਕੀ ਰਿਹਾ ਹੈ? ਉਨ੍ਹਾ ਮੁਤਾਬਕ ਇੱਕ ਅਦਾਲਤ ਨੇ ਅੰਡੇਮਾਨ ਵਿੱਚ ਪਾਮ ਦੇ ਬਾਗਾਨਾਂ ਲਈ ਦਰੱਖਤ ਕੱਟਣ ਦੀ ਆਗਿਆ ਦੇ ਦਿੱਤੀ, ਜੋ ਕਿ ਪਰਿਆਵਰਣ ਲਈ ਬਹੁਤ ਹੀ ਨੁਕਸਾਨਦੇਹ ਹੈ। ਇਸ ਦੀ ਭਰਪਾਈ ਹਰਿਆਣਾ ਤੇ ਰਾਜਸਥਾਨ ਵਿੱਚ ਪੌਦੇ ਲਾ ਕੇ ਕੀਤੀ ਜਾਵੇਗੀ। ਇਹ ਕੇਹਾ ਮਜ਼ਾਕ ਹੈ! ਦੂਜੀ ਮਿਸਾਲ ਜਸਟਿਸ ਗੁਪਤਾ ਨੇ ਰਿਲਾਇੰਸ ਦੇ ਗੁਜਰਾਤ ਵਿਚਲੇ ਵਨਤਾਰਾ ਚਿੜੀਆਘਰ ਦੀ ਦਿੱਤੀ ਹੈ। ਉਨ੍ਹਾ ਨੂੰ ਸਮਝ ਨਹੀਂ ਆਉਂਦੀ ਕਿ ਸੁਪਰੀਮ ਕੋਰਟ ਨੇ ਇਹ ਮਾਮਲਾ ਕਿਵੇਂ ਸੰਭਾਲਿਆ। ਇੰਜ ਲਗਦਾ ਹੈ ਕਿ ਵਨਤਾਰਾ ਨਾਲ ਜੁੜੇ ਲੋਕਾਂ ਨੇ ਹੀ ਪਟੀਸ਼ਨ ਦਾਇਰ ਕਰਵਾਈ ਤੇ ਫੈਸਲਾ ਹੱਕ ਵਿੱਚ ਕਰਵਾ ਲਿਆ। ਆਮ ਤੌਰ ’ਤੇ ਸੁਪਰੀਮ ਕੋਰਟ ਅਜਿਹੇ ਮਾਮਲਿਆਂ ਵਿੱਚ ਪਹਿਲਾਂ ਹਾਈ ਕੋਰਟ ਜਾਣ ਲਈ ਕਹਿੰਦੀ ਹੈ, ਪਰ ਇਸ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਕਮਿਸ਼ਨ ਬਣਾ ਦਿੱਤਾ ਤੇ ਕਮਿਸ਼ਨ ਨੇ ਇੱਕ ਹਫਤੇ ’ਚ ਰਿਪੋਰਟ ਦੇ ਕੇ ਸਭ ਕੁਝ ਠੀਕ ਦੱਸ ਦਿੱਤਾ। ਦੋਸ਼ ਸੀ ਕਿ ਵਨਤਾਰਾ ਵਿਦੇਸ਼ੀ ਨਸਲਾਂ ਦੇ ਜੰਗਲੀ ਜੀਵ ਖਰੀਦ ਰਿਹਾ ਹੈ, ਜਿਸ ਨਾਲ ਦੁਨੀਆ-ਭਰ ਵਿੱਚ ਜੰਗਲੀ ਜੀਵਾਂ ਦਾ ਨਾਜਾਇਜ਼ ਵਪਾਰ ਵਧੇਗਾ।*

## ਸਿੱਖਿਆ ਦਾ ਸੰਕਟ : ਏ ਆਈ ਦੇ ਸੁਪਨਿਆਂ ਅਤੇ ਹਕੀਕਤ ਵਿਚਲਾ ਫ਼ਰਕ

**ਡਾ. ਗੁਰਪ੍ਰੀਤ ਕੌਰ**

ਭਾਰਤ ਆਰਟੀਫੀਸ਼ੀਅਲ ਇੰਟੈਲੀਜੈਂਸ, ਨਵੀਨਤਾ ਅਤੇ ਵਿਕਾਸ ਬਾਰੇ ਗੱਲਾਂ ਨਾਲ ਭਰਿਆ ਪਿਆ ਹੈ। ਪਰ ਇਸ ਹਾਈਪ ਦੇ ਵਿਚਕਾਰ ਇੱਕ ਕੌੜੀ ਹਕੀਕਤ ਇਹ ਹੈ ਕਿ ਸਰਕਾਰੀ ਸਕੂਲ ਅਧਿਆਪਕਾਂ ਦੀ ਭਾਰੀ ਕਮੀ ਕਾਰਨ ਢਹਿ-ਢੇਰੀ ਹੋ ਰਹੇ ਹਨ। ਤਾਜ਼ਾ ਰਿਪੋਰਟਾਂ ਹੈਰਾਨ ਕਰਨ ਵਾਲੇ ਅੰਕੜੇ ਦੱਸਦੀਆਂ ਹਨ : ਹਰਿਆਣੇ ਦੇ 298 ਸਰਕਾਰੀ ਸਕੂਲਾਂ ਵਿੱਚ ਕੋਈ ਵੀ ਪੱਕਾ ਅਧਿਆਪਕ ਨਹੀਂ ਹੈ ਅਤੇ ਨੂਹ ਦੇ 10% ਸਕੂਲਾਂ ਵਿੱਚ ਸਿਰਫ਼ ਇੱਕ ਅਧਿਆਪਕ ਹੈ। ਇਸੇ ਤਰ੍ਹਾਂ, ਪੰਜਾਬ ਵਿੱਚ ਅਧਿਆਪਕ ਤਰੱਕੀ ਲਈ ਟੀਚਰ ਏਲੀਜੀਬਿਲਿਟੀ ਟੈਸਟ (ਟੈੱਟ) ਲਾਉਣ ਦੇ ਵਿਰੋਧ ਵਿੱਚ ਪ੍ਰਦਰਸ਼ਨ ਕਰ ਰਹੇ ਹਨ।

ਇਹ ਮੁੱਦੇ ਭਾਰਤ ਦੀਆਂ ਏ ਆਈ ਖਾਹਸ਼ਾਂ ਨਾਲ ਤਿੱਖਾ ਵਿਰੋਧ ਦਰਸਾਉਂਦੇ ਹਨ। ਜਦੋਂ ਦੇਸ਼ ਇੱਕ ਗਲੋਬਲ ਏ ਆਈ ਹੱਬ ਬਣਨ ਦਾ ਸੁਪਨਾ ਦੇਖ ਰਿਹਾ ਹੈ, ਉਸ ਦੇ ਸਰਕਾਰੀ ਸਕੂਲਾਂ ਵਿੱਚ ਮਨੁੱਖੀ ਸੰਪਰਕ ਦੀ ਘਾਟ ਹੈ। ਬੁਨਿਆਦੀ ਸਿੱਖਿਆ ਪ੍ਰਭਾਵਿਤ ਹੋ ਰਹੀ ਹੈ, ਅਤੇ ਇਹ ਸਿਰਫ਼ ਇਨਫ੍ਰਾਸਟਰਕਚਰ ਬਾਰੇ ਨਹੀਂ ਹੈ - ਇਹ ਲੂਹੇ ਦਾ ਸੱਚ ਹੈ। ਅਧਿਆਪਕ ਕਿਸੇ ਵੀ ਸਿੱਖਿਆ ਪ੍ਰਣਾਲੀ ਦੀ ਰੀੜ੍ਹ ਹੁੰਦੇ ਹਨ, ਅਤੇ ਉਨ੍ਹਾਂ ਦੀ ਗੈਰ-ਹਾਜ਼ਰੀ ਡੂੰਘੀ ਤਰ੍ਹਾਂ ਮਹਿਸੂਸ ਕੀਤੀ ਜਾਂਦੀ ਹੈ।

ਪੰਜਾਬ ਵਿੱਚ ਟੀਚਰ ਏਲੀਜੀਬਿਲਿਟੀ ਟੈਸਟ (ਟੈੱਟ) ਦਾ ਮੁੱਦਾ ਬਿਊਰੋਕਰੇਟਿਕ ਰੁਕਾਵਟਾਂ ਨੂੰ ਉਜਾਗਰ ਕਰਦਾ ਹੈ। ਅਧਿਆਪਕਾਂ ਦੀ ਕਮੀ ਨੂੰ ਦੂਰ ਕਰਨਾ ਚਾਹੀਦਾ।

ਭਾਰਤ ਦੀ ਸਿੱਖਿਆ ਪ੍ਰਣਾਲੀ ਨੂੰ ਤੁਰੰਤ ਧਿਆਨ ਦੇਣ ਦੀ ਲੋੜ ਹੈ। ਬੁਨਿਆਦੀ ਸਿੱਖਿਆ ਦੀ ਤੁਲਨਾ ਵਿੱਚ ਏ ਆਈ ਨੂੰ ਤਰਜੀਹ ਦੇਣਾ ਇੱਕ ਗਲਤ ਫ਼ੈਸਲਾ ਹੈ। ਸਰਕਾਰ ਨੂੰ ਅਧਿਆਪਕਾਂ ਦੀ ਕਮੀ ਦੂਰ ਕਰਨੀ ਚਾਹੀਦੀ ਹੈ, ਕੰਮ ਕਰਨ ਦੀਆਂ ਸਥਿਤੀਆਂ ਵਿੱਚ ਸੁਧਾਰ ਕਰਨਾ ਚਾਹੀਦਾ ਹੈ ਅਤੇ ਸਰਕਾਰੀ ਸਕੂਲਾਂ ਨੂੰ ਉੱਚਾ ਚੁੱਕਣ ਲਈ ਬਿਊਰੋਕਰੇਟਿਕ ਰੁਕਾਵਟਾਂ ਨੂੰ ਦੂਰ ਕਰਨਾ ਚਾਹੀਦਾ ਹੈ।

ਹੁਣ ਸਮਾਂ ਹੈ ਭਾਰਤ ਦੇ ਏ ਆਈ ਸੁਪਨਿਆਂ ਅਤੇ ਸਿੱਖਿਆ ਦੀ ਹਕੀਕਤ ਵਿਚਲਾ ਪਾੜਾ ਭਰਨ ਦਾ। ਦੇਸ਼ ਦਾ ਭਵਿੱਖ ਇਸ ਉੱਤੇ ਹੀ ਨਿਰਭਰ ਕਰਦਾ ਹੈ।

# ਸੰਪਰਕ : 98036-16268

# ਆਰ ਐੱਸ ਐੱਸ ਲਈ ਕਮਿਊਨਿਸਟ ਵਿਚਾਰਧਾਰਾ ਖਤਰਨਾਕ ਕਿਉਂ



ਗੁਰਮੀਤ ਸਿੰਘ ਬਖਤਪੁਰਾ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੀ ਇਕ ਇੰਟਰਵਿਊ ਵਿੱਚ ਕਮਿਊਨਿਸਟਾਂ ਬਾਰੇ ਕਿਹਾ ਸੀ ਕਿ ਕਮਿਊਨਿਸਟ ਹੈ ਤਾਂ ਦੇਸ਼ ਦੇ ਇਕ ਕੋਨੇ ਵਿੱਚ, ਪਰ ਕਮਿਊਨਿਸਟ ਵਿਚਾਰਧਾਰਾ ਹੈ ਬਹੁਤ ਖਤਰਨਾਕ।ਪ੍ਰਧਾਨ ਮੰਤਰੀ ਨੇ ਆਪਣੀ ਅਸਾਮ ਫੇਰੀ ਦੌਰਾਨ ਫਿਰ ਕਿਹਾ ਹੈ ਕਿ 1947 ਵਿੱਚ ਦੇਸ਼ ਦੀ ਵੰਡ ਮੁਸਲਿਮ ਲੀਗ ਕਰਕੇ ਹੋਈ ਸੀ, ਪਰ ਹੁਣ ਦੇਸ਼ ਵਾਸੀਆਂ ਨੂੰ ਐੱਮ. ਐੱਮ. ਸੀ ਭਾਵ ਮਾਓਵਾਦੀਆਂ, ਮੁਸਲਮਾਨਾਂ ਅਤੇ ਕਾਂਗਰਸ ਨੂੰ ਸਮਝਣ ਦੀ ਜ਼ਰੂਰਤ ਹੈ ਕਿ ਇਹ ਤਾਕਤਾਂ ਕਿਵੇਂ ਦੇਸ਼ ਵਿਰੋਧੀ ਹਨ। ਮੋਦੀ ਹੀ ਨਹੀ, ਉਸ ਦੇ ਲੈਫਟੀਨੈਂਟ ਅਤੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ, ਜੋ ਦੇਸ਼ ’ਚੋਂ 31 ਮਾਰਚ 2026 ਤੱਕ ਮਾਓਵਾਦੀਆਂ (ਕਮਿਊਨਿਸਟਾਂ) ਦਾ ਪੂਰਨ ਸਫਾਇਆ ਕਰ ਦੇਣ ਦੇ ਦਾਅਵਿਆਂ ਨੂੰ ਕਈ ਵਾਰ ਦੁਹਰਾ ਚੁਕੇ ਹਨ, ਨੇ ਫਿਰ ਛਤੀਸਗੜ੍ਹ ਵਿੱਚ ਕਿਹਾ ਹੈ ਕਿ ਦੇਸ਼ ਨੂੰ ਵਿਨਾਸ਼ਕਾਰੀ ਕਮਿਊਨਿਸਟ ਵਿਚਾਰਧਾਰਾ ਤੋਂ ਮੁਕਤ ਹੋਣ ਦੀ ਲੋੜ ਹੈ। ਦੇਸ਼ ਨੂੰ ਚਲਾ ਰਹੇ ਭਾਰਤ ਸਰਕਾਰ ਦੇ ਇਹ ਮੁਖੀ ਦੇਸ਼ ਦੀ ਜਨਤਾ ਨੂੰ ਕਮਿਊਨਿਸਟ ਵਿਚਾਰਧਾਰਾ ਤੋਂ ਏਨਾ ਭੈਅ ਭੀਤ ਕਿਉਂ ਕਰ ਰਹੇ ਹਨ ਕਿ ਜਾਂ ਖੁਦ ਡਰ ਰਹੇ ਹਨ? ਅਸਲ ਵਿੱਚ ਇਹ ਕੇਵਲ ਭਾਰਤ ਦੇ ਸੰਵਿਧਾਨ ਅਧੀਨ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਹੀ ਨਹੀਂ ਹਨ ਬਲਕਿ 100 ਸਾਲ ਪਹਿਲਾਂ ਤੋਂ ਦੇਸ਼ ਵਿੱਚ ਹਿੰਦੂਤਵਵਾਦੀ ਸੱਤਾ ਸਥਾਪਤ ਕਰਨ ਦੇ ਸੁਪਨੇ ਲੈ ਕੇ ਜਨਮੀ ਆਰ ਐੱਸ ਐੱਸ ਦੀ ਫਾਸ਼ੀਵਾਦੀ ਵਿਚਾਰਧਾਰਾ ਦੇ ਰੱਥ ਨੂੰ ਮੰਜ਼ਲ ਤੱਕ ਲੈ ਜਾਣ ਹਿਤ,ਪਰਖੇ ਹੋਏ ਸੰਘੀ ਜਰਨੈਲ ਹਨ। ਆਰ ਐੱਸ ਐੱਸ ਨੇ ਆਪਣੇ ਮੁੱਖ ਦੁਸ਼ਮਣਾਂ ਦੀ ਸੂਚੀ ਵਿੱਚ ਮੁਸਲਮਾਨਾਂ ਤੇ ਈਸਾਈਆਂ ਸਮੇਤ ਕਮਿਊਨਿਸਟਾਂ ਨੂੰ ਸ਼ਾਮਲ ਕੀਤਾ ਹੋਇਆ ਹੈ।ਆਰ ਐੱਸ ਐੱਸ ਇਨ੍ਹਾਂ ਤਿੰਨਾਂ ਨੂੰ ਦੇਸ਼ ਤੋਂ ਬਾਹਰਲੇ ਜਾਂ ਬਾਹਰੀ ਵਿਚਾਰਧਾਰਾ ਵਾਲੇ ਦੱਸਦੀ ਹੈ। ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਦਾ ਕਮਿਊਨਿਸਟ ਵਿਚਾਰਧਾਰਾ ਬਾਰੇ ਅੱਗ ਉਗਲਣਾ ਕੋਈ ਅਚਾਨਕ ਫੁਰਿਆ ਫੁਰਨਾ ਨਹੀਂ।ਜੇਕਰ ਆਰ ਐੱਸ ਐੱਸ ਦੇ ਇਤਿਹਾਸ ’ਤੇ ਗੌਰ ਕਰੀਏ ਤਾਂ ਆਰ ਐੱਸ ਐੱਸ ਦੀ ਸਥਾਪਨਾ ਅੰਗਰੇਜ਼ ਰਾਜ ਸਮੇਂ ਡਾਕਟਰ ਕੇਸ਼ਵ ਬਲਿਰਾਮ ਹੇਡਗਵਾਰ ਨੇ ਉਸ ਸਮੇਂ ਕੀਤੀ ਸੀ, ਜਦੋਂ ਸਾਰੇ ਦੇਸ਼ ਦੇ ਨੌਜਵਾਨ ਅਤੇ ਲੋਕ ਅੰਗਰੇਜ਼ ਸਾਮਰਾਜੀਆਂ ਨੂੰ ਦੇਸ਼ ’ਚੋਂ ਭਜਾਉਣ ਲਈ ਸਿਰ ’ਤੇ ਕਫਨ ਬੰਨ੍ਹ ਕੇ ਲੜ ਰਹੇ ਸਨ ਅਤੇ ਜੇਲ੍ਹਾਂ ਵਿੱਚ ਡੱਕੇ ਜਾ ਰਹੇ ਸਨ ਤਾਂ ਉਸ ਸਮੇਂ ਦੇਸ਼ ਦੀ ਬਿਲਕੁਲ ਉਲਟ ਧਾਰਾ ਵਿੱਚ ਚਲਦਿਆਂ ਆਰ ਐੱਸ ਐੱਸ ਦੇ ਸੰਸਥਾਪਕ ਹੇਡਗਵਾਰ ਅਤੇ ਬਾਅਦ ਵਿੱਚ ਸਾਵਰਕਰ ਵਰਗੇ ਮੁੱਖ ਆਗੂ ਅੰਗਰੇਜ਼ਾਂ ਅਤੇ ਉਨ੍ਹਾਂ ਦੇ ਪਿੱਠੂ ਰਾਜੇ-ਰਜਵਾੜਿਆਂ ਦੀ ਸੇਵਾ ਵਿਚ ਉਨਾਂ ਦੇ ਅੰਗ-ਸੰਗ ਚਲਣ ਦੀਆ ਸੁਗੰਧਾਂ ਖਾ ਰਹੇ ਸਨ।ਦੇਸ਼ ਅਤੇ ਆਰ ਐੱਸ ਐੱਸ ਖੁਦ ਜਾਣਦਾ ਹੈ ਕਿ ਇਨ੍ਹਾਂ ਦੇ ਮੁਖੀ ਸਾਵਰਕਰ ਨੇ 20 ਸਾਲ ਦੀ ਸਜ਼ਾ ਹੋਣ ’ਤੇ ਅੰਗਰੇਜ਼ ਸਰਕਾਰ ਨੂੰ ਰਹਿਮ ਦੀਆਂ ਦਰਜਨ ਭਰ ਅਪੀਲਾਂ ਭੇਜ ਕੇ ਆਪਣੀ ਸਜ਼ਾ ਮੁਆਫ ਕਰਵਾਈ ਸੀ ਅਤੇ ਜੇਲ੍ਹ ਤੋਂ ਬਾਹਰ ਆ ਕੇ ਅੰਗਰੇਜ਼ਾਂ ਦੀ ਵਫਾਦਾਰੀ ਵਿੱਚ ਬਾਕੀ ਸਮਾਂ ਬਤੀਤ ਕੀਤਾ ਸੀ।ਆਰ ਐੱਸ ਐੱਸ ਨੇ ਆਪਣੀ ਇਸ ਫਾਸ਼ਿਸਟ ਵਿਚਾਰਧਾਰਾ ਦਾ ਵਿਸਥਾਰ ਕਰਨ ਲਈ ਇਟਲੀ ਦੇ ਬੇਬਾਕ ਫਾਸ਼ਿਸਟ ਮਸੋਲੀਨੀ ਨੂੰ ਆਪਣਾ ਰਾਹ-ਦਸੇਰਾ ਚੁਣਿਆ ਸੀ। ਇਹ ਸਮਝਣਾ ਜ਼ਰੂਰੀ ਹੋਵੇਗਾ ਕਿ ਸੰਘ ਦੀ ਮੰਜ਼ਲ ਭਾਰਤ ਵਿੱਚ ਹਿੰਦੂ ਵਰਗ ਦੀ ਸੱਤਾ ਸਥਾਪਤ ਕਰਨਾ ਨਹੀਂ, ਬਲਕਿ ਇਕ ਧਾਰਮਿਕ ਕਟੜਤਾਵਾਦੀ ਅਤੇ ਅੰਧਰਾਸ਼ਟਰਵਾਦ ਦੀ ਵਿਚਾਰਧਾਰਾ ਅਧਾਰਤ ਹਿੰਦੂਤਵਵਾਦੀ ਨਿਜ਼ਾਮ ਖੜਾ ਕਰਨਾ ਉਸ ਦਾ ਅਸਲ ਮਕਸਦ ਹੈ। ਅਜ਼ਾਦੀ ਦੇ ਕਰੀਬ 5 ਮਹੀਨੇ ਬਾਅਦ ਹੀ ਸੰਘ ਦੇ ਜਨੂਨੀਆਂ ਸਮੇਤ ਨੱਥੂ ਰਾਮ ਗੋਡਸੇ ਦੁਆਰਾ ਮਹਾਤਮਾ ਗਾਂਧੀ ਦਾ ਕਤਲ ਕਰਨਾ ਵੀ ਸਾਬਿਤ ਕਰਦਾ ਹੈ ਕਿ ਸੰਘ ਦੀ ਫਾਸ਼ਿਸਟ ਵਿਚਾਰਧਾਰਾ ਦੀ ਸ਼ੁਰੂ ਤੋਂ ਹੀ ਦੇਸ਼ ਦੀ ਅਜ਼ਾਦੀ, ਲੋਕਤੰਤਰ, ਜਮਹੂਰੀਅਤ ਅਤੇ ਧਰਮ ਨਿਰਪੱਖ ਨਿਜ਼ਾਮ ਦੀ ਵਜ਼ਾਹਤ ਕਰਨ ਵਾਲੇ ਆਗੂਆਂ ਜਾਂ ਧਿਰਾਂ ਨਾਲ ਸਿੱਧੀ-ਸਿੱਧੀ ਦੁਸ਼ਮਣੀ ਹੈ।ਸੰਘ ਦੀ ਕਮਿਊਨਿਸਟ ਵਿਚਾਰਧਾਰਾ ਨਾਲ ਦੁਸ਼ਮਣੀ ਦਾ ਅਧਾਰ ਵੀ ਜਮਾਤੀ ਵਿਚਾਰਧਾਰਾ ਦਾ ਵਖਰੇਵਾਂ ਹੈ।ਸੰਘ ਜਾਣਦਾ ਹੈ ਕਿ ਉਸ ਦੇ ਸਿਆਸੀ ਮਨਸੂਬਿਆਂ ਦੀ ਪੂਰਤੀ ਅੱਗੇ ਕਮਿਊਨਿਸਟ ਵਿਚਾਰਧਾਰਕ ਤੌਰ ’ਤੇ ਇਕ ਮਜ਼ਬੂਤ ਸਕਤੀ ਹਨ, ਜੋ ਉਨ੍ਹਾਂ ਦੇ ਤੇਜ਼ੀ ਨਾਲ ਅੱਗੇ ਵਧ ਰਹੇ ਕਦਮਾਂ ਮੋਹਰੇ ਰੁਕਾਵਟ ਖੜੀਆਂ ਕਰ ਸਕਦੇ ਹਨ।ਕਮਿਊਨਿਸਟ ਵਿਚਾਰਧਾਰਾ ’ਤੇ ਮੋਦੀ, ਸ਼ਾਹ ਅਤੇ ਸੰਘ ਦੇ ਹਮਲਿਆਂ ਦਾ ਇਹ ਹੀ ਸੱਚ ਹੈ।

ਕਮਿਊਨਿਸਟ ਵਿਚਾਰਧਾਰਾ ਸਪੱਸ਼ਟ ਤੌਰ ’ਤੇ ਮਨੁੱਖੀ ਸਮਾਜ ਸਾਹਮਣੇ 19ਵੀਂ ਸਦੀ ਦੇ ਮੱਧ ਵਿਚ ਇਕ ਵਿਗਿਆਨਕ ਵਿਚਾਰਧਾਰਾ ਵਜੋਂ ਸਾਹਮਣੇ ਆਈ ਸੀ, ਜਿਸ ਦਾ ਐਲਾਨ ਸੀ ਕਿ ਅੱਜ ਦਾ ਜਮਾਤੀ ਸਮਾਜ ਮਨੁੱਖੀ ਸਮਾਜ ਦੇ ਹੋਂਦ ਆਉਣ ਸਮੇ ਗੈਰ-ਜਮਾਤੀ ਸੀ, ਜਿਸ ਵਿਗਿਆਨਕ ਸੱਚ ਨੂੰ ਦੁਨੀਆ ਵਿੱਚ ਲੁਟੇਰੀਆਂ ਜਮਾਤਾਂ ਦੇ ਪਹਿਲੇ ਗੁਲਾਮਦਾਰੀ ਰਾਜ ਪ੍ਰਬੰਧ ਤੋਂ ਲੈ ਕੇ ਅੱਜ ਦੇ ਸਾਮਰਾਜੀ ਪੂੰਜੀਵਾਦੀ ਪ੍ਰਬੰਧ ਤੱਕ ਕੋਈ ਤਾਕਤ ਝੁਠਲਾ ਨਹੀਂ ਸਕੀ।ਕਮਿਊਨਿਸਟ ਵਿਗਿਆਨ ਦੀ ਭਵਿੱਖਬਾਣੀ ਹੈ ਕਿ ਜੇਕਰ ਦੁਨੀਆ ਦੀਆਂ ਲੁਟੇਰੀਆਂ ਜਮਾਤਾਂ ਚਾਹੁੰਦੀਆਂ ਹੋਈਆਂ ਵੀ ਆਪਣੇ ਪੁਰਾਣੇ ਲੁਟੇਰੇ ਪ੍ਰਬੰਧਾਂ ਨੂੰ ਜਿਉਂਦਾ ਨਹੀਂ ਰੱਖ ਸਕੀਆਂ ਤਾਂ ਅੱਜ ਦੇ ਐਟਮੀ ਸ਼ਕਤੀਆਂ ਦੀ ਅਥਾਹ ਤਾਕਤ ਨਾਲ ਦੁਨੀਆ ਭਰ ਦੀ ਲੁਕਾਈ ਸਾਹਮਣੇ ਡਰ ਅਤੇ ਦਹਿਸ਼ਤ ਪੈਦਾ ਕਰਕੇ ਖੜੇ ਕੀਤੇ ਸਾਮਰਾਜਵਾਦੀ ਪ੍ਰਬੰਧ ਦਾ ਅੰਤ ਵੀ ਅਟੱਲ ਹੈ।ਬੇਸ਼ੱਕ ਦੁਨੀਆ ਭਰ ਦੇ ਅਧਿਆਤਮਕਵਾਦੀਆਂ, ਪੂੰਜੀਪਤੀਆਂ ਦੇ ਝੋਲੀਚੁੱਕਾਂ ਅਤੇ ਮਾਰਕਸਵਾਦ ਦੇ ਸਿਧਾਂਤਾਂ ਤੋਂ ਬੇਸਮਝ ਲੋਕਾਂ ਨੂੰ ਇਹ ਖਿਆਲੀ ਪਲਾਓ ਲਗਦੇ ਹੋਣਗੇ, ਪਰ ਸ਼ੁਰੂ ਦੇ ਜੰਗਲੀ ਸਮਾਜ ਅਤੇ ਜਮਾਤੀ ਸਮਾਜ ਦੇ ਇਤਿਹਾਸ ਵਿੱਚ ਜੋ ਘਟਨਾਕ੍ਰਮ ਵਾਪਰਿਆ ਹੈ, ਮਾਰਕਸਵਾਦੀ ਸਿਧਾਂਤ ਉਸ ਦਾ ਹੀ ਵਿਗਿਆਨਕ ਨਿਚੋੜ ਹੈ।ਮਾਰਕਸਵਾਦ ਸਮਾਜਵਾਦ ਦੀ ਹੀ ਨਹੀਂ, ਦੁਨੀਆ ਦੇ ਸਮਾਜ ਨੂੰ ਕਮਿਊਨਿਜ਼ਮ ਵਿੱਚ ਤਬਦੀਲ ਹੋ ਜਾਣ ਦਾ ਵਿਗਿਆਨਕ ਦਾਅਵਾ ਕਰਦਾ ਹੈ, ਬੇਸ਼ੱਕ ਇਹ ਕੁਦਰਤੀ ਵਰਤਾਰੇ ਅਧੀਨ ਵੀ ਵਾਪਰਨਾ ਸੰਭਵ ਹੈ, ਪਰ ਕਮਿਊਨਿਸਟ ਸਿਧਾਂਤ ਸਮਾਜਵਾਦ ਅਤੇ ਕਮਿਊਨਿਜ਼ਮ ਦੀ ਅਗਾਊਂ ਸਥਾਪਤੀ ਲਈ ਦੁਨੀਆ ਭਰ ਦੇ ਦੇਸ਼ਾਂ ਵਿੱਚ ਮਜ਼ਬੂਤ ਕਮਿਊਨਿਸਟ ਪਾਰਟੀ ਬਣਾਉਣ ਅਤੇ ਉਸ ਦੀ ਅਗਵਾਈ ਵਿੱਚ ਸੰਘਰਸ਼ ਕਰਨ ਦਾ ਰਾਹ ਦੱਸਦਾ ਹੈ।ਅਸਲ ਵਿੱਚ ਕੇਵਲ ਮੋਦੀ, ਸ਼ਾਹ ਅਤੇ ਆਰ ਐੱਸ ਐੱਸ ਲਈ ਹੀ ਨਹੀਂ, ਬਲਕਿ ਸਮੁੱਚੇ ਸਾਮਰਾਜਵਾਦ ਲਈ ਕਮਿਊਨਿਸਟ ਇਤਿਹਾਸ ਬਹੁਤ ਡਰਾਵਣਾ ਹੈ, ਉਹ ਜਾਣਦੇ ਹਨ ਕਿ ਇਕ ਛੋਟੇ ਜਿਹੇ ਕਮਿਊਨਿਸਟ ਦੇਸ਼ ਵੀਅਤਨਾਮ ਦੇ ਲੰਮੇ ਗੁਰੀਲਾ ਯੁੱਧ ਨੇ ਦੁਨੀਆ ਦੀ ਮਹਾਂ ਸ਼ਕਤੀ ਅਮਰੀਕਾ ਨੂੰ ਕਿਵੇਂ ਚਨੇ ਚਬਾਏ ਸਨ।ਕਮਿਊਨਿਸਟਾਂ ਦਾ ਦੁਨੀਆ ਭਰ ਦੇ ਦੇਸ਼ਾਂ ਦੇ ਲੋਕਾਂ ਦੇ ਹਿੱਤਾਂ ਵਿੱਚ ਲੜਨ ਅਤੇ ਉਨ੍ਹਾਂ ਲਈ ਕੁਰਬਾਨੀਆਂ ਕਰਨ ਦਾ ਲੰਮਾ ਅਤੇ ਬੇਦਾਗ ਇਤਿਹਾਸ ਹੈ।

ਬੇਸ਼ੱਕ ਅੱਜ ਦੇਸ਼ ਦੀ ਹਾਕਮ ਧਿਰ ਭਾਜਪਾ, ਆਰ ਐੱਸ ਐੱਸ ਝੂਠ, ਫਰੇਬ,ਹੇਰਫੇਰੀ,ਪੈਸਾ, ਧਰਮ, ਜਾਤ, ਭਾਸ਼ਾ, ਅੰਧ-ਰਾਸ਼ਟਰਵਾਦ, ਜਬਰ ਜ਼ੁਲਮ ਅਤੇ ਤਰ੍ਹਾਂ-ਤਰ੍ਹਾਂ ਦੀ ਰਾਜਨੀਤੀ ਦੇ ਹੱਥਕੰਡਿਆਂ ਰਾਹੀਂ ਸੱਤਾ ’ਤੇ ਕਾਬਜ਼ ਹੈ ਅਤੇ ਕਮਿਊਨਿਸਟਾਂ ਦੀ ਤਾਕਤ ਨੂੰ ਕਮਜ਼ੋਰ ਦੱਸਿਆ ਜਾ ਰਿਹਾ ਹੈ, ਬੇਸ਼ੱਕ ਇਸ ਸਮੇਂ ਕਮਿਊਨਿਸਟਾਂ ਦੀ ਪਾਰਲੀਮਾਨੀ ਤਾਕਤ ਕਮਜ਼ੋਰ ਹੋ ਸਕਦੀ ਹੈ, ਪਰ ਮਾਰਕਸਵਾਦੀ ਵਿਚਾਰਧਾਰਾ ਨੂੰ ਪ੍ਰਣਾਏ ਹੋਏ ਕਮਿਊਨਿਸਟ ਜੇਕਰ ਪਹਿਲੀ ਅਤੇ ਦੂਸਰੀ ਸੰਸਾਰ ਜੰਗ ਦੇ ਜੰਗਬਾਜ਼ਾਂ ਨੂੰ ਹਰਾ ਕੇ ਜੇਤੂ ਬਣ ਸਕਦੇ ਹਨ, ਤਾਂ ਉਨ੍ਹਾਂ ਕਮਿਊਨਿਸਟਾਂ ਵੱਲੋਂ ਆਰ ਐੱਸ ਐੱਸ ਦੇ ਫਾਸ਼ੀਵਾਦ ਨੂੰ ਭਾਂਜ ਦੇਣੀ ਅਸੰਭਵ ਨਹੀਂ। ਕਮਿਊਨਿਸਟ ਵਿਚਾਰਧਾਰਾ ਦੁਨੀਆ ਭਰ ਦੇ ਮਿਹਨਤਕਸ਼ ਲੋਕਾਂ ਦੀ ਵਿਚਾਰਧਾਰਾ ਹੈ ਅਤੇ ਇਹ ਹਮੇਸ਼ਾ-ਹਮੇਸ਼ਾ ਦਾ ਸੱਚ ਹੈ।

# ਸੰਪਰਕ : 98142-90263

# ਇੰਟਰਨੈੱਟ ’ਤੇ ਖੁਸ਼ੀਆਂ ਭਾਲਦੇ ਲੋਕ

**ਨਿਸ਼ਾਨ ਸਿੰਘ ਰਾਠੌਰ**

ਅੱਜ ਦਾ ਦੌਰ ਤਕਨੀਕ ਦਾ ਦੌਰ ਹੈ। ਵਿਗਿਆਨਕ ਕਾਢਾਂ ਨੇ ਮਨੁੱਖ ਦੀ ਜ਼ਿੰਦਗੀ ਨੂੰ ਵਧੇਰੇ ਆਰਾਮਦਾਇਕ ਅਤੇ ਸਹੂਲਤ ਭਰਿਆ ਬਣਾ ਦਿੱਤਾ ਹੈ। ਦਿਨਾਂ ਦੇ ਕੰਮ ਘੰਟਿਆਂ ਵਿੱਚ ਅਤੇ ਮਿੰਟਾਂ ਦੇ ਕੰਮ ਸੈਕਿੰਡਾਂ ਵਿੱਚ ਹੋਣ ਲੱਗੇ ਹਨ। ਦੁਨੀਆ ਭਰ ਦੀ ਹਰ ਖ਼ਬਰ ਆਮ ਲੋਕਾਂ ਕੋਲ ਮੋਬਾਇਲ ਸਕਰੀਨ ਦੇ ਜ਼ਰੀਏ ਝਟਪਟ ਅੱਪੜ ਜਾਂਦੀ ਹੈ। ਮਨੁੱਖ ਦੇ ਕੋਲ ਸੂਚਨਾ ਪ੍ਰਾਪਤੀ ਦੇ ਸਾਧਨ ਤੇਜ਼ ਹੋ ਗਏ ਹਨ। ਹੁਣ ਲੋਕ ਚਿੱਠੀ-ਪੱਤਰ ਜਾਂ ਕਿਸੇ ਸੁਨੇਹੇ ਦੀ ਉਡੀਕ ਨਹੀਂ ਕਰਦੇ, ਬਲਕਿ ਸੋਸ਼ਲ-ਮੀਡੀਏ ਰਾਹੀਂ ਖ਼ਬਰ ਦੀ ਤਹਿ ਤਕ ਝੱਟ ਅੱਪੜ ਜਾਂਦੇ ਹਨ। ਇੱਕ ਗੱਲ ਹੋਰ, ਅੱਜ ਸੂਚਨਾ (ਖ਼ਬਰ) ਨੂੰ ਪਰਖ਼ਣ ਦੇ ਵਿਭਿੰਨ ਸਾਧਨ ਵੀ ਇੰਟਰਨੈੱਟ ਰਾਹੀਂ ਹੀ ਮੌਜੂਦ ਹਨ। ਕਿਹੜੀ ਖ਼ਬਰ ਸੱਚੀ ਹੈ ਤੇ ਕਿਹੜੀ ਅਫ਼ਵਾਹ? ਇਹਨਾਂ ਬਾਰੇ ਇੰਟਰਨੈੱਟ ਤੋਂ ਹੀ ਪਤਾ ਲਗਾਇਆ ਜਾ ਸਕਦਾ ਹੈ। ਕੁਲ ਮਿਲਾ ਕੇ ਮਨੁੱਖ ਕੋਲ ਸੂਚਨਾ ਕ੍ਰਾਂਤੀ ਦੇ ਬਹੁ-ਵਿਕਲਪ ਮੌਜੂਦ ਹਨ।

ਇੰਟਰਨੈੱਟ ਨੇ ਜਿੱਥੇ ਮਨੁੱਖ ਕੋਲ ਸੂਚਨਾਵਾਂ ਦੇ ਸਾਧਨ ਪੈਦਾ ਕੀਤੇ ਹਨ, ਉੱਥੇ ਹੀ ਆਮ ਸਮਾਜਿਕ ਜੀਵਨ ਨਾਲੋਂ ਤੋੜ ਕੇ ਵੀ ਰੱਖ ਦਿੱਤਾ ਹੈ। ਅੱਜ ਦੇ ਬਹੁਤੇ ਲੋਕਾਂ ਦਾ ਸੰਸਾਰ ਕੇਵਲ ਉਹਨਾਂ ਦੇ ਮੋਬਾਇਲ ਦੀ ਸਕਰੀਨ ਹੀ ਰਹਿ ਗਈ ਹੈ। ਇਹ ਗੱਲ ਕੇਵਲ ਬੱਚਿਆਂ ’ਤੇ ਹੀ ਲਾਗੂ ਨਹੀਂ ਹੁੰਦੀ, ਬਲਕਿ ਹੁਣ ਤਾਂ ਬਜ਼ੁਰਗ ਵੀ ਦਿਨ ਭਰ ਮੋਬਾਇਲ ਦੀ ਸਕਰੀਨ ’ਤੇ ਆਪਣਾ ਵਕਤ ਗੁਜ਼ਾਰਦੇ ਆਮ ਹੀ ਦੇਖੇ ਜਾ ਸਕਦੇ ਹਨ। ਇਸ ਆਦਤ ਨਾਲ ਮਨੁੱਖ ਬਾਹਰੀ ਮਾਹੌਲ ਨਾਲੋਂ ਉੱਕਾ ਹੀ ਟੁੱਟ ਜਾਂਦਾ ਹੈ ਅਤੇ ਅਕਸਰ ਹੀ ਕਲਪਨਾ ਦੀ ਦੁਨੀਆਂ ਵਿੱਚ ਗੁਆਚ ਜਾਂਦਾ ਹੈ। ਇਹ ਕਲਪਨਾ ਦੀ ਦੁਨੀਆ ਵਿੱਚ ਬੰਦਾ ਜਿੱਥੇ ਖੁਸ਼ੀ ਮਹਿਸੂਸ ਕਰਦਾ ਹੈ, ਉੱਥੇ ਹੀ ਆਪਣੇ ਦੁੱਖਾਂ- ਦਰਦਾਂ ਨੂੰ ਕੁਝ ਵਕਤ ਲਈ ਭੁੱਲ ਜਾਂਦਾ ਹੈ। ਜਿਸ ਪ੍ਰਕਾਰ ਨਸ਼ੇ ਦਾ ਸੇਵਨ ਕਰਦੇ ਲੋਕ ਕੁਝ ਵਕਤ ਲਈ ਆਪਣੇ ਦੁੱਖਾਂ ਨੂੰ ਭੁੱਲ ਜਾਂਦੇ ਹਨ। ਇੰਝ ਹੀ ਸੋਸ਼ਲ-ਮੀਡੀਆ ਉਪਰ ਬਿਜ਼ੀ ਲੋਕ ਵੀ ਬਾਹਰੀ ਦੁਨੀਆ ਨੂੰ ਭੁੱਲ ਜਾਂਦੇ ਹਨ।ਪਰ, ਇੱਥੇ ਵਿਚਾਰ ਕਰਨ ਵਾਲੀ ਗੱਲ ਇਹ ਹੈ ਕਿ ਇਸ ਕਲਪਨਾ ਦੀ ਦੁਨੀਆਂ ਵਿੱਚ ਕੁਝ ਸਮੇਂ ਦੀ ਖੁਸ਼ੀ ਤਾਂ ਮਿਲ ਸਕਦੀ ਹੈ, ਪਰ ਲੰਮੇ ਸਮੇਂ ਦੀ ਖੁਸ਼ੀ ਕਦੇ ਨਹੀਂ ਮਿਲਦੀ। ਫੇਰ ਕਿਸੇ ਦੁੱਖ ਜਾਂ ਮੁਸੀਬਤ ਵਿੱਚ ਇੰਟਰਨੈੱਟ ਤੇ ਬਣੀਆਂ ਦੋਸਤੀਆਂ ਕੰਮ ਨਹੀਂ ਆਉਂਦੀਆਂ। ਫੇਰ ਅਜਿਹੀ ਸਥਿਤੀ ਵਿੱਚ ਮਨੁੱਖ ਇਕੱਲਾ ਰਹਿ ਜਾਂਦਾ ਹੈ। ਇਸ ਇਕਲਾਪੇ ਦੀ ਅਵਸਥਾ ਵਿੱਚ ਮਨੁੱਖ ਮਾਨਸਿਕ ਰੋਗਾਂ ਦੀ ਲਪੇਟ ਵਿੱਚ ਆ ਜਾਂਦਾ ਹੈ, ਪਰ ਬਦਕਿਸਮਤੀ, ਮਨੁੱਖ ਆਪਣੇ ਆਲੇ- ਦੁਆਲੇ ਨੂੰ ਛੱਡ ਕੇ ਇੰਟਰਨੈੱਟ ਜਾਂ ਸੋਸ਼ਲ ਮੀਡੀਆ ਤੇ ਖੁਸ਼ੀਆਂ ਭਾਲਦਾ ਫਿਰਦਾ ਹੈ। ਇਹਨਾਂ ਖੁਸ਼ੀਆਂ ਦੀ ਇਵਜ਼ ਵਿੱਚ ਉਹ ਆਪਣੇ ਪਰਵਾਰ ਅਤੇ ਪਰਵਾਰਕ ਮੈਂਬਰਾਂ ਨੂੰ ਉੱਕਾ ਹੀ ਵਿਸਾਰ ਦਿੰਦਾ ਹੈ ਅਤੇ ਆਪਣੇ ਕਮਰੇ ਵਿੱਚ ਇਕੱਲਾ ਹੀ ਬੈਠ ਕੇ ਇੰਟਰਨੈੱਟ ਦੇ ਸੰਸਾਰ ਵਿੱਚ ਗੁਆਚਿਆ ਰਹਿੰਦਾ ਹੈ।ਫੇਰ ਜੀਵਨ ਵਿੱਚ ਜਦੋਂ ਕਿਸੇ ਮੁਸੀਬਤ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਉਹ ਇਕੱਲਾ ਹੀ ਰਹਿ ਜਾਂਦਾ ਹੈ ਤੇ ਮੁਸੀਬਤਾਂ ਵਿੱਚ ਘਿਰਿਆ ਹੋਇਆ ਮਹਿਸੂਸ ਕਰਦਾ ਹੈ। ਉਦੋਂ ਨਾ ਤਾਂ ਸੋਸ਼ਲ- ਮੀਡੀਆ ਕੰਮ ਆਉਂਦਾ ਹੈ ਅਤੇ ਨਾ ਹੀ ਇੰਟਰਨੈੱਟ ਦੇ ਬਣੇ ਸੱਜਣ- ਮਿੱਤਰ, ਉਦੋਂ ਆਪਣੇ ਪਰਿਵਾਰਕ ਮੈਂਬਰ ਜਾਂ ਨੇੜਲੇ ਯਾਰ- ਦੋਸਤ ਹੀ ਦੋਸਤੀ ਨਿਭਾਉਂਦੇ ਹਨ/ ਕੰਮ ਆਉਂਦੇ ਹਨ।

ਅੱਜ ਹਾਲਾਤ ਇੰਝ ਦੇ ਬਣ ਗਏ ਹਨ ਕਿ ਬਹੁਤੇ ਲੋਕ ਖਾਣ- ਪੀਣ ਲਈ ਵੀ ਸਭ ਤੋਂ ਪਹਿਲਾਂ ਮੋਬਾਇਲ ਫੋਨ ਚਲਾ ਕੇ ਅੱਗੇ ਰੱਖਦੇ ਹਨ ਅਤੇ ਫਿਰ ਨਾਲ-ਨਾਲ ਖਾਣਾ ਖਾਂਦੇ ਹਨ। ਬੱਸ, ਰੇਲ ਜਾਂ ਕਿਸੇ ਯਾਤਰਾ ਦੇ ਮੌਕੇ ’ਤੇ ਬਹੁਤੇ ਯਾਤਰੀ ਇੱਕ-ਦੂਜੇ ਵੱਲ ਝਾਕਦੇ ਤੱਕ ਨਹੀਂ, ਗੱਲਬਾਤ ਤਾਂ ਬਹੁਤ ਦੂਰ ਦੀ ਗੱਲ ਹੈ। ਮੁਸਾਫ਼ਰ ਆਪਣੇ ਮੋਬਾਇਲਾਂ ’ਤੇ ਮਸ਼ਰੂਫ ਦੇਖੇ ਜਾ ਸਕਦੇ ਹਨ। ਸੈਰ ਕਰਦਿਆਂ, ਦੌੜਦਿਆਂ, ਰੋਟੀ ਖਾਂਦਿਆਂ, ਸਫ਼ਰ ਕਰਦਿਆਂ, ਮੰਦਰ-ਗੁਰਦੁਆਰੇ ਵਿੱਚ ਬੈਠੇ ਸ਼ਰਧਾਲੂਆਂ ਨੂੰ ਮੋਬਾਇਲ ਫੋਨਾਂ ’ਤੇ ਬਿਜ਼ੀ ਦੇਖਿਆ ਜਾ ਸਕਦਾ ਹੈ। ਅੱਜ ਅਸਲ ਦੋਸਤ (ਉਹ ਭਾਵੇਂ ਆਂਢ-ਗੁਆਂਡ ਦੇ ਹੋਣ ਜਾਂ ਫਿਰ ਸਕੂਲ-ਕਾਲਜ) ਦੇ ਸਮੇਂ ਦੇ ਹੋਣ, ਉਹਨਾਂ ਨਾਲ ਜ਼ਿਆਦਾ ਵਾਅ-ਵਾਸਤਾ ਨਹੀਂ ਰੱਖਿਆ ਜਾਂਦਾ, ਬਲਕਿ ਇੰਟਰਨੈੱਟ ’ਤੇ ਚੰਦ ਦਿਨਾਂ ਦੀ ਦੋਸਤੀ ਵਧੇਰੇ ਖਿੱਚ ਦਾ ਕੇਂਦਰ ਹੁੰਦੀ ਹੈ।

ਇੰਟਰਨੈੱਟ ਦੀ ਦੁਨੀਆ ਅਸਲ ਹਕੀਕਤ ਨਹੀਂ। ਇੱਥੇ ਖ਼ਾਸ ਗੱਲ ਇਹ ਹੈ ਕਿ ਇੰਟਰਨੈੱਟ ’ਤੇ ਹੋਈਆਂ ਸਾਰੀਆਂ ਦੋਸਤੀਆਂ ਹੀ ਗਲਤ ਜਾਂ ਗ਼ੈਰ-ਜ਼ਰੂਰੀ ਨਹੀਂ ਹੁੰਦੀਆਂ, ਪਰ ਅਸਲ ਜੀਵਨ ਦੇ ਦੋਸਤ-ਮਿੱਤਰ ਅਤੇ ਪਰਿਵਾਰਕ ਮੈਂਬਰ ਹੀ ਵਧੇਰੇ ਕੰਮ ਆਉਂਦੇ ਹਨ। ਮਨੁੱਖ ਨੂੰ ਜਿੰਨੀ ਖੁਸ਼ੀ ਆਪਣੇ ਘਰ ਤੋਂ, ਆਪਣੇ ਪਰਵਾਰਕ ਮੈਂਬਰਾਂ ਵਿੱਚ ਬੈਠ ਕੇ ਮਿਲ ਸਕਦੀ ਹੈ, ਓਨੀ ਇੰਟਰਨੈੱਟ ’ਤੇ ਨਹੀਂ ਮਿਲ ਸਕਦੀ, ਜਿਸ ਪਰਿਵਾਰਕ ਮੈਂਬਰ ਨੇ ਤੁਹਾਨੂੰ ਨਿੱਕੇ ਹੁੰਦਿਆਂ ਤੋਂ ਦੇਖਿਆ, ਜਾਣਿਆ ਅਤੇ ਸਮਝਿਆ ਹੈ, ਉਹ ਤੁਹਾਡੇ ਲਈ ਵਧੇਰੇ ਸਾਰਥਕ ਅਤੇ ਮਦਦਗਾਰ ਸਾਬਿਤ ਹੋ ਸਕਦਾ ਹੈ, ਪਰ ਦਿਨ ਭਰ ਇੰਟਰਨੈੱਟ ’ਤੇ ਖੁਸ਼ੀਆਂ ਭਾਲਦੇ ਲੋਕ ਇਹ ਗੱਲ ਨੂੰ ਕਿੰਨਾ ਕੁ ਸਮਝਣਗੇ, ਇਹ ਦੇਖਣ ਵਾਲੀ ਗੱਲ ਹੋਵੇਗੀ।

ਸੰਪਰਕ: 90414-98009

# ਮੁਫ਼ਤਖੋਰੀ, ਚੋਣ ਕਮਿਸ਼ਨ ਤੇ ਅਦਾਲਤੀ ਟਿੱਪਣੀਆਂ



ਆਤਮਾ ਸਿੰਘ ਪਮਾਰ

ਭਾਰਤ ਦੀ ਅਜ਼ਾਦੀ ਉਪਰੰਤ ਵੱਖ-ਵੱਖ ਰਾਜਨੀਤਕ ਦਲਾਂ ਦੀਆਂ ਸਰਕਾਰਾਂ ਕੇਂਦਰ ਅਤੇ ਸੂਬਿਆਂ ’ਚ ਰਾਜ, ਭਾਗ ਚਲਾਉਂਦੀਆਂ ਰਹੀਆਂ ਹਨ, ਜੋ ਮੌਜੂਦਾ ਦੌਰ ’ਚ ਵੀ ਬਾਦਸਤੂਰ ਜਾਰੀ ਹੈ।ਇਸ ਗੱਲ ਤੋਂ ਵੀ ਮੁਨਕਰ ਨਹੀਂ ਹੋਇਆ ਜਾ ਸਕਦਾ ਕਿ ਪਿਛਲੇ ਸਮੇਂ ਦੌਰਾਨ ਵੀ ਵੱਖ ਵੱਖ ਰਾਜਨੀਤਕ ਦਲ ਵੋਟਰਾਂ ਨਾਲ ਤਰ੍ਹਾਂ-ਤਰ੍ਹਾਂ ਦੇ ਵਾਅਦੇ/ ਦਾਅਵੇ ਆਪਣੇ ਚੋਣ ਮਨੋਰਥ ਪੱਤਰਾਂ ’ਚ ਕਰਦੇ ਰਹੇ ਹਨ। ਜੇਕਰ ਪਿਛੋਕੜ ’ਤੇ ਪੰਛੀ ਝਾਤ ਮਾਰ ਲਈ ਜਾਵੇ ਤਾਂ ਇੱਕ ਗੱਲ ਜ਼ਰੂਰ ਸਪੱਸ਼ਟ ਰੂਪ ’ਚ ਉਭਰ ਕੇ ਸਾਹਮਣੇ ਆਉਂਦੀ ਹੈ ਕਿ ਪਹਿਲੇ ਰਾਜਨੀਤੀਵਾਨਾਂ ਦੀ ਵੱਡੀ ਗਿਣਤੀ ਭਾਵੇਂ ਉਹ ਕਿਸੇ ਵੀ ਪਾਰਟੀ ਨਾਲ ਸਬੰਧਤ ਹੋਣ, ਲੋਕ ਭਾਵਨਾਵਾਂ ਦੀ ਕਦਰ ਤੋਂ ਇਲਾਵਾ ਨੈਤਿਕ ਕਦਰਾਂ-ਕੀਮਤਾਂ ਦਾ ਪਾਲਣ ਕਰਨ ਨੂੰ ਵੀ ਆਪਣਾ ਕਰਮ-ਧਰਮ ਸਮਝਦੀ ਸੀ।ਉਦੋ ਆਮ ਤੌਰ ’ਤੇ ਅਜਿਹੇ ਵਾਅਦਿਆਂ ਤੋਂ ਸੰਕੋਚ ਹੀ ਕੀਤਾ ਜਾਂਦਾ ਸੀ, ਜਿਹੜੇ ਪੂਰੇ ਨਾ ਕੀਤੇ ਜਾ ਸਕਦੇ ਹੋਣ, ਭਾਵ ਆਰਥਿਕ ਸਰੋਤਾਂ ਤੋਂ ਇਲਾਵਾ ਸੁਸਾਇਟੀ ਦੇ ਵੱਖ-ਵੱਖ ਨੁਕਤਿਆਂ ਨੂੰ ਵੀ ਧਿਆਨ ਹਿੱਤ ਰੱਖਿਆ ਜਾਂਦਾ ਸੀ।ਇਹੀ ਕਾਰਨ ਸੀ ਕਿ ਲੋਕ ਵੀ ਆਗੂਆਂ ਦਾ ਧੁਰ ਅੰਦਰੋਂ ਸਤਿਕਾਰ ਕਰਦੇ ਸਨ, ਪ੍ਰੰਤੂ ਅਫਸੋਸ ਅਜੋਕੇ ਦੌਰ ’ਚ ਤਕਰੀਬਨ ਸਮੁੱਚੀਆਂ ਧਿਰਾਂ ਹੀ ਆਪੋ-ਆਪਣੀ ਵਿਚਾਰਧਾਰਾ ਨੂੰ ਤਿਲਾਂਜਲੀ ਦਿੰਦੀਆਂ ਦਿਖਾਈ ਦੇ ਰਹੀਆਂ ਹਨ।

ਅਜੋਕੀ ਸਥਿਤੀ ਤਾਂ ਇਹ ਬਣ ਚੁੱਕੀ ਹੈ ਕਿ ਚੋਣ ਪ੍ਰਚਾਰ ਮੁੱਦਿਆਂ, ਵਿਚਾਰਧਾਰਾ ਅਤੇ ਲੋਕ ਹਿਤੂ ਕਾਰਜਾਂ ਅਧਾਰਤ ਨਹੀਂ, ਸਗੋਂ ਜੋੜ-ਤੋੜ ਤੋਂ ਇਲਾਵਾ ਮੈਨੇਜਿੰਗ ਕੰਪਨੀਆਂ ਦੀ ਤਰਜ਼ ’ਤੇ ਹੀ ਕੀਤਾ ਜਾਂਦਾ ਹੈ। ਭਾਰਤ ਦੇ ਰਾਜਨੀਤਕ ਦ੍ਰਿਸ਼ ’ਤੇ ਇੱਕ ਵੀ ਅਜਿਹਾ ਕੌਮੀ ਜਾਂ ਖੇਤਰੀ ਦਲ ਦਿਖਾਈ ਨਹੀਂ ਦੇ ਰਿਹਾ, ਜੋ ਹੱਥ ਖੜਾ ਕਰਕੇ ਕਹਿ ਸਕੇ ਕਿ ਉਹ ਆਪਣੀ ਪਾਰਟੀ ਦੇ ਸਿਧਾਂਤਾਂ ਅਤੇ ਪ੍ਰੋਗਰਾਮਾਂ ’ਤੇ ਪਹਿਰਾ ਦੇ ਕੇ ਦੇਸ਼ ’ਚ ਰਾਜਨੀਤੀ ਕਰ ਰਿਹਾ ਹੈ। ਇਹ ਵੀ ਇੱਕ ਕੌੜਾ ਸੱਚ ਹੈ ਕਿ ਦੇਸ਼ ਦੇ ਰਾਜਸੀ ਪਿੜ ’ਚ ਨਵੇਂ ਦਾਖਲ ਹੋਏ ਕੁਝ ਰਾਜਨੀਤਕ ਦਲ ਇੱਥੇ ਪ੍ਰਚੱਲਤ ਰਾਜਸੀ ਵਿਵਸਥਾ ਨੂੰ ਮੁੱਢੋਂ ਖ਼ਾਰਜ ਕਰਕੇ ਗੰਧਲ ਚੁੱਕੇ ਰਾਜਨੀਤਕ ਢਾਂਚੇ ’ਚ ਵੱਡੀਆਂ ਤਬਦੀਲੀਆਂ ਦਾ ਦਾਅਵਾ ਕਰਨ ਤੋਂ ਇਲਾਵਾ ਢੰਡੋਰਾ ਪਿੱਟਦੇ ਵੀ ਨਹੀਂ ਥੱਕਦੇ ਸਨ, ਪ੍ਰੰਤੂ ਜਾਪਦਾ ਹੈ ਉਹ ਹਰ ਪੱਖੋਂ ਪਹਿਲਿਆਂ ਨੂੰ ਵੀ ਪਛਾੜਦੇ ਦਿਖਾਈ ਦੇ ਰਹੇ ਹਨ। ਪਹਿਲੇ ਆਗੂ ਸਿਰਫ਼ ਵਾਅਦੇ ਹੀ ਕਰਦੇ ਸਨ, ਜਦੋਂ ਕਿ ਇਹਨਾਂ ਵੱਲੋਂ ਗਰੰਟੀਆਂ ਤੱਕ ਦੀਆਂ ਨਵੀਆਂ ਪਿਰਤਾਂ ਪਾਈਆਂ ਜਾ ਰਹੀਆਂ ਹਨ।ਅਜਿਹਾ ਕਰਦਿਆਂ ਦੇਸ਼ ਅਤੇ ਸੂਬਿਆਂ ਦੀ ਸਮਾਜਿਕ, ਆਰਥਿਕ ਅਤੇ ਭੂਗੋਲਿਕ ਸਥਿਤੀ ਨੂੰ ਵੀ ਪੂਰੀ ਤਰ੍ਹਾਂ ਅਣਗੌਲਿਆ ਕੀਤਾ ਜਾਂਦਾ ਹੈ।

ਭੋਲੀ ਭਾਲੀ ਜਨਤਾ ਅਤੇ ਵੋਟਰਾਂ ਨੂੰ ਬੁਰੀ ਤਰ੍ਹਾਂ ਨਜ਼ਰ-ਅੰਦਾਜ਼ ਕੀਤਾ ਜਾ ਰਿਹਾ ਹੈ। ਜ਼ਿੰਮੇਵਾਰ ਰਾਜਸੀ ਆਗੂ ਸ਼ਾਇਦ ਅਜਿਹੇ ਵਰਤਾਰਿਆਂ ਦੇ ਦੂਰਰਸੀ ਸਿੱਟਿਆਂ ਨੂੰ ਸਤਈ ਲਾਲਸਾ ਦੀ ਚਕਾਚੌਂਧ ਕਾਰਨ ਅੱਖੋਂ ਪਰੋਖੇ ਕਰ ਰਹੇ ਹਨ, ਪ੍ਰੰਤੂ ਉਨ੍ਹਾਂ ਨੂੰ ਬਰੂਦ ਦੇ ਢੇਰ ’ਤੇ ਬੈਠਣ ਵਾਲੀ ਹਕੀਕਤ ਨੂੰ ਵੀ ਆਪਣੇ ਚੇਤਿਆਂ ਦਾ ਹਿੱਸਾ ਬਣਾਉਣ ਦੀ ਜ਼ਰੂਰਤ ਹੈ।ਜਿਸ ਕਦਰ ਦੇਸ਼ ਜਾਂ ਸੂਬੇ ਦੀ ਸਮੁੱਚੀ ਵਸੋਂ ਨੂੰ ਮੁਫ਼ਤਖੋਰੀ ਦੀਆਂ ਰਿਉੜੀਆਂ ਵੰਡੀਆਂ ਜਾ ਰਹੀਆਂ ਹਨ, ਉਹ ਦੇਸ਼ ਅਤੇ ਸੂਬਿਆਂ ਦੇ ਹਿੱਤਾਂ ਲਈ ਕਿਵੇਂ ਵੀ ਪ੍ਰਸੰਗਿਕ ਨਹੀਂ ਜਾਪਦੀਆਂ। ਕਲਿਆਣਕਾਰੀ ਰਾਜ ਦੀ ਮੁੱਢਲੀ ਜ਼ਿੰਮੇਵਾਰੀ ਅਤੇ ਸਿਧਾਂਤ ਹੁੰਦਾ ਹੈ ਕਿ ਉਹ ਗਰੀਬਾਂ, ਲੋੜਵੰਦਾਂ, ਸਰੀਰਕ ਤੌਰ ’ਤੇ ਅਪੰਗਾਂ ਅਤੇ ਸਮਾਜ ਦੇ ਦੱਬੇ-ਕੁਚਲੇ ਲੋਕਾਂ ਲਈ ਕੁਝ ਨਾ ਕੁਝ ਵਿਸ਼ੇਸ਼ ਰਾਹਤ ਦੇਣ ਲਈ ਵਚਨਬੱਧ ਹੁੰਦਾ ਹੈ, ਪ੍ਰੰਤੂ ਰੱਜੇ-ਪੁੱਜੇ ਲੋਕਾਂ ਨੂੰ ਵੀ ਉਸੇ ਵਰਗ ’ਚ ਰੱਖਿਆ ਜਾਣਾ ਕਿਸੇ ਤਰ੍ਹਾਂ ਵੀ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਅਜਿਹੀਆਂ ਰਾਜਸੀ ਤਾਕਤ ਹਥਿਆਉਣ ਵਾਲੀਆਂ ਕੋਝੀਆਂ ਅਤੇ ਲੋਕ ਵਿਰੋਧੀ ਨੀਤੀਆਂ ਦੇਸ਼, ਸੂਬਿਆਂ ਅਤੇ ਜਨਤਕ ਤਰੱਕੀ ਲਈ ਕਦਾਚਿਤ ਵੀ ਸਾਰਥਿਕ ਨਹੀਂ ਮੰਨੀਆਂ ਜਾ ਸਕਦੀਆਂ, ਸਗੋਂ ਇਹ ਤਾਂ ਦੇਸ਼ ਨੂੰ ਰਸਾਤਲ ਵੱਲ ਧੱਕਣ ਦਾ ਕਾਰਨ ਹੋ ਨਿੱਬੜਦੀਆਂ ਹਨ। ਇਸ ਤਰ੍ਹਾਂ ਦੀਆਂ ਮੁਫ਼ਤਖੋਰੀ ਰਿਓੜੀਆਂ ਬਾਰੇ ਭਾਵੇਂ ਪਹਿਲਾਂ ਵੀ ਪਿੰਡਾਂ ਦੀਆਂ ਸੱਥਾਂ, ਅਖ਼ਬਾਰਾਂ, ਇਲੈਕਟ੍ਰੋਨਿਕ ਮੀਡੀਆ, ਲੋਕ ਸਰੋਕਾਰਾਂ ਨੂੰ ਪ੍ਰਣਾਈਆਂ ਜਥੇਬੰਦੀਆਂ ਅਤੇ ਸੁਹਿਰਦ ਲੋਕਾਂ ਵੱਲੋਂ ਆਪਣੀਆਂ ਲਿਖਤਾਂ, ਭਾਸ਼ਣਾਂ ਆਦਿ ਰਾਹੀਂ ਚਰਚਾ ਹੁੰਦੀ ਹੀ ਰਹਿੰਦੀ ਹੈ, ਪ੍ਰੰਤੂ ਪਿਛਲੇ ਦਿਨੀਂ ਭਾਰਤ ਦੀ ਮਾਣਯੋਗ ਸਰਵਉੱਚ ਅਦਾਲਤ ਵੱਲੋਂ ਤਾਮਿਲਨਾਡੂ ਦੀ ਬਿਜਲੀ ਵੰਡ ਕੰਪਨੀ ਦੀ ਪਟੀਸ਼ਨ, ਜਿਸ ’ਚ ਰਾਜ ਸਰਕਾਰ ਵੱਲੋਂ ਮੁਫ਼ਤ ਬਿਜਲੀ ਦੇਣ ਲਈ ਬਣਾਏ ਗਏ ਬਿਜਲੀ ਸੋਧ ਨਿਯਮ-2024 ਨੂੰ ਚੁਣੌਤੀ ਦਿੱਤੀ ਗਈ ਹੈ, ਦੀ ਸੁਣਵਾਈ ਕਰਦਿਆਂ ਮੁਫ਼ਤ ਸੌਗਾਤਾਂ ਦੇਣ ’ਤੇ ਬਹੁਤ ਹੀ ਤਿੱਖੀਆਂ ਅਤੇ ਤਲਖ਼ ਟਿੱਪਣੀਆਂ ਕੀਤੀਆਂ ਗਈਆਂ ਹਨ। ਮਾਣਯੋਗ ਮੁੱਖ ਜੱਜ ਸੂਰੀਆ ਕਾਂਤ ਦੀ ਅਗਵਾਈ ਵਾਲੇ ਤਿੰਨ ਮੈਂਬਰੀ ਬੈਂਚ ਨੇ ਸਰਕਾਰ ਦੇ ਵਕੀਲ ਨੂੰ ਕਿਹਾ ਕਿ ਪੂਰੇ ਦੇਸ਼ ਅੰਦਰ ਮੁਫ਼ਤ ਸੌਗਾਤਾਂ ਵੰਡਣ ਦੀ ਅਸੀਂ ਕਿਹੋ ਜਿਹੀ ਸੰਸਕ੍ਰਿਤੀ ਬਣਾਉਣ ਵੱਲ ਵਧ ਰਹੇ ਹਾਂ? ਉਨ੍ਹਾ ਕਿਹਾ ਕਿ ਜਿਹੜੇ ਲੋਕ ਬਿੱਲ ਅਦਾ ਕਰ ਸਕਦੇ ਹਨ ਅਤੇ ਜੋ ਅਦਾ ਨਹੀਂ ਕਰ ਸਕਦੇ, ਉਨ੍ਹਾਂ ਵਿਚਲਾ ਅੰਤਰ ਕਿੱਥੇ ਹੈ? ਮਾਣਯੋਗ ਜੱਜ ਸਾਹਿਬ ਨੇ ਸਵਾਲ ਕੀਤਾ ਕਿ ਕਲਿਆਣਕਾਰੀ ਰਾਜ ਦੇ ਰੂਪ ’ਚ ਗਰੀਬਾਂ ਦੀ ਸਹਾਇਤਾ ਕਰਨੀ ਪ੍ਰਸੰਗਿਕ ਹੈ, ਪ੍ਰੰਤੂ ਫਿਰ ਬਿੱਲ ਦੇ ਸਕਣ ਅਤੇ ਨਾ ਦੇ ਸਕਣ ਵਾਲਿਆਂ ਦਰਮਿਆਨ ਤੁਸ਼ਟੀਕਰਣ ਨਹੀਂ? ਉਨ੍ਹਾਂ ਇਹ ਵੀ ਕਿਹਾ ਕਿ ਪਹਿਲਾਂ ਹੀ ਕਈ ਹੋਰ ਰਾਜ ਵੀ ਮਾਲੀ ਘਾਟੇ ਦੇ ਬਾਵਜੂਦ ਮੁਫ਼ਤ ਸੌਗਾਤਾਂ ਵੰਡ ਰਹੇ ਹਨ। ਅਦਾਲਤ ਨੇ ਕਿਹਾ ਕਿ ਲੋਕਾਂ ਲਈ ਰੁਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਪ੍ਰਦਾਨ ਕੀਤੇ ਜਾਣੇ ਚਾਹੀਦੇ ਹਨ, ਉਨ੍ਹਾਂ ਨੂੰ ਮੰਗਤੇ ਨਾ ਬਣਾਓ। ਕੰਮ ਕਰਕੇ ਉਹ ਕਿਸੇ ’ਤੇ ਨਿਰਭਰ ਹੋਣ ਦੀ ਬਜਾਏ ਆਤਮ ਸਨਮਾਨ ਨਾਲ ਜੀਵਨ ਬਸਰ ਕਰਨ ਦੇ ਯੋਗ ਹੋ ਸਕਣ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕੋਲ ਮਾਲੀਆ ਵੱਧ ਹੈ ਤਾਂ ਉਹ ਜਨਤਾ ਦੀ ਭਲਾਈ ਲਈ ਸਕੂਲ, ਕਾਲਜ ਅਤੇ ਹਸਪਤਾਲ ਖੋਲ੍ਹਣ ਤਾਂ ਕਿ ਲੋਕਾਂ ਨੂੰ ਕੁਝ ਹੱਦ ਤੱਕ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਕੱਪੜੇ, ਖਾਣਾ, ਮੁਫ਼ਤ ਬਿਜਲੀ ਆਦਿ ਵੰਡਦੇ ਹੋ, ਜਦੋਂ ਕਿ ਬੱਚਿਆਂ ਨੂੰ ਸਿੱਖਿਆ ਅਤੇ ਇਲਾਜ ਦੇਣਾ ਕਿਸੇ ਵੀ ਕਲਿਆਣਕਾਰੀ ਰਾਜ ਦਾ ਮੁੱਢਲਾ ਫਰਜ਼ ਹੁੰਦਾ ਹੈ, ਪ੍ਰੰਤੂ ਅਮੀਰ ਅਤੇ ਸਮਰੱਥ ਲੋਕਾਂ ਨੂੰ ਵੀ ਸਭ ਕੁਝ ਮੁਫ਼ਤ ਦੇਣਾ ਪੂਰੀ ਤਰ੍ਹਾਂ ਗ਼ਲਤ ਹੈ।ਇਸ ਲਈ ਸਮੁੱਚੀਆਂ ਰਾਜਨੀਤਕ ਧਿਰਾਂ ਨੂੰ ਮਾਣਯੋਗ ਅਦਾਲਤ ਦੀਆਂ ਟਿੱਪਣੀਆਂ ’ਤੇ ਸੁਹਿਰਦਤਾ ਨਾਲ ਵਿਚਾਰ ਕਰਨ ਉਪਰੰਤ ਮਿਲ ਬੈਠ ਕੇ ਭਵਿੱਖ ’ਚ ਅਜਿਹੇ ਸੰਵੇਦਨਸ਼ੀਲ ਮੁੱਦੇ ’ਤੇ ਕੋਈ ਠੋਸ ਅਤੇ ਢੁਕਵਾਂ ਫੈਸਲਾ ਲੈਣ ਦੀ ਜ਼ਰੂਰਤ ਹੈ। ਮੁਫ਼ਤਖੋਰੀ ਨਾਲ ਦੇਸ਼ ਅਤੇ ਸੂਬਿਆਂ ਦੀ ਤਰੱਕੀ, ਆਰਥਿਕ ਦਸ਼ਾ ਅਤੇ ਦਿਸ਼ਾ ਤਾਂ ਪ੍ਰਭਾਵਤ ਹੁੰਦੀ ਹੀ ਹੈ, ਨਾਲ ਹੀ ਇੱਥੋਂ ਦੇ ਨਾਗਰਿਕਾਂ ’ਚ ਮੁਫ਼ਤ ਦੀਆਂ ਵਸਤਾਂ ਮਿਲਣ ਕਾਰਨ ਵਿਹਲੇ ਰਹਿਣ ਦੀ ਪ੍ਰਵਿਰਤੀ ਨੂੰ ਵੀ ਬੜਾਵਾ ਮਿਲਦਾ ਹੈ, ਜੋ ਇੱਥੋਂ ਦੇ ਵਿਕਾਸ ਦੇ ਰਸਤੇ ’ਚ ਮੁੱਖ ਅੜਿੱਕਾ ਬਣਦਾ ਜਾ ਰਿਹਾ ਹੈ।ਇਸ ਤੋਂ ਇਲਾਵਾ ਵਿਹਲਾ ਮਨ ਸ਼ੈਤਾਨ ਦਾ ਘਰ ਵਾਲੀ ਕਹਾਵਤ ਲਾਗੂ ਹੋਣ ਨਾਲ ਸਮਾਜਿਕ ਅਫ਼ਰਾਤਫਰੀ, ਅਰਾਜਕਤਾ ਅਤੇ ਕਾਨੂੰਨ ਵਿਵਸਥਾ ਵੀ ਪ੍ਰਭਾਵਤ ਹੋਵੇਗੀ। ਇਸ ਦੇ ਨਾਲ ਹੀ ਭਾਰਤੀ ਚੋਣ ਕਮਿਸ਼ਨ ਨੂੰ ਵੀ ਗੁਜਾਰਿਸ਼ ਹੈ ਕਿ ਬੇਤੁਕੇ, ਗੈਰਪ੍ਰਸੰਗਿਕ, ਅਧਾਰਹੀਣ, ਆਰਥਿਕਤਾ ਅਤੇ ਸਮਾਜ ’ਚ ਵੰਡੀਆਂ ਪਾਉਣ ਵਾਲੇ ਚੁਣਾਵੀ ਵਾਅਦਿਆਂ, ਗਰੰਟੀਆਂ ਅਤੇ ਲਾਰਿਆਂ ਭਰਪੂਰ ਚੋਣ ਮਨੋਰਥ ਪੱਤਰਾਂ ਦੀ ਬਰੀਕੀ ਨਾਲ ਛਾਣਬੀਣ ਕਰਨ ਉਪਰੰਤ ਹੀ ਸਾਰੇ ਰਾਜਨੀਤਕ ਦਲਾਂ ਨੂੰ ਜਨਤਕ ਤੌਰ ’ਤੇ ਇਹਨਾਂ ਨੂੰ ਨਸ਼ਰ ਕਰਨ ਦੀ ਆਗਿਆ ਦਿੱਤੀ ਜਾਵੇ।

ਜੇਕਰ ਸੰਭਵ ਹੋ ਸਕੇ ਅਤੇ ਸੰਵਿਧਾਨ ਕਾਨੂੰਨੀ ਤੌਰ ’ਤੇ ਆਗਿਆ ਦਿੰਦਾ ਹੋਵੇ ਤਾਂ ਚੋਣ ਮਨੋਰਥ ਪੱਤਰਾਂ ਨੂੰ ਸੰਵਿਧਾਨਕ ਦਾਇਰੇ ’ਚ ਲਿਆ ਕੇ ਵਾਅਦਾ-ਖਿਲਾਫ਼ੀ ਕਰਨ ਵਾਲੇ ਰਾਜਸੀ ਦਲਾਂ ਦੀ ਮਾਨਤਾ ਰੱਦ ਕਰਨ ਜਾਂ ਫਿਰ ਕੁਝ ਅਰਸੇ ਲਈ ਚੋਣ ਲੜਨ ’ਤੇ ਪਾਬੰਦੀ ਲਗਾਉਣ ਦਾ ਪ੍ਰਾਵਧਾਨ ਕਰਨ ਦੀ ਖੇਚਲ ਕੀਤੀ ਜਾਵੇ। ਇਸ ਦੇ ਨਾਲ ਹੀ ਦੇਸ਼ ਦੇ ਆਮ ਸ਼ਹਿਰੀਆਂ ਅਤੇ ਵਿਸ਼ੇਸ਼ ਕਰਕੇ ਵੋਟਰਾਂ ਨੂੰ ਵੀ ਪੁਰਜ਼ੋਰ ਅਪੀਲ ਹੈ ਕਿ ਆਪਣੇ ਬੇਸ਼ਕੀਮਤੀ ਵੋਟ ਦੀ ਮਹੱਤਤਾ ਅਤੇ ਅਹਿਮੀਅਤ ਤੋਂ ਇਲਾਵਾ ਨੈਤਿਕਤਾ, ਇਖ਼ਲਾਕ ਅਤੇ ਸਵੈਮਾਨ ਨੂੰ ਧਿਆਨ ਹਿੱਤ ਰੱਖਦਿਆਂ ਜਾਤ, ਪਾਤ, ਧਰਮ ਲਿੰਗ, ਨਸਲ ਅਤੇ ਖਿੱਤਿਆਂ ਆਦਿ ਤੋਂ ਉਪਰ ਉੱਠ ਕੇ ਸਿਧਾਂਤਕ ਪਕਿਆਈ, ਲੋਕ ਹਿੱਤੂ ਨੀਤੀਆਂ ਵਾਲੇ ਦਲਾਂ ਤੋਂ ਵੀ ਅਗਾਂਹ ਲੰਘ ਕੇ ਉਮੀਦਵਾਰ ਦੇ ਨਿੱਜੀ ਕਿਰਦਾਰ ਨੂੰ ਵੀ ਧਿਆਨ ਹਿੱਤ ਰੱਖਦਿਆਂ ਆਪਣਾ ਮਤਦਾਨ ਕਰਨ ਦੀ ਖੇਚਲ ਕਰਨ। ਅਜਿਹਾ ਕਰਦਿਆਂ ਹੀ ਅਸੀਂ ਉਕਤ ਅਲਾਮਤਾਂ ਨੂੰ ਦੂਰ ਕਰਨ ’ਚ ਆਪਣਾ ਬਣਦਾ ਯੋਗਦਾਨ ਪਾ ਰਹੇ ਹੋਵਾਂਗੇ।

# ਸੰਪਰਕ : 89680-56200

## ਪਾਠਕ-ਸੱਥ

### ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ

ਐੱਨ ਸੀ ਈ ਆਰ ਟੀ ਦੁਆਰਾ ਅੱਠਵੀਂ ਜਮਾਤ ਦੀ ਸਮਾਜਿਕ ਵਿਗਿਆਨ ਦੀ ਨਵੀਂ ਪ੍ਰਕਾਸ਼ਿਤ ਪਾਠ ਪੁਸਤਕ ਵਿੱਚ ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ ਦਾ ਵਿਸ਼ਾ ਸ਼ਾਮਿਲ ਹੋਣਾ ਆਮ ਲੋਕਾਂ ਨੂੰ ਚਿੰਤਾ, ਬੁੱਧੀਜੀਵੀਆਂ ਨੂੰ ਚਿੰਤਨ ਅਤੇ ਲੋਕਾਂ ਦੇ ਨਿਆਂਪਾਲਿਕਾ ਵਿੱਚ ਬਣੇ ਵਿਸ਼ਵਾਸ ਨੂੰ ਕਮਜ਼ੋਰ ਕਰਦਾ ਹੈ।ਭਾਰਤ ਦੇ ਚੀਫ਼ ਜਸਟਿਸ ਦੁਆਰਾ ਇਸ ਪੁਸਤਕ ਨੂੰ ਹਟਾਉਣ ਦੀ ਆਗਿਆ ਨਾਲ ਬਜ਼ਾਰ ਵਿੱਚੋਂ ਪੁਸਤਕ ਹਟਾਉਣ ਦੀਆਂ ਤਿਆਰੀਆਂ ਚਲ ਰਹੀਆਂ ਹਨ ਪਰੰਤੂ ਸਵਾਲ ਤਾਂ ਇਹ ਪੈਦਾ ਹੁੰਦਾ ਹੈ ਕਿ ਆਖ਼ਿਰ ਅਜਿਹਾ ਵਿਸ਼ਾ ਸ਼ਾਮਿਲ ਕਰਨ ਦੀ ਲੋੜ ਹੀ ਕਿਉਂ ਪਈ, ਕੀ ਸਚਮੁੱਚ ਸਾਡੀ ਨਿਆਂਪਾਲਿਕਾ ਭ੍ਰਿਸ਼ਟਾਚਾਰ ਮੁਕਤ ਹੈ? ਇਸ ਸਵਾਲ ਦਾ ਜਵਾਬ ਦੇਣਾ ਸੌਖਾ ਪ੍ਰੰਤੂ ਮੂੰਹੋਂ ਕਹਿਣਾ ਬਹੁਤ ਔਖਾ ਹੈ, ਜਵਾਬ ਸਾਨੂੰ ਪਤਾ ਹੈ ਪਰੰਤੂ ਅੰਦਰੋਂ ਅੰਦਰੀਂ ਪੈਦਾ ਹੁੰਦਾ ਤੌਖਲਾ ਜਵਾਬ ਦੇਣ ਤੋਂ ਮਨ੍ਹਾਂ ਕਰਦਾ ਹੋਇਆ ਹੱਥ ਘੁੱਟਦਾ ਹੈ। ਇੱਕ ਪ੍ਰਸਿੱਧ ਕਥਨ ਅਨੁਸਾਰ ਨਿਆਂ ਮਿਲਣ ਵਿੱਚ ਦੇਰੀ ਹੋਣਾ ਵੀ ਅਨਿਆਂ ਹੈ। ਦੇਸ਼ ਵਿੱਚ ਕਿਤੇ ਵੀ ਹੋ ਰਿਹਾ ਅਨਿਆਂ ਦੇਸ਼ ਵਿੱਚ ਹੋ ਰਹੇ ਨਿਆਂ ਲਈ ਖ਼ਤਰਾ ਹੈ। ਆਮ ਆਦਮੀ ਨੂੰ ਕੇਵਲ ਸ਼ੱਕ ਦੇ ਆਧਾਰ ਤੇ ਗ੍ਰਿਫ਼ਤਾਰ ਕਰਕੇ ਸਾਲਾਂ ਬੱਧੀ ਜੇਲ੍ਹ ਵਿੱਚ ਰੱਖਣਾ ਨਿਆਂ ਦੀ ਦੇਵੀ ਨੂੰ ਅੰਗੂਠਾ ਦਿਖਾਉਣਾ ਹੈ।

ਸਮਾਜਿਕ ਕਾਰਕੁੰਨਾ ਨੂੰ ਆਪਣੇ ਹੱਕਾਂ ਖਾਤਿਰ ਆਵਾਜ਼ ਬੁਲੰਦ ਕਰਨ ਤੇ ਬਿਨ੍ਹਾਂ ਕਿਸੇ ਦੋਸ਼ ਦੇ ਦੇਸ਼ ਧ੍ਰੋਹ ਦਾ ਖਿਤਾਬ ਦੇ ਕੇ ਜੇਲ੍ਹ ਵਿੱਚ ਡੱਕਣਾ ਅਤੇ ਜ਼ਮਾਨਤ ਵੀ ਨਾ ਦੇਣਾ ਕਿੱਥੋਂ ਦਾ ਨਿਆਂ ਹੈ? ਅਦਾਲਤਾਂ ਵਿੱਚ ਲੰਮੇ ਸਮੇਂ ਤੋਂ ਲਟਕਦੇ ਪਏ ਕੇਸਾਂ ਦਾ ਨਿਪਟਾਰਾ ਕਦੋਂ ਹੋਵੇਗਾ? ਪੰਜਾਬੀ ਦੇ ਮਰਹੂਮ ਸ਼ਾਇਰ ਸੁਰਜੀਤ ਪਾਤਰ ਜੀ ਦੇ ਅਨੁਸਾਰ ਇਨਸਾਫ਼ ਦੀ ਉਡੀਕ ਕਰਦੇ ਅਦਾਲਤਾਂ ਦੇ ਬਾਹਰ ਖੜ੍ਹੇ ਲੋਕ ਬਿਰਖ਼ ਪਏ ਜਾਪਦੇ ਹਨ ਜਿਨ੍ਹਾਂ ਦੀ ਉਡੀਕ ਪਤਾ ਨਹੀਂ ਕਦੋਂ ਖ਼ਤਮ ਹੋਵੇਗੀ? ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ ਦਾ ਮਾਮਲਾ ਇਹ ਸ਼ਾਹਦੀ ਭਰਦਾ ਹੈ ਕਿ ਦੇਸ਼ ਦੇ ਵਿੱਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਅੱਜ ਵੀ ਜ਼ਾਰੀ ਹੈ। ਬੱਚੇ ਇਸ ਬਾਰੇ ਜਾਣਨ ਕੋਈ ਮਾੜੀ ਗੱਲ ਨਹੀਂ ਉਹ ਵੀ ਦੇਸ਼ ਦਾ ਭਵਿੱਖ ਹਨ, ਉਹਨਾਂ ਨੂੰ ਵੀ ਪਤਾ ਹੋਣਾ ਚਾਹੀਦਾ ਹੈ ਕਿ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦੀ ਨਿਆਂ ਪ੍ਰਣਾਲੀ ਕਿਸ ਤਰ੍ਹਾਂ ਕੰਮ ਕਰਦੀ ਹੈ।

-ਰਜਵਿੰਦਰ ਪਾਲ ਸ਼ਰਮਾ, 70873-67969

# ਪਾਕਿਸਤਾਨ-ਬੇਸਡ ਹਥਿਆਰ ਸਮੱਗਲਿੰਗ ਬੇਨਕਾਬ, 5 ਪਿਸਟਲ ਸਮੇਤ 2 ਕਾਬੂ

**ਡਰੋਨ ਰਾਹੀਂ ਆਉਂਦੀ ਸੀ ਅਸਲੇ ਦੀ ਖੇਪ, ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ 'ਚ ਕਰਦੇ ਸਨ ਸਪਲਾਈ : ਐੱਸ ਐੱਸ ਪੀ**



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਪੁਲਸ ਵੱਲੋਂ ਮਾੜੇ ਅਨਸਰਾਂ ਖ਼ਿਲਾਫ਼ ਵਿੱਢੀ ਮੁਹਿੰਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਸੀ.ਆਈ.ਏ. ਸਟਾਫ ਮੋਗਾ ਦੀ ਟੀਮ ਵੱਲੋਂ ਦੋ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਵੱਡੀ ਮਾਤਰਾ ਵਿੱਚ ਅਸਲਾ ਬਰਾਮਦ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਐੱਸ.ਪੀ. ਮੋਗਾ ਅਜੇ ਗਾਂਧੀ ਨੇ ਦੱਸਿਆ ਕਿ ਆਪ੍ਰੇਸ਼ਨ ਪਰਹਾਰ ਤਹਿਤ ਮੋਗਾ ਵੱਲੋਂ ਤਰਨ ਤਾਰਨ ਜ਼ਿਲ੍ਹੇ ਨਾਲ ਸਬੰਧਤ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ, ਜਿਨਾਂ ਪਾਸੋਂ 5 ਪਿਸਟਲ, 6 ਮੈਗਜ਼ੀਨ ਤੇ 6 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ।ਇਸ ਤੋਂ ਇਲਾਵਾ ਇੱਕ ਮੋਬਾਈਲ ਫੋਨ ਸੈਮਸੰਗ ਗੈਲਕਸੀ ਐੱਮ 15 5ਜੀ ਵੀ ਕਬਜ਼ੇ ਵਿੱਚ ਲਿਆ ਗਿਆ।ਪੁਲਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਜਾਰੀ ਹੈ।ਐੱਸ ਐੱਸ ਪੀ ਅਜੇ ਗਾਂਧੀ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਤੇ ਡੀ.ਜੀ.ਪੀ. ਪੰਜਾਬ ਵੱਲੋਂ ਗੈਂਗਸਟਰਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਮੋਗਾ ਸੀਆਈਏ ਸਟਾਫ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਪਾਕਿਸਤਾਨ-ਬੇਸਡ ਹਥਿਆਰਾਂ ਦੇ ਤਸਕਰਾਂ ਨੂੰ ਬੇਨਕਾਬ ਕਰਦਿਆਂ ਤਰਨ ਤਾਰਨ ਜ਼ਿਲ੍ਹੇ ਦੇ ਰਹਿਣ ਵਾਲੇ ਦੋ ਵਿਅਕਤੀਆਂ ਲਖਵਿੰਦਰ ਸਿੰਘ ਤੇ ਨਿਸ਼ਾਨ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਪੁਲਸ ਨੇ ਇਨ੍ਹਾਂ ਪਾਸੋਂ 5 ਪੰਜ ਹਥਿਆਰ ਬਰਾਮਦ ਕੀਤੇ ਹਨ, ਜਿਨ੍ਹਾਂ ਵਿੱਚ ਇੱਕ ਗਲੌਕ ਪਿਸਤੌਲ, ਤਿੰਨ 30 ਬੋਰ ਪਿਸਤੌਲ ਤੇ ਇੱਕ 32 ਬੋਰ ਪਿਸਤੌਲ ਸ਼ਾਮਲ ਹਨ।ਇਸ ਤੋਂ ਇਲਾਵਾ ਛੇ ਮੈਗਜ਼ੀਨ ਤੇ ਛੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ।ਇਹ ਦੋਵੇਂ ਵਿਅਕਤੀ, ਜਿਨ੍ਹਾਂ ਨੂੰ ਕਾਬੂ ਕੀਤਾ ਗਿਆ ਹੈ, ਉਹ ਪਾਕਿਸਤਾਨ ਵਿੱਚ ਬੈਠੇ ਇੱਕ ਵਿਅਕਤੀ ਦੇ ਸੰਪਰਕ ਵਿੱਚ ਸਨ, ਜੋ ਡਰੋਨ ਰਾਹੀਂ ਆਉਂਦੀਆਂ ਹਥਿਆਰਾਂ ਦੀਆਂ ਖੇਪਾਂ ਨੂੰ ਪ੍ਰਾਪਤ ਕਰਕੇ ਅੱਗੇ ਵੇਚਦੇ ਹਨ।ਐੱਸ ਐੱਸ ਪੀ ਨੇ ਦੱਸਿਆ ਕਿ ਕਾਬੂ ਕੀਤੇ ਵਿਅਕਤੀਆਂ ਤੋਂ ਮੁੱਢਲੀ ਜਾਂਚ ਦੌਰਾਨ ਪਤਾ ਲੱਗਾ ਹੈ ਕਿ ਇਹ ਪਹਿਲਾਂ ਵੀ 3-4 ਵਾਰ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਹਥਿਆਰ ਸਪਲਾਈ ਕਰ ਚੁੱਕੇ ਹਨ।ਐੱਸ.ਐੱਸ.ਪੀ. ਨੇ ਦੱਸਿਆ ਕਿ ਇਸ ਕਾਰਵਾਈ ਨੂੰ ਐੱਸ ਪੀ ਆਈ ਬਾਲ ਕ੍ਰਿਸ਼ਨ ਸਿੰਗਲਾ ਡੀਐੱਸਪੀ ਡੀ ਸੁਖ ਅੰਮ੍ਰਿਤ ਸਿੰਘ ਸੀਆਈਏ ਇੰਚਾਰਜ ਦਲਜੀਤ ਸਿੰਘ ਬਰਾੜ ਦੀ ਨਿਗਰਾਨੀ ਹੇਠ ਸੀ.ਆਈ.ਏ. ਟੀਮ ਵੱਲੋਂ ਅੰਜਾਮ ਦਿੱਤਾ ਗਿਆ।ਦੋਸ਼ੀਆਂ ਨੂੰ ਮੋਗਾ-ਜਲੰਧਰ ਹਾਈਵੇ 'ਤੇ ਉਸ ਸਮੇਂ ਕਾਬੂ ਕੀਤਾ ਗਿਆ, ਜਦੋਂ ਉਹ ਹਥਿਆਰਾਂ ਦੀ ਸਪਲਾਈ ਕਰਨ ਲਈ ਉਡੀਕ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ, ਜਿਸ ਦੌਰਾਨ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।ਪੁਲਸ ਵੱਲੋਂ ਮੁਲਜ਼ਮਾਂ ਦੇ ਮੋਬਾਈਲ ਫੋਨ, ਸੋਸ਼ਲ ਮੀਡੀਆ ਖਾਤਿਆਂ ਤੇ ਬੈਂਕ ਵੇਰਵਿਆਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।ਐੱਸ.ਐੱਸ.ਪੀ. ਨੇ ਕਿਹਾ ਕਿ ਇਸ ਕਾਰਵਾਈ ਨਾਲ ਇੱਕ ਵੱਡੀ ਵਾਰਦਾਤ ਟਲ ਗਈ ਹੈ।ਇਸ ਰੈਕਟ ਨਾਲ ਜੁੜੇ ਹੋਰ ਲੋਕਾਂ ਨੂੰ ਵੀ ਜਲਦ ਗ੍ਰਿਫ਼ਤਾਰ ਕੀਤਾ ਜਾਵੇਗਾ।

# ਦੂਸ਼ਿਤ ਪਾਣੀ ਕਾਰਨ ਵੱਡੀ ਗਿਣਤੀ 'ਚ ਪਿੰਡ ਵਾਸੀ ਬਿਮਾਰੀ ਦੀ ਲਪੇਟ 'ਚ

**• 12 ਸਾਲਾ ਬੱਚੀ ਦੀ ਮੌਤ • ਮਾਹਰ ਡਾਕਟਰਾਂ ਦੀ ਦੇਖ ਰੇਖ ਹੇਠ ਕੀਤੀ ਜਾ ਰਹੀ ਹੈ ਸਿਹਤ ਜਾਂਚ : ਡਾ. ਰਾਜੀਵ ਪਰਾਸ਼ਰ**




**ਮਮਦੋਟ (ਜਸਬੀਰ ਸਿੰਘ ਕੰਬੋਜ)**-ਫਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ ਹਜ਼ਾਰਾ ਸਿੰਘ ਵਾਲਾ ਵਿਖੇ ਦੂਸ਼ਿਤ ਪਾਣੀ ਕਾਰਨ ਫੈਲੀ ਬਿਮਾਰੀ ਕਾਰਨ ਇੱਕ 12 ਸਾਲ ਬੱਚੀ ਦੀ ਮੌਤ ਹੋ ਗਈ ਹੈ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਇਸ ਬਿਮਾਰੀ ਨਾਲ ਪ੍ਰਭਾਵਿਤ ਹਨ। ਘਟਨਾ ਦਾ ਪਤਾ ਲੱਗਦਿਆਂ ਹੀ ਸਿਵਲ ਸਰਜਨ ਫ਼ਿਰੋਜ਼ਪੁਰ ਡਾ. ਰਾਜੀਵ ਪਰਾਸ਼ਰ ਦੇ ਹੁਕਮਾਂ 'ਤੇ ਪਿੰਡ ਵਾਸੀਆਂ ਦੀ ਸਿਹਤਯਾਬੀ ਲਈ ਸਿਹਤ ਵਿਭਾਗ ਵੱਲੋਂ2 ਲਗਾਤਾਰ ਕੈਂਪ ਲਗਾ ਕੇ ਲੋਕਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਕੈਂਪ ਦੇ ਦੂਸਰੇ ਦਿਨ ਅੱਜ ਪਿੰਡ ਵਿੱਚ ਸਿਹਤ ਵਿਭਾਗ ਵੱਲੋਂ ਮੈਡੀਕਲ ਅਫ਼ਸਰ ਡਾ. ਰੇਖਾ ਭੱਟੀ ਦੀ ਅਗਵਾਈ ਹੇਠ ਲਗਾਏ ਗਏ ਮੈਗਾ ਮੈਡੀਕਲ ਕੈਂਪ ਵਿੱਚ ਸਿਵਲ ਹਸਪਤਾਲ ਫਿਰੋਜ਼ਪੁਰ ਤੋਂ ਮਾਹਰ ਡਾਕਟਰਾਂ ਦੀ ਟੀਮ ਵਿਸ਼ੇਸ਼ ਤੌਰ 'ਤੇ ਪੁੱਜੀ, ਜਿਨ੍ਹਾਂ ਵੱਲੋਂ ਲੋਕਾਂ ਦੀ ਸਿਹਤ ਸੰਬੰਧੀ ਜਾਂਚ ਕਰਦਿਆਂ ਲੋੜੀਂਦੇ ਟੈਸਟ ਤੇ ਸੈਂਪਲ ਲਏ ਗਏ ਅਤੇ ਦਵਾਈਆਂ ਦਿੱਤੀਆਂ ਗਈਆਂ।ਮਿਲੀ ਜਾਣਕਾਰੀ ਮੁਤਾਬਿਕ ਅੱਜ ਵੀ ਦੋ ਮਰੀਜ਼ਾਂ ਨੂੰ ਫਿਰੋਜ਼ਪੁਰ ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਨੇ ਦੱਸਿਆ ਕਿ ਮੈਡੀਕਲ ਕੈਂਪ ਦੌਰਾਨ ਪਿੰਡ ਵਾਸੀਆਂ ਦੇ ਅੱਜ ਦੁਪਹਿਰ ਤੱਕ 50 ਦੇ ਕਰੀਬ ਕੀਤੇ ਗਏ ਲੈਬ ਟੈਸਟਾਂ 'ਚੋਂ ਸਿਰਫ਼ 4 ਟੈਸਟਾਂ ਵਿੱਚ ਪੀਲੀਏ ਦੇ ਲੱਛਣ ਪਾਏ ਗਏ ਹਨ।ਇਸ ਤੋਂ ਇਲਾਵਾ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਪਾਣੀ ਦੇ ਨਮੂਨੇ ਲੈ ਕੇ ਜਾਂਚ ਲਈ ਲੈਬੋਰੇਟਰੀ ਭੇਜੇ ਗਏ।ਜ਼ਿਲ੍ਹਾ ਫੂਡ ਅਫ਼ਸਰ ਦੀ ਟੀਮ ਵੱਲੋਂ ਪਿੰਡ ਵਿਖੇ ਕੁੱਝ ਦੁਕਾਨਾਂ ਤੋਂ ਖਾਣ ਵਾਲੀਆਂ ਚੀਜ਼ਾਂ ਦੇ ਸੈਂਪਲ ਵੀ ਜਾਂਚ ਲਈ ਭਰੇ ਗਏ ਹਨ।

ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲੋਕਾਂ ਨੂੰ ਸਾਫ਼ ਪਾਣੀ ਉਪਲਬਧ ਕਰਵਾਉਣ ਲਈ ਕਲੋਰੀਨ ਦੀਆਂ ਗੋਲੀਆਂ ਵੰਡੀਆਂ ਗਈਆਂ ਤੇ ਘਰ ਘਰ ਜਾ ਕੇ ਸਰਵੇ ਵੀ ਕੀਤਾ ਜਾ ਰਿਹਾ ਹੈ।ਇਸ ਮੈਗਾ ਕੈਂਪ ਵਿੱਚ ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਵੱਲੋਂ ਲੋਕਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਜਾਇਜ਼ਾ ਲਿਆ।ਇਸ ਸਬੰਧੀ ਪਿੰਡ ਹਜਾਰਾ ਸਿੰਘ ਵਾਲਾ ਦੇ ਸਰਪੰਚ ਗੁਰਨਾਮ ਸਿੰਘ ਤੇ ਬਲਵਿੰਦਰ ਸਿੰਘ ਨੇ ਦੱਸਿਆ ਕਿ ਪਿੰਡ ਵਿੱਚ ਫੈਲੀ ਬੀਮਾਰੀ 'ਤੇ ਕਾਬੂ ਪਾਉਣ ਵਾਸਤੇ ਇੱਕ ਵਾਰ ਆਰਜ਼ੀ ਤੌਰ 'ਤੇ ਵਾਟਰ ਵਰਕਸ ਨੂੰ ਬੰਦ ਕਰ ਦਿੱਤਾ ਗਿਆ ਹੈ ਤੇ ਲੋਕਾਂ ਨੂੰ ਟੈਂਕਰਾਂ ਰਾਹੀਂ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਇਆ ਜਾ ਰਿਹਾ ਹੈ।

## ਨਵਾਂ ਜ਼ਮਾਨਾ ਬਾਰੇ ਵਾਕਫ਼ੀਅਤ
## ਫਾਰਮ 4
## ਦੇਖੋ ਨਿਯਮ 8

| | |
|---|---|
| 1. ਪ੍ਰਕਾਸ਼ਨ ਸਥਾਨ | : 'ਜੋਸ਼ ਭਵਨ' ਨਹਿਰੂ ਗਾਰਡਨ ਰੋਡ, ਜਲੰਧਰ ਸ਼ਹਿਰ। |
| 2. ਪ੍ਰਕਾਸ਼ਨ ਦਾ ਸਮਾਂ | : ਰੋਜ਼ਾਨਾ (ਹਫ਼ਤੇ ਦੇ ਸੱਤ ਦਿਨ) |
| 3. ਛਾਪਕ ਦਾ ਨਾਂਅ | : ਚੰਦ ਸਿੰਘ ਉਰਫ ਚੰਦ ਫਤਿਹਪੁਰੀ |
| ਕੌਮੀਅਤ | : ਭਾਰਤੀ |
| ਪਤਾ | : ਮਾਰਫ਼ਤ ਰੋਜ਼ਾਨਾ 'ਨਵਾਂ ਜ਼ਮਾਨਾ' ਜੋਸ਼ ਭਵਨ ਨਹਿਰੂ ਗਾਰਡਨ ਰੋਡ, ਜਲੰਧਰ ਸ਼ਹਿਰ। |
| 4. ਪ੍ਰਕਾਸ਼ਕ ਦਾ ਨਾਂਅ | : ਚੰਦ ਸਿੰਘ ਉਰਫ ਚੰਦ ਫਤਿਹਪੁਰੀ |
| ਕੌਮੀਅਤ | : ਭਾਰਤੀ |
| ਪਤਾ | : ਮਾਰਫ਼ਤ ਰੋਜ਼ਾਨਾ 'ਨਵਾਂ ਜ਼ਮਾਨਾ' ਜੋਸ਼ ਭਵਨ ਨਹਿਰੂ ਗਾਰਡਨ ਰੋਡ, ਜਲੰਧਰ ਸ਼ਹਿਰ |
| 5. ਸੰਪਾਦਕ ਦਾ ਨਾਂਅ | : ਚੰਦ ਸਿੰਘ ਉਰਫ ਚੰਦ ਫਤਿਹਪੁਰੀ |
| ਕੌਮੀਅਤ | : ਭਾਰਤੀ |
| ਪਤਾ | : ਮਾਰਫ਼ਤ ਰੋਜ਼ਾਨਾ 'ਨਵਾਂ ਜ਼ਮਾਨਾ' ਜੋਸ਼ ਭਵਨ ਨਹਿਰੂ ਗਾਰਡਨ ਰੋਡ, ਜਲੰਧਰ ਸ਼ਹਿਰ |
| 6. ਉਨ੍ਹਾਂ ਵਿਅਕਤੀਆਂ ਦੇ ਨਾਂਅ ਤੇ ਪਤੇ ਜੋ ਸਮਾਚਾਰ ਪੱਤਰ ਦੇ ਮਾਲਕ ਹਨ ਤੇ ਕੁੱਲ ਪੂੰਜੀ ਦੇ ਇੱਕ ਪ੍ਰਤੀਸ਼ਤ ਤੋਂ ਵੱਧ ਦੇ ਸਾਂਝੀਦਾਰ ਜਾਂ ਹਿੱਸੇਦਾਰ ਹੋਣ। | : ਅਰਜਨ ਸਿੰਘ ਗੜਗੱਜ ਫ਼ਾਊਂਡੇਸ਼ਨ ਜਲੰਧਰ। |

ਮੈਂ ਚੰਦ ਸਿੰਘ ਉਰਫ ਚੰਦ ਫਤਿਹਪੁਰੀ ਐਲਾਨ ਕਰਦਾ ਹਾਂ ਕਿ ਉੱਪਰ ਦਿੱਤੇ ਵੇਰਵੇ ਮੇਰੀ ਜਾਣਕਾਰੀ ਅਤੇ ਵਿਸ਼ਵਾਸ ਮੁਤਾਬਕ ਠੀਕ ਹਨ।

ਸਹੀ/-
ਚੰਦ ਸਿੰਘ ਉਰਫ ਚੰਦ ਫਤਿਹਪੁਰੀ
ਪ੍ਰਕਾਸ਼ਕ

ਮਿਤੀ 28-2-2026

## ਧਾਰਮਿਕ ਸਮਾਗਮ ਸਮੇਂ ਸਰਪੰਚ ਕਿਰਨਾ ਰਾਣੀ ਦਾ ਸਨਮਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮਹਿਲ ਕਲਾਂ ਵਿਖੇ ਬਾਬੇ ਸ਼ਹੀਦਾਂ ਦੇ ਧਾਰਮਿਕ ਅਸਥਾਨ 'ਤੇ ਸਰਬੱਤ ਦੇ ਭਲੇ ਲਈ ਤਿੰਨ ਰੋਜ਼ਾ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਨੇ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ।ਇਸ ਮੌਕੇ ਪ੍ਰਧਾਨ ਖ਼ਾਲਸਾ ਨੇ ਗ੍ਰਾਮ ਪੰਚਾਇਤ ਮਹਿਲ ਕਲਾਂ ਦੇ ਸਰਪੰਚ ਬੀਬੀ ਕਿਰਨਾ ਰਾਣੀ ਬਾਂਸਲ ਵੱਲੋਂ ਇਸ ਧਾਰਮਿਕ ਅਸਥਾਨ ਦੇ ਵਿਕਾਸ ਕਾਰਜਾਂ ਲਈ ਪਾਏ ਗਏ ਵਡਮੁੱਲੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।ਪ੍ਰਬੰਧਕਾਂ ਵੱਲੋਂ ਸਰਪੰਚ ਬੀਬੀ ਕਿਰਨਾ ਰਾਣੀ, ਨੌਜਵਾਨ ਆਗੂ ਅਰੁਣ ਕੁਮਾਰ ਬਾਂਸਲ ਤੇ ਇਲਾਕੇ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਸਮੇਤ ਦਾਨੀ ਸੱਜਣਾਂ ਨੂੰ ਸਿਰੋਪਾਓ ਭੇਟ ਕਰ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਬੂਟਾ ਸਿੰਘ, ਪਰਮਜੀਤ ਸਿੰਘ ਪੰਮਾ, ਮਹਿੰਦਰ ਸਿੰਘ, ਗੁਰਵਿੰਦਰ ਸਿੰਘ, ਅਵਤਾਰ ਸਿੰਘ, ਰਾਜਵਿੰਦਰ ਸਿੰਘ ਰਾਜੂ, ਜਗਰਾਜ ਸਿੰਘ ਭੱਠਲ, ਹੈਪੀ ਮੌੜ, ਤਜਿੰਦਰਦੇਵ ਸਿੰਘ ਮਿੰਟੂ, ਕੁਲਵੰਤ ਸਿੰਘ ਭੱਠਲ, ਮਾਸਟਰ ਸੁਰਜੀਤ ਸਿੰਘ ਭੱਠਲ, ਚਮਕੌਰ ਸਿੰਘ ਮਾਨ, ਪ੍ਰਸ਼ੋਤਮ ਲਾਲ ਕਕੜੀਆ, ਗੁਰਪ੍ਰੀਤ ਸਿੰਘ ਗੋਰਾ, ਅਮਰਜੀਤ ਸਿੰਘ ਬੱਗੜ, ਰਣਜੀਤ ਸਿੰਘ ਬਾਜੇ ਕਾ, ਫੌਜੀ ਮੱਖਣ ਸਿੰਘ ਤੋਂ ਇਲਾਵਾ ਪੰਚ ਬਲਜੀਤ ਕੌਰ, ਪੰਚ ਕੁਲਵਿੰਦਰ ਕੌਰ, ਪੰਚ ਸੰਦੀਪ ਕੌਰ, ਪੰਚ ਮਨਜੀਤ ਸਿੰਘ ਆਦਿ ਹਾਜ਼ਰ ਸਨ।

## ਕਾਤਰਾਂ

### ਦੇਸੀ ਪਿਸਟਲ ਤੇ ਕਾਰਤੂਸਾਂ ਸਮੇਤ ਕਾਬੂ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਜ਼ਿਲ੍ਹਾ ਪੁਲਸ ਫਰੀਦਕੋਟ ਨੇ ਅਪਰਾਧਿਕ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਇੱਕ ਵਿਅਕਤੀ ਨੂੰ ਨਜਾਇਜ਼ ਅਸਲੇ ਸਮੇਤ ਗ੍ਰਿਫਤਾਰ ਕੀਤਾ ਹੈ।ਜਾਣਕਾਰੀ ਅਨੁਸਾਰ ਸੀ.ਆਈ.ਏ. ਸਟਾਫ਼ ਫਰੀਦਕੋਟ ਦੀ ਟੀਮ ਨੇ ਫਿਰੋਜ਼ਪੁਰ ਰੋਡ ਸਥਿਤ ਬੁਲਟ ਏਜੰਸੀ ਨੇੜੇ ਨਾਕਾਬੰਦੀ ਕੀਤੀ ਹੋਈ ਸੀ।ਚੈਕਿੰਗ ਦੌਰਾਨ ਸ਼ੱਕ ਦੇ ਆਧਾਰ 'ਤੇ ਇੱਕ ਵਿਅਕਤੀ ਨੂੰ ਰੋਕਿਆ ਗਿਆ, ਜਿਸ ਦੀ ਤਲਾਸ਼ੀ ਲੈਣ 'ਤੇ ਉਸ ਕੋਲੋਂ 01 ਦੇਸੀ ਪਿਸਟਲ (32 ਬੋਰ) ਤੇ 03 ਜ਼ਿੰਦਾ ਰੌਂਦ ਬਰਾਮਦ ਹੋਏ।ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਰਾਮੂ ਪੁੱਤਰ ਹਮੀਰਾ ਵਜੋਂ ਹੋਈ ਹੈ।ਮੁਲਜ਼ਮ ਮੂਲ ਰੂਪ ਵਿੱਚ ਉੱਤਰ ਪ੍ਰਦੇਸ਼ ਦੇ ਜ਼ਿਲ੍ਹਾ ਹਰਦੋਈ (ਥਾਣਾ ਕਲਿਆਣ) ਨਾਲ ਸਬੰਧਤ ਹੈ ਤੇ ਅੱਜਕੱਲ੍ਹ ਫਰੀਦਕੋਟ ਦੀ ਗੁਰੂ ਰਾਮ ਦਾਸ ਕਾਲੋਨੀ ਵਿੱਚ ਰਹਿ ਰਿਹਾ ਸੀ।ਮੁਲਜ਼ਮ ਵਿਰੁੱਧ ਥਾਣਾ ਸਿਟੀ ਫਰੀਦਕੋਟ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

### ਅੱਜ ਤੇ ਭਲਕੇ ਬਿਜਲੀ ਬੰਦ ਰਹੇਗੀ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪਾਵਰਕਾਮ, ਉੱਪ ਮੰਡਲ ਸ਼ਹਿਰੀ ਧੂਰੀ ਦੇ ਐੱਸ.ਡੀ.ਓ. ਗੁਰਦੀਪਇੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 66 ਕੇਵੀ ਸਬ ਸਟੇਸ਼ਨ ਧੂਰੀ ਗਰਿੱਡ ਤੋਂ ਚਲਦੇ ਟੀ2 ਤੇ ਟੀ3 ਟਰਾਂਸਫਾਰਮਰ ਤੇ ਜ਼ਰੂਰੀ ਮੇਨਟੀਨੈਂਸ ਕਾਰਨ 11 ਕੇਵੀ ਫੀਡਰ ਗਊਸ਼ਾਲਾ ਰੋਡ ਬਾਗੜੀਆਂ ਚੌਕ ਤੋਂ ਸਿੰਗਲ ਫਾਟਕ, 11 ਕੇਵੀ ਫੀਡਰ ਚੀਨੀ ਮਿੱਲ, 11 ਕੇਵੀ ਫੀਡਰ ਸ਼ਹਿਰੀ-2 ਧੂਰਾ ਰੋਡ, ਰਾਮ ਨਗਰ ਬਸਤੀ, ਮਾਨਵਾਲਾ ਰੋਡ, 11 ਕੇਵੀ ਫੀਡਰ ਆਰੀਆ ਕਾਲਜ-ਧਰਮਪੁਰਾ ਮਹੱਲਾ, 11 ਕੇਵੀ ਫੀਡਰ ਰਾਮ ਬਾਗ-ਦਸਮੇਸ਼ ਨਗਰ, ਕੱਕੜਵਾਲ ਰੋਡ, ਮਾਧੋਪੁਰੀ ਮਹੱਲਾ, ਸ਼ੇਰਪੁਰ ਰੋਡ ਦੀ ਬਿਜਲੀ ਸਪਲਾਈ 28 ਫ਼ਰਵਰੀ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 5 ਵਜੇ ਤੱਕ ਬੰਦ ਰਹੇਗੀ।ਇਸੇ ਤਰ੍ਹਾਂ ਜ਼ਰੂਰੀ ਮੁਰੰਮਤ ਕਾਰਨ 1 ਮਾਰਚ ਨੂੰ 11 ਕੇਵੀ ਫੀਡਰ ਅਨਾਜ ਮੰਡੀ-ਤੋਤਾਪੁਰੀ ਰੋਡ, ਨਵੀਂ ਅਨਾਜ ਮੰਡੀ, 11 ਕੇਵੀ ਫੀਡਰ ਸੰਗਰੂਰ ਰੋਡ-ਸੰਗਰੂਰ ਬਾਈਪਾਸ ਤੋਂ ਰਿਲਾਇੰਸ ਪੈਟਰੋਲ ਪੰਪ ਤੱਕ, 11 ਕੇਵੀ ਫੀਡਰ ਏਪੀ ਸੌਲਵੈਕਸ-ਏਪੀ ਸੌਲਵੈਕਸ, 11 ਕੇਵੀ ਫੀਡਰ ਏਪੀ ਆਰਗੈਨਿਕ-ਏਪੀ ਆਰਗੈਨਿਕ, 11 ਕੇਵੀ ਫੀਡਰ ਸਿਨਮਾ ਰੋਡ-ਧੂਰੀ ਪਿੰਡ ਬੈਂਕ ਰੋਡ ਮਹੇਸ਼ ਨਗਰ ਦੀ ਸਪਲਾਈ ਬੰਦ ਰਹੇਗੀ।

### ਬਰਨਾਲਾ ਰੈਲੀ 'ਚ ਬਲਾਕ ਮਲੌਦ ਤੋਂ ਹਜ਼ਾਰਾਂ ਵਰਕਰ ਪੁੱਜਣਗੇ : ਗਿੱਲ ਬੇਰਕਲਾਂ

**ਦੋਰਾਹਾ (ਹਰਮਿੰਦਰ ਸੇਠ)**-ਅੱਜ ਬਰਨਾਲਾ ਵਿਖੇ ਕਾਂਗਰਸ ਪਾਰਟੀ ਦੀ ਰੈਲੀ 'ਤੇ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲ ਗਾਧੀ ਅਤੇ ਆਲ ਇੰਡੀਆ ਕਾਂਗਰਸ ਦੇ ਪ੍ਰਧਾਨ ਮਲਿਕ ਅਰਜਨ ਖੜਗੇ ਨੂੰ ਸੁਨਣ ਲਈ ਮਨਰੇਗਾ ਵਰਕਰ ਤੇ ਕਿਸਾਨ ਵਰਗ ਵਿੱਚ ਭਾਰੀ ਉਤਸ਼ਾਹ ਹੈ ਤੇ ਲੋਕ ਆਪ ਮੁਹਾਰੇ ਰੈਲੀ ਵਿੱਚ ਸ਼ਮੂਲੀਅਤ ਕਰਨਗੇ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਮੋਦੀ ਸਰਕਾਰ ਮਨਰੇਗਾ ਸਕੀਮ ਤੇ ਕਿਸਾਨੀ ਨੂੰ ਬਰਬਾਦ ਕਰਨ 'ਤੇ ਲੱਗੀ ਹੋਈ ਹੈ, ਜਦੋਂ ਕਿ ਕਾਂਗਰਸ ਪਾਰਟੀ ਮਨਰੇਗਾ ਸਕੀਮ ਨੂੰ ਤੇ ਕਿਸਾਨੀ ਨੂੰ ਬਚਾਉਣ 'ਤੇ ਲੱਗੀ ਹੋਈ ਹੈ। ਉਨ੍ਹਾ ਕਿਹਾ ਕਿ ਬਲਾਕ ਮਲੋਦ ਤੋਂ ਹਜ਼ਾਰਾਂ ਵਰਕਰ ਬਰਨਾਲਾ ਰੈਲੀ ਵਿੱਚ ਰਾਹੁਲ ਗਾਂਧੀ ਦੇ ਵਿਚਾਰ ਸੁਣਨ ਲਈ ਪੁੱਜਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਤਾਰੀ ਰਾਮਗੜ੍ਹ ਸਰਦਾਰਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਬਲਜੀਤ ਸਿੰਘ ਕਿਲ੍ਹਾ ਹਾਂਸ ਸਾਬਕਾ ਸਰਪੰਚ, ਮੇਘ ਸਿੰਘ ਸਕੱਤਰ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# ਕੇਜਰੀਵਾਲ ਤੇ ਸਿਸੋਦੀਆ ਨੂੰ ਬਰੀ ਕਰਨ 'ਤੇ 'ਆਪ' 'ਚ ਖ਼ੁਸ਼ੀ ਦੀ ਲਹਿਰ

**■ ਮੋਗਾ 'ਚ ਲੱਡੂ ਵੰਡ ਕੇ ਮਨਾਇਆ ਜਸ਼ਨ**



**ਮੋਗਾ (ਇਕਬਾਲ ਸਿੰਘ ਖਹਿਰਾ)**-ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਸਾਬਕਾ ਡਿਪਟੀ ਸੀ ਐੱਮ ਮਨੀਸ਼ ਸਿਸੋਦੀਆ ਨੂੰ ਸੀ.ਬੀ.ਆਈ. ਅਦਾਲਤ ਵੱਲੋਂ ਬਰੀ ਕੀਤੇ ਜਾਣ 'ਤੇ ਮੋਗਾ ਹਲਕੇ ਦੇ ਵਿਧਾਇਕਾਂ ਤੇ ਪਾਰਟੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦਿਖਾਈ ਦਿੱਤੀ।ਇਸ ਫੈਸਲੇ ਨੂੰ ਲੈ ਕੇ ਪਾਰਟੀ ਅੰਦਰ ਜਸ਼ਨ ਦਾ ਮਾਹੌਲ ਬਣ ਗਿਆ ਹੈ।ਮੋਗਾ ਵਿੱਚ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ।ਇਸ ਮੌਕੇ ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ, ਹਲਕਾ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤ ਪਾਲ ਸਿੰਘ ਸੁਖਾਨੰਦ, ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਵੀ ਮੌਜੂਦ ਸਨ।ਵਰਕਰਾਂ ਨੇ ਇਸ ਮੌਕੇ ਇਕ-ਦੂਜੇ ਨੂੰ ਵਧਾਈਆਂ ਦਿੱਤੀਆਂ ਤੇ ਫੈਸਲੇ ਨੂੰ ਸੱਚ ਦੀ ਜਿੱਤ ਕਰਾਰ ਦਿੱਤਾ।ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਕਿਹਾ ਕਿ ਅਦਾਲਤ ਦੇ ਫੈਸਲੇ ਨਾਲ ਸੱਚ ਸਭ ਦੇ ਸਾਹਮਣੇ ਆ ਗਿਆ ਹੈ ਤੇ ਇਨਸਾਫ ਦੀ ਜਿੱਤ ਹੋਈ ਹੈ।ਪਾਰਟੀ ਆਗੂਆਂ ਨੇ ਕਿਹਾ ਕਿ ਇਹ ਫੈਸਲਾ ਨਿਰਦੋਸ਼ਤਾ ਦਾ ਸਬੂਤ ਹੈ ਤੇ ਆਮ ਆਦਮੀ ਪਾਰਟੀ ਹੋਰ ਵੀ ਮਜ਼ਬੂਤੀ ਨਾਲ ਲੋਕਾਂ ਦੀ ਸੇਵਾ ਕਰਦੀ ਰਹੇਗੀ।ਇਸ ਮੌਕੇ ਵਿਧਾਇਕਾਂ ਨੇ ਇਕੱਠੇ ਹੋ ਕੇ ਅਦਾਲਤੀ ਫੈਸਲੇ ਦਾ ਸਵਾਗਤ ਕੀਤਾ ਤੇ ਇਸ ਨੂੰ ਸੱਚ ਦੀ ਜਿੱਤ ਕਰਾਰ ਦਿੱਤਾ।ਵਿਧਾਇਕਾਂ ਨੇ ਕਿਹਾ ਕਿ 2021 ਵਿੱਚ ਲੱਗੇ ਸ਼ਰਾਬ ਨੀਤੀ ਨਾਲ ਸੰਬੰਧਤ ਦੋਸ਼ ਸਿਰਫ ਰਾਜਨੀਤਕ ਮਕਸਦਾਂ ਲਈ ਲਗਾਏ ਗਏ ਸਨ। ਉਨ੍ਹਾਂ ਦਾ ਦਾਅਵਾ ਸੀ ਕਿ ਪਾਰਟੀ ਪਹਿਲੇ ਦਿਨ ਤੋਂ ਹੀ ਆਪਣੇ ਨੇਤਾਵਾਂ ਦੀ ਇਮਾਨਦਾਰੀ 'ਤੇ ਡੱਟੀ ਰਹੀ ਅਤੇ ਹੁਣ ਅਦਾਲਤ ਦੇ ਫੈਸਲੇ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਕੋਈ ਘਪਲਾ ਨਹੀਂ ਸੀ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੀ ਮਿਲਦੀ-ਜੁਲਦੀ ਨੀਤੀ ਨਾਲ ਰੈਵੇਨਿਊ ਵਿੱਚ ਵੱਡਾ ਵਾਧਾ ਹੋਇਆ ਹੈ, ਜਿਸ ਨਾਲ ਸਪਸ਼ਟ ਹੁੰਦਾ ਹੈ ਕਿ ਇਹ ਨੀਤੀ ਲਾਭਕਾਰੀ ਸੀ।ਇਸ ਲਈ ਕੇਂਦਰ ਦੀ ਸਰਕਾਰ ਤੇ ਬੀ.ਜੇ.ਪੀ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਪੁੱਛਿਆ ਕਿ ਹੁਣ ਇਨ੍ਹਾਂ ਝੂਠੇ ਦੋਸ਼ਾਂ ਦਾ ਹਿਸਾਬ ਕੌਣ ਦੇਵੇਗਾ ? ਅੰਤ ਵਿੱਚ ਪਾਰਟੀ ਆਗੂਆਂ ਨੇ ਮੀਡੀਆ ਨੂੰ ਅਪੀਲ ਕੀਤੀ ਕਿ ਅਦਾਲਤ ਦੇ ਇਸ ਫੈਸਲੇ ਨੂੰ ਲੋਕਾਂ ਤੱਕ ਸਹੀ ਢੰਗ ਨਾਲ ਪਹੁੰਚਾਇਆ ਜਾਵੇ ਅਤੇ ਜਮਾਨਤ ਤੇ ਬਰੀ ਹੋਣ ਵਿੱਚ ਫਰਕ ਸਪੱਸ਼ਟ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਇਹ ਫੈਸਲਾ ਸਿਰਫ ਆਮ ਆਦਮੀ ਪਾਰਟੀ ਲਈ ਨਹੀਂ, ਸਗੋਂ ਸੱਚਾਈ ਤੇ ਨਿਆਂ ਪ੍ਰਣਾਲੀ 'ਤੇ ਭਰੋਸੇ ਦੀ ਜਿੱਤ ਹੈ।

# ਤਿੰਨ ਰੋਜ਼ਾ ਪੰਜਾਬ ਸਖੀ ਸ਼ਕਤੀ ਮੇਲੇ ਦਾ ਫਾਜ਼ਿਲਕਾ 'ਚ ਸ਼ਾਨਦਾਰ ਆਗਾਜ਼



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਮਹਿਲਾ ਸਸ਼ਕਤੀਕਰਨ ਨੂੰ ਮਜ਼ਬੂਤ ਕਰਨ ਤੇ ਉਨ੍ਹਾਂ ਨੂੰ ਰੋਜ਼ਗਾਰ ਦੇ ਨਾਲ ਜੋੜਨ ਤੇ ਕਲਾ ਨੂੰ ਜਨਹਿਤ ਵਿੱਚ ਲਿਜਾਉਣ ਲਈ ਸ਼ਲਾਘਾਯੋਗ ਪਹਿਲਕਦਮੀਆਂ ਉਲੀਕੀਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਜ਼ਿਲ੍ਹਾ ਫਾਜ਼ਿਲਕਾ ਵਿਖੇ ਤਿੰਨ ਰੋਜ਼ਾ 'ਪੰਜਾਬ ਸਖੀ ਸ਼ਕਤੀ ਮੇਲਾ-2026' ਕਰਵਾਇਆ ਜਾ ਰਿਹਾ ਹੈ, ਜਿਸ ਦੀ ਸ਼ੁਰੂਆਤ ਸ਼ੁੱਕਰਵਾਰ ਨੂੰ ਕੀਤੀ ਗਈ।ਇਸ ਦੌਰਾਨ ਮੁੱਖ ਮਹਿਮਾਨ ਵਜੋਂ ਫਾਜ਼ਿਲਕਾ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ, ਵਿਧਾਇਕ ਜਲਾਲਾਬਾਦ ਸ੍ਰੀ ਜਗਦੀਪ ਕੰਬੋਜ ਗੋਲਡੀ ਤੇ ਵਿਧਾਇਕ ਬਲੂਆਣਾ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਵਿਸ਼ੇਸ਼ ਤੌਰ 'ਤੇ ਪੁੱਜੇ।ਪ੍ਰੋਗਰਾਮ ਦੀ ਸ਼ੁਰੂਆਤ ਜੋਤ ਜਗਾ ਕੇ ਕੀਤੀ ਗਈ।ਮੇਲੇ ਦਾ ਉਦਘਾਟਨ ਕਰਦਿਆਂ ਵਿਧਾਇਕ ਸਾਹਿਬਾਨ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਧੰਨਵਾਦੀ ਹਾਂ, ਜਿਨ੍ਹਾਂ ਦੀ ਬਦੌਲਤ ਪੰਜਾਬ ਵਿੱਚ ਮੇਲੇ ਲੱਗਣੇ ਸ਼ੁਰੂ ਹੋਏ ਹਨ।ਇਸ ਮੇਲੇ ਜ਼ਰੀਏ ਪਿੰਡਾਂ ਵਿੱਚ ਬੈਠੀਆਂ ਹੁਨਰਮੰਦ ਮਹਿਲਾਵਾਂ ਲਈ ਰੁਜ਼ਗਾਰ ਦੇਣ ਦਾ ਪੰਜਾਬ ਸਰਕਾਰ ਵੱਲੋਂ ਪਲੇਟਫਾਰਮ ਤਿਆਰ ਕੀਤਾ ਗਿਆ ਹੈ।ਮੇਲੇ ਵਿੱਚ ਵੱਖ-ਵੱਖ ਤਰ੍ਹਾਂ ਦੇ ਖਾਣ-ਪੀਣ ਦੇ ਸਟਾਲ ਲਗਾਏ ਗਏ ਹਨ। ਰੋਜ਼ਾਨਾ ਪੰਜਾਬੀ ਗਾਇਕ ਵੱਲੋਂ ਸ਼ਾਮ ਨੂੰ ਖ਼ੂਬਸੂਰਤ ਪੇਸ਼ਕਾਰੀ ਪੇਸ਼ ਕੀਤੀ ਜਾਵੇਗੀ।ਮੇਲੇ ਵਿੱਚ ਪੰਜਾਬ ਦਾ ਸੱਭਿਆਚਾਰ ਤੇ ਵਿਰਸਾ ਦਿਖਾਇਆ ਜਾਵੇਗਾ। ਮੇਲੇ ਦੇ ਨੋਡਲ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੁਭਾਸ਼ ਚੰਦਰ ਨੇ ਕਿਹਾ ਕਿ ਅਜਿਹੇ ਮੇਲੇ ਆਪਣੇ ਸੱਭਿਆਚਾਰ ਨਾਲ ਜੁੜਨ ਦਾ ਇਕ ਵਧੀਆ ਵਸੀਲਾ ਹਨ ਤੇ ਸਾਨੂੰ ਸਾਡੀ ਅਮੀਰ ਵਿਰਾਸਤ ਤੋਂ ਜਾਣੂ ਕਰਵਾਉਂਦੇ ਹਨ।ਉਨ੍ਹਾਂ ਹਰ ਸਟਾਲ 'ਤੇ ਜਾ ਕੇ ਸ਼ਿਲਪਕਾਰਾਂ ਵੱਲੋਂ ਬਣਾਈਆਂ ਵਸਤਾਂ ਨੂੰ ਦੇਖਿਆ ਤੇ ਖ਼ਰੀਦੋ-ਫਰੋਖ਼ਤ ਕੀਤੀ।ਮੇਲੇ ਦੀ ਸ਼ੁਰੂਆਤ ਮੌਕੇ ਹਾਜ਼ਰੀਨ ਲਈ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮ ਕਰਵਾਏ ਗਏ। ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਮੀਨਾਕਸ਼ੀ ਗੁਪਤਾ, ਸ਼ੁਭਮ, ਮੈਡਮ ਨਵਨੀਤ, ਕਿਰਨ ਕੁਮਾਰ ਆਦਿ ਵੱਲੋਂ ਵਿਸ਼ੇਸ਼ ਯੋਗਦਾਨ ਦਿੱਤਾ ਗਿਆ।

## ਭੱਠਾ ਮਜ਼ਦੂਰ ਯੂਨੀਅਨ ਬਲਾਕ ਰਾਮਪੁਰਾ ਦੀ ਮੀਟਿੰਗ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਭੱਠਾ ਮਜ਼ਦੂਰ ਯੂਨੀਅਨ ਬਲਾਕ ਰਾਮਪੁਰਾ (ਮਜ਼ਦੂਰ ਐਸੋਸੀਏਸ਼ਨ ਪੰਜਾਬ ਰਜਿ:140) ਦੀ ਮੀਟਿੰਗ ਪ੍ਰਧਾਨ ਮੱਖਣ ਸਿੰਘ ਦੀ ਪ੍ਰਧਾਨਗੀ ਹੇਠ ਰਾਮਪੁਰਾ ਫੂਲ ਵਿਖੇ ਹੋਈ। ਇਸ ਮੀਟਿੰਗ ਵਿੱਚ ਇਲਾਕਾ ਰਾਮਪੁਰਾ ਅਧੀਨ ਪੈਂਦੇ ਵੱਖ ਵੱਖ ਭੱਠਿਆਂ ਦੇ ਮਜ਼ਦੂਰ ਸ਼ਾਮਲ ਹੋਏ ਤੇ ਮਜ਼ਦੂਰਾਂ ਨੂੰ ਆ ਰਹੀਆਂ ਦਰਪੇਸ਼ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਪ੍ਰਧਾਨ ਮੱਖਣ ਸਿੰਘ ਨੇ ਕਿਹਾ ਕਿ ਭੱਠਾ ਮਾਲਕਾਂ ਵੱਲੋਂ ਮਜ਼ਦੂਰਾਂ ਨੂੰ ਕੱਚੀਆਂ ਇੱਟਾਂ ਦੀ ਟਰਾਲੀ ਭਰਨ ਬਦਲੇ 220/-ਪ੍ਰਤੀ ਹਜ਼ਾਰ ਦਾ ਰੇਟ ਦਿੱਤਾ ਜਾ ਰਿਹਾ ਹੈ, ਜਦੋਂ ਕਿ ਡੀ ਸੀ ਦਫਤਰ ਬਠਿੰਡਾ ਵੱਲੋਂ 338/- ਰੁਪਏ ਰੇਟ ਮਨਜ਼ੂਰ ਕੀਤਾ ਗਿਆ ਹੈ। ਇਸ ਤਰ੍ਹਾਂ ਭੱਠਾ ਮਾਲਕਾਂ ਵੱਲੋਂ ਰੇਟ 'ਚ 118/- ਕਟੌਤੀ ਕਰਕੇ ਭੱਠਾ ਮਜ਼ਦੂਰਾਂ ਦੀ ਅੰਨ੍ਹੀਂ ਲੁੱਟ ਕੀਤੀ ਜਾ ਰਹੀ ਹੈ, ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਨਜਾਇਜ਼ ਕੀਤੀ ਜਾ ਰਹੀ ਇਹ ਕਟੌਤੀ ਤੁਰੰਤ ਬੰਦ ਕੀਤੀ ਜਾਵੇ ਤੇ ਕਿਹਾ ਕਿ ਭੱਠਿਆਂ ਤੇ ਮਜ਼ਦੂਰਾਂ ਲਈ ਪੀਣ ਵਾਲੇ ਸਾਫ ਪਾਣੀ ਤੇ ਪਖ਼ਾਨਿਆਂ ਦਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਭੱਠਾ ਮਾਲਕਾਂ ਵੱਲੋਂ ਉਨ੍ਹਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨਾ ਮੰਨੀਆਂ ਤਾਂ ਜਥੇਬੰਦੀ ਭੱਠਾ ਮਾਲਕਾਂ ਖ਼ਿਲਾਫ਼ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗੀ। ਇਸ ਸਮੇਂ ਮੀਤ ਪ੍ਰਧਾਨ ਜੱਸਾ ਸਿੰਘ, ਸੈਕਟਰੀ ਦਰਸ਼ਨ ਸਿੰਘ, ਜ਼ੋਰਾ ਸਿੰਘ ਫੂਲ, ਸੁਖਪਾਲ ਸਿੰਘ, ਬਾਵਾ ਸਿੰਘ, ਰਾਮਪਾਲ ਸਿੰਘ, ਜਸਪਾਲ ਸਿੰਘ ਤੇ ਕਲਵੰਤ ਸਿੰਘ ਆਦਿ ਹਾਜ਼ਰ ਸਨ।

# ਗੈਂਗਸਟਰਾਂ 'ਤੇ ਵਾਰ ਮੁਹਿੰਮ ਤਹਿਤ ਜ਼ਿਲ੍ਹੇ ਭਰ 'ਚ ਨਾਕੇਬੰਦੀ ਤੇ ਸਖ਼ਤ ਚੈਕਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਪੰਜਾਬ ਸਰਕਾਰ ਤੇ ਡੀਜੀਪੀ ਵੱਲੋਂ ਗੈਂਗਸਟਰਾਂ ਅਤੇ ਅਪਰਾਧਕ ਤੱਤਾਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਗੈਂਗਸਟਰਾਂ ਦੇ ਵਾਰ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਅਮਨ-ਕਾਨੂੰਨ ਦੀ ਸਥਿਤੀ ਮਜ਼ਬੂਤ ਬਣਾਈ ਰੱਖਣ ਲਈ ਵਿਸ਼ਾਲ ਪੱਧਰ 'ਤੇ ਸਪੈਸ਼ਲ ਨਾਕਾਬੰਦੀ ਅਤੇ ਸਰਚ ਅਭਿਆਨ ਚਲਾਇਆ ਗਿਆ।ਮੁਹਿੰਮ ਦੀ ਅਗਵਾਈ ਐਸ.ਐਸ.ਪੀ. ਸ੍ਰੀ ਅਭਿਮੰਨਿਊ ਰਾਣਾ (ਆਈ.ਪੀ.ਐਸ.) ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਕੀਤੀ ਗਈ, ਜਿਸਦਾ ਮੁੱਖ ਉਦੇਸ਼ ਸ਼ਰਾਰਤੀ ਅਨਸਰਾਂ, ਗੈਂਗਸਟਰਾਂ, ਨਸ਼ਾ ਤਸਕਰਾਂ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਤੱਤਾਂ 'ਤੇ ਸਖ਼ਤ ਨਜ਼ਰ ਰੱਖਣਾ ਸੀ।ਪੁਲਸ ਵੱਲੋਂ ਜ਼ਿਲ੍ਹਾ ਭਰ ਵਿੱਚ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਇੱਕ ਵਿਸ਼ੇਸ਼ ਸਰਚ ਅਭਿਆਨ ਚਲਾਇਆ ਗਿਆ।ਇਸ ਦੌਰਾਨ ਜ਼ਿਲ੍ਹੇ ਦੇ ਚਾਰੇ ਸਬ-ਡਵੀਜ਼ਨਾਂ 'ਚ ਕੁੱਲ 18 ਨਾਕੇ ਲਾ ਕੇ ਸ਼ੱਕੀ ਵਿਅਕਤੀਆਂ ਤੇ ਵਾਹਨਾਂ ਦੀ ਗਹਿਰੀ ਚੈਕਿੰਗ ਕੀਤੀ ਗਈ।ਜ਼ਿਲ੍ਹੇ ਦੇ ਚਾਰੇ ਸਬ-ਡਵੀਜ਼ਨ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, ਮਲੋਟ ਤੇ ਲੰਬੀ 'ਚ ਨਾਕੇਬੰਦੀ ਕੀਤੀ ਗਈ।ਹਰ ਨਾਕੇ 'ਤੇ ਔਸਤਨ 11 ਪੁਲਿਸ ਮੁਲਾਜ਼ਮ ਤਾਇਨਾਤ ਰਹੇ।200 ਦੇ ਕਰੀਬ ਪੁਲਿਸ ਅਧਿਕਾਰੀ ਤੇ ਕ੍ਰਮਚਾਰੀ ਡਿਊਟੀ 'ਤੇ ਇਸ ਸਪੈਸ਼ਲ ਅਪ੍ਰੇਸ਼ਨ ਦੀ ਸੁਪਰਵਿਜ਼ਨ ਐਸ.ਪੀ. (ਡੀ) ਸ੍ਰੀ ਮਨਮੀਤ ਸਿੰਘ ਢਿੱਲੋਂ ਤੇ ਸਬੰਧਤ ਸਬ-ਡਵੀਜ਼ਨਾਂ ਦੇ ਡੀ.ਐਸ.ਪੀਜ਼ ਸ੍ਰੀ ਬਚਨ ਸਿੰਘ ਡੀਐਸਪੀ, ਸ੍ਰੀ ਅਰਨ ਮੁੰਡਨ ਡੀਐਸਪੀ ਗਿੱਦੜਬਾਹਾ, ਸ੍ਰੀ ਨਵੀਨ ਪਾਲ ਸਿੰਘ ਡੀਐਸਪੀ ਮਲੋਟ ਤੇ ਸ੍ਰੀ ਹਰਬੰਸ ਸਿੰਘ ਡੀਐਸਪੀ ਲੰਬੀ ਵੱਲੋਂ ਕੀਤੀ ਗਈ, ਤਾਂ ਜੁ ਨਾਕਾਬੰਦੀ ਅਤੇ ਚੈਕਿੰਗ ਦੌਰਾਨ ਹਰ ਪੱਧਰ 'ਤੇ ਪੂਰੀ ਸਖ਼ਤੀ ਬਣੀ ਰਹੇ।ਵਾਹਣ ਐਪ ਦੀ ਮਦਦ ਨਾਲ ਵਾਹਨਾਂ ਦੀ ਜਾਂਚ ਕੀਤੀ ਗਈ ਤਾਂ ਜੁ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਵਾਹਨ ਚੋਰੀਸ਼ੁਦਾ ਜਾਂ ਕਿਸੇ ਅਪਰਾਧਕ ਗਤੀਵਿਧੀ ਵਿੱਚ ਸ਼ਾਮਲ ਨਾ ਹੋਵੇ।ਐਸ.ਐਸ.ਪੀ. ਸ੍ਰੀ ਅਭਿਮੰਨਿਊ ਰਾਣਾ ਨੇ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਪੁਲਿਸ ਜ਼ਿਲ੍ਹੇ ਦੀ ਸ਼ਾਂਤੀ, ਸੁਰੱਖਿਆ ਤੇ ਕਾਨੂੰਨ-ਵਿਵਸਥਾ ਨੂੰ ਹਰ ਕੀਮਤ 'ਤੇ ਬਰਕਰਾਰ ਰੱਖਣ ਲਈ ਵਚਨਬੱਧ ਹੈ।ਇਹ ਵਿਸ਼ੇਸ਼ ਸਰਚ ਅਭਿਆਨ ਅਪਰਾਧਕ ਗਤੀਵਿਧੀਆਂ 'ਤੇ ਨਕੇਲ ਕੱਸਣ ਅਤੇ ਸ਼ਰਾਰਤੀ ਅਨਸਰਾਂ ਦੀ ਸਰਗਰਮੀ 'ਤੇ ਨਿਗਰਾਨੀ ਲਈ ਚਲਾਇਆ ਗਿਆ ਹੈ।

# ਪੰਜਾਬ ਬਚਾਓ ਰੈਲੀ ਦੀ ਕਾਮਯਾਬੀ ਲਈ ਅਕਾਲੀਆਂ ਵੱਲੋਂ ਇਕਜੁੱਟਤਾ ਦਾ ਦਾਅਵਾ

**ਜਥੇਦਾਰ ਮਾਹਲਾ 2027 'ਚ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ : ਆਗੂ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਅੰਦਰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਕੀਤੀ ਜਾ ਰਹੀ 'ਪੰਜਾਬ ਬਚਾਓ ਰੈਲੀ' ਦੇ ਸਬੰਧ ਵਿੱਚ ਅਹਿਮ ਮੀਟਿੰਗ ਪ੍ਰਧਾਨ ਆਤਮਾ ਸਿੰਘ ਬਰਾੜ ਤੇ ਯੂਥ ਆਗੂ ਸੁਖਵੀਰ ਸਿੰਘ ਸੁੱਖਾ ਬਰਾੜ ਦੇ ਗ੍ਰਹਿ ਵਿਖੇ ਕੀਤੀ ਗਈ।ਇਸ ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਹਲਕਾ ਬਾਘਾ ਪੁਰਾਣਾ ਦੀ ਸੀਨੀਅਰ ਲੀਡਰਸ਼ਿੱਪ ਤੇ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਮੀਟਿੰਗ ਦੌਰਾਨ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਵਿਸਥਾਰ ਨਾਲ ਵਿਚਾਰ-ਚਰਚਾ ਕੀਤੀ ਗਈ।ਆਗੂਆਂ ਨੇ ਕਿਹਾ ਕਿ ਹਲਕੇ ਦੇ ਹਰ ਪਿੰਡ ਤੇ ਸ਼ਹਿਰ ਵਿੱਚ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਜਾਣਗੀਆਂ ਤਾਂ ਜੋ ਵੱਧ ਤੋਂ ਵੱਧ ਲੋਕ ਰੈਲੀ ਵਿੱਚ ਸ਼ਮੂਲੀਅਤ ਕਰ ਸਕਣ।ਮੀਟਿੰਗ ਵਿਚ ਸਾਬਕਾ ਸਰਪੰਚ ਜਗਮੋਹਨ ਸਿੰਘ ਜੈ ਸਿੰਘ ਵਾਲਾ (ਬੀਬੀਸੀ ਵਾਲੇ), ਪਵਨ ਗੋਇਲ ਸਰਪ੍ਰਸਤ ਯੂਥ ਅਗਰਵਾਲ ਸਭਾ, ਐਡਵੋਕੇਟ ਰਾਮ ਬਾਂਸਲ ਸ਼ਹਿਰੀ ਪ੍ਰਧਾਨ ਯੂਥ ਵਿੰਗ, ਰਾਜਵਿੰਦਰ ਸਿੰਘ ਜੈ ਸਿੰਘ ਵਾਲਾ, ਜਥੇਦਾਰ ਗੁਰਜੰਟ ਸਿੰਘ ਬਰਾੜ, ਜਨਮਦੀਪ ਸਿੰਘ ਬਰਾੜ ਚੰਨੂੰਵਾਲਾ, ਹਰਵਿੰਦਰ ਸਿੰਘ ਬਰਾੜ, ਸਤਨਾਮ ਸਿੰਘ ਸੱਤੂ ਤੇ ਪਰਮਪਾਲ ਸਿੰਘ ਸਮੇਤ ਕਈ ਆਗੂ ਮੌਜੂਦ ਸਨ।ਸਭ ਨੇ ਇਕਸੁਰ ਹੋ ਕੇ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਨਾਲ ਪੁਰਾਣੇ ਤੇ ਨਵੇਂ ਸਾਰੇ ਵਰਕਰ ਚੱਟਾਨ ਵਾਂਗ ਖੜ੍ਹੇ ਹਨ।ਆਗੂਆਂ ਨੇ ਦਾਅਵਾ ਕੀਤਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਬਾਘਾ ਪੁਰਾਣਾ ਤੋਂ ਜਥੇਦਾਰ ਮਾਹਲਾ ਨੂੰ ਜਿੱਤ ਦਿਵਾਉਣ ਲਈ ਵਰਕਰ ਦਿਨ-ਰਾਤ ਮਿਹਨਤ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕ ਮੌਜੂਦਾ ਹਾਲਾਤਾਂ ਤੋਂ ਨਿਰਾਸ਼ ਹਨ ਤੇ ਇਸ ਵਾਰ ਆਪਣਾ ਫਤਵਾ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਹੱਕ ਵਿੱਚ ਦੇਣ ਲਈ ਤਿਆਰ ਬੈਠੇ ਹਨ।ਮੀਟਿੰਗ ਦੌਰਾਨ ਇਹ ਵੀ ਕਿਹਾ ਗਿਆ ਕਿ 'ਪੰਜਾਬ ਬਚਾਓ ਰੈਲੀ' ਸਿਰਫ਼ ਇੱਕ ਰਾਜਨੀਤਕ ਪ੍ਰੋਗਰਾਮ ਨਹੀਂ, ਸਗੋਂ ਪੰਜਾਬ ਦੇ ਹੱਕਾਂ ਤੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨ ਦਾ ਮੰਚ ਹੈ।ਵਰਕਰਾਂ ਨੂੰ ਅਪੀਲ ਕੀਤੀ ਗਈ ਕਿ ਉਹ ਘਰ-ਘਰ ਜਾ ਕੇ ਲੋਕਾਂ ਨੂੰ ਰੈਲੀ ਵਿੱਚ ਸ਼ਮੂਲੀਅਤ ਲਈ ਪ੍ਰੇਰਿਤ ਕਰਨ।ਅੰਤ ਵਿੱਚ ਆਗੂਆਂ ਨੇ ਭਰੋਸਾ ਜਤਾਇਆ ਕਿ ਹਲਕੇ ਵਿੱਚ ਪਾਰਟੀ ਪੂਰੀ ਤਰ੍ਹਾਂ ਇਕਜੁੱਟ ਹੈ ਤੇ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਆਉਣ ਵਾਲੀਆਂ ਚੋਣਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ।ਉਨ੍ਹਾਂ ਕਿਹਾ ਕਿ ਵਰਕਰਾਂ ਦੀ ਏਕਤਾ ਤੇ ਜਨਤਾ ਦੇ ਸਹਿਯੋਗ ਨਾਲ ਜਿੱਤ ਦੀਆਂ ਪੌੜੀਆਂ ਚੜ੍ਹ ਕੇ ਹੀ ਉਹ ਦਮ ਲੈਣਗੇ।

## ਰਣਜੋਧ ਹਡਾਣਾ ਵੱਲੋਂ ਬੀ ਸੀ ਵਿੰਗ ਦੇ ਕੋਆਰਡੀਨੇਟਰ ਰਿਸ਼ੂ ਗਿਰ ਦਾ ਸਨਮਾਨ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਵਿੱਚ ਆਮ ਆਦਮੀ ਪਾਰਟੀ ਦੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਦੀਆਂ ਗਤੀਵਿਧੀਆਂ ਲਗਾਤਾਰ ਜਾਰੀ ਹਨ।ਇਸੇ ਕੜੀ ਤਹਿਤ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਬੀ. ਸੀ. ਵਿੰਗ ਦੇ ਨਵ-ਨਿਯੁਕਤ ਹਲਕਾ ਕੋਆਰਡੀਨੇਟਰ ਰਿਸ਼ੂ ਗਿਰ ਪਿੱਪਲ ਖੇੜੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਗੁਰਿੰਦਰਪਾਲ ਸਿੰਘ ਅਦਾਲਤੀਵਾਲਾ ਬਲਾਕ ਸੰਮਤੀ ਮੈਂਬਰ, ਮਨਿੰਦਰ ਫ਼ਾਂਸਵਾਲਾ ਜ਼ਿਲ੍ਹਾ ਪ੍ਰਧਾਨ ਬੀ ਸੀ ਵਿੰਗ, ਲਾਲੀ ਰਹਿਲ ਪੀ ਏ, ਗੁਰਜੀਤ ਧੰਜੂ ਪ੍ਰਧਾਨ ਸੋਸ਼ਲ ਮੀਡੀਆ, ਹਰਪ੍ਰੀਤ ਸਿੰਘ ਘੁੰਮਣ ਬਲਾਕ ਪ੍ਰਧਾਨ, ਪੰਕਜ ਸ਼ਰਮਾ ਮੀਡੀਆ ਤੋਂ ਇਲਾਵਾ ਪਾਰਟੀ ਦੇ ਸੀਨੀਅਰ ਆਗੂਆਂ ਨੇ ਵੀ ਸ਼ਿਰਕਤ ਕੀਤੀ। ਇਨ੍ਹਾਂ ਸਾਰੇ ਆਗੂਆਂ ਨੇ ਰਿਸ਼ੂ ਗਿਰ ਨੂੰ ਵਧਾਈ ਦਿੱਤੀ ਤੇ ਪਾਰਟੀ ਦੀ ਚੜ੍ਹਦੀ ਕਲਾ ਲਈ ਮਿਲ ਕੇ ਕੰਮ ਕਰਨ ਦਾ ਅਹਿਦ ਲਿਆ।ਸਨਮਾਨ ਉਪਰੰਤ ਗੱਲਬਾਤ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਰਿਸ਼ੂ ਗਿਰ ਪਿੱਪਲ ਖੇੜੀ ਨੇ ਲੰਬੇ ਸਮੇਂ ਤੋਂ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਦਿਨ-ਰਾਤ ਕੰਮ ਕੀਤਾ ਹੈ ਤੇ ਉਨ੍ਹਾਂ ਦੀ ਇਸ ਨਿਯੁਕਤੀ ਨਾਲ ਪਾਰਟੀ ਦਾ ਬੀ.ਸੀ. ਵਿੰਗ ਹਲਕੇ ਵਿੱਚ ਹੋਰ ਵੀ ਸਰਗਰਮ ਤੇ ਸ਼ਕਤੀਸ਼ਾਲੀ ਹੋਵੇਗਾ।ਨਵ-ਨਿਯੁਕਤ ਕੋਆਰਡੀਨੇਟਰ ਰਿਸ਼ੂ ਗਿਰ ਪਿੱਪਲ ਖੇੜੀ ਨੇ ਹਲਕਾ ਇੰਚਾਰਜ ਰਣਜੋਧ ਹਡਾਣਾ ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਨੂੰ ਦਿੱਤੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।

# ਕੋਟਾਂ ਕਾਲਜ ਵਿਖੇ ਕੌਮਾਂਤਰੀ ਮਾਂ-ਬੋਲੀ ਦਿਵਸ ਨੂੰ ਸਮਰਪਤ ਵਰਕਸ਼ਾਪ



**ਦੋਰਾਹਾ (ਹਰਮਿੰਦਰ ਸੇਠ)**-ਮਾਤਾ ਗੰਗਾ ਖ਼ਾਲਸਾ ਕਾਲਜ ਮੰਜੀ ਸਾਹਿਬ ਕੋਟਾਂ (ਪ੍ਰਬੰਧ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ) ਵਿਖੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਪੰਜਾਬੀ ਸਾਹਿਤ ਸਭਾ ਵੱਲੋਂ ਕੌਮਾਂਤਰੀ ਮਾਂ-ਬੋਲੀ ਨੂੰ ਸਮਰਪਤ ਲੜੀਵਾਰ ਪ੍ਰੋਗਰਾਮਾਂ ਤਹਿਤ 'ਸ਼ੁੱਧ ਤੇ ਸੁੰਦਰ ਪੰਜਾਬੀ ਕਿਵੇਂ ਲਿਖੀਏ' ਵਿਸ਼ੇ ਦੇ ਸੰਬੰਧ ਵਿੱਚ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਵਰਕਸ਼ਾਪ ਵਿੱਚ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਭਰਪੂਰ ਉਤਸ਼ਾਹ ਨਾਲ ਹਿੱਸਾ ਲਿਆ।

ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸ਼ੁੱਧ ਲਿਖਤ, ਸਹੀ ਵਿਆਕਰਨ ਤੇ ਗੁਰਮੁਖੀ ਲਿੱਪੀ ਦੀ ਸੁੰਦਰਤਾ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਇਸ ਮੌਕੇ ਪੰਜਾਬੀ ਵਿਭਾਗ ਦੇ ਲੈਕਚਰਾਰ ਸੁਰਿੰਦਰ ਕੌਰ ਨੇ ਰਿਸੋਰਸ ਪਰਸਨ ਵਜੋਂ ਆਪਣੇ ਵਿਚਾਰ ਪ੍ਰਗਟ ਕੀਤੇ।ਵਿਭਾਗ ਦੇ ਮੁਖੀ ਪ੍ਰੋ. ਮਨਜੀਤ ਕੌਰ ਭੱਟੀ ਨੇ ਲੈਕਚਰਾਰ ਸੁਰਿੰਦਰ ਕੌਰ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਸ਼ੁੱਧ ਤੇ ਸੁੰਦਰ ਲਿਖਾਈ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਪਰੂਫ਼ ਰੀਡਿੰਗ ਕਰਨ ਦੇ ਵੀ ਨੁਕਤੇ ਸਾਂਝੇ ਕੀਤੇ।ਵਿਭਾਗ ਦੇ ਡਾ. ਰੂਪਾ ਕੌਰ ਨੇ ਵੀ ਵਿਦਿਆਰਥੀਆਂ ਨੂੰ ਮਾਂ-ਬੋਲੀ ਨਾਲ ਜੁੜਨ ਤੇ ਸੁੰਦਰ ਲਿਖਤ ਲਈ ਉਤਸ਼ਾਹਤ ਕੀਤਾ।ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਆਪਣੇ ਸੰਦੇਸ਼ ਵਿੱਚ ਕਿਹਾ ਕਿ ਅਜਿਹੀਆਂ ਸਕੂਲ ਤੇ ਕਾਲਜ ਪੱਧਰੀ ਗਤੀਵਿਧੀਆਂ ਨਾਲ ਵਿਦਿਆਰਥੀਆਂ ਦੀ ਅਭਿਵਿਅਕਤੀ-ਸ਼ਕਤੀ ਵਿੱਚ ਨਿਖਾਰ ਆਉਂਦਾ ਹੈ ਤੇ ਮਾਤ-ਭਾਸ਼ਾ ਪ੍ਰਤੀ ਲਗਨ ਵਧਦੀ ਹੈ।ਇਸ ਮੌਕੇ ਡਾ. ਕਮਲ ਰਾਏ, ਪ੍ਰੋ. ਨੀਰੂ ਗਰਗ, ਪ੍ਰੋ. ਵਰਿੰਦਰਜੀਤ ਕੌਰ, ਲੈਕਚਰਾਰ ਅੰਮ੍ਰਿਤਪਾਲ ਕੌਰ, ਲੈਕਚਰਾਰ ਗੁਰਪ੍ਰੀਤ ਕੌਰ ਤੇ ਪ੍ਰੋ. ਹਰਲਿਵਲੀਨ ਕੌਰ ਨੇ ਵੀ ਸ਼ਮੂਲੀਅਤ ਕੀਤੀ ਅਤੇ ਇਸ ਵਰਕਸ਼ਾਪ ਨੂੰ ਵਿਦਿਆਰਥੀਆਂ ਲਈ ਵਧੇਰੇ ਲਾਹੇਵੰਦ ਦੱਸਿਆ।

# ਵਰਲਡ ਯੂਨੀਵਰਸਿਟੀ ਵਿਖੇ ਵਿਗਿਆਨ, ਇੰਜੀਨੀਅਰਿੰਗ ਤੇ ਟੈਕਨਾਲੋਜੀ ਲਈ ਟਿਕਾਊ ਭਵਿੱਖ 'ਤੇ ਕਾਨਫਰੰਸ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵਿਖੇ ਹਾਈਬ੍ਰਿਡ ਰੂਪ ਵਿੱਚ ਦੋ ਦਿਨਾਂ ਦੀ ਰਾਸ਼ਟਰੀ ਕਾਨਫਰੰਸ ਸਾਇੰਸ, ਇੰਜੀਨੀਅਰਿੰਗ ਐਂਡ ਟੈਕਨਾਲੋਜੀ ਫਾਰ ਅਸੈਸਟੇਨੇਬਲ ਫਿਊਚਰ (ਐੱਸ ਈ ਟੀ ਐੱਸ ਐੱਫ-2026) ਦਾ ਉਦਘਾਟਨ ਕੀਤਾ ਗਿਆ, ਜਿਸ ਵਿੱਚ ਦੇਸ਼ ਭਰ ਦੀਆਂ ਵੱਖ-ਵੱਖ ਸੰਸਥਾਵਾਂ ਤੋਂ ਅਕਾਦਮਿਕ ਵਿਦਵਾਨਾਂ, ਖੋਜ-ਕਰਤਾਵਾਂ ਤੇ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ। ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਵਾਈਸ ਚਾਂਸਲਰ ਵੱਲੋਂ ਕੀਤੀ ਗਈ, ਜਿਨ੍ਹਾਂ ਨੇ ਯੂਨੀਵਰਸਿਟੀ ਦੀ ਉੱਚ-ਪ੍ਰਭਾਵ ਵਾਲੀ ਖੋਜ ਤੇ ਨਵੀਨਤਾਕਾਰੀ ਵਿਚਾਰਾਂ ਨੂੰ ਉਤਸ਼ਾਹਤ ਕਰਕੇ ਸਮਾਜਿਕ ਤਰੱਕੀ ਵਿੱਚ ਯੋਗਦਾਨ ਪਾਉਣ ਦੀ ਅਟੱਲ ਵਚਨਬੱਧਤਾ 'ਤੇ ਜ਼ੋਰ ਦਿੱਤਾ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਸਵਾਗਤ ਭਾਸ਼ਣ ਦਿੱਤਾ ਤੇ ਅੰਤਰ-ਅਨੁਸ਼ਾਸਨੀ ਖੋਜ ਤੇ ਟਿਕਾਊ ਤਕਨੀਕੀ ਨਵੀਨਤਾਵਾਂ ਦੀ ਵਿਸ਼ਵਵਿਆਪੀ ਚੁਣੌਤੀਆਂ ਨਾਲ ਨਜਿੱਠਣ ਵਿੱਚ ਅਹਿਮ ਭੂਮਿਕਾ 'ਤੇ ਰੌਸ਼ਨੀ ਪਾਈ, ਨਾਲ ਹੀ ਆਯੋਜਕ ਕਮੇਟੀ ਦੇ ਅਥਕ ਯਤਨਾਂ ਦੀ ਸ਼ਲਾਘਾ ਕੀਤੀ।ਉਦਘਾਟਨੀ ਸਮਾਰੋਹ ਦੇ ਹਿੱਸੇ ਵਜੋਂ ਕਾਨਫਰੰਸ ਦੌਰਾਨ ਪੇਸ਼ ਕੀਤੇ ਜਾਣ ਵਾਲੇ ਖੋਜ ਪੱਤਰਾਂ ਦੇ ਰੂਪ-ਰੇਖਾ ਦੀ ਸੀ. ਡੀ. ਵੀ ਜਾਰੀ ਕੀਤੀ ਗਈ।ਆਯੋਜਕ ਕਮੇਟੀ ਵਿੱਚ ਕਨਵੀਨਰ ਡਾ. ਰੁਪਿੰਦਰ ਕੌਰ ਤੇ ਡਾ. ਰਿਚਾ ਬਰਾੜ ਸ਼ਾਮਲ ਹਨ, ਜਦਕਿ ਆਯੋਜਕ ਸਕੱਤਰ ਵਜੋਂ ਡਾ. ਪ੍ਰੀਤ ਕੌਰ, ਡਾ. ਬ੍ਰਹਿਮਤ ਕੌਰ, ਡਾ. ਰਾਹੁਲ ਬਦਰੂ, ਡਾ. ਚਰਨਕਮਲ ਸੇਖੋਂ, ਡਾ. ਜਸਪ੍ਰੀਤ ਕੌਰ ਢਿੱਲੋਂ, ਡਾ. ਸ਼ੀਨਮ ਮਲਹੋਤਰਾ, ਡਾ. ਰੁਪਿੰਦਰਪਾਲ ਸਿੰਘ ਤੇ ਡਾ. ਨਵਦੀਪ ਕੌਰ ਸੇਵਾਵਾਂ ਨਿਭਾਅ ਰਹੇ ਹਨ।ਦਿਨ ਦੀ ਸਭ ਤੋਂ ਵਿਸ਼ੇਸ਼ ਗੱਲ ਸੀ ਡਾ. ਵਿਸ਼ਵਜੀਤ ਮਹਿੰਦੀਆ ਆਈ.ਆਈ.ਟੀ. ਰੋਪੜ ਵੱਲੋਂ ਦਿੱਤਾ ਗਿਆ ਪ੍ਰੇਰਨਾਦਾਇਕ ਭਾਸ਼ਣ, ਜਿਸ ਵਿੱਚ ਐਡਵਾਂਸਡ ਮੈਟੀਰੀਅਲਜ਼, ਕਲੀਨ ਐਨਰਜੀ ਟੈਕਨਾਲੋਜੀਆਂ ਤੇ ਡੀਕਾਰਬਨਾਈਜ਼ੇਸ਼ਨ ਰਣਨੀਤੀਆਂ ਦੀ ਲੰਬੇ ਸਮੇਂ ਦੀ ਵਾਤਾਵਰਣੀ ਤੇ ਸਮਾਜਿਕ ਟਿਕਾਊਤਾ ਵਿੱਚ ਅਨਿੱਖੜਵੀਂ ਭੂਮਿਕਾ 'ਤੇ ਜ਼ੋਰ ਦਿੱਤਾ ਗਿਆ।ਸੈਸ਼ਨ ਦਾ ਅੰਤ ਡਾ. ਰੁਪਿੰਦਰ ਕੌਰ ਵੱਲੋਂ ਪ੍ਰਸਤਾਵਿਤ ਧੰਨਵਾਦ ਨਾਲ ਹੋਇਆ, ਜਿਨ੍ਹਾਂ ਨੇ ਵਿਸ਼ੇਸ਼ ਬੁਲਾਰਿਆਂ, ਯੂਨੀਵਰਸਿਟੀ ਪ੍ਰਬੰਧਨ, ਆਯੋਜਕ ਟੀਮ ਤੇ ਸਾਰੇ ਸਹਿਭਾਗੀਆਂ ਨੂੰ ਇਸ ਸਫਲਤਾ ਵਿੱਚ ਯੋਗਦਾਨ ਲਈ ਦਿਲੋਂ ਧੰਨਵਾਦ ਕੀਤਾ।ਇਸ ਤੋਂ ਬਾਅਦ ਕਾਨਫਰੰਸ ਵੱਖ-ਵੱਖ ਵਿਸ਼ਿਆਂ ਵਾਲੇ ਤਕਨੀਕੀ ਸੈਸ਼ਨਾਂ ਵਿੱਚ ਅੱਗੇ ਵਧੀ, ਜਿਨ੍ਹਾਂ ਵਿੱਚ ਗਣਿਤ ਸੈਸ਼ਨ ਦੀ ਪ੍ਰਧਾਨਗੀ ਪ੍ਰੋ. ਸੁਖਜੀਤ ਸਿੰਘ ਧਾਲੀਵਾਲ (ਸਾਬਕਾ ਪ੍ਰੋਫੈਸਰ, ਸਲਾਈਟ ਲੌਂਗੋਵਾਲ), ਕੰਪਿਊਟਰ ਸਾਇੰਸ ਸੈਸ਼ਨ ਦੀ ਪ੍ਰਧਾਨਗੀ ਪ੍ਰੋਫੈਸਰ ਧਵਲੀਸ਼ ਰੱਤਨ (ਯੂਨੀਵਰਸਿਟੀ ਕਾਲਜ ਆਫ ਇੰਜੀਨੀਅਰਿੰਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ) ਤੇ ਬਾਇਓਟੈਕਨਾਲੋਜੀ ਤੇ ਫੂਡ ਪ੍ਰੋਸੈਸਿੰਗ ਟੈਕਨਾਲੋਜੀ ਸੈਸ਼ਨ ਦੀ ਪ੍ਰਧਾਨਗੀ ਪ੍ਰੋ. ਬਲਵਿੰਦਰ ਸਿੰਘ ਸੂਚ (ਪੰਜਾਬੀ ਯੂਨੀਵਰਸਿਟੀ, ਪਟਿਆਲਾ) ਨੇ ਕੀਤੀ।

## ਪਬਲਿਕ ਕਾਲਜ ਵਿਖੇ ਮੋਬਾਇਲ ਡੀਟੈਕਸ ਪ੍ਰੋਗਰਾਮ ਦੀ ਸ਼ੁਰੂਆਤ

**ਸਮਾਣਾ (ਇਕਬਾਲ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਵਿਖੇ ਮਹੀਨਾਵਾਰ 'ਮੋਬਾਈਲ ਡੀਟੈਕਸ' ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਡਿਜੀਟਲ ਨਿਰਭਰਤਾ ਦਾ ਮੁਕਾਬਲਾ ਕਰਨ ਅਤੇ ਵਿਦਿਆਰਥੀਆਂ ਤੇ ਸਟਾਫ ਵਿਚਕਾਰ ਆਪਸੀ ਤਾਲਮੇਲ ਵਧਾਉਣ ਦੇ ਇੱਕ ਦ੍ਰਿੜ੍ਹ ਯਤਨ ਵਿੱਚ 'ਮੋਬਾਈਲ ਡੀਟੈਕਸ ਪ੍ਰੋਗਰਾਮ' ਦੇ ਹਿੱਸੇ ਵਜੋਂ ਕੈਂਪਸ-ਵਿਆਪੀ ਮੋਬਾਈਲ-ਮੁਕਤ ਦਿਵਸ ਮਨਾਇਆ। ਇਸ ਕਦਮ ਵਿੱਚ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਦੀ ਲਗਭਗ ਪੂਰੀ ਭਾਗੀਦਾਰੀ ਦੇਖਣ ਨੂੰ ਮਿਲੀ।ਕਾਲਜ ਦੇ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਇਸ ਪਹਿਲਕਦਮੀ ਦੇ ਨਤੀਜੇ ਵਜੋਂ ਵਿਦਿਆਰਥੀਆਂ ਵਿੱਚ ਵਧੇਰੇ ਉਤਪਾਦਕਤਾ ਤੇ ਬਿਹਤਰ ਧਿਆਨ ਕੇਂਦਰਿਤ ਕਰਨ ਦਾ ਹਵਾਲਾ ਦਿੱਤਾ। ਉਨ੍ਹਾਂ ਦੱਸਿਆ ਕਿ ਇਹ ਸਮਾਗਮ ਇੱਕ ਮਹੀਨਾਵਾਰ ਵਿਸ਼ੇਸ਼ਤਾ ਹੋਵੇਗੀ ਤੇ ਹਰ ਮਹੀਨੇ ਦੇ ਤੀਜੇ ਸ਼ਨੀਵਾਰ ਨੂੰ ਮਨਾਇਆ ਜਾਵੇਗਾ। ਆਈ ਕਿਊ ਏ ਸੀ ਕੋਆਰਡੀਨੇਟਰ ਡਾ. ਹਰਕੀਰਤਨ ਕੌਰ ਨੇ ਕਿਹਾ ਕਿ ਐਮਰਜੈਂਸੀ ਸਥਿਤੀਆਂ ਲਈ ਮੁਹਿੰਮ ਦੌਰਾਨ ਕੁਝ ਮੋਬਾਈਲ ਨੰਬਰ ਪ੍ਰਸਾਰਤ ਕੀਤੇ ਗਏ ਸਨ ਤੇ ਕਾਰਜਸ਼ੀਲ ਰੱਖੇ ਗਏ ਸਨ।ਉਨ੍ਹਾਂ ਕਿਹਾ ਕਿ ਮੋਬਾਈਲ ਫੋਨਾਂ 'ਤੇ ਜ਼ਿਆਦਾ ਨਿਰਭਰਤਾ ਸਾਡੀ ਸਰੀਰਕ ਤੇ ਮਾਨਸਿਕ ਸਿਹਤ 'ਤੇ ਮਾੜਾ ਪ੍ਰਭਾਵ ਪਾ ਰਹੀ ਹੈ।ਇੱਕ ਦਿਨ ਲਈ ਵਰਚੁਅਲ ਦੁਨੀਆ ਤੋਂ ਸਫਲਤਾਪੂਰਵਕ ਦੂਰ ਹੋ ਕੇ ਪਬਲਿਕ ਕਾਲਜ ਸਮਾਣਾ ਨੇ ਡਿਜੀਟਲ ਤੰਦਰੁਸਤੀ ਲਈ ਇੱਕ ਸ਼ਕਤੀਸ਼ਾਲੀ ਮਿਸਾਲ ਕਾਇਮ ਕੀਤੀ ਹੈ। ਪਹਿਲਕਦਮੀ ਦੀ ਭਾਰੀ ਸਫਲਤਾ ਸੁਝਾਅ ਦਿੰਦੀ ਹੈ ਕਿ ਇਹ ਮੋਬਾਈਲ ਡੀਟੈਕਸ ਇੱਕ ਸਿਹਤਮੰਦ, ਵਧੇਰੇ ਸੁਚੇਤ ਕੈਂਪਸ ਸੱਭਿਆਚਾਰ ਦੀ ਸ਼ੁਰੂਆਤ ਹੈ।

## ਪਿਛਲੇ 50 ਸਾਲਾਂ ਤੋਂ ਲਟਕਿਆ ਰਸਤੇ ਦਾ ਕੰਮ ਪੂਰਾ ਹੋਇਆ

**ਜੇਕਰ ਪਿੰਡ ਰੰਗਲੇ ਬਣਨਗੇ ਤਾਂ ਹੀ ਸੂਬਾ ਰੰਗਲਾ ਪੰਜਾਬ ਬਣੇਗਾ : ਰਾਏ**



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਬਲਾਕ ਖੇੜਾ ਅਧੀਨ ਆਉਂਦੇ ਪਿੰਡ ਕੋਟਲਾ ਭਾਈ ਕਾ ਵਿਖੇ ਇੱਕ ਨਵੇਂ ਬਣੇ ਰਸਤੇ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਵਿਧਾਇਕ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਉਕਤ ਰਸਤਾ ਪਿਛਲੇ 50 ਸਾਲਾਂ ਤੋਂ ਨਹੀਂ ਬਣਿਆ ਸੀ, ਜਿਸ ਕਾਰਨ ਪਿੰਡ ਵਾਸੀਆਂ ਨੂੰ ਵੱਡੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਸੀ।ਨਵੀਂ ਬਣੀ ਗ੍ਰਾਮ ਪੰਚਾਇਤ ਵੱਲੋਂ ਉਕਤ ਰਸਤੇ ਦਾ ਕੰਮ ਪੂਰਾ ਕਰਵਾਇਆ ਗਿਆ ਹੈ, ਜਿਸ ਦੇ ਨਾਲ ਪਿੰਡ ਵਾਸੀਆਂ ਨੂੰ ਸੌਖ ਹੋਵੇਗੀ।ਇਸ ਪਾਸੇ ਸਕੂਲ, ਕਮਿਊਨਿਟੀ ਹਾਲ ਤੇ ਪਾਰਕ ਬਣੀ ਹੋਈ ਹੈ, ਉੱਥੇ ਵੀ ਆਉਣਾ ਜਾਣਾ ਸੌਖਾ ਹੋਵੇਗਾ।ਉਨ੍ਹਾਂ ਕਿਹਾ ਕਿ ਜਦੋਂ ਸਾਡੇ ਪਿੰਡ ਰੰਗਲੇ ਬਣ ਜਾਣਗੇ, ਉਦੋਂ ਹੀ ਸੂਬਾ ਰੰਗਲਾ ਪੰਜਾਬ ਬਣੇਗਾ।ਇਸ ਮੁਹਿੰਮ ਵਿੱਚ ਸਾਨੂੰ ਸਾਰਿਆਂ ਨੂੰ ਵੱਧ ਚੜ੍ਹ ਕੇ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਜੋ ਅਸੀਂ ਸੂਬੇ ਦੀ ਬਿਹਤਰੀ ਲਈ ਕੰਮ ਕਰ ਸਕੀਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਮੇਸ਼ ਪੂਨੀਆ, ਸਤੀਸ਼ ਲੁਟੌਰ, ਸਰਪੰਚ ਚਰਨਜੀਤ ਕੌਰ, ਨੰਬਰਦਾਰ ਰਾਜਦੀਪ ਸਿੰਘ, ਪੁਸ਼ਪਰਾਜ ਸਿੰਘ, ਰਮਨਦੀਪ ਸਿੰਘ, ਸਿਮਰਜੋਤ ਕੌਰ ਪੰਚ, ਸਵਰਨ ਸਿੰਘ ਪੰਚ, ਜੰਗ ਸਿੰਘ ਪੰਚ, ਰਜਿੰਦਰ ਸਿੰਘ ਪੰਚ, ਗੁਰਜੰਟ ਸਿੰਘ, ਸੁਰਿੰਦਰ ਸਿੰਘ ਆਦਿ ਹਾਜ਼ਰ ਸਨ।

# ਕੇ ਕੇ ਯੂ ਵੱਲੋਂ ਆਲੂਆਂ ਦੀ ਫ਼ਸਲ ਨੂੰ ਲੈ ਕੇ ਡੀ ਸੀ ਦਫ਼ਤਰ ਅੱਗੇ ਧਰਨਾ

■ ਸਰਕਾਰ ਆਲੂਆਂ ਦਾ ਐੱਮ ਐੱਸ ਪੀ ਫੌਰੀ ਤੈਅ ਕਰਕੇ ਖਰੀਦ ਦੀ ਗਰੰਟੀ ਕਰੇ



**ਮੋਗਾ (ਇਕਬਾਲ ਸਿੰਘ ਖਹਿਰਾ)**

ਕਿਰਤੀ ਕਿਸਾਨ ਯੂਨੀਅਨ ਵੱਲੋਂ ਕਿਸਾਨਾਂ ਦੀ ਆਲੂਆਂ ਦੀ ਰੁਲ਼ ਰਹੀ ਫ਼ਸਲ ਨੂੰ ਲੈ ਕੇ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫ਼ੂਵਾਲਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਮੋਗਾ ਦੇ ਦਫ਼ਤਰ ਅੱਗੇ ਤਿੰਨ ਘੰਟੇ ਲਈ ਧਰਨਾ ਲਗਾਇਆ ਗਿਆ।ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜਿਆਨਾ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਆਖਿਆ ਕਿ ਅੱਜ ਕਿਰਤੀ ਕਿਸਾਨ ਯੂਨੀਅਨ ਵੱਲੋਂ ਕਿਸਾਨਾਂ ਦੀ ਰੁਲ਼ ਰਹੀ ਫ਼ਸਲ ਆਲੂਆਂ ਦਾ ਘੱਟੋਂ ਘੱਟ ਸਮਰਥਨ ਮੁੱਲ 20 ਰੁਪਏ ਕਿੱਲੋ ਤਹਿ ਕਰਕੇ ਸਰਕਾਰੀ ਖਰੀਦ ਦੀ ਗਰੰਟੀ ਕਰਨ ਦੀ ਮੰਗ ਕੀਤੀ ਹੈ।ਇਸ ਦੌਰਾਨ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਨੇ ਕਿਹਾ ਕੇ ਪੰਜਾਬ ਵਿੱਚ ਕਰੀਬ 3 ਲੱਖ ਏਕੜ ਜ਼ਮੀਨ ਆਲੂਆਂ ਦੀ ਫਸਲ ਹੇਠ ਹੈ।ਆਲੂ ਪੰਜਾਬ ਦੀਆਂ ਪ੍ਰਮੁੱਖ ਫਸਲਾਂ 'ਚੋਂ ਇਕ ਹੈ, ਮੁਲਕ ਦਾ 60% ਕਰੀਬ ਆਲੂ ਬੀਜ ਦੇ ਰੂਪ 'ਚ ਪੰਜਾਬ 'ਚੋਂ ਵਰਤਿਆ ਜਾਂਦਾ ਹੈ। ਇਸ ਅਹਿਮ ਫਸਲ ਨੂੰ ਰੁਲਣ ਤੋਂ ਬਚਾਉਣ ਲਈ ਪੰਜਾਬ ਸਰਕਾਰ ਨੂੰ ਅੱਗੇ ਆਉਣਾ ਚਾਹੀਦਾ।ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਮੋਗਾ ਦੇ ਜਰਨਲ ਸਕੱਤਰ ਚਮਕੌਰ ਸਿੰਘ ਰੋਡੇ, ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜੇਆਣਾ ਨੇ ਕਿਹਾ ਕੇ ਇਸ ਸਾਲ ਗੰਨਾ, ਕਣਕ ਤੇ ਝੋਨੇ ਦਾ ਝਾੜ ਬਹੁਤ ਘੱਟ ਰਿਹਾ, ਉੱਪਰੋਂ ਹੜ੍ਹਾਂ ਦੀ ਮਾਰ ਪਈ, ਜਿਸ ਕਰਕੇ ਕਿਸਾਨੀ ਬਹੁਤ ਬੁਰੇ ਆਰਥਿਕ ਸੰਕਟ 'ਚ ਫਸ ਚੁੱਕੀ ਹੈ।ਹੁਣ ਆਲੂ 3 ਤੋਂ 5 ਰੁਪਏ ਦੇ ਦਰਮਿਆਨ ਵਿਕ ਰਿਹਾ, ਕਈ ਥਾਈਂ ਰੇਟ ਘੱਟ ਕਰਕੇ ਕਿਸਾਨਾਂ ਲਈ ਆਲੂ ਪੁੱਟਣ ਲਈ ਲੇਬਰ ਦੇ ਖਰਚੇ ਵੀ ਪੂਰੇ ਨਹੀਂ ਹੋਣੇ।ਕਿਸਾਨ ਆਗੂਆਂ ਨੇ ਆਖਿਆ ਕਿ ਕੁਝ ਦਿਨ ਪਹਿਲਾਂ ਫ਼ਿਰੋਜ਼ਪੁਰ 'ਚ ਕਿਸਾਨ ਨੇ ਆਲੂਆਂ ਦੀ ਫਸਲ 'ਚ ਘਾਟੇ ਕਰਕੇ ਪਰਿਵਾਰ ਸਮੇਤ ਖੁਦਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਹੈ, ਜੋ ਕਿ ਬਹੁਤ ਮੰਦਭਾਗਾ ਹੈ।ਆਗੂਆਂ ਨੇ ਕਿਹਾ ਕਿ ਕੰਪਨੀਆਂ ਦੀ ਪਾਣੀ ਦੀ ਬੋਤਲ 20 ਰੁਪਏ ਲੀਟਰ ਵਿਕ ਰਹੀਂ ਤੇ ਆਲੂ 3-4 ਰੁਪਏ, ਕਿਸਾਨਾਂ ਦੇ ਆਲੂ ਤੋਂ ਰੇਤਾ ਵੀ ਮਹਿੰਗਾ ਵਿਕ ਰਿਹਾ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਘੱਟੋ ਘੱਟ ਆਲੂ, ਮਟਰ, ਗੋਭੀ, ਮੱਕੀ, ਬਾਸਮਤੀ, ਮੂੰਗੀ ਦਾ ਸਮਰਥਨ ਮੁੱਲ ਤਹਿ ਕਰਕੇ ਖਰੀਦ ਦੀ ਗਰੰਟੀ ਕਰੇ।ਧਰਨੇ ਉਪਰੰਤ ਡਿਪਟੀ ਕਮਿਸ਼ਨਰ ਵੱਲੋਂ ਭੇਜੇ ਗਏ ਤਹਿਸੀਲਦਾਰ ਅਮਨਦੀਪ ਸਿੰਘ ਮੋਗਾ ਜ਼ਰੀਏ ਪੰਜਾਬ ਸਰਕਾਰ ਦੇ ਨਾਮ ਮੁੱਖ ਮੰਤਰੀ ਭਗਵੰਤ ਮਾਨ ਵੱਲ ਮੰਗ ਪੱਤਰ ਵੀ ਸੌਂਪਿਆ।

# ਨਵ-ਨਿਯੁਕਤ ਐੱਸ ਡੀ ਐੱਮ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਪੰਜਾਬ ਸਰਕਾਰ ਵੱਲੋਂ ਪ੍ਰਸ਼ਾਸਨਕ ਅਧਿਕਾਰੀਆਂ ਦੇ ਕੀਤੇ ਗਏ ਤਬਾਦਲਿਆਂ ਦੌਰਾਨ ਸਬ ਡਵੀਜ਼ਨ ਪਾਤੜਾਂ ਦੇ ਐੱਸਡੀਐੱਮ ਅਸ਼ੋਕ ਕੁਮਾਰ ਦੇ ਤਬਾਦਲੇ ਮਗਰੋਂ ਨਵੇਂ ਆਏ ਐੱਸਡੀਐੱਮ ਕਾਲਾ ਰਾਮ ਕਾਂਸਲ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਪਲੇਠੀ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਸਰਕਾਰ ਦੀਆਂ ਹਦਾਇਤਾਂ ਉੱਤੇ ਅਮਲ ਕਰਨ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ।ਮੀਟਿੰਗ ਉਪਰੰਤ ਐੱਸਡੀਐੱਮ ਕਾਲਾ ਰਾਮ ਕਾਂਸਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਦੇ ਮਕਸਦ ਨਾਲ ਯੁੱਧ ਨਸ਼ਿਆਂ ਵਿਰੁੱਧ, ਸਿਹਤ ਕ੍ਰਾਂਤੀ ਤੇ ਸਿੱਖਿਆ ਕ੍ਰਾਂਤੀ ਵਰਗੀਆਂ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਨੂੰ ਅਮਲੀ ਰੂਪ ਵਿੱਚ ਲਾਗੂ ਕਰਨ ਦੇ ਨਾਲ ਨਾਲ ਲੋਕਾਂ ਤੱਕ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਸਬੰਧੀ ਜਾਣਕਾਰੀ ਸਭ ਤੋਂ ਅਹਿਮ ਹੈ।ਉਨ੍ਹਾਂ ਕਿਹਾ ਕਿ ਸੂਬੇ ਦੇ ਹਰ ਇੱਕ ਪਰਿਵਾਰ ਨੂੰ ਸਿਹਤ ਕ੍ਰਾਂਤੀ ਤਹਿਤ 10 ਲੱਖ ਰੁਪਏ ਦਾ ਮੁਫ਼ਤ ਇਲਾਜ ਕਰਵਾਉਣ ਲਈ ਕਾਰਡ ਬਣਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਿਹਤ ਕਾਰਡ ਬਣਾਉਣ ਲਈ ਪਿੰਡਾਂ ਦੀਆਂ ਪੰਚਾਇਤਾਂ ਤੇ ਨੰਬਰਦਾਰ, ਸ਼ਹਿਰ ਦੇ ਵਾਰਡਾਂ ਦੇ ਕੌਂਸਲਰ, ਆਂਗਨਵਾੜੀ ਵਰਕਰ, ਆਸ਼ਾ ਵਰਕਰ ਲੋਕਾਂ ਨੂੰ ਕਾਰਡ ਬਣਾਉਣ ਲਈ ਪ੍ਰੇਰਿਤ ਕਰਨ ਦੇ ਨਾਲ ਨਾਲ ਉਨ੍ਹਾਂ ਦੀ ਹਰ ਤਰ੍ਹਾਂ ਨਾਲ ਸੰਭਵ ਸਹਾਇਤਾ ਕਰਨ।ਉਨ੍ਹਾਂ ਕਿਹਾ ਕਿ ਦਫਤਰਾਂ ਵਿੱਚ ਆਪਣੇ ਕੰਮਾਂ ਕਾਰਾਂ ਲਈ ਆਉਣ ਵਾਲੇ ਹਰ ਇੱਕ ਵਿਅਕਤੀ ਨੂੰ ਪੂਰਾ ਮਾਨ ਸਨਮਾਨ ਦਿੱਤਾ ਜਾਵੇ।ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਕਿਸੇ ਵੀ ਵਿਭਾਗ ਦੇ ਕਰਮਚਾਰੀ ਜਾਂ ਅਧਿਕਾਰੀ ਵੱਲੋਂ ਕੰਮ ਕਾਰ ਵਿੱਚ ਵਰਤੀ ਗਈ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਤਹਿਸੀਲਦਾਰ ਪਾਤੜਾਂ ਸਵਪਨਦੀਪ ਕੌਰ, ਐੱਸਐੱਮਓ ਪਾਤੜਾਂ ਸਤੀਸ਼ ਕੁਮਾਰ, ਐੱਸਐੱਮਓ ਬਾਦਸ਼ਾਹਪੁਰ ਸ਼ੈਲੀ ਜੇਤਲੀ, ਏਐੱਮਓ ਸ਼ੁਤਰਾਣਾ ਸੰਦੀਪ ਗਰਗ, ਕਾਰਜ ਸਾਧਕ ਅਫਸਰ ਨਗਰ ਕੌਂਸਲ ਪਾਤੜਾਂ ਬਲਜਿੰਦਰ ਸਿੰਘ, ਮੰਡੀ ਸੁਪਰਵਾਈਜ਼ਰ ਬ੍ਰਹਮ ਦਰਿਆ, ਸੁਪਰਵਾਈਜ਼ਰ ਰੁਪਿੰਦਰ ਕੌਰ ਸੁਪਰਵਾਈਜ਼ਰ ਗੀਤੂ ਬਾਲਾ, ਲੇਬਰ ਇੰਸਪੈਕਟਰ ਗੁਰਵਿੰਦਰ ਸਿੰਘ, ਏਐੱਸਆਈ ਸ਼ੇਰ ਸਿੰਘ, ਕਾਨੂੰਗੋ ਰਮਨ ਕੁਮਾਰ, ਅਜੇ ਕੁਮਾਰ ਰੀਡਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।



## ਝਾੜ ਸਾਹਿਬ ਕਾਲਜ ਦਾ ਬੀ ਸੀ ਏ ਦਾ ਨਤੀਜਾ ਸ਼ਾਨਦਾਰ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨਿਆ ਬੀ ਸੀ ਏ ਸਮੈਸਟਰ ਪੰਜਵੇ ਦਾ ਨਤੀਜਾ 100 ਫੀਸਦੀ ਰਿਹਾ।ਬੀ ਸੀ ਏ ਸਮੈਸਟਰ ਪੰਜਵੇਂ ਦੀ ਵਿਦਿਆਰਥਣ ਜਸ਼ਨਪ੍ਰੀਤ ਕੌਰ ਨੇ 86.50 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ, ਅਨਮਰਲ ਕੌਰ ਭੰਗੂ ਨੇ 84 ਫੀਸਦੀ ਅੰਕ ਹਾਸਲ ਕਰਕੇ ਦੂਜਾ ਤੇ ਕਰਮਲਪ੍ਰੀਤ ਕੌਰ ਨੇ 82.50 ਫੀਸਦੀ ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕੰਪਿਊਟਰ ਸਾਇੰਸ ਵਿਭਾਗ ਦੀਆਂ ਵਿਦਿਆਰਥਣਾਂ, ਸਟਾਫ਼ ਮੈਂਬਰ, ਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ।ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਭਵਿੱਖ ਵਿੱਚ ਵੀ ਇਸ ਕਾਲਜ ਦੀਆਂ ਵਿਦਿਆਰਥਣਾਂ ਇਸੇ ਤਰ੍ਹਾਂ ਦ੍ਰਿੜ੍ਹ ਮਿਹਨਤ ਤੇ ਲਗਨ ਸਦਕਾ ਵਧੀਆ ਨਤੀਜੇ ਪ੍ਰਾਪਤ ਕਰਕੇ ਅਧਿਆਪਕਾਂ ਤੇ ਮਾਪਿਆਂ ਦਾ ਨਾਂਅ ਰੌਸ਼ਨ ਕਰਨਗੀਆਂ।

## ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਨਤਮਸਤਕ ਹੋਏ ਐੱਸ ਡੀ ਐੱਮ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਅਹੁਦਾ ਸੰਭਾਲਣ ਉਪਰੰਤ ਐੱਸ.ਡੀ.ਐੱਮ. ਸਮਰਾਲਾ ਗੁਰਸਿਮਰਨਜੀਤ ਕੌਰ ਮਾਛੀਵਾੜਾ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਨਤਮਸਤਕ ਹੋਣ ਲਈ ਪੁੱਜੇ। ਇਸ ਮੌਕੇ ਉਨ੍ਹਾਂ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਸੀਸ ਝੁਕਾ ਕੇ ਆਸ਼ੀਰਵਾਦ ਲਿਆ ਤੇ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਜੰਡ ਸਾਹਿਬ ਤੇ ਖੂਹ ਦੇ ਵੀ ਦਰਸ਼ਨ ਕੀਤੇ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ, ਨਾਇਬ ਤਹਿਸੀਲਦਾਰ ਰਾਜੇਸ਼ ਕੁਮਾਰ ਅਹੂਜਾ ਵੱਲੋਂ ਗੁਰੂ ਘਰ ਪੁੱਜਣ 'ਤੇ ਚਿੱਤਰ ਭੇਟ ਕਰਕੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਐੱਸ.ਡੀ.ਐੱਮ. ਗੁਰਸਿਮਰਨਜੀਤ ਕੌਰ ਨੇ ਕਿਹਾ ਕਿ ਉਨ੍ਹਾਂ ਨੂੰ ਸਮਰਾਲਾ ਸਬ ਡਵੀਜ਼ਨ ਅਧੀਨ ਪੈਂਦੇ ਇਤਿਹਾਸਕ ਸ਼ਹਿਰ ਮਾਛੀਵਾੜਾ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ ਤੇ ਉਹ ਆਪਣੀ ਡਿਊਟੀ ਪੂਰੀ ਤਨਦੇਹੀ ਤੇ ਈਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਉਨ੍ਹਾਂ ਨਾਲ ਬਲਾਕ ਪ੍ਰਧਾਨ ਜਸਵੀਰ ਸਿੰਘ ਗਿੱਲ ਵੀ ਮੌਜੂਦ ਸਨ।

## ਵਿਧਾਇਕ ਸੇਖੋਂ 10.77 ਕਰੋੜ ਦੇ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਨਗੇ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵੱਲੋਂ ਲਗਭਗ 1.77 ਕਰੋੜ ਰੁਪਏ ਦੀ ਲਾਗਤ ਨਾਲ ਫ਼ਰੀਦਕੋਟ-ਕੋਟਕਪੂਰਾ ਰੋਡ ਉੱਤੇ ਪੈਂਦੀ ਲੰਗੇਆਣਾ ਡ੍ਰੇਨ, ਨੇੜੇ ਦਿੱਲੀ ਇੰਟਰਨੈਸ਼ਨਲ ਸਕੂਲ ਦੀ ਪੁਲ਼ ਦੀ ਉਸਾਰੀ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਜਾਵੇਗਾ।ਇਸ ਪੁਲ ਦੀ ਉਸਾਰੀ ਨਾਲ ਇਲਾਕੇ ਵਿੱਚ ਆਵਾਜਾਈ ਹੋਰ ਸੁਚਾਰੂ ਹੋਵੇਗੀ ਤੇ ਸੜਕ ਹਾਦਸਿਆਂ 'ਤੇ ਕਾਫ਼ੀ ਹੱਦ ਤੱਕ ਕਾਬੂ ਪਾਇਆ ਜਾ ਸਕੇਗਾ।ਵਿਧਾਇਕ ਵੱਲੋਂ ਨੈਸ਼ਨਲ ਹਾਈਵੇ ਡਵੀਜ਼ਨ ਫ਼ਿਰੋਜ਼ਪੁਰ ਰਾਹੀਂ ਟਹਿਣਾ ਤੋਂ ਸੰਧਵਾਂ ਤੱਕ ਟਹਿਣਾ, ਫ਼ਰੀਦਕੋਟ, ਸੰਧਵਾਂ, ਕੋਟਕਪੂਰਾ, ਢਿੱਲਵਾਂ ਕਲਾਂ ਰੋਡ ਦੀ ਅਪਗ੍ਰੇਡੇਸ਼ਨ ਦਾ ਕੰਮ ਲਗਭਗ 9 ਕਰੋੜ ਰੁਪਏ ਦੀ ਲਾਗਤ ਨਾਲ ਸ਼ੁਰੂ ਕਰਾਇਆ ਜਾਵੇਗਾ।ਇਸ ਪ੍ਰੋਜੈਕਟ ਨਾਲ ਇਲਾਕੇ ਦੀ ਕਨੈਕਟਿਵਿਟੀ ਮਜ਼ਬੂਤ ਹੋਵੇਗੀ ਅਤੇ ਆਮ ਲੋਕਾਂ ਨੂੰ ਆਵਾਜਾਈ ਸਬੰਧੀ ਵੱਡੀ ਰਾਹਤ ਮਿਲੇਗੀ।ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਿਰਫ਼ ਐਲਾਨਾਂ ਤੱਕ ਸੀਮਿਤ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਵਿਕਾਸੀ ਕੰਮ ਕਰਕੇ ਵਿਖਾਉਣ ਵਾਲੀ ਸਰਕਾਰ ਹੈ।

## ਵਿਕਾਸ ਹੀ ਵਿਧਾਇਕ ਸੁਖਾਨੰਦ ਦਾ ਮੁੱਖ ਮਕਸਦ, ਵਿਰੋਧੀਆਂ ਦੇ ਇਲਜ਼ਾਮ ਬੇਬੁਨਿਆਦ : ਟਿੱਕੂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਵਿਖੇ ਟਰੱਕ ਯੂਨੀਅਨ ਦੇ ਪ੍ਰਧਾਨ ਅੰਤਰਜੀਤ ਸਿੰਘ ਟਿੱਕੂ ਮੱਲਕੇ ਨੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਹੱਕ ਵਿੱਚ ਬਿਆਨ ਜਾਰੀ ਕਰਦਿਆਂ ਕਿਹਾ ਕਿ ਵਿਧਾਇਕ ਵੱਲੋਂ ਹਮੇਸ਼ਾ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹਲਕੇ ਦੇ ਸਰਬਪੱਖੀ ਵਿਕਾਸ ਲਈ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕੁਝ ਵਿਰੋਧੀ ਤੱਤਾਂ ਵੱਲੋਂ ਲਗਾਏ ਜਾ ਰਹੇ ਇਲਜ਼ਾਮ ਪੂਰੀ ਤਰ੍ਹਾਂ ਬੇਬੁਨਿਆਦ ਤੇ ਰਾਜਨੀਤਕ ਪ੍ਰੇਰਿਤ ਹਨ।ਅੰਤਰਜੀਤ ਸਿੰਘ ਟਿੱਕੂ ਮੱਲਕੇ ਨੇ ਕਿਹਾ ਕਿ ਵਿਧਾਇਕ ਦੀ ਨਿੱਜੀ ਕਿਸੇ ਨਾਲ ਕੋਈ ਲੜਾਈ ਨਹੀਂ ਹੈ ਅਤੇ ਨਾ ਹੀ ਉਹ ਰਾਜਨੀਤਕ ਰੰਜਿਸ਼ ਰੱਖਦੇ ਹਨ।ਉਨ੍ਹਾਂ ਦਾ ਇਕਮਾਤਰ ਮਕਸਦ ਹਲਕੇ ਦੇ ਲੋਕਾਂ ਦੀ ਭਲਾਈ ਤੇ ਇਲਾਕੇ ਦਾ ਵਿਕਾਸ ਕਰਨਾ ਹੈ।ਉਨ੍ਹਾਂ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਹਲਕੇ ਵਿੱਚ ਸੜਕਾਂ, ਨਿਕਾਸੀ ਪ੍ਰਣਾਲੀ, ਪੀਣ ਵਾਲੇ ਪਾਣੀ ਤੇ ਹੋਰ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਲਈ ਕਈ ਪ੍ਰਾਜੈਕਟ ਸ਼ੁਰੂ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਟਰੱਕ ਯੂਨੀਅਨ ਦੇ ਮੈਂਬਰਾਂ ਤੇ ਟਰਾਂਸਪੋਰਟ ਕਾਰੋਬਾਰ ਨਾਲ ਜੁੜੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਵੀ ਵਿਧਾਇਕ ਨੇ ਗੰਭੀਰਤਾ ਨਾਲ ਸੁਣਿਆ ਤੇ ਸੰਬੰਧਤ ਵਿਭਾਗਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੇ ਹੱਲ ਲਈ ਕਦਮ ਚੁੱਕੇ।ਇਸ ਨਾਲ ਵਪਾਰਕ ਗਤੀਵਿਧੀਆਂ ਨੂੰ ਮਜ਼ਬੂਤੀ ਮਿਲੀ ਹੈ ਤੇ ਸਥਾਨਕ ਲੋਕਾਂ ਵਿੱਚ ਭਰੋਸਾ ਵਧਿਆ ਹੈ।ਟਿੱਕੂ ਨੇ ਕਿਹਾ ਕਿ ਜਿਹੜੇ ਲੋਕ ਵਿਧਾਇਕ ਖ਼ਿਲਾਫ਼ ਗਲਤ ਪ੍ਰਚਾਰ ਕਰ ਰਹੇ ਹਨ, ਉਹ ਹਲਕੇ ਦੇ ਵਿਕਾਸ ਕਾਰਜਾਂ ਨੂੰ ਪਚਾ ਨਹੀਂ ਸਕਦੇ।ਉਨ੍ਹਾਂ ਕਿਹਾ ਕਿ ਆਮ ਲੋਕ ਵਿਕਾਸ ਨੂੰ ਆਪਣੀਆਂ ਅੱਖਾਂ ਨਾਲ ਦੇਖ ਰਹੇ ਹਨ ਤੇ ਉਨ੍ਹਾਂ ਨੂੰ ਪਤਾ ਹੈ ਕਿ ਕੌਣ ਸੱਚਮੁੱਚ ਮੈਦਾਨ ਵਿੱਚ ਕੰਮ ਕਰ ਰਿਹਾ ਹੈ।ਉਨ੍ਹਾਂ ਹੋਰ ਕਿਹਾ ਕਿ ਰਾਜਨੀਤੀ ਵਿੱਚ ਵਿਚਾਰਾਂ ਦਾ ਅੰਤਰ ਹੋ ਸਕਦਾ ਹੈ, ਪਰ ਨਿੱਜੀ ਟਿੱਪਣੀਆਂ ਤੇ ਬੇਬੁਨਿਆਦ ਇਲਜ਼ਾਮ ਲਗਾਉਣਾ ਠੀਕ ਨਹੀਂ।ਹਲਕੇ ਦੀ ਤਰੱਕੀ ਲਈ ਸਾਰੇ ਵਰਗਾਂ ਨੂੰ ਇਕੱਠੇ ਹੋ ਕੇ ਕੰਮ ਕਰਨ ਦੀ ਲੋੜ ਹੈ।ਅੰਤ ਵਿੱਚ ਅੰਤਰਜੀਤ ਸਿੰਘ ਟਿੱਕੂ ਨੇ ਕਿਹਾ ਕਿ ਟਰੱਕ ਯੂਨੀਅਨ ਬਾਘਾ ਪੁਰਾਣਾ ਹਮੇਸ਼ਾ ਵਿਕਾਸਮੁਖੀ ਸੋਚ ਦਾ ਸਮਰਥਨ ਕਰੇਗੀ ਤੇ ਜਿਹੜਾ ਵੀ ਨੇਤਾ ਇਲਾਕੇ ਦੀ ਭਲਾਈ ਲਈ ਕੰਮ ਕਰੇਗਾ, ਉਸ ਦੇ ਨਾਲ ਖੜ੍ਹੀ ਰਹੇਗੀ।ਉਨ੍ਹਾਂ ਭਰੋਸਾ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਹਲਕੇ ਦੀਆਂ ਉਮੀਦਾਂ 'ਤੇ ਖਰੇ ਉਤਰਦੇ ਰਹਿਣਗੇ ਤੇ ਵਿਕਾਸ ਦੀ ਰਫ਼ਤਾਰ ਜਾਰੀ ਰਹੇਗੀ।

## ਸਪੇਅਰ ਪਾਰਟਸ ਐਸੋਸੀਏਸ਼ਨ ਦੀ ਸਰਬਸੰਮਤੀ ਨਾਲ ਚੋਣ

**ਬੁਢਲਾਡਾ (ਅਸ਼ੋਕ ਲਾਕੜਾ)**-ਸ਼ਹਿਰ ਬੁਢਲਾਡਾ ਦੀ ਸਪੇਅਰ ਪਾਰਟਸ ਐਸੋਸੀਏਸ਼ਨ ਵੱਲੋਂ ਇੱਕ ਨਿੱਜੀ ਰੈਸਟੋਰੈਂਟ ਵਿੱਚ ਐਸੋਸੀਏਸ਼ਨ ਦੇ ਪ੍ਰਧਾਨ ਦੀ ਚੋਣ ਸੰਬੰਧੀ ਮੀਟਿੰਗ ਕੀਤੀ ਗਈ, ਜਿਸ ਵਿੱਚ ਐਸੋਸੀਏਸ਼ਨ ਦੇ ਮੈਂਬਰਾਂ ਵੱਲੋਂ ਭਰੋਸਾ ਜਤਾਉਂਦਿਆਂ ਸੋਨੀ ਮੁਗਲੈਲ ਵਾਲੇ ਨੂੰ ਸਰਬਸੰਮਤੀ ਨਾਲ ਐਸੋਸੀਏਸ਼ਨ ਦੇ ਪ੍ਰਧਾਨ ਵਜੋਂ ਨਿਯੁਕਤ ਕੀਤਾ ਗਿਆ।ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਸੋਨੀ ਮੁਗਲੈਲ ਵਾਲੇ ਨੇ ਅਹੁਦਾ ਸੰਭਾਲਦਿਆਂ ਸਪੇਅਰ ਪਾਰਟਸ ਐਸੋਸੀਏਸ਼ਨ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਦੁਕਾਨਦਾਰ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਆਉਂਦੀ ਹੈ ਅਤੇ ਕੋਈ ਵੀ ਮਦਦ ਦੀ ਲੋੜ ਹੋਵੇਗੀ ਤਾਂ ਉਹ ਹਮੇਸ਼ਾ ਆਪਣੇ ਸਾਥੀਆਂ ਸੋਹਮ ਕੁਮਾਰ ਲਕਸ਼ਮੀ ਤੇ ਦੀਪਕ ਟਿੰਕੂ ਮੈਂਬਰਾਂ ਨਾਲ ਮਿਲ ਕੇ ਸਮੱਸਿਆ ਦਾ ਹੱਲ ਕੱਢਣ ਦੀ ਕੋਸ਼ਿਸ਼ ਕਰਨਗੇ।ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਥਾਂ-ਥਾਂ ਕੂੜੇ ਦੇ ਡੰਪਾਂ ਤੇ ਗੰਦਗੀ ਦੇ ਢੇਰ ਲੱਗੇ ਪਏ ਹਨ, ਜਿਨ੍ਹਾਂ ਕਾਰਨ ਸ਼ਹਿਰ ਵਾਸੀਆਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਸ਼ਹਿਰ ਵਿੱਚ ਭਿਆਨਕ ਬਿਮਾਰੀਆਂ ਫੈਲਣ ਦਾ ਖ਼ਤਰਾ ਮੰਡਰਾ ਰਿਹਾ ਹੈ।ਉਨ੍ਹਾਂ ਸਰਕਾਰ ਅੱਗੇ ਮੰਗ ਕੀਤੀ ਕਿ ਇਸ ਸਮੱਸਿਆ ਦਾ ਢੁੱਕਵਾਂ ਹੱਲ ਕੱਢੇ ਤਾਂ ਜੋ ਸ਼ਹਿਰ ਵਾਸੀਆਂ ਨੂੰ ਇਸ ਸਮੱਸਿਆ ਤੋਂ ਨਿਜ਼ਾਤ ਦਿਵਾਈ ਜਾ ਸਕੇ।ਇਸ ਮੌਕੇ ਸੋਮ ਪ੍ਰਕਾਸ਼, ਦੀਪਕ ਟਿੰਕੂ, ਸੋਹਮ ਕੁਮਾਰ ਲਕਸ਼ਮੀ, ਦਵਿੰਦਰ ਸਿੰਘ ਕੋਹਲੀ, ਅਸ਼ਵਨੀ ਕੁਮਾਰ, ਚੌਧਰੀ ਸਪੇਅਰ ਪਾਰਟਸ, ਦੀਪੂ ਰਾਮ, ਦੀਪਾ ਸਪੇਅਰ ਪਾਰਟਸ, ਸੋਹਨ ਲਾਲ, ਸੰਨੀ ਸਪੇਅਰ ਪਾਰਟਸ, ਪ੍ਰੇਮ ਕੁਮਾਰ, ਅਨਿਲ ਕੁਮਾਰ, ਕੁਲਦੀਪ ਸਿੰਘ ਬਤਰਾ, ਪਵਨ ਕੁਮਾਰ, ਰਾਜੂ ਸਪੇਅਰ ਪਾਰਟਸ, ਰਾਜਿੰਦਰ ਕੁਮਾਰ, ਵਿੱਕੀ ਸਿੰਗਲਾ, ਬੌਬੀ ਬਾਂਸਲ ਤੇ ਸ਼ਿੰਦਰ ਕੁਮਾਰ ਆਦਿ ਹਾਜ਼ਰ ਸਨ।

## ਅਮਿਤ ਸ਼ਾਹ ਦੀ ਮੋਗਾ ਰੈਲੀ 'ਚ ਵਰਕਰ ਪਹੁੰਚਣ ਲਈ ਪੱਬਾਂ ਭਾਰ : ਵਕੀਲ ਭਾਰਦਵਾਜ



**ਲੁਧਿਆਣਾ (ਰਾਜ ਸਿੰਗਲਾ)**-ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਵੱਖ-ਵੱਖ ਪਾਰਟੀਆਂ ਚੋਣ ਰੈਲੀਆਂ ਕਰਕੇ ਵੋਟਰਾਂ ਨੂੰ ਭਰਮਾ ਰਹੀਆਂ ਹਨ। ਇਸੇ ਲੜੀ ਤਹਿਤ ਭਾਰਤੀ ਜਨਤਾ ਪਾਰਟੀ ਵੱਲੋਂ ਮੋਗਾ ਅੰਦਰ 14 ਮਾਰਚ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਇੱਕ ਵੱਡੀ ਰੈਲੀ ਕੀਤੀ ਜਾ ਰਹੀ ਹੈ।ਇਸ ਰੈਲੀ ਨੂੰ ਸਫਲ ਕਰਨ ਲਈ ਭਾਰਤੀ ਜਨਤਾ ਪਾਰਟੀ ਦੇ ਵਰਕਰ ਤੇ ਲੀਡਰ ਪੱਬਾਂ ਭਾਰ ਹਨ। ਲੁਧਿਆਣਾ ਉੱਤਰੀ ਤੋਂ ਭਾਰਤੀਆ ਜਨਤਾ ਪਾਰਟੀ ਦੇ ਵਕੀਲ ਮੋਹਿਤ ਭਾਰਤਵਾਜ ਵੱਲੋਂ ਡੋਰ ਟੂ ਡੋਰ ਹੋ ਕੇ ਵੋਟਰਾਂ ਨਾਲ ਰੈਲੀ ਨੂੰ ਸਫਲ ਬਣਾਉਣ ਲਈ ਮਿਹਨਤ ਕੀਤੀ ਜਾ ਰਹੀ ਹੈ। ਵਕੀਲ ਮੋਹਿਤ ਭਾਰਦਵਾਜ ਨੇ ਦੱਸਿਆ ਕਿ ਲੁਧਿਆਣਾ ਅੰਦਰ ਕੇਂਦਰੀ ਮੰਤਰੀ ਰਵਨੀਤ ਬਿੱਟੂ ਤੇ ਜੀਵਨ ਗੁਪਤਾ ਦੀ ਰਹਿਨੁਮਾਈ ਹੇਠ ਹਜ਼ਾਰਾਂ ਵਰਕਰ ਮੋਗੇ ਵਿਖੇ ਹੋਣ ਵਾਲੀ ਰੈਲੀ 'ਚ ਸ਼ਮੂਲੀਅਤ ਕਰਨਗੇ।

## ਪੁਰਾਣੇ ਵਿਦਿਆਰਥੀ ਯਾਦਾਂ ਤਾਜ਼ਾ ਕਰਨ ਲਈ ਸਕੂਲ ਪਹੁੰਚੇ



**ਭੀਖੀ (ਗੁਰਿੰਦਰ ਸਿੰਘ ਔਲਖ)**-ਸ਼੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵਿੱਚ ਉਸ ਵੇਲੇ ਖੁਸ਼ੀ ਤੇ ਭਾਵੁਕਤਾ ਦਾ ਮਾਹੌਲ ਬਣ ਗਿਆ, ਜਦੋਂ ਚਾਰ ਪੁਰਾਣੇ ਵਿਦਿਆਰਥੀ ਆਪਣੀਆਂ ਸੁਹਾਣੀਆਂ ਯਾਦਾਂ ਨੂੰ ਤਾਜ਼ਾ ਕਰਨ ਲਈ ਸਕੂਲ ਪਹੁੰਚੇ।ਕਈ ਸਾਲਾਂ ਬਾਅਦ ਆਪਣੇ ਪਿਆਰੇ ਸਕੂਲ ਦੇ ਦਰਸ਼ਨ ਕਰਕੇ ਉਨ੍ਹਾਂ ਦੇ ਚਿਹਰਿਆਂ 'ਤੇ ਖੁਸ਼ੀ ਸਾਫ਼ ਝਲਕ ਰਹੀ ਸੀ।ਸਕੂਲ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ ਵੱਲੋਂ ਪੁਰਾਣੇ ਵਿਦਿਆਰਥੀਆਂ ਦਾ ਦਿਲੋਂ ਸਵਾਗਤ ਕੀਤਾ ਗਿਆ।ਪ੍ਰਿੰਸੀਪਲ ਰਪਿੰਦਰ ਪਟਿਆਲ ਨੇ ਉਨ੍ਹਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਵਿਦਿਆਰਥੀ ਕਿਸੇ ਵੀ ਸੰਸਥਾ ਦੀ ਅਸਲੀ ਪਛਾਣ ਹੁੰਦੇ ਹਨ ਅਤੇ ਉਨ੍ਹਾਂ ਦੀਆਂ ਉਪਲਬਧੀਆਂ ਸਕੂਲ ਲਈ ਮਾਣ ਦੀ ਗੱਲ ਹਨ।ਪੁਰਾਣੇ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਨਾਲ ਬੀਤੇ ਪਲਾਂ ਨੂੰ ਯਾਦ ਕਰਦੇ ਹੋਏ ਕਲਾਸਰੂਮ, ਮੈਦਾਨ ਤੇ ਸਕੂਲ ਦੇ ਹਰੇਕ ਕੋਨੇ ਨਾਲ ਜੁੜੀਆਂ ਯਾਦਾਂ ਸਾਂਝੀਆਂ ਕੀਤੀਆਂ।ਇਸ ਮੌਕੇ 'ਤੇ ਹਾਸੇ-ਖੁਸ਼ੀ ਅਤੇ ਭਾਵਨਾਤਮਕ ਪਲਾਂ ਦਾ ਸੁੰਦਰ ਮਿਲਾਪ ਦੇਖਣ ਨੂੰ ਮਿਲਿਆ।ਪੁਰਾਣੇ ਵਿਦਿਆਰਥੀਆਂ ਦੀ ਇਸ ਯਾਦਗਾਰੀ ਮੁਲਾਕਾਤ ਦੌਰਾਨ ਸਕੂਲ ਪ੍ਰਿੰਸੀਪਲ ਤੇ ਅਧਿਆਪਕਾਂ ਨੇ ਪੁਰਾਣੇ ਵਿਦਿਆਰਥੀਆਂ ਨਾਲ ਬੈਠਕ ਕਰਕੇ ਸਕੂਲ ਦੀ ਤਰੱਕੀ ਅਤੇ ਭਵਿੱਖੀ ਯੋਜਨਾਵਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

## ਤੀਰਥ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮੁੱਖ ਮੰਤਰੀ ਯੋਜਨਾ ਤਹਿਤ ਇੱਕ ਸ਼ਰਧਾਲੂਆਂ ਦੀ ਬੱਸ ਮਾਛੀਵਾੜਾ ਦੀ ਇੰਦਰਾ ਕਾਲੋਨੀ ਤੋਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤੀ। ਮਾਰਕੀਟ ਕਮੇਟੀ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ ਨੇ ਸ਼ਰਧਾਲੂਆਂ ਨਾਲ ਭਰੀ ਬੱਸ ਨੂੰ ਰਵਾਨਾ ਕਰਨ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਜੱਥਾ ਸ੍ਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਰ, ਵਾਹਘਾ ਬਾਰਡਰ ਆਦਿ ਦੇ ਦਰਸ਼ਨਾਂ ਕਰੇਗਾ। ਉਨ੍ਹਾਂ ਦੱਸਿਆ ਕਿ ਸ਼ਰਧਾਲੂਆਂ ਦੇ ਰਹਿਣ ਤੇ ਉਨ੍ਹਾਂ ਦੇ ਆਉਣ ਜਾਣ ਲਈ ਸਰਕਾਰ ਵਲੋਂ ਮੁਫ਼ਤ ਪ੍ਰਬੰਧ ਕੀਤੇ ਗਏ ਹਨ। ਚੇਅਰਮੈਨ ਗਿੱਲ ਨੇ ਦੱਸਿਆ ਕਿ ਮੁੱਖ ਮੰਤਰੀ ਤੀਰਥ ਯੋਜਨਾ ਤਹਿਤ ਮਾਛੀਵਾੜਾ ਇਲਾਕੇ ਦੇ ਸੈਂਕੜੇ ਸ਼ਰਧਾਲੂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ, ਪਰਵੀਨ ਮੱਕੜ, ਨਰਿੰਦਰਪਾਲ ਨਿੰਦੀ, ਜਸਵੀਰ ਗਿੱਲ, ਭੁਪਿੰਦਰ ਸਿੰਘ, ਸੰਜੀਵ ਗਰੋਵਰ, ਰੋਹਿਤ ਜੈਨ, ਨਿਰੰਜਨ ਸਿੰਘ ਨੂਰ ਵੀ ਮੌਜੂਦ ਸਨ।

## ਕੁੱਟ-ਮਾਰ ਮਾਮਲੇ 'ਚ ਚਾਰ ਖਿਲਾਫ ਮਾਮਲਾ ਦਰਜ

**ਹਠੂਰ (ਲਵਲੀ ਮਾਛੀਕੇ)**-ਥਾਣਾ ਹਠੂਰ ਦੀ ਪੁਲਸ ਵੱਲੋਂ ਤਿੰਨ ਵਿਅਕਤੀਆਂ ਤੇ ਇੱਕ ਔਰਤ ਖਿਲਾਫ ਵੱਖ-ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਹਠੂਰ ਦੇ ਐੱਸ ਐੱਚ ਓ ਕੁਲਦੀਪ ਕੁਮਾਰ ਨੇ ਦੱਸਿਆ ਕਿ 16 ਫਰਵਰੀ ਦੀ ਰਾਤ ਨੂੰ ਗੁਰਮੇਲ ਸਿੰਘ (75) ਪੁੱਤਰ ਬਚਨ ਸਿੰਘ ਵਾਸੀ ਰਸੂਲਪੁਰ ਦੀ ਘਰ ਦੇ ਕਬਜ਼ੇ ਨੂੰ ਲੈ ਕੇ ਕੁੱਟ-ਮਾਰ ਕੀਤੀ ਗਈ ਸੀ।ਉਨ੍ਹਾ ਦੱਸਿਆ ਕਿ ਗੁਰਮੇਲ ਸਿੰਘ ਨੇ ਪੁਲਸ ਨੂੰ ਦਿੱਤੇ ਬਿਆਨਾਂ ਰਾਹੀਂ ਦੱਸਿਆ ਕਿ ਸਾਡੇ ਕੋਲ 16 ਮਰਲੇ ਦਾ ਘਰ ਹੈ, ਜਿਸ ਦੇ ਅੱਧੇ ਹਿੱਸੇ ਅੱਠ ਮਰਲੇ ਵਿੱਚ ਗੁਰਮੇਲ ਸਿੰਘ ਦਾ ਘਰ ਹੈ, ਜਿਸ 'ਤੇ ਉਸ ਦਾ ਭਰਾ ਕਬਜ਼ਾ ਕਰਨਾ ਚਾਹੁੰਦਾ ਹੈ ਤੇ ਮਾਣਯੋਗ ਅਦਾਲਤ ਵਿੱਚ ਕੇਸ ਵੀ ਚੱਲ ਰਿਹਾ ਹੈ।ਗੁਰਮੇਲ ਸਿੰਘ ਨੇ ਦੱਸਿਆ ਕਿ 16 ਫਰਵਰੀ ਨੂੰ ਮੈਂ ਰੋਜ਼ਾਨਾ ਦੀ ਤਰ੍ਹਾਂ ਗਊਸ਼ਾਲਾ ਦੀ ਸੇਵਾ ਕਰਨ ਉਪਰੰਤ ਦੇਰ ਸ਼ਾਮ ਸੱਤ ਵਜੇ ਜਦੋਂ ਆਪਣੇ ਘਰ ਵਿੱਚ ਦਾਖਲ ਹੋਣ ਲੱਗਾ ਤਾਂ ਮੇਰੇ ਭਰਾ ਦੇ ਪਰਿਵਾਰ ਨੇ ਮੇਰੀ ਕੁੱਟ-ਮਾਰ ਕੀਤੀ, ਜਿਸ ਵਿੱਚ ਉਹ ਜ਼ਖ਼ਮੀ ਹੋ ਗਿਆ।ਐੱਸ ਐੱਚ ਓ ਕੁਲਦੀਪ ਕੁਮਾਰ ਨੇ ਦੱਸਿਆ ਕਿ ਇਸ ਕੇਸ ਦੀ ਏ ਐੱਸ ਆਈ ਸੁਲੱਖਣ ਨੇ ਬਰੀਕੀ ਨਾਲ ਜਾਂਚ ਕਰਨ ਉਪਰੰਤ ਗੁਰਮੇਲ ਸਿੰਘ ਪੁੱਤਰ ਬਚਨ ਸਿੰਘ ਦੇ ਬਿਆਨਾਂ 'ਤੇ ਥਾਣਾ ਹਠੂਰ ਵਿਖੇ ਜਸਪ੍ਰੀਤ ਸਿੰਘ ਪੁੱਤਰ ਅਜਮੇਰ ਸਿੰਘ, ਪ੍ਰਦੀਪ ਸਿੰਘ ਪੁੱਤਰ ਸੋਹਣ ਸਿੰਘ, ਬਲਵਿੰਦਰ ਕੌਰ ਪਤਨੀ ਸੋਹਣ ਸਿੰਘ, ਅਜਮੇਰ ਸਿੰਘ ਪੁੱਤਰ ਬਚਨ ਸਿੰਘ ਵਾਸੀ ਰਸੂਲਪੁਰ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ ਤੇ ਬਾਕੀ ਤਫਤੀਸ਼ ਜਾਰੀ ਹੈ।

## ਗੁਰੂ ਤੇਗ ਬਹਾਦਰ ਜੀ ਬਾਰੇ ਇਤਿਹਾਸਕ ਪੱਖ ਤੋਂ ਕੀਤੇ ਅਧਿਐਨ 'ਤੇ ਵਿਚਾਰ ਚਰਚਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਧਰਮ ਅਧਿਐਨ ਵਿਭਾਗ ਵਿਖੇ ਸਥਾਪਤ ਸ੍ਰੀ ਗੁਰੂ ਗੋਬਿੰਦ ਸਿੰਘ ਚੇਅਰ ਵੱਲੋਂ ਵਿਸ਼ੇਸ਼ ਭਾਸ਼ਣ ਲੜੀ ਦੇ ਤੀਜੇ ਦਿਨ ਡਾ. ਸੁਖਦਿਆਲ ਸਿੰਘ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਬਾਰੇ ਇਤਿਹਾਸਕ ਪੱਖ ਤੋਂ ਕੀਤੇ ਅਧਿਐਨ ਬਾਰੇ ਵਿਚਾਰ ਚਰਚਾ ਕੀਤੀ। ਡਾ. ਸੁਖਦਿਆਲ ਸਿੰਘ ਨੇ ਹਿੰਦੁਸਤਾਨ ਤੇ ਭਾਰਤ ਸ਼ਬਦ ਪੈਣ ਬਾਰੇ ਪਿਛਲੇ ਇਤਿਹਾਸ ਤੇ ਕਾਰਨਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਅਜਿਹਾ ਕੋਈ ਸੰਸਕ੍ਰਿਤ ਗ੍ਰੰਥ ਨਹੀਂ, ਜਿਸ ਵਿੱਚ ਹਿੰਦੁਸਤਾਨ ਸ਼ਬਦ ਦਾ ਜ਼ਿਕਰ ਆਇਆ ਹੋਵੇ।ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਵਰਤੇ ਹਿੰਦੁਸਤਾਨ ਸ਼ਬਦ ਦੇ ਅਧਾਰ 'ਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੂੰ ਹਿੰਦ ਦੀ ਚਾਦਰ ਕਹੇ ਜਾਣ ਦੇ ਅਸਲ ਅਰਥਾਂ ਬਾਰੇ ਵਿਚਾਰ ਪੇਸ਼ ਕੀਤੇ।ਇਸ ਦੇ ਨਾਲ ਹੀ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਵਿਚਾਰਧਾਰਾ ਨੂੰ ਸਮਝਣ ਲਈ ਇਤਿਹਾਸਕ ਸ੍ਰੋਤ ਨਹੀਂ, ਸਗੋਂ ਇਕੋ-ਇਕ ਸ੍ਰੋਤ ਗੁਰਬਾਣੀ ਹੈ, ਜਿਸ ਨੂੰ ਅਧਾਰ ਬਣਾ ਕੇ ਹੀ ਗੁਰੂ ਸਾਹਿਬ ਦੇ ਸੰਦੇਸ਼ ਨੂੰ ਸਮਝਿਆ ਤੇ ਬਿਆਨਿਆ ਜਾ ਸਕਦਾ ਹੈ।ਇਸ ਉਪਰੰਤ ਇਨ੍ਹਾਂ ਨੇ ਗੁਰੂ ਸਾਹਿਬ ਦੁਆਰਾ ਰਚਿਤ ਅਖੀਰਲੇ ਪੰਜ ਸਲੋਕਾਂ ਨੂੰ ਆਪਣੇ ਅੰਦਰੂਨੀ ਅਨੁਭਵ ਦੇ ਨਾਲ ਬਿਆਨ ਕੀਤਾ ਕਿ ਕਿਵੇਂ ਗੁਰਬਾਣੀ ਮਨੁੱਖ ਦੇ ਅੰਦਰਲੇ ਹਰ ਸਵਾਲ ਦਾ ਜਵਾਬ ਦਿੰਦੀ ਹੈ।ਸ੍ਰੀ ਗੁਰੂ ਗੋਬਿੰਦ ਸਿੰਘ ਚੇਅਰ ਦੇ ਇੰਚਾਰਜ ਡਾ. ਗੁਰਮੀਤ ਸਿੰਘ ਸਿੱਧੂ ਨੇ ਸਰੀਬਗੁਰੂ ਤੇਗ ਬਹਾਦਰ ਸਾਹਿਬ ਨਾਲ ਸੰਬੰਧਤ ਨਵੇਂ ਖੋਜ ਕਾਰਜਾਂ ਹਿੱਤ ਨਵੀਆਂ ਅੰਤਰ-ਦ੍ਰਿਸ਼ਟੀਆਂ ਸਾਂਝੀਆਂ ਕੀਤੀਆਂ ਅਤੇ ਸ੍. ਤ੍ਰਿਲੋਕ ਸਿੰਘ ਦੁਆਰਾ ਚਿੱਤਰਾਂ ਰਾਹੀਂ ਗੁਰਬਾਣੀ ਵਿਆਖਿਆ ਹਿੱਤ ਪਾਏ ਯੋਗਦਾਨ ਸੰਬੰਧੀ ਖੋਜ ਕਾਰਜ ਉਲੀਕਣ ਦੀ ਗੱਲ ਕੀਤੀ।ਸ੍. ਜੋਤਿੰਦਰ ਸਿੰਘ ਇੰਜੀਨੀਅਰ-ਇਨ-ਚੀਫ (ਰਿਟਾ.) ਪੰਜਾਬ ਰਾਜ ਬਿਜਲੀ ਬੋਰਡ ਵੱਲੋਂ ਇਸ ਸਮਾਗਮ ਰਾਹੀਂ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ ਗਈ।ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਤੇਜਿੰਦਰ ਕੌਰ ਧਾਲੀਵਾਲ ਵੱਲੋਂ ਮਹਿਮਾਨਾਂ ਦਾ ਰਸਮੀ ਤੌਰ 'ਤੇ ਧੰਨਵਾਦ ਕੀਤਾ ਗਿਆ।ਡਾ. ਪ੍ਰਦੀਪ ਕੌਰ ਰਿਸਰਚ ਐਸੋਸੀਏਟ ਗੁਰੂ ਗੋਬਿੰਦ ਸਿੰਘ ਚੇਅਰ ਵੱਲੋਂ ਸਟੇਜ ਸੰਚਾਲਨ ਕੀਤਾ ਗਿਆ।

## ਧਮਕੀ ਭਰੇ ਈਮੇਲ ਮਿਲਣ 'ਤੇ ਬਿਆਸ ਵਿਖੇ ਸਕੂਲਾਂ 'ਚ ਛੁੱਟੀ

**ਬਿਆਸ (ਪਰਮਜੀਤ ਸਿੰਘ ਰੱਖੜਾ)**-ਅੰਮ੍ਰਿਤਸਰ ਜ਼ਿਲ੍ਹੇ ਵਿੱਚ ਵੱਖ-ਵੱਖ ਸਕੂਲਾਂ ਨੂੰ ਧਮਕੀ ਭਰੇ ਈਮੇਲ ਪ੍ਰਾਪਤ ਹੋਏ ਜਿਸ ਵਿੱਚ ਸਕੂਲਾਂ ਦਾ ਨੁਕਸਾਨ ਕਰਨ ਦੀ ਗੱਲ ਕਹੀ ਗਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬਿਆਸ ਇਲਾਕੇ ਦੀਆਂ ਨਾਮਵਰ ਵਿਦਿਅਕ ਸੰਸਥਾਵਾਂ ਰਾਇਲ ਕੈਂਬ੍ਰਿਜ ਸਕੂਲ ਅਤੇ ਜ਼ੈਨਿਥ ਪਬਲਿਕ ਸਕੂਲ ਨੂੰ ਵੀ ਧਮਕੀ ਭਰੀ ਈਮੇਲ ਮਿਲੀ ਜਿਸ ਨਾਲ ਐਮਰਜ ਸਕੂਲ, ਕੈਂਬ੍ਰਿਜ ਸਕੂਲ 'ਚ ਛੁੱਟੀ ਕਰ ਦਿੱਤੀ ਗਈ ਅਤੇ ਜ਼ੈਨਿਥ ਪਬਲਿਕ ਸਕੂਲ ਵਡਾਲਾ 'ਚ ਪਹਿਲਾਂ ਹੀ ਛੁੱਟੀ ਸੀ।

ਇਸ ਤੋਂ ਬਾਅਦ ਪੁਲਸ ਪ੍ਰਸ਼ਾਸਨ ਨੇ ਇਸ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਸਕੂਲ ਦੀ ਚੈਕਿੰਗ ਕੀਤੀ ਪਰ ਕੋਈ ਵੀ ਚੀਜ਼ ਸਾਹਮਣੇ ਨਹੀਂ ਆਈ ਅਤੇ ਇਹ ਸਿਰਫ ਅਫਵਾਹ ਭਰਿਆ ਮੇਲ ਨਿਕਲਿਆ। ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਮੁਖਤਾਰ ਸਿੰਘ ਥਾਣਾ ਖਲਚੀਆਂ ਮੁਖੀ ਨੇ ਕਿਹਾ ਕਿ ਇਹ ਸਿਰਫ ਇੱਕ ਅਫਵਾਹ ਸੀ ਜਿਸ ਨਾਲ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਲੋਕ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ 'ਤੇ ਯਕੀਨ ਨਾ ਕਰਨ। ਪੁਲਸ ਹਮੇਸ਼ਾ ਲੋਕਾਂ ਦੀ ਸੁਰੱਖਿਆ 'ਚ ਹਾਜ਼ਰ ਹੈ।

## ਭਾਜਪਾ ਵੱਲੋਂ ਮਾਰਚ 'ਚ ਕੀਤੀਆਂ ਜਾਣਗੀਆਂ ਚਾਰ ਰੈਲੀਆਂ : ਡਾ. ਸੀਮਾਂਤ ਗਰਗ



**ਮੋਗਾ (ਇਕਬਾਲ ਸਿੰਘ ਖਹਿਰਾ)**-2027 ਦੀਆਂ ਚੋਣਾਂ ਦੇ ਮੱਦੇਨਜ਼ਰ ਭਾਜਪਾ ਆਉਣ ਵਾਲੇ ਦਿਨਾਂ ਵਿੱਚ ਆਪਣੀਆਂ ਗਤੀਵਿਧੀਆਂ ਤੇਜ਼ ਕਰ ਰਹੀ ਹੈ।ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਭਾਜਪਾ ਪੰਜਾਬ ਭਰ ਵਿੱਚ ਵੱਖ-ਵੱਖ ਥਾਵਾਂ 'ਤੇ ਚਾਰ ਰੈਲੀਆਂ ਕਰੇਗੀ, ਜਿਸ ਵਿੱਚ ਇੱਕ ਭਾਜਪਾ ਕਿਸਾਨ ਰੈਲੀ, ਇੱਕ ਭਾਜਪਾ ਯੁਵਾ ਮੋਰਚਾ ਰੈਲੀ ਤੇ ਇੱਕ ਭਾਜਪਾ ਮਹਿਲਾ ਮੋਰਚਾ ਰੈਲੀ ਸ਼ਾਮਲ ਹੈ।ਪੰਜਾਬ ਕਿਸਾਨ ਰੈਲੀ, ਜੋ ਕਿ ਮੋਗਾ, ਮਾਲਵਾ ਵਿੱਚ ਹੋਵੇਗੀ, ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਤੇ ਹੋਰ ਕੇਂਦਰੀ ਅਤੇ ਸੂਬਾਈ ਭਾਜਪਾ ਆਗੂ 14 ਮਾਰਚ ਨੂੰ ਮੋਗਾ ਵਿੱਚ ਰੈਲੀ ਵਿੱਚ ਸ਼ਾਮਲ ਹੋਣਗੇ।ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਦੱਸਿਆ ਕਿ ਪੰਜਾਬ ਵਿੱਚ ਹੋਣ ਵਾਲੀਆਂ ਭਾਜਪਾ ਰੈਲੀਆਂ ਲਈ ਆਉਣ ਵਾਲੇ ਦਿਨਾਂ ਵਿੱਚ ਤਿਆਰੀਆਂ ਤੇ ਗਤੀਵਿਧੀਆਂ ਸ਼ੁਰੂ ਹੋ ਜਾਣਗੀਆਂ।14 ਮਾਰਚ ਨੂੰ ਮੋਗਾ ਵਿੱਚ ਹੋਣ ਵਾਲੀ ਕਿਸਾਨ ਰੈਲੀ ਲਈ ਇੱਕ ਖਰੜਾ ਤਿਆਰ ਕੀਤਾ ਜਾਵੇਗਾ।ਕੇਂਦਰੀ ਤੇ ਪੰਜਾਬ ਭਾਜਪਾ ਪ੍ਰਧਾਨਾਂ, ਭਾਜਪਾ ਦੇ ਸੂਬਾ ਸੰਗਠਨ ਮੰਤਰੀ ਤੇ ਕੇਂਦਰੀ ਲੀਡਰਸ਼ਿਪ ਦੀਆਂ ਟੀਮਾਂ ਵੀ ਮੋਗਾ ਪਹੁੰਚਣਗੀਆਂ।ਡਾ. ਸੀਮਾਂਤ ਗਰਗ ਨੇ ਦੱਸਿਆ ਕਿ ਜਦੋਂ ਤੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2014 ਵਿੱਚ ਸੱਤਾ ਸੰਭਾਲੀ ਹੈ, ਉਨ੍ਹਾਂ ਨੇ ਕਿਸਾਨਾਂ, ਖਾਸ ਕਰਕੇ ਪੰਜਾਬ ਦੇ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਲਈ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹੋਣ ਵਾਲੀਆਂ ਚਾਰ ਰੈਲੀਆਂ ਲਈ ਭਾਜਪਾ ਅਧਿਕਾਰੀਆਂ ਤੇ ਵਰਕਰਾਂ ਵਿੱਚ ਬਹੁਤ ਉਤਸ਼ਾਹ ਹੈ।ਉਨ੍ਹਾਂ ਕਿਹਾ ਕਿ ਮੋਗਾ ਵਿੱਚ ਭਾਜਪਾ ਕਿਸਾਨ ਰੈਲੀ ਪੰਜਾਬ ਦੀ ਰਾਜਨੀਤੀ 'ਤੇ ਇੱਕ ਨਵੀਂ ਛਾਪ ਛੱਡੇਗੀ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਨੀਂਹ ਵੀ ਰੱਖੇਗੀ।

## ਮੁਫ਼ਤ ਸਪਾਇਰੋਮੈਟਰੀ ਕੈਂਪ ਰਾਹੀਂ ਸਾਹ ਸੰਬੰਧੀ ਬਿਮਾਰੀਆਂ ਦੀ ਜਾਂਚ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅਮਨਦੀਪ ਹਸਪਤਾਲ ਨੇ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਨਾਲ ਭਾਗੀਦਾਰੀ ਤੇ ਸਮਾਜ ਸੇਵਾ ਸੋਸਾਇਟੀ ਗੁਰੂ ਹਰਸਹਾਇ ਦੇ ਸਹਿਯੋਗ ਨਾਲ ਆਪਣੇ ਸਥਾਨ 'ਤੇ ਮੁਫ਼ਤ ਸਪਾਇਰੋਮੈਟਰੀ ਕੈਂਪ ਦਾ ਸਫਲ ਆਯੋਜਨ ਕੀਤਾ। ਕੈਂਪ ਦਾ ਮੁੱਖ ਉਦੇਸ਼ ਅਸਥਮਾ, ਸੀਓਪੀਡੀ ਤੇ ਫੇਫੜਿਆਂ ਨਾਲ ਜੁੜੀਆਂ ਹੋਰ ਸਾਹ ਸੰਬੰਧੀ ਬਿਮਾਰੀਆਂ ਦੀ ਸ਼ੁਰੂਆਤੀ ਪਹਿਚਾਣ ਕਰਨਾ ਤੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣਾ ਸੀ। ਇਸ ਦੌਰਾਨ ਸਪਾਇਰੋਮੈਟਰੀ ਟੈਸਟ, ਜੋ ਫੇਫੜਿਆਂ ਦੀ ਕਾਰਗੁਜ਼ਾਰੀ ਤੇ ਸਾਹ ਲੈਣ ਦੀ ਸਮਰੱਥਾ ਨੂੰ ਮਾਪਦਾ ਹੈ, ਸੀਨੀਅਰ ਪਲਮੋਨੋਲੋਜੀ ਤੇ ਕ੍ਰਿਟੀਕਲ ਕੇਅਰ ਮਾਹਰ ਡਾ. ਚੇਤਨ ਕੁਮਾਰ ਐੱਨ ਜੀ ਦੀ ਦੇਖ-ਰੇਖ ਹੇਠ ਕੀਤਾ ਗਿਆ। ਮਰੀਜ਼ਾਂ ਦੀ ਸੁਵਿਧਾ ਲਈ ਮੁਫ਼ਤ ਓਪੀਡੀ ਸਲਾਹ ਸੇਵਾ ਵੀ 28 ਫ਼ਰਵਰੀ 2026 ਤੱਕ ਸੋਮਵਾਰ ਤੋਂ ਸ਼ਨੀਵਾਰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਉਪਲਬਧ ਕਰਵਾਈ ਗਈ। ਕੈਂਪ ਦਾ ਉਦਘਾਟਨ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ. ਅਭਿਸ਼ੇਕ ਅਰੋੜਾ, ਸੋਸਾਇਟੀ ਦੇ ਪ੍ਰਧਾਨ ਮਦਨ ਮੋਹਨ ਕੰਧਾਰੀ, ਮਹਾਂਸਚਿਵ ਬੂਰ ਚੰਦ ਬਿੰਦਰਾ ਤੇ ਕੈਸ਼ੀਅਰ ਆਦਰਸ਼ਜੀਤ ਪਾਲ ਧਵਨ ਦੀ ਹਾਜ਼ਰੀ ਵਿੱਚ ਕੀਤਾ ਗਿਆ। ਹਸਪਤਾਲ ਦੀ ਡਾਇਰੈਕਟਰ ਡਾ. ਅਮਨਦੀਪ ਕੌਰ ਨੇ ਕਿਹਾ ਕਿ ਸੰਸਥਾ ਦਾ ਉਦੇਸ਼ ਸਿਰਫ਼ ਇਲਾਜ ਤੱਕ ਸੀਮਿਤ ਨਹੀਂ, ਸਗੋਂ ਰੋਕਥਾਮੀ ਸਿਹਤ ਸੇਵਾਵਾਂ ਤੇ ਜਨ-ਜਾਗਰੂਕਤਾ ਨੂੰ ਵਧਾਵਾ ਦੇਣਾ ਵੀ ਹੈ। ਉਨ੍ਹਾਂ ਦੱਸਿਆ ਕਿ ਇਸ ਪਹਿਲ ਰਾਹੀਂ ਸਾਹ ਸੰਬੰਧੀ ਰੋਗਾਂ ਦੀ ਸਮੇਂ ਸਿਰ ਪਹਿਚਾਣ ਯਕੀਨੀ ਬਣਾ ਕੇ ਸਮਾਜ ਦੇ ਹਰ ਵਰਗ ਤੱਕ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਸੇਵਾ ਦੀ ਪ੍ਰੰਪਰਾ ਨੂੰ ਅੱਗੇ ਵਧਾਉਂਦਿਆਂ ਗਰੁੱਪ ਹੁਣ ਤੱਕ 25 ਲੱਖ ਤੋਂ ਵੱਧ ਮਰੀਜ਼ਾਂ ਦਾ ਇਲਾਜ ਕਰ ਚੁੱਕਾ ਹੈ ਤੇ ਖੇਤਰ ਵਿੱਚ ਸੌਖੀਆਂ, ਕਿਫ਼ਾਇਤੀ ਤੇ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਨੂੰ ਨਵੀਂ ਦਿਸ਼ਾ ਦੇ ਰਿਹਾ ਹੈ।

## ਸਰਕਾਰ ਵਣ ਵਰਕਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਬੰਦ ਕਰੇ : ਐਡਵੋਕੇਟ ਉਡਤ



**ਮਾਨਸਾ (ਆਤਮਾ ਸਿੰਘ ਪਮਾਰ)**-ਜੰਗਲਾਤ ਵਿਭਾਗ ਫੀਲਡ ਵਰਕਰ ਯੂਨੀਅਨ ਦਾ ਵਫ਼ਦ ਵਣ ਮੰਡਲ ਅਫਸਰ ਨੂੰ ਮਿਲਿਆ।ਵਫ਼ਦ ਵੱਲੋਂ ਵਣ ਵਰਕਰਾਂ ਨੂੰ ਬਕਾਇਆ ਤਨਖਾਹਾਂ ਦੇਣ, ਸੀਨੀਆਰਤਾ ਸੂਚੀਆਂ ਸੋਧਣ, ਸੱਠ ਸਾਲ ਦੀ ਉਮਰ ਪੂਰੀ ਕਰ ਚੁੱਕੇ ਵਰਕਰਾਂ ਨੂੰ ਕੰਮ ਤੇ ਰੱਖਣ, ਵਰਕਰਾਂ ਨੂੰ ਲੋੜੀਂਦੇ ਸੰਦ, ਵਰਦੀਆਂ ਤੇ ਬੂਟ ਮੁਹੱਈਆ ਕਰਾਉਣ ਆਦਿ ਮੰਗਾਂ ਸਬੰਧੀ ਅਧਿਕਾਰੀ ਨਾਲ ਵਿਚਾਰ ਚਰਚਾ ਕੀਤੀ ਗਈ। ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ ਏਟਕ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉਡਤ ਨੇ ਕਿਹਾ ਕਿ ਬਦਲਾਅ ਵਾਲੀ ਮਾਨ ਸਰਕਾਰ ਵਣ ਵਰਕਰਾਂ ਨਾਲ ਮਤਰੇਈ ਮਾ ਵਾਲਾ ਸਲੂਕ ਕਰ ਰਹੀ ਹੈ।ਵਣ ਵਰਕਰਾਂ ਨੂੰ ਪੱਕੇ ਤਾਂ ਕੀ ਕਰਨਾ ਸੀ, ਸਗੋਂ 40-45 ਸਾਲਾਂ ਤੋ ਕੰਮ ਕਰ ਰਹੇ ਵਰਕਰਾਂ ਨੂੰ ਜਬਰੀ ਘਰਾਂ ਨੂੰ ਤੋਰਿਆ ਜਾ ਰਿਹਾ ਹੈ ਕਿ ਤੁਹਾਡੀ ਉਮਰ 60 ਸਾਲ ਹੋ ਚੁੱਕੀ ਹੈ।ਉਡਤ ਨੇ ਕਿਹਾ ਕਿ ਕਿੰਨੀ ਤਰਸਯੋਗ ਹਾਲਤ ਹੈ ਉਨ੍ਹਾਂ ਵਰਕਰਾਂ ਦੀ, ਜਿਨ੍ਹਾਂ ਉਮਰ ਭਰ ਵਣ ਵਿਭਾਗ ਦੀ ਸੇਵਾ ਕੀਤੀ ਤੇ ਹੁਣ ਖਾਲੀ ਹੱਥ ਘਰਾਂ ਨੂੰ ਤੋਰ ਦਿੱਤੇ।ਉਨ੍ਹਾਂ ਮਾਨ ਸਰਕਾਰ ਤੇ ਜੰਗਲਾਤ ਮੰਤਰੀ ਤੋਂ ਮੰਗ ਕੀਤੀ ਕਿ ਉਹ ਆਪਣੀ ਸੱਠ ਸਾਲ ਵਾਲੀ ਚਿੱਠੀ ਵਾਪਸ ਲੈਣ ਤਾਂ ਜੁ ਸਰੀਰਕ ਤੌਰ 'ਤੇ ਤੰਦਰੁਸਤ ਵਣ ਵਰਕਰ ਕੰਮ ਕਰ ਸਕਣ ਤੇ ਆਪਣਾ ਤੇ ਆਪਣੇ ਪਰਵਾਰਾਂ ਦਾ ਪਾਲਣ ਪੋਸ਼ਣ ਕਰ ਸਕਣ।

## ਅੱਖਾਂ ਦਾਨੀ ਸਵ: ਮਾਤਾ ਕਾਂਤਾ ਦੇਵੀ ਇੰਸਾਂ ਦੇ ਪਰਵਾਰ ਦਾ ਸਨਮਾਨ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਮਾਤਾ ਕਾਂਤਾ ਦੇਵੀ ਇੰਸਾਂ (80) ਪਤਨੀ ਪਵਨ ਕੁਮਾਰ ਇੰਸਾਂ, ਵਾਸੀ ਭੁੱਚੋ ਮੰਡੀ, ਜੋ ਪਿਛਲੇ ਦਿਨੀਂ ਸੱਚਖੰਡ ਜਾ ਬਿਰਾਜੇ ਸਨ। ਮਾਤਾ ਕਾਂਤਾ ਦੇਵੀ ਇੰਸਾਂ ਦੀ ਮੌਤ ਉਪਰੰਤ ਪਰਵਾਰਕ ਮੈਂਬਰ ਸੰਜੀਵ ਕੁਮਾਰ ਇੰਸਾਂ ਨੇ ਸ਼ਾਹ ਸਤਿਨਾਮ ਜੀ ਗਰੀਨ ਐਸ ਵੈਲਫੇਅਰ ਕਮੇਟੀ ਦੇ ਸੇਵਾਦਾਰਾਂ ਰਾਹੀ ਉਸ ਦੀਆਂ ਅੱਖਾਂ ਦਾਨ ਕਰ ਦਿੱਤੀਆਂ। ਮਾਤਾ ਕਾਂਤਾ ਦੇਵੀ ਇੰਸਾਂ ਨੂੰ ਸ਼ਰਧਾਂਜਲੀ ਦੇਣ ਉਪਰੰਤ ਨੇਤਰਦਾਨ ਸੰਮਤੀ ਦੇ ਸੇਵਾਦਾਰ ਰਜੇਸ ਲਡਵਾਲ ਤੇ ਵਿਕਰਮ ਇੰਸਾਂ ਆਦਿ ਨੇ ਉਸ ਦੇ ਪਰਵਾਰ ਨੂੰ ਸਨਮਾਨ-ਚਿੰਨ੍ਹ ਦੇ ਕੇ ਸਨਮਾਨਤ ਕੀਤਾ।



## ਯਾਦਗਾਰੀ ਹੋ ਨਿੱਬੜਿਆ ਯੂਰੋ ਕਿਡਜ਼ ਤੇ ਡ੍ਰੀਮ ਬੈਰੀ ਕਾਨਵੈਂਟ ਸਕੂਲ ਦਾ ਸਾਲਾਨਾ ਖੇਡ ਦਿਵਸ



**ਦੋਰਾਹਾ (ਹਰਮਿੰਦਰ ਸੇਠ)**-ਯੂਰੋ ਕਿਡਸ ਤੇ ਡ੍ਰੀਮ ਬੈਰੀ ਕਾਨਵੈਂਟ ਸਕੂਲ ਵਿਖੇ ਮੈਨੇਜਿੰਗ ਡਾਇਰੈਕਟਰ ਰਜਤ ਸ਼ਰਮਾ ਦੀ ਅਗਵਾਈ ਵਿੱਚ ਸਾਲਾਨਾ ਖੇਡ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ, ਜੋ ਯਾਦਗਾਰੀ ਹੋ ਨਿੱਬੜਿਆ।ਸਕੂਲ ਦਾ ਮੈਦਾਨ ਵਿੱਚ ਰੰਗ-ਬਿਰੰਗੀਆਂ ਝੰਡੀਆਂ ਤੇ ਗੁਬਾਰਿਆਂ ਨਾਲ ਸਜਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਰਾਸਟਰੀ ਗੀਤ ਨਾਲ ਹੋਈ।ਪ੍ਰੋਗਰਾਮ 'ਚ ਮਿ. ਲਵ ਅਵਲੀਸ ਜੋ ਰਨਜੀ ਟਰਾਫੀ ਦੇ ਜੇਤੂ ਰਹੇ ਹਨ ਤੇ ਮਿ. ਬੈਨੇਟ ਦੋਸਾਂਝ ਜੋ ਕਿ ਰਾਈਜ਼ਿੰਗ ਸਟਾਰ 2017 ਦੇ ਜੇਤੂ ਰਹੇ ਹਨ, ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਵਿਦਿਆਰਥੀਆਂ ਨੇ ਮਾਰਚ ਪਾਸਟ ਕਰਕੇ ਸਲਾਮੀ ਦਿੱਤੀ।ਇਸ ਸਮੇਂ ਛੋਟੇ-ਛੋਟੇ ਬੱਚਿਆਂ ਦੀਆਂ ਵੱਖ-ਵੱਖ ਖੇਡਾਂ ਵਿੱਚ ਜਿਵੇਂ ਕਰਾਲਿੰਗ ਗੇਮ, ਬਾਲ ਕਲੈਕਟਿੰਗ, ਕੋਨ ਸੰਤੁਲਨ ਖੇਡ, ਪਿਕ ਐਂਡ ਡਰਾਪ, ਹਾਰਡਲ ਰੇਸ, ਹਾਕੀ ਗੇਮ, ਗਲਾਸ ਟਾਵਰ ਗੇਮ ਆਦਿ ਖੇਡਾਂ ਕਰਾਈਆਂ ਗਈਆਂ।ਖੇਡਾਂ ਦੇ ਨਾਲ-ਨਾਲ ਬੱਚਿਆਂ ਦੁਆਰਾ ਸ਼ਬਦ ਗਾਇਨ ਕੀਤਾ ਗਿਆ।ਉਸ ਤੋਂ ਇਲਾਵਾ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਜਿਵੇਂ ਗਿੱਧਾ, ਭੰਗੜਾ ਪੇਸ਼ ਕੀਤਾ ਗਿਆ।ਵਿਦਿਆਰਥੀਆਂ ਵੱਲੋਂ ਜੂਡੋ ਕਰਾਟੇ ਤੇ ਸੋਹਣੇ ਦਾਅ ਪੇਚ ਵੀ ਦਿਖਾਏ ਗਏ।ਮਾਪਿਆਂ ਲਈ ਵੀ ਖਾਸ ਖੇਡਾਂ ਕਰਾਈਆਂ ਗਈਆਂ, ਜਿਸ ਵਿੱਚ ਮਾਪਿਆਂ ਨੇ ਬੜੀ ਉਤਸ਼ਾਹ ਨਾਲ ਭਾਗ ਲਿਆ।ਅੰਤ ਵਿੱਚ ਜੇਤੂ ਵਿਦਿਆਰਥੀਆਂ ਤੇ ਮਾਪਿਆਂ ਨੂੰ ਮੈਡਲ ਤੇ ਇਨਾਮ ਦਿੱਤੇ ਗਏ।

## ਬਾਬਾ ਮੋਨੀ ਜੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਕੌਮੀ ਯੋਜਨਾ ਕੈਂਪ ਲਾਇਆ



**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਡਿਗਰੀ ਕਾਲਜ ਤੇ ਐਜੂਕੇਸ਼ਨ ਕਾਲਜ ਵੱਲੋਂ ਸੱਤ ਰੋਜ਼ਾ ਕੌਮੀ ਸੇਵਾ ਯੋਜਨਾ ਕੈਂਪ ਲਾਇਆ ਗਿਆ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਤੇ ਐਡਮਿਨਿਸਟ੍ਰੇਟਰ ਕੁਲਵੀਰ ਸਿੰਘ ਸਿੱਧੂ ਨੇ ਕੈਂਪ ਦਾ ਉਦਘਾਟਨ ਕੀਤਾ। ਪ੍ਰਿੰਸੀਪਲ ਪ੍ਰੋ. ਰਜਨੀ ਚੌਧਰੀ ਦੀ ਅਗਵਾਈ ਹੇਠ ਲਵਾਏ ਕੈਂਪ ਦੌਰਾਨ ਵਿਦਿਆਰਥਣਾਂ ਨੂੰ ਸਫਾਈ ਦੀ ਮਹੱਤਤਾ ਸੰਬੰਧੀ ਜਾਣੂ ਕਰਾਉਂਦਿਆਂ ਪੜ੍ਹਾਈ ਦੇ ਨਾਲ-ਨਾਲ ਚੰਗੇ ਸਮਾਜ ਦੀ ਉਸਾਰੀ ਲਈ ਸੇਵਾ ਭਾਵਨਾ ਨਾਲ ਕੰਮ ਕਰਨ ਦੀ ਪ੍ਰੇਰਨਾ ਦਿੱਤੀ ਗਈ। ਕੈਂਪ ਦੌਰਾਨ 10-10 ਵਿਦਿਆਰਥੀਆਂ ਨੂੰ ਗਰੁੱਪਾਂ ਵਿੱਚ ਵੰਡ ਕੇ ਕਾਲਜ ਕੈਂਪਸ ਤੋਂ ਇਲਾਵਾ ਪਿੰਡ ਦੀਆਂ ਗਲੀਆਂ, ਨਾਲੀਆਂ ਤੇ ਬਾਬਾ ਮੋਨੀ ਜੀ ਆਸ਼ਰਮ ਦੀ ਸਫ਼ਾਈ ਕੀਤੀ ਗਈ। ਕੈਂਪ ਦੌਰਾਨ ਵਲੰਟੀਅਰਾਂ ਲਈ ਖਾਣੇ ਦਾ ਪ੍ਰਬੰਧ ਕੀਤਾ ਗਿਆ। ਵਧੀਆਂ ਵਾਲੰਟੀਅਰਾਂ ਨੂੰ ਸਨਮਾਨਤ ਕੀਤਾ ਵੀ ਗਿਆ। ਸਮਾਪਤੀ ਮੌਕੇ ਕਾਲਜ ਕੰਪਲੈਕਸ ਵਿੱਚ ਸੱਭਿਆਚਾਰਕ ਪ੍ਰੋਗਰਾਮ ਕਰਾਇਆ ਗਿਆ। ਵਿਦਿਆਰਥਣਾਂ ਵੱਲੋਂ ਸੱਭਿਆਚਾਰਕ ਗਤੀਵਿਧੀਆਂ, ਨਾਟਕ, ਗਿੱਧਾ, ਗੀਤ ਤੇ ਭਾਸ਼ਣ ਪੇਸ਼ ਕੀਤੇ ਗਏ। ਵਲੰਟੀਅਰਾਂ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਤਨਦੇਹੀ ਨਾਲ ਕੰਮ ਕੀਤਾ।

## ਰਮਜਾਨ ਸਾਰੇ ਮਨੁੱਖਾਂ ਲਈ ਰਹਿਮਤ ਦਾ ਮਹੀਨਾ : ਸ਼ਾਹੀ ਇਮਾਮ ਪੰਜਾਬ

**ਲੁਧਿਆਣਾ (ਰਾਜ ਸਿੰਗਲਾ)**-ਰੋਜ਼ੇਦਾਰਾਂ ਨੇ ਸ਼ਹਿਰ ਭਰ ਦੀਆਂ ਮਸਜਿਦਾਂ 'ਚ ਰਮਜਾਨ ਦੇ ਦੂਜੇ ਜੁੰਮੇ ਦੀ ਨਮਾਜ਼ ਅਦਾ ਕੀਤੀ ਤੇ ਵਿਸ਼ਵ ਸ਼ਾਂਤੀ ਦੇ ਲਈ ਦੁਆ ਵੀ ਕੀਤੀ। ਫੀਲਡਗੰਜ ਚੌਕ ਵਿਖੇ ਇਤਿਹਾਸਕ ਜਾਮਾ ਮਸਜਿਦ 'ਚ ਇਸ ਮੌਕੇ 'ਤੇ ਹਜ਼ਾਰਾਂ ਮੁਸਲਮਾਨਾਂ ਨੂੰ ਸੰਬੋਧਤ ਕਰਦੇ ਹੋਏ ਪੰਜਾਬ ਦੇ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਰਮਜਾਨ ਦਾ ਮੁਬਾਰਕ ਮਹੀਨਾ ਦੁਨੀਆ ਭਰ ਦੇ ਇਨਸਾਨਾਂ ਲਈ ਰਹਿਮਤ ਵਾਲਾ ਹੈ।ਇਸ ਪਵਿੱਤਰ ਮਹੀਨੇ 'ਚ ਰੋਜ਼ੇਦਾਰਾਂ ਦੇ ਨਾਲ-ਨਾਲ ਸਾਰੇ ਇਨਸਾਨਾਂ ਨੂੰ ਅੱਲਾ ਤਾਲਾ ਦਾ ਵਿਸ਼ੇਸ਼ ਕਰਮ ਹੁੰਦਾ ਹੈ।ਸ਼ਾਹੀ ਇਮਾਮ ਨੇ ਕਿਹਾ ਕਿ ਇਸ ਮੁਬਾਰਕ ਮਹੀਨੇ 'ਚ ਇੱਕ ਨੇਕੀ ਕਰਨ ਦੇ ਬਦਲੇ 'ਚ 70 ਨੇਕੀਆਂ ਦੇ ਬਰਾਬਰ ਸਵਾਬ ਮਿਲਦਾ ਹੈ।ਅੱਲਾਹ ਤੋਂ ਅਪਣੇ ਗੁਨਾਹਾਂ ਦੀ ਮਾਫ਼ੀ ਮੰਗਣ ਵਾਲਿਆਂ ਦੀ ਤੌਬਾ ਕਬੂਲ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਰੋਜ਼ੇਦਾਰਾਂ ਨੂੰ ਚਾਹੀਦਾ ਹੈ ਕਿ ਉਹ ਚੁਗਲੀ ਵਰਗੇ ਗੁਨਾਹਾਂ ਤੋਂ ਬਚਣ।ਦੂਜਿਆਂ ਦਾ ਦਿਲ ਦੁਖਾ ਕੇ ਖੁਦਾ ਦੀ ਨਰਾਜ਼ਗੀ ਮੁੱਲ ਨਾ ਲੈਣ, ਬਲਕਿ ਰੋਜ਼ਾ ਰੱਖਣ ਤੋਂ ਬਾਅਦ ਆਪਣੇ ਗੁਨਾਹਾਂ ਦੀ ਮਾਫ਼ੀ ਮੰਗਦੇ ਰਹਿਣ।ਸ਼ਾਹੀ ਇਮਾਮ ਨੇ ਕਿਹਾ ਕਿ ਅੱਲਾਹ ਤਾਲਾ ਬੜਾ ਰਹੀਮ ਹੈ ਤੇ ਮਾਫ ਕਰਨ ਵਾਲਿਆਂ ਨੂੰ ਪਸੰਦ ਕਰਦਾ ਹੈ।

## ਬੀ ਕੇ ਯੂ ਏਕਤਾ ਮਲਵਈ ਜਥੇਬੰਦੀ ਨੇ ਰੋਕੀ ਕੁਰਕੀ



**ਦਿੜ੍ਹਬਾ (ਜਸਵੀਰ ਲਾਡੀ)**-ਐਸ ਬੀ ਆਈ ਬੈਂਕ ਵੱਲੋਂ ਪਰਮਾਨੰਦ ਬਸਤੀ ਵਿਖੇ ਹਰਪ੍ਰੀਤ ਵਰਮਾ ਦੀ ਘਰ ਦੀ ਕੁਰਕੀ ਰੱਖੀ ਗਈ ਸੀ, ਪਰ ਅਧਿਕਾਰੀ ਮੌਕੇ 'ਤੇ ਕੁਰਕੀ ਕਰਨ ਨਹੀਂ ਪਹੁੰਚਿਆ। ਸੂਬਾ ਆਗੂ ਰਾਮਪਾਲ ਸ਼ਰਮਾ ਨੇ ਕਿਹਾ ਕਿ ਸਾਡੀ ਜਥੇਬੰਦੀ ਭਾਰਤੀ ਕਿਸਾਨ ਯਨੀਅਨ ਏਕਤਾ ਮਲਵਈ ਵੱਲੋਂ ਕਿਸੇ ਦੇ ਘਰ ਦੀ ਕੁਰਕੀ ਨਹੀਂ ਹੋਣ ਦਿੱਤੀ ਜਾਵੇਗੀ। ਸੂਬਾ ਆਗੂ ਨੇ ਕਿਹਾ ਕਿ ਵੱਡੇ ਸਰਮਾਏਦਾਰਾਂ ਦਾ 16 ਲੱਖ ਕਰੋੜ ਦਾ ਕਰਜ਼ਾ ਮੁਆਫ਼ ਕਰ ਵੱਟੇ ਖਾਤੇ ਪਾ ਦਿੱਤਾ, ਪਰ ਜੋ ਛੋਟੇ ਤੇ ਦਰਮਿਆਨੇ ਕਰਜ਼ਦਾਰਾਂ ਦੇ ਘਰਾਂ ਦੀਆਂ ਕੁਰਕੀਆਂ ਕਰਕੇ ਬੈਂਕ ਆਪਣਾ ਕਰਜ਼ਾ ਵਸੂਲਣ ਲਈ ਲੋਕਾਂ ਨਾਲ ਧੱਕਾ ਕਰ ਰਹੀ ਹੈ ਤੇ ਸੂਬਾ ਆਗੂ ਨੇ ਕਿਹਾ ਆਪਣੇ ਰੁਜ਼ਗਾਰ ਲਈ ਬੈਂਕ ਤੋਂ ਜੋ ਕਰਜ਼ਾ ਲਿਆ ਸੀ, ਜਿਸ ਦੀਆਂ ਲਗਾਤਾਰ ਕਿਸ਼ਤਾਂ ਵਾਪਸ ਬੈਂਕ ਨੂੰ ਦਿੱਤੀਆਂ ਜਾ ਰਹੀਆਂ ਸਨ, ਪਰ ਕਰੋਨਾ ਕਾਲ ਵੇਲੇ ਕਾਰੋਬਾਰ ਬੰਦ ਹੋ ਗਿਆ। ਬੈਂਕ ਵੱਲੋਂ ਕਰਜ਼ਦਾਰ ਨੂੰ ਰਿਆਇਤ ਦੇਣ ਦੀ ਬਜਾਏ ਘਰ ਦੀ ਕੁਰਕੀ ਕਰਨ ਦਾ ਗ਼ਲਤ ਰਾਹ ਫੜਿਆ ਹੋਇਆ, ਉਹ ਬੰਦ ਕਰੇ।

**Capital Small Finance Bank Ltd.**

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ 1. ਸ਼੍ਰੀਮਤੀ ਕੁਲਵਿੰਦਰ ਕੌਰ ਪਤਨੀ ਸ਼੍ਰੀ ਅਮਰਜੀਤ ਵਾਸੀ ਨੂਰਮਹਿਲ ਰੋਡ, ਮਹਿਮੀ ਕਲੋਨੀ, ਨੰਗਲ, ਜਲੰਧਰ, ਪੰਜਾਬ-144410 2. ਸ਼੍ਰੀਮਤੀ ਰਜਨੀ ਪਤਨੀ ਸ਼੍ਰੀ ਗੁਰਵਿੰਦਰ ਸਿੰਘ ਵਾਸੀ ਨੂਰਮਹਿਲ ਰੋਡ, ਨੰਗਲ, ਜਲੰਧਰ, ਪੰਜਾਬ-144410 3. ਸ਼੍ਰੀ ਗੁਰਵਿੰਦਰ ਪੁੱਤਰ ਸ਼੍ਰੀ ਅਮਰਜੀਤ ਵਾਸੀ ਨੂਰਮਹਿਲ ਰੋਡ, ਨੰਗਲ, ਜਲੰਧਰ, ਪੰਜਾਬ-144410 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 4. ਸ਼੍ਰੀ ਅਸ਼ਵਨੀ ਕੁਮਾਰ ਪੁੱਤਰ ਸ਼੍ਰੀ ਤਰਸੇਮ ਲਾਲ ਵਾਸੀ ਨੂਰਮਹਿਲ ਰੋਡ, ਮਹਿਮੀ ਕਲੋਨੀ, ਨੰਗਲ, ਫਿਲੌਰ, ਜਲੰਧਰ, ਫਿਲੌਰ, ਪੰਜਾਬ-144410 5. ਸ਼੍ਰੀ ਅਮਰਜੀਤ ਪੁੱਤਰ ਲੇਖ ਰਾਜ ਵਾਸੀ ਨੂਰਮਹਿਲ ਰੋਡ, ਮਹਿਮੀ ਕਲੋਨੀ, ਨੰਗਲ, ਜਲੰਧਰ, ਪੰਜਾਬ-144410 6. ਸ਼੍ਰੀ ਸੁਰੇਸ਼ ਕੁਮਾਰ ਪੁੱਤਰ ਪ੍ਰੀਤਮ ਦਾਸ ਵਾਸੀ ਪਿੰਡ ਨੰਗਲ, ਫਿਲੌਰ, ਜਲੰਧਰ-144410 (ਇਸ ਤੋਂ ਬਾਅਦ ਗਰੰਟਰਾਂ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ ਨੂੰ ਐੱਲ ਏ ਪੀ/026602000058 'ਚ ਰੁਪਏ 6,42,182/- ਦੀ ਬਕਾਇਆ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ 'ਚ ਮੋੜਨ ਲਈ ਮਿਤੀ 24.11.2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਨਾਲ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੀ ਐੱਲ ਏ ਪੀ/026602000058 'ਚ ਬਕਾਇਆ ਰਕਮ ਰੁਪਏ 6,42,182/- ਸਮੇਤ 01.11.2025 ਤੋਂ ਭਵਿੱਖੀ ਵਿਆਜ ਦੇ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2269 ਮਿਤੀ 15.02.2012 ਅਨੁਸਾਰ ਸ਼੍ਰੀਮਤੀ ਕੁਲਵਿੰਦਰ ਕੌਰ ਪਤਨੀ ਅਮਰਜੀਤ ਦੀ ਮਲਕੀਅਤ ਜਾਇਦਾਦ ਰਕਬਾ 5 ਮਰਲੇ, ਨੰਗਲ ਵਿਖੇ ਸਥਿਤ, ਹੱਦਬਸਤ ਨੰ. 130, ਤਹਿਸੀਲ ਫਿਲੌਰ ਨਾਲ ਸੰਬੰਧਤ ਸਭ ਕੁੱਝ।

ਮਿਤੀ : 27-02-2026, ਸਥਾਨ : ਫਿਲੌਰ — ਸਹੀ/- (ਅਧਿਕਾਰਤ ਅਫਸਰ)

**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉੱਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ (ਰੁ) | ਬਿਆਨਾ ਰਾਸ਼ੀ (ਰੁ) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251- ਬਿਜਲੀ — T-23-2025-26 | ਡੀਈਐਨ - ਏਐਸਆਰ ਦੇ ਤਹਿਤ ਅੰਮ੍ਰਿਤਸਰ ਵਿਚ 100 ਬਿਸਤਰਿਆਂ ਦੀ ਸਮਰਥਾ ਵਾਲੇ ਮਾਡਲ ਰਨਿੰਗ ਰੂਮ ਦੀ ਉਸਾਰੀ ਨਾਲ ਸਬੰਧਿਤ ਕੰਮ। | Rs. 76,52,636.50/- | Rs. 153100.00/- | 06 ਮਹੀਨੇ | 19.03.2026 17:00 ਵਜੇ ਦੇ ਬਾਅਦ | www.ireps.gov.in |

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 25-ਬਿਜਲੀ-2025-26 ਮਿਤੀ 26.02.2025 — 659/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਖੇਡਾਂ ਦੇ ਟਰਾਇਲ 1 ਮਾਰਚ ਤੱਕ

**ਜਲੰਧਰ (ਇਕਬਾਲ ਸਿੰਘ ਉਭੀ)**- ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ ਨੇ ਦੱਸਿਆ ਕਿ ਖੇਡ ਵਿਭਾਗ ਅਤੇ ਪੰਜਾਬ ਇੰਸਟੀਚਿਊਟ ਆਫ਼ ਸਪੋਰਟਸ ਵਲੋਂ ਵਿਦਿਆਰਥੀਆਂ ਨੂੰ ਖੇਡਾਂ ਨਾਲ



ਜੋੜਨ ਲਈ ਵੱਖ-ਵੱਖ ਖੇਡਾਂ ਦੇ ਟਰਾਇਲ ਸਟੇਟ ਸਪੋਰਟਸ ਸਕੂਲ ਜਲੰਧਰ ਵਿਖੇ 28 ਫਰਵਰੀ ਤੋਂ 1 ਮਾਰਚ ਤੱਕ ਕਰਵਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਖੇਡ ਵਿਭਾਗ ਵਲੋਂ ਵਾਲੀਬਾਲ, ਸਵੀਮਿੰਗ, ਜਿਮਨਾਸਿਟਿਕ, ਬਾਕਸਿੰਗ ਲਈ ਅੰਡਰ 14, 17 ਤੇ 19 ਲੜਕਿਆਂ ਅਤੇ ਐਥਲੈਟਿਕ ਲਈ ਲੜਕੇ ਤੇ ਲੜਕੀਆਂ ਦੇ ਸਪੋਰਟਸ ਸਕੂਲ/ਕਾਲਜ ਜਲੰਧਰ ਵਿਖੇ ਟਰਾਇਲ ਲਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਹਾਕੀ ਦੇ ਟਰਾਇਲ ਸੁਰਜੀਤ ਹਾਕੀ ਸਟੇਡੀਅਮ ਬਰਲਟਨ ਪਾਰਕ ਵਿਖੇ ਲਏ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਲਈ ਕੇਵਲ ਪੰਜਾਬ ਦੇ ਚਾਹਵਾਨ ਖਿਡਾਰੀ 28 ਫਰਵਰੀ ਤੋਂ 1 ਮਾਰਚ ਤੱਕ ਸਵੇਰੇ 8 ਵਜੇ ਸਟੇਟ ਸਪੋਰਟਸ ਸਕੂਲ, ਨੇੜੇ ਕਪੂਰਥਲਾ ਚੌਂਕ, ਜਲੰਧਰ ਵਿਖੇ ਟਰਾਇਲ ਦੇਣ ਲਈ ਰਿਪੋਰਟ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਚੁਣੇ ਗਏ ਖਿਡਾਰੀਆਂ ਨੂੰ ਮੁਫ਼ਤ ਹੋਸਟਲ, ਮੈਸ, ਸਕੂਲ, ਜਿੰਮ, ਸਵੀਮਿੰਗ ਪੂਲ ਅਤੇ ਟਰੈਕ, ਨੈਸ਼ਨਲ ਸਟੈਂਡਰਡ ਵਾਲੀਬਾਲ ਕੋਰਟ, ਐਡਵਾਂਸ ਟਰੇਨਿੰਗ, ਇਨਡੋਰ ਅਤੇ ਜਿਮਨਾਸਟਿਕ ਹਾਲ ਦੀ ਸਹੂਲਤ ਮੁਹੱਈਆ ਕਰਵਾਈ ਜਾਂਦੀ ਹੈ।ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਟਰਾਇਲ ਦੇਣ ਲਈ ਖਿਡਾਰੀ ਆਪਣਾ ਅਧਾਰ ਕਾਰਡ, ਜਨਮ ਸਰਟੀਫਿਕੇਟ, ਪਿਛਲੀ ਜਮਾਤ ਦਾ ਪਾਸ ਸਰਟੀਫਿਕੇਟ, ਖੇਡ ਗਤੀਵਿਧੀਆਂ ਵਿੱਚ ਸ਼ਾਮਿਲ ਹੋਣ ਸਬੰਧੀ ਅਤੇ 4 ਪਾਸਪੋਰਟ ਸਾਈਜ਼ ਫੋਟੋਆਂ ਨਾਲ ਲੈ ਕੇ ਆਉਣ। ਉਨ੍ਹਾਂ ਕਿਹਾ ਕਿ ਖਿਡਾਰੀ ਹਾਕੀ ਕੋਚ ਯੁੱਧਵਿੰਦਰ ਸਿੰਘ ਮੋਬਾਇਲ ਨੰਬਰ 97791-85486, ਸਵੀਮਿੰਗ ਕੋਚ ਉਮੇਸ਼ ਸ਼ਰਮਾ 98721-20001, ਬਾਕਸਿੰਗ ਕੋਚ ਅਰਿਹੰਤ ਕੁਮਾਰ 97800-74748, ਵਾਲੀਬਾਲ ਕੋਚ ਅੰਮ੍ਰਿਤਪਾਲ ਸਿੰਘ 97815-21456, ਐਥਲੈਟਿਕ ਕੋਚ ਬਿਕਰਮਜੀਤ ਸਿੰਘ 95015-00922 ਅਤੇ ਜਿਮਨਾਸ਼ਟਿਕ ਕੋਚ ਲਵ ਕੁਮਾਰ 97806-79367 ਨਾਲ ਸੰਪਰਕ ਕਰ ਸਕਦੇ ਹਨ।

## ਸੰਤ ਲਾਲ ਦਾਸ, ਸੰਤ ਧਰਮ ਦਾਸ ਦੇ ਬਰਸੀ ਸਮਾਗਮ ਸ਼ਰਧਾ ਪੂਰਵਕ ਮਨਾਏ

**ਹੁਸ਼ਿਆਰਪੁਰ (ਓ ਪੀ ਰਾਣਾ)**- ਬ੍ਰਹਮਲੀਨ 108 ਸੰਤ ਬਾਬਾ ਲਾਲ ਦਾਸ, ਸੰਤ ਧਰਮ ਦਾਸ ਜੀ ਦੇ ਸਾਲਾਨਾ ਬਰਸੀ ਸਮਾਗਮ ਡੇਰਾ ਮਹਿਨਾ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਬੀਬੀ ਕੁਲਦੀਪ ਕੌਰ ਮਹਿਨਾ ਮੈਂਬਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੀ



ਅਗਵਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਸ਼ਰਧਾ ਪੂਰਵਕ ਮਨਾਏ ਗਏ।ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ।ਜਿਸ ਵਿੱਚ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਤੇ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੇ ਮਹਾਨ ਸੰਤ ਮਹਾਂਪੁਰਸ਼ਾਂ ਅਤੇ ਕੀਰਤਨੀ ਜਥਿਆਂ ਨੇ ਕੀਰਤਨ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ, ਸੰਤ ਇੰਦਰ ਦਾਸ ਸੇਖੇ ਜਨਰਲ਼ ਸਕੱਤਰ,ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ,ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਬਲਵੰਤ ਸਿੰਘ ਡਿੰਗਰੀਆਂ ਮੀਤ ਪ੍ਰਧਾਨ, ਸੰਤ ਧਰਮਪਾਲ ਸ਼ੇਰਗੜ, ਸੰਤ ਰਮੇਸ਼ ਦਾਸ ਕੱਲਰਾਂ ਸ਼ੇਰਪੁਰ ਢਕੋਂ, ਸੰਤ ਕੁਲਦੀਪ ਦਾਸ ਬਸੀ ਮਰੂਫ, ਬਾਬਾ ਬਲਕਾਰ ਸਿੰਘ ਵਡਾਲਾ, ਸੰਤ ਰਜੇਸ਼ ਦਾਸ ਬਜਵਾੜਾ, ਸੰਤ ਹਰਮੀਤ ਸਿੰਘ ਝਵਾਲਾ, ਸੰਤ ਸੁਖਵਿੰਦਰ ਸਿੰਘ ਝਵਾਲਾ ਨੇ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸੰਤ ਰਾਮ ਦਾਸ,ਸੰਤ ਧਰਮ ਦਾਸ ਨੂੰ ਸ਼ਰਧਾ ਸੁਮਨ ਭੇਟ ਕੀਤੇ । ਇਸ ਮੌਕੇ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼ ਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ। ਇਸ ਮੌਕੇ ਸੰਤ ਬੀਬੀ ਕੁਲਦੀਪ ਕੌਰ, ਦੁਲਾਰੀ ਪ੍ਰਭਜੋਤ ਬਾਵਾ ਵਲੋਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖਸ਼ੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਭੇਟ ਕਰਕੇ ਵਿਸ਼ੇਸ਼ ਸਨਮਾਨਤ ਕੀਤਾ। ਸੰਗਤਾਂ ਲਈ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ।

## ਬੱਸ ਸਟੈਂਡ 'ਤੇ ਲੁਟੇਰੇ ਫਾਇਰਿੰਗ ਕਰਕੇ ਮੋਟਰਸਾਈਕਲ ਖੋਹ ਕੇ ਫ਼ਰਾਰ

**ਨਕੋਦਰ (ਮਨਜੀਤ ਮਾਨ)**- ਨਕੋਦਰ ਬੱਸ ਸਟੈਂਡ ਵਿੱਚ ਦੋ ਮੁਲਜ਼ਮਾਂ ਵੱਲੋਂ ਗੋਲ਼ੀ ਚਲਾਉਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਹ ਘਟਨਾ ਕਰੀਬ 6:30 ਦੀ ਹੈ। ਮੌਕੇ 'ਤੇ ਸਿਟੀ ਥਾਣਾ ਮੁਖੀ ਹਰਮਿੰਦਰ ਸਿੰਘ ਅਤੇ ਸਦਰ ਥਾਣਾ ਮੁਖੀ ਦਿਲਬਾਗ ਸਿੰਘ ਆਪਣੀ ਪੁਲਸ ਪਾਰਟੀ ਸਮੇਤ ਬੱਸ ਸਟੈਂਡ ਵਿਖੇ ਪਹੁੰਚੇ। ਕਰੀਬ ਸਾਢੇ ਛੇ ਵਜੇ ਸ਼ਹਿਰ ਦੇ ਇਲੈਕਟ੍ਰਾਨਿਕ ਪਾਰਟ ਵਪਾਰੀ ਦੇ



ਭਤੀਜੇ ਬੱਸ ਸਟੈਂਡ ਉੱਪਰ ਸਮਾਨ ਲੈਣ ਆਏ ਸਨ। ਬੱਸ ਸਟੈਂਡ 'ਚ ਨਗਰ ਕੌਂਸਲ ਵੱਲੋਂ ਕੋਈ ਵੀ ਲਾਈਟ ਦਾ ਪ੍ਰਬੰਧ ਨਹੀਂ ਕੀਤਾ ਗਿਆ। ਜਿਸ ਕਰਕੇ ਚਾਰੇ ਪਾਸੇ ਹਨ੍ਹੇਰਾ ਛਾਇਆ ਹੋਇਆ ਸੀ ਅਤੇ ਮੁਲਜ਼ਮ ਬਿਨਾਂ ਡਰ ਖੌਫ ਦੇ ਬੱਸ ਸਟੈਂਡ ਉੱਪਰ ਖੜ੍ਹੇ ਸਨ। ਪੀੜਤ ਨੌਜੁਆਨ ਨੇ ਦੱਸਿਆ ਕਿ ਸਭ ਤੋਂ ਪਹਿਲਾਂ ਲੁਟੇਰਿਆਂ ਨੇ ਉਹਨਾਂ ਕੋਲੋਂ ਮੋਟਰਸਾਈਕਲ ਦੀ ਮੰਗ ਕੀਤੀ। ਵਿਰੋਧ ਕਰਨ 'ਤੇ ਲੁਟੇਰਿਆਂ ਨੇ ਫਾਇਰਿੰਗ ਕਰ ਦਿੱਤੀ ਤਾਂ ਉਹ ਮੋਟਰਸਾਈਕਲ ਛੱਡ ਕੇ ਪਿੱਛੇ ਹੋ ਗਏ। ਪੀੜਤ ਨੌਜੁਆਨ ਨੇ ਦੱਸਿਆ ਮੁਲਜ਼ਮਾਂ ਨੇ ਨੰਗੇ ਮੂੰਹ ਉਹਨਾਂ ਕੋਲੋਂ ਮੋਟਰਸਾਈਕਲ ਖੋਹਿਆ ਤੇ ਮੌਕੇ ਤੋਂ ਫਰਾਰ ਹੋ ਗਏ। ਇਸ ਮੌਕੇ ਐਸ ਐਚ ਓ ਥਾਣਾ ਸਿਟੀ ਨਕੋਦਰ ਹਰਮਿੰਦਰ ਸਿੰਘ ਨੇ ਦੱਸਿਆ ਕਿ ਸਾਨੂੰ ਖਬਰ ਮਿਲੀ ਹੈ ਕਿ ਇੱਥੇ ਫਾਇਰਿੰਗ ਹੋਈ ਹੈ, ਇਸ ਲਈ ਅਸੀਂ ਸੀ ਸੀ ਟੀ ਵੀ ਫੁਟੇਜ ਅਤੇ ਮਾਮਲੇ ਦੀ ਜਾਂਚ ਕਰ ਰਹੇ ਹਾਂ। ਜੋ ਵੀ ਪੁਖਤਾ ਜਾਣਕਾਰੀ ਹੋਏਗੀ ਉਹ ਜਲਦੀ ਸਾਂਝੀ ਕਰ ਦਿੱਤੀ ਜਾਵੇਗੀ।

## ਮੁੱਖ ਖੇਤੀਬਾੜੀ ਅਫਸਰ ਵੱਲੋਂ ਫਸਲਾਂ ਦਾ ਨਿਰੀਖਣ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਡਾ. ਸੁਖਜਿੰਦਰ ਸਿੰਘ ਬਾਜਵਾ, ਮੁੱਖ ਖੇਤੀਬਾੜੀ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਪਿੰਡ ਘੜੂੰਆਂ, ਬਜਹੇੜੀ, ਸਿੱਲ, ਫਤੇਹਪੁਰ ਥੇੜੀ ਅਤੇ ਸੋਤਲ ਵਿੱਚ ਕਣਕ, ਛੋਲੇ, ਮਸਰ ਅਤੇ ਸਰੋਂ ਦੀਆਂ ਫਸਲਾਂ ਦਾ ਕੀੜੇ ਅਤੇ ਬਿਮਾਰੀਆਂ ਸਬੰਧੀ ਸਰਵੇਖਣ ਕੀਤਾ ਗਿਆ। ਇਸ ਸਮੇਂ ਖੇਤੀਬਾੜੀ ਅਫਸਰ ਡਾ. ਸੁਭਕਰਨ



ਸਿੰਘ ਧਾਲੀਵਾਲ, ਖੇਤੀਬਾੜੀ ਵਿਕਾਸ ਅਫਸਰ ਡਾ.ਗੁਰਦਿਆਲ ਕੁਮਾਰ, ਵਿਭਾਗ ਦੇ ਕਰਮਚਾਰੀ ਜਸਵਿੰਦਰ ਸਿੰਘ, ਲਖਵਿੰਦਰ ਸਿੰਘ ਵੀ ਹਾਜ਼ਰ ਰਹੇ। ਕਣਕ ਦੀ ਫਸਲ ਉਪਰ ਚੇਪੇ ਦਾ ਹਮਲਾ ਆਰਥਿਕ ਕਗਾਰ ਤੋਂ ਘੱਟ ਪਾਇਆ ਗਿਆ। ਇਸ ਲਈ ਕਿਸਾਨਾਂ ਨੂੰ ਬੇਲੋੜੀਆਂ ਜ਼ਹਿਰਾਂ ਦੀ ਸਪਰੇਅ ਨਾ ਕਰਨ ਦੀ ਸਲਾਹ ਦਿੱਤੀ ਗਈ।

## ਗੁਰੂ ਦੀਆਂ ਲਾਡਲੀਆਂ ਫੌਜਾਂ ਨੇ ਘੋੜਿਆਂ ਤੇ ਨੇਜ਼ੇਬਾਜ਼ੀ ਤੇ ਜ਼ੌਹਰ ਦਿਖਾਏ

**ਅੱਡਾ ਸਰਾਂ (ਜਸਵੀਰ ਕਾਜਲ)**- ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਦਲ ਪੰਥ ਦੇ ਜੱਥੇਦਾਰ ਬਾਬਾ ਜੋਗਾ ਸਿੰਘ ਦੀ ਅਗਵਾਈ ਵਿੱਚ ਗੁਰਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਪਿੰਡ ਕੰਧਾਲਾ ਜੱਟਾਂ (ਜ਼ਿਲ੍ਹਾ







ਹੁਸ਼ਿਆਰਪੁਰ) ਵਿਖੇ ਪੜਾਅ ਕੀਤਾ ਗਿਆ ਹੈ । ਗੁਰੂ ਦੀਆਂ ਲਾਡਲੀਆਂ ਫੌਜਾਂ ਨਹੰਗ ਸਿੰਘ ਪੂਰੇ ਜਥੇ ਸਮੇਤ ਤੇ ਘੋੜਿਆਂ ਸਮੇਤ ਪਿੰਡ ਕੰਧਾਲਾ ਜੱਟਾਂ ਵਿਖੇ ਇੱਕ ਰਾਤ ਪੜਾਅ ਕੀਤਾ। ਜਿੱਥੇ ਨਾਲ ਆਏ ਹੋਏ ਕੀਰਤਨੀ ਜਥਿਆਂ ਨੇ ਕੀਰਤਨ ਤੇ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਜਿਸ ਵਿੱਚ ਪੰਥ ਪ੍ਰਸਿੱਧ ਢਾਡੀ ਗਿਆਨੀ ਜਤਿੰਦਰਪਾਲ ਸਿੰਘ ਜੋਧ ਤਰਨਾ ਦਲ ਜੱਥੇ ਨੇ ਢਾਡੀ ਵਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਨਿਹੰਗ ਸਿੰਘਾਂ ਵੱਲੋਂ ਆਪ ਪ੍ਰਸ਼ਾਦੇ ਤਿਆਰ ਕਰ ਸਭ ਸੰਗਤਾਂ ਨੂੰ ਸਤਿਕਾਰ ਸਹਿਤ ਛਕਾਏ ਗਏ ਤੇ ਸ਼ਰਧਾਈਆਂ ਦੇ ਲੰਗਰ ਵੀ ਲਗਾਏ ਗਏ। ਅੰਮ੍ਰਿਤ ਵੇਲੇ ਜਥੇ ਵੱਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਹੋਇਆ ਸ੍ਰੀ ਆਸਾ ਜੀ ਦੇ ਵਾਰ ਦੇ ਜਾਪ ਕੀਤੇ ਗਏ ਤੇ ਭੋਗ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸਵੇਰੇ 9 ਵਜੇ ਦੇ ਕਰੀਬ ਮਿਸਲ ਸ਼ਹੀਦਾਂ ਤਰਨਾ ਦਲ ਦੇ ਘੋੜ ਸਵਾਰਾਂ ਵੱਲੋਂ ਨੇਜਾਬਾਜੀ ਖੇਡੀ ਗਈ ਜੋ ਦੇਖਣ ਯੋਗ ਦ੍ਰਿਸ਼ ਸਨ। ਉਪਰੰਤ ਜਥੇ ਨੇ ਚਾਲੇ ਪਾਏ ਅਤੇ ਬਾਬਾ ਜੀ ਨੇ ਦੱਸਿਆ ਕਿ ਰਸਤੇ ਵਿੱਚ ਵੱਖ ਵੱਖ ਪੜਾਵਾਂ ਤੋਂ ਹੁੰਦੇ ਹੋਏ ਸ੍ਰੀ ਆਨੰਦਪੁਰ ਸਾਹਿਬ ਜਾ ਕੇ ਹੋਲਾ ਮਹੱਲਾ ਮਨਾਇਆ ਜਾਵੇਗਾ। ਇਸ ਮੌਕੇ ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ , ਕੈਪਟਨ ਸੁਰਿੰਦਰ ਸਿੰਘ ਸੀ ਏ, ਮਨਜੀਤ ਸਿੰਘ ਖਜਾਨਚੀ, ਇੰਦਰਜੀਤ ਸਿੰਘ ਉੱਪ ਪ੍ਰਧਾਨ, ਤਜਿੰਦਰ ਸਿੰਘ ਉੱਪ ਖਜਾਨਚੀ, ਸੁਰਿੰਦਰ ਸਿੰਘ, ਸੁੱਖਨਿੰਦਰ ਸਿੰਘ, ਦਰਸ਼ਨ ਸਿੰਘ, ਗੁਰਮੇਲ ਸਿੰਘ, ਇੰਦਰਜੀਤ ਸਿੰਘ, ਅਜੀਤ ਸਿੰਘ, ਹੈਡ ਗ੍ਰੰਥੀ ਬਾਬਾ ਰਣਜੀਤ ਸਿੰਘ, ਗ੍ਰੰਥੀ ਬਾਬਾ ਅਵਤਾਰ ਸਿੰਘ ਤੇ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

## ਜ਼ਿਲ੍ਹਾ ਪ੍ਰੀਸ਼ਦ, ਪੰਚਾਇਤ ਸੰਮਤੀ ਮੈਂਬਰਾਂ ਨੇ ਸਹੁੰ ਚੁੱਕੀ

**ਨਵਾਂਸ਼ਹਿਰ (ਮਨੋਜ ਲਾਡੀ)**- ਸ਼ਹੀਦ ਭਗਤ ਸਿੰਘ ਨਗਰ ਪ੍ਰਸ਼ਾਸਨ ਵੱਲੋਂ ਸਥਾਨਕ ਸ਼ਿਵਾਲਿਕ ਪਬਲਿਕ ਸਕੂਲ ਵਿਖੇ ਆਯੋਜਿਤ ਸਮਾਗਮ ਦੌਰਾਨ ਨਵੇਂ ਚੁਣੇ ਜ਼ਿਲ੍ਹਾ ਪਰਿਸ਼ਦ ਅਤੇ ਪੰਚਾਇਤ ਸੰਮਤੀ ਮੈਂਬਰਾਂ ਨੂੰ ਆਪਣੇ ਅਹੁੱਦੇ ਦੀ ਸਹੁੰ ਚੁਕਾਈ ਗਈ।



ਵਿਧਾਇਕ ਸੁਖਵਿੰਦਰ ਸਿੰਘ ਸੁੱਖੀ ਅਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ ਸਮੇਤ ਹੋਰ ਨਾਮਵਰ ਸਖ਼ਸ਼ੀਅਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰ ਲੋਕਾਂ ਦੀ ਮੌਜੂਦਗੀ ਵਿੱਚ ਮੈਂਬਰਾਂ ਨੂੰ ਸਹੁੰ ਚੁਕਾਈ।ਨਵੇਂ ਚੁਣੇ ਪ੍ਰਤੀਨਿਧੀਆਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਸੁੱਖੀ ਨੇ ਉਨ੍ਹਾਂ ਨੂੰ ਸਮਰਪਣ ਭਾਵਨਾ ਨਾਲ ਕੰਮ ਕਰਨ ਤੇ ਸਰਕਾਰੀ ਲੋਕ ਭਲਾਈ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਦੀ ਅਪੀਲ ਕੀਤੀ। ਮੈਂਬਰਾਂ ਨੂੰ ਜਿੱਤ ਦੀ ਵਧਾਈ ਦਿੰਦਿਆਂ ਵਿਧਾਇਕ ਸੁਖਵਿੰਦਰ ਸਿੰਘ ਸੁੱਖੀ ਨੇ ਸੂਬਾ ਸਰਕਾਰ ਵੱਲੋਂ ਪੂਰੇ ਸਹਿਯੋਗ ਦਾ ਭਰੋਸਾ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਪਰਿਸ਼ਦ ਅਤੇ ਪੰਚਾਇਤ ਸੰਮਤੀ ਮੈਂਬਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਰਗਰਮ ਭੂਮਿਕਾ ਨਿਭਾਉਣ ਅਤੇ ਪੰਜਾਬ ਨੂੰ ਮੁੜ ਰੰਗਲਾ ਬਣਾਉਣ ਵਿੱਚ ਯੋਗਦਾਨ ਪਾਉਣ। ਇਸ ਮੌਕੇ ਤੇ ਸਹਾਇਕ ਕਮਿਸ਼ਨਰ ਜਨਰਲ ਜਗਦੀਪ ਸਿੰਘ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸਤਨਾਮ ਸਿੰਘ ਜਲਾਲਪੁਰ, ਵਾਈਸ ਚੇਅਰਮੈਨ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਕੁਲਜੀਤ ਸਿੰਘ ਸਰਹਾਲ, ਚੇਅਰਮੈਨ ਮਾਰਕੀਟ ਕਮੇਟੀ ਬੰਗਾ ਬਲਬੀਰ ਕਰਨਾਨਾ ਤੇ ਲੋਕ ਹਾਜ਼ਰ ਸਨ।

## 10 ਜ਼ਿਲ੍ਹਾ ਹਸਪਤਾਲ ਅਪਗ੍ਰੇਡ ਕਰ ਕੇ ਜਨਤਾ ਨੂੰ ਸਮਰਪਤ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਸੂਬਾ ਸਰਕਾਰ ਨਾਗਰਿਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਉਪਲਬਧ ਕਰਵਾ ਰਹੀ ਹੈ। ਇਸ ਦਿਸ਼ਾ ਵਿੱਚ ਜ਼ਿਲ੍ਹਾ ਪੱਧਰ ਦੇ ਹਸਪਤਾਲਾਂ ਨੂੰ ਸਿਟੀ ਸਕੈਨ, ਐੱਮ ਆਰ ਆਈ, ਡਿਜੀਟਲ ਐਕਸਰੇ ਆਦਿ ਸਾਰੀ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ। ਅਜਿਹੇ 10 ਹਸਪਤਾਲਾਂ ਨੂੰ ਜਨਤਾ ਨੂੰ ਸਮਰਪਿਤ ਕੀਤਾ ਜਾ ਚੁੱਕਾ ਹੈ। ਹੋਰ ਹਸਪਤਾਲਾਂ ਨੂੰ ਵੀ ਅਪਗ੍ਰੇਡ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਵਿੱਚ ਸੁਆਲ ਸਮੇਂ ਦੌਰਾਨ ਬੋਲ ਰਹੇ ਸਨ। ਸ੍ਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਸਰਕਾਰ ਵੱਲੋਂ ਜ਼ਿਲ੍ਹਾ ਪੱਧਰ ਦੇ ਹਸਪਤਾਲਾਂ ਨੂੰ ਅਪਗ੍ਰੇਡ ਕਰਨ ਦਾ ਕੰਮ ਤੇਜੀ ਗਤੀ ਨਾਲ ਕੀਤਾ ਜਾ ਰਿਹਾ ਹੈ। ਇੰਨ੍ਹਾਂ ਹਸਪਤਾਲਾਂ ਵਿੱਚ ਆਧੁਨਿਕ ਲੈਬ, ਸੀਟੀ ਸਕੈਨ, ਐੱਮ ਆਰ ਆਈ, ਡਿਜੀਟਲ ਐਕਸ-ਰੇ, ਅਲਟਰਾਸਾਊਂਡ ਅਤੇ ਪ੍ਰਾਈਵੇਟ ਵਾਰਡ ਵਰਗੀ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ।

## ਸਰਕਾਰ ਪੈਨਸ਼ਨਰਾਂ ਦੇ ਮਾਣ-ਸਨਮਾਨ ਲਈ ਵਚਨਬੱਧ : ਚੀਮਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇੱਥੇ ਪੰਜਾਬ ਭਵਨ ਵਿਖੇ ਵੱਖ-ਵੱਖ ਬੈਂਕਾਂ ਨਾਲ ਇੱਕ ਵਿਆਪਕ ਸਮੀਖਿਆ ਮੀਟਿੰਗ ਦੀ



ਪ੍ਰਧਾਨਗੀ ਕੀਤੀ, ਜਿਸ ਦਾ ਉਦੇਸ਼ ਪੈਨਸ਼ਨਰ ਸੇਵਾ ਪੋਰਟਲ (ਪੀ ਐਸ ਪੀ) 'ਤੇ ਲੰਬਿਤ ਪਏ ਮੁੱਦਿਆਂ ਨੂੰ ਹੱਲ ਕਰਨਾ ਸੀ। ਵਾਰ-ਵਾਰ ਹੋ ਰਹੀ ਦੇਰੀ ਅਤੇ ਸਮਾਂ-ਸੀਮਾਵਾਂ ਦੀ ਉਲੰਘਣਾ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ, ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸਾਰੇ ਲੰਬਿਤ ਮਾਮਲਿਆਂ ਨੂੰ ਕਲੀਅਰ ਕਰਨ ਲਈ 31 ਮਾਰਚ, 2026 ਦੀ ਸਖ਼ਤ ਡੈੱਡਲਾਈਨ ਤੈਅ ਕੀਤੀ ਅਤੇ ਸਪੱਸ਼ਟ ਕੀਤਾ ਕਿ ਅੱਗੇ ਤੋਂ ਕੋਈ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਦਪਿੰਦਰ ਕੌਰ ਨੇ ਸੋਨੇ ਦਾ ਤਮਗਾ ਜਿੱਤ ਕੇ ਇਲਾਕੇ ਦਾ ਨਾਂਅ ਕੀਤਾ ਰੌਸ਼ਨ

**ਬਲਾਚੌਰ (ਜਸਵਿੰਦਰ ਬੈਂਸ)**- ਤਹਿਸੀਲ ਬਲਾਚੌਰ ਦੇ ਪਿੰਡ ਰੱਕੜਾਂ ਬੇਟ ਦੀ ਹੋਣਹਾਰ ਵਿਦਿਆਰਥਣ ਦਪਿੰਦਰ ਕੌਰ ਨੇ ਆਪਣੀ ਅਕਾਦਮਿਕ ਕਾਬਲੀਅਤ ਦਾ ਲੋਹਾ ਮਨਵਾਉਂਦਿਆਂ ਗੁਰੂ



ਨਾਨਕ ਦੇਵ ਯੂਨੀਵਰਸਿਟੀ , ਅੰਮ੍ਰਿਤਸਰ ਤੋਂ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ। ਮਾਸਟਰ ਹਰੀ ਸਿੰਘ ਦੀ ਸਪੁੱਤਰੀ ਦਪਿੰਦਰ ਕੌਰ ਨੇ ਐੱਮ ਐੱਸ ਸੀ ਸੋਇਲ ਸਾਇੰਸ ਐਂਡ ਐਗਰੀਕਲਚਰਲ ਕੈਮਿਸਟਰੀ ਦੀ ਪ੍ਰੀਖਿਆ ਵਿੱਚੋਂ ਯੂਨੀਵਰਸਿਟੀ ਟਾਪ ਕਰਕੇ ਗੋਲਡ ਮੈਡਲ ਹਾਸਲ ਕੀਤਾ ਹੈ। ਮਈ 2024 ਵਿੱਚ ਹੋਈਆਂ ਪ੍ਰੀਖਿਆ ਦੌਰਾਨ ਦਪਿੰਦਰ ਕੌਰ ਨੇ 10.00 ਵਿੱਚੋਂ 8.68 ਕੋਮੂਲੇਟਿਵ ਗ੍ਰੇਡ ਪੁਆਇੰਟ ਐਵਰੇਜ ਹਾਸਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਆਪਣੀ ਮਿਹਨਤ ਸਦਕਾ ਉਸਨੇ ਕਾਲਜ ਤੇ ਯੂਨੀਵਰਸਿਟੀ ਵਿੱਚੋਂ ਮੋਹਰੀ ਰਹਿ ਕੇ ਗੋਲਡ ਮੈਡਲ 'ਤੇ ਕਬਜ਼ਾ ਕੀਤਾ। ਇਸ ਸਫਲਤਾ ਨਾਲ ਨਾ ਸਿਰਫ਼ ਪਰਵਾਰ, ਸਗੋਂ ਪੂਰੇ ਪਿੰਡ ਰੱਕੜਾਂ ਅਤੇ ਬਲਾਚੌਰ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ।ਦਪਿੰਦਰ ਕੌਰ ਦੀ ਇਸ ਪ੍ਰਾਪਤੀ ਨੇ ਸਾਬਤ ਕਰ ਦਿੱਤਾ ਹੈ ਕਿ ਜੇਕਰ ਇਰਾਦੇ ਮਜ਼ਬੂਤ ਹੋਣ ਤਾਂ ਪਿੰਡਾਂ ਦੀਆਂ ਧੀਆਂ ਵੀ ਰਾਸ਼ਟਰੀ ਪੱਧਰ ਦੀਆਂ ਸੰਸਥਾਵਾਂ ਵਿੱਚ ਵੱਡੇ ਮੁਕਾਮ ਹਾਸਲ ਕਰ ਸਕਦੀਆਂ ਹਨ।

## ਯੂਥ ਅਫਸਰਾਂ ਨੇ ਸਰਬ ਨੌਜਵਾਨ ਸਭਾ ਵੱਲੋਂ ਸੰਚਾਲਿਤ ਕਿੱਤਾਮੁਖੀ ਸਿਖਲਾਈ ਕੇਂਦਰ ਦਾ ਕੀਤਾ ਦੌਰਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸਰਬ ਨੌਜਵਾਨ ਸਭਾ (ਰਜਿ.) ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ (ਰਜਿ.) ਫਗਵਾੜਾ ਦੁਆਰਾ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਸਥਾਨਕ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ, ਫਗਵਾੜਾ ਵਿਖੇ ਚਲਾਏ ਜਾ ਰਹੇ ਕਿੱਤਾਮੁਖੀ ਸਿਖਲਾਈ ਕੇਂਦਰ ਦਾ ਵੱਖ-ਵੱਖ ਰਾਜਾਂ ਦੇ ਸਿਖਲਾਈ ਅਧੀਨ ਯੂਥ ਅਫ਼ਸਰਾਂ ਦੇ ਇੱਕ ਵਫ਼ਦ ਨੇ ਦੌਰਾ ਕੀਤਾ। ਮਾਈ ਭਾਰਤ ਪ੍ਰੋਗਰਾਮ ਜ਼ਿਲ੍ਹਾ ਕਪੂਰਥਲਾ ਦੇ ਯੂਥ ਅਫ਼ਸਰ ਗਗਨਦੀਪ ਕੌਰ ਦੀ ਅਗਵਾਈ ਹੇਠ ਵਫ਼ਦ 'ਚ ਸ਼ਾਮਲ ਯੂਥ ਅਫਸਰਾਂ ਹਿਤੇਸ਼, ਐਸ਼ਵਰਿਆ ਸ਼੍ਰੀਨਿਵਾਸ, ਸਮਰਾਟ ਵਿਜੇ ਪਾਟਿਲ, ਗੀਤੇਸ਼ ਅਹੀਰ, ਦੀਕਸ਼ਾ ਦੱਤਾਤ੍ਰੇਯ ਪੋਮਨ ਅਤੇ ਆਦਿਤਿਆ ਰਾਜ ਦੀਕਸ਼ਿਤ ਦਾ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਸਮੂਹ ਅਹੁਦੇਦਾਰਾਂ ਸੈਂਟਰ ਸਟਾਫ ਅਤੇ ਪਤਵੰਤਿਆਂ ਨੇ ਨਿੱਘਾ ਸਵਾਗਤ ਕੀਤਾ। ਜ਼ਿਲ੍ਹਾ ਯੂਥ ਅਫ਼ਸਰ ਗਗਨਦੀਪ ਕੌਰ ਨੇ ਦੱਸਿਆ ਕਿ ਇਨ੍ਹਾਂ ਅਧਿਕਾਰੀਆਂ ਨੇ ਮਾਈ ਭਾਰਤ (ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ) ਸਿਖਲਾਈ ਦੇ ਪਹਿਲੇ ਪੜਾਅ ਦੇ ਹਿੱਸੇ ਵਜੋਂ ਰਾਜੀਵ ਗਾਂਧੀ ਨੈਸ਼ਨਲ ਇੰਸਟੀਚਿਊਟ ਆਫ਼ ਯੂਥ ਡਿਵੈਲਪਮੈਂਟ, ਚੇਨਈ ਵਿਖੇ ਓਰੀਐਂਟੇਸ਼ਨ ਪ੍ਰਾਪਤ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਆਰ.ਸੀ.ਵੀ.ਪੀ. ਨਰੋਨਾ ਅਕੈਡਮੀ, ਭੋਪਾਲ ਅਤੇ ਇੰਸਟੀਚਿਊਟ ਆਫ਼ ਡਿਵੈਲਪਮੈਂਟ ਮੈਨੇਜਮੈਂਟ ਐਂਡ ਟੈਕਨਾਲੋਜੀ, ਦਿੱਲੀ ਵਿਖੇ ਸਿਖਲਾਈ ਸੈਸ਼ਨਾਂ ਵਿੱਚ ਹਿੱਸਾ





ਲਿਆ। ਸਿਖਲਾਈ ਦੇ ਆਪਣੇ ਅੰਤਿਮ ਪੜਾਅ ਦੇ ਹਿੱਸੇ ਵਜੋਂ, ਉਨ੍ਹਾਂ ਨੇ ਪੰਜਾਬ ਵਿੱਚ ਆਪਣੀ ਫੀਲਡ ਸਿਖਲਾਈ ਦੌਰਾਨ ਫਗਵਾੜਾ ਦੇ ਇਸ ਕਿੱਤਾਮੁਖੀ ਸਿਖਲਾਈ ਕੇਂਦਰ ਦਾ ਦੌਰਾ ਕੀਤਾ ਹੈ। ਵਫਦ ਵਿੱਚ ਸ਼ਾਮਲ ਯੂਥ ਅਫਸਰਾਂ ਨੇ ਸਿਖਲਾਈ ਸੈਂਟਰ ਦੇ ਕਾਰਜਾਂ ਨੂੰ ਉਤਸੁਕਤਾ ਨਾਲ ਦੇਖਿਆ ਅਤੇ ਜ਼ਮੀਨੀ ਪੱਧਰ 'ਤੇ ਕਿੱਤਾਮੁਖੀ ਸਿਖਲਾਈ ਦੀ ਸਮਝ ਪ੍ਰਾਪਤ ਕੀਤੀ। ਉਨ੍ਹਾਂ ਨੇ ਸਿਖਿਆਰਥੀ ਕੁੜੀਆਂ ਨਾਲ ਗੱਲਬਾਤ ਕੀਤੀ, ਭਾਈਚਾਰਕ ਭਾਗੀਦਾਰੀ ਪ੍ਰਕਿਰਿਆ ਨੂੰ ਨੇੜਿਓਂ ਦੇਖਿਆ ਅਤੇ ਸਰਬ ਨੌਜਵਾਨ ਸਭਾ ਦੇ ਇਸ ਭਲਾਈ ਕਾਰਜ ਦੀ ਪ੍ਰਸ਼ੰਸਾ ਵੀ ਕੀਤੀ।ਇਸ ਦੌਰਾਨ ਮੌਜੂਦ ਕੌਂਸਲਰ ਪ੍ਰਿਤਪਾਲ ਕੌਰ ਤੁਲੀ ਨੇ ਕਿਹਾ ਕਿ ਨੌਜਵਾਨ ਅਫਸਰਾਂ ਨੂੰ ਸਮਾਜ ਦੀਆਂ ਅਸਲ ਸਮੱਸਿਆਵਾਂ ਨੂੰ ਸਮਝਣ ਲਈ ਲੋਕਾਂ ਨਾਲ ਸਿੱਧਾ ਜੁੜਨਾ ਚਾਹੀਦਾ ਹੈ। ਸਿਰਫ਼ ਜ਼ਮੀਨੀ ਤਜਰਬਾ ਹੀ ਉਨ੍ਹਾਂ ਨੂੰ ਬਿਹਤਰ ਨੀਤੀਆਂ ਨੂੰ ਲਾਗੂ ਕਰਨ ਦੇ ਯੋਗ ਬਣਾ ਸਕਦਾ ਹੈ। ਸਮਾਗਮ ਦੌਰਾਨ ਮੌਜੂਦ ਰਹੇ ਪਿੰਡ ਵਜੀਦੋਵਾਲ ਦੇ ਸਰਪੰਚ ਰਿੰਪਲ ਕੁਮਾਰ ਨੇ ਸਰਬ ਨੌਜਵਾਨ ਸਭਾ ਅਤੇ ਸੁਸਾਇਟੀ ਦੁਆਰਾ ਚਲਾਏ ਜਾ ਰਹੇ ਸਿਖਲਾਈ ਪ੍ਰੋਗਰਾਮਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਭਾ ਨੌਜਵਾਨ ਮਹਿਲਾਵਾਂ ਨੂੰ ਸਸ਼ਕਤ ਬਣਾਉਣ ਲਈ ਸ਼ਲਾਘਾਯੋਗ ਉਪਰਾਲਾ ਕਰ ਰਹੀ ਹੈ। ਉਨ੍ਹਾਂ ਨੇ ਪੰਚਾਇਤ ਪੱਧਰ 'ਤੇ ਅਜਿਹੇ ਯਤਨਾਂ ਲਈ ਪੂਰਾ ਸਮਰਥਨ ਦੇਣ ਦਾ ਵਾਅਦਾ ਕੀਤਾ। ਇਸੇ ਤਰ੍ਹਾਂ ਸਰਪੰਚ ਵਿਜੇ ਕੁਮਾਰ ਢੱਕ ਪੰਡੋਰੀ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਨੌਜਵਾਨਾਂ ਨੂੰ ਪਾਵਰਫੁਲ ਬਣਾਉਣ ਲਈ ਹੁਨਰ ਵਿਕਾਸ ਕੇਂਦਰ ਬਹੁਤ ਮਹੱਤਵਪੂਰਨ ਹਨ।ਪ੍ਰਧਾਨ ਸੁਖਵਿੰਦਰ ਸਿੰਘ ਨੇ ਸਾਰੇ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਸਭਾ ਵਲੋਂ ਪਤਵੰਤਿਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਸਟੇਜ ਦੀ ਸੇਵਾ ਸਮਾਜ ਸੇਵਕ ਸੁਸ਼ੀਲ ਸ਼ਰਮਾ ਨੇ ਨਿਭਾਈ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ. ਵਿਜੇ ਕੁਮਾਰ, ਉਪ ਪ੍ਰਧਾਨ ਰਵਿੰਦਰ ਸਿੰਘ ਰਾਏ, ਗੁਰਦੀਪ ਸਿੰਘ ਤੁਲੀ, ਵਿੱਕੀ ਸਿੰਘ (ਯੂਥ ਆਗੂ), ਜਗਜੀਤ ਸੇਠ ਮੈਨੇਜਰ, ਨਰਿੰਦਰ ਸਿੰਘ ਸੈਣੀ, ਸਮਾਜ ਸੇਵਕ ਰਮਨ ਨਹਿਰਾ, ਜਸ਼ਨ ਮਹਿਰਾ, ਪਰਮਜੀਤ ਰਾਏ, ਅਨੂਪ ਦੁੱਗਲ ਸਮੇਤ ਸੈਂਟਰ ਸਟਾਫ਼, ਸਿਖਿਆਰਥਣਾਂ ਅਤੇ ਪਤਵੰਤੇ ਮੌਜੂਦ ਸਨ।

## ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਕੀਤੀ 7ਵੀਂ ਬੱਸ ਰਵਾਨਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਫੇਜ਼-4 ਸਥਿਤ ਗੁਰਦੁਆਰਾ ਕਲਗੀਧਰ ਸਾਹਿਬ ਤੋਂ 7ਵੀਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਉਹ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਸੰਗਤਾਂ ਲਈ ਤੀਰਥ ਯਾਤਰਾ ਦੀ 7ਵੀਂ ਬੱਸ



ਰਵਾਨਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਤੀਰਥ ਯਾਤਰਾ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ, ਜਿਸ ਨਾਲ ਉਨ੍ਹਾਂ ਨੂੰ ਬਹੁਤ ਸੰਤੁਸ਼ਟੀ ਅਤੇ ਖੁਸ਼ੀ ਮਹਿਸੂਸ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਦੋ ਰਾਤਾਂ ਅਤੇ ਤਿੰਨ ਦਿਨਾਂ ਦੀ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਰ, ਵਾਹਘਾ ਬਾਰਡਰ, ਜਲ੍ਹਿਆਂਵਾਲਾ ਬਾਗ਼ ਅਤੇ ਰਾਮ ਤੀਰਥ ਵਾਲਮੀਕ ਮੰਦਰ ਜਾ ਕੇ ਵਾਪਸ ਪਰਤਣਗੇ। ਉਨ੍ਹਾਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਯਾਤਰਾ ਵਿੱਚ ਸ਼ਾਮਲ ਹੋਣ ਵਾਲੀਆਂ ਸੰਗਤਾਂ ਦੀਆਂ ਮਨੋਕਾਮਨਾਵਾਂ ਪੂਰੀਆਂ ਹੋਣ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਲੋਕ ਸੇਵਾ ਲਈ ਹੋਰ ਤਾਕਤ ਬਖ਼ਸ਼ੀ ਜਾਵੇ।

## ਹੋਲਾ ਮਹੱਲਾ ਮੌਕੇ ਸਿਹਤ ਪ੍ਰਦਰਸ਼ਨੀ ਲਗਾਈ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਸਰਕਾਰ ਤੇ ਸਿਹਤ ਤੇ ਪਰਵਾਰ ਭਲਾਈ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹੋਲਾ ਮਹੱਲਾ ਦੇ ਪਾਵਨ ਮੌਕੇ ਸਬ ਡਵੀਜ਼ਨ ਹਸਪਤਾਲ ਵਿਖੇ ਵਿਸ਼ੇਸ਼ ਸਿਹਤ ਪ੍ਰਦਰਸ਼ਨੀ ਲਗਾਈ ਗਈ। ਇਸ ਪ੍ਰਦਰਸ਼ਨੀ ਦਾ ਮੁੱਖ ਉਦੇਸ਼ ਸ਼ਰਧਾਲੂਆਂ ਅਤੇ ਸਥਾਨਕ ਨਿਵਾਸੀਆਂ ਨੂੰ ਸਿਹਤ ਸੰਬੰਧੀ ਜਾਣਕਾਰੀ ਪ੍ਰਦਾਨ ਕਰਨਾ ਤੇ ਸਰਕਾਰੀ ਸਿਹਤ ਯੋਜਨਾਵਾਂ



ਬਾਰੇ ਜਾਗਰੂਕ ਕਰਨਾ ਹੈ। ਪ੍ਰਦਰਸ਼ਨੀ ਵਿੱਚ ਆਯੁਸ਼ਮਾਨ ਭਾਰਤ ਯੋਜਨਾ, ਮੁੱਖ ਮੰਤਰੀ ਸਿਹਤ ਯੋਜਨਾ, ਮੁਫ਼ਤ ਦਵਾਈਆਂ ਅਤੇ ਜਾਂਚ ਸਹੂਲਤਾਂ, ਟੀਕਾਕਰਨ,ਮਾਤਾ-ਸ਼ਿਸ਼ੂ ਸਿਹਤ ਸੇਵਾਵਾਂ, ਟੀ.ਬੀ. ਮੁਕਤੀ ਅਭਿਆਨ, ਐੱਚ ਆਈ ਵੀ/ਏਡਜ਼ ਜਾਗਰੂਕਤਾ, ਨਸ਼ਾ ਮੁਕਤੀ ਅਤੇ ਗੈਰ-ਸੰਚਾਰੀ ਬਿਮਾਰੀਆਂ (ਜਿਵੇਂ ਸ਼ੂਗਰ ਅਤੇ ਬਲੱਡ ਪ੍ਰੈਸ਼ਰ) ਬਾਰੇ ਜਾਣਕਾਰੀ ਸਟਾਲ ਲਗਾਏ ਗਏ ਹਨ। ਵਿਸ਼ੇਸ਼ ਤੌਰ 'ਤੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਮੁਫ਼ਤ ਇਲਾਜ ਸਹੂਲਤਾਂ ਅਤੇ ਯੋਗਤਾ ਮਾਪਦੰਡਾਂ ਬਾਰੇ ਲੋਕਾਂ ਨੂੰ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ ਹੈ ।ਇਸ ਦੇ ਨਾਲ ਹੀ ਹੋਲਾ ਮਹੱਲਾ ਮੌਕੇ ਸ਼ਰਧਾਲੂਆਂ ਦੀ ਸਹੂਲਤ ਲਈ ਸ੍ਰੀ ਆਨੰਦਪੁਰ ਸਾਹਿਬ ਵਿਖੇ ਵੱਖ-ਵੱਖ ਥਾਂਵਾ 'ਤੇ ਆਮ ਆਦਮੀ ਕਲੀਨਿਕ ਵੀ ਸਥਾਪਿਤ ਕੀਤੇ ਗਏ ਹਨ, ਜਿੱਥੇ ਮੁਫ਼ਤ ਜਾਂਚ ਅਤੇ ਦਵਾਈਆਂ ਦੀ ਸਹੂਲਤ ਉਪਲਬਧ ਕਰਵਾਈ ਜਾ ਰਹੀ ਹੈ। ਇਨ੍ਹਾਂ ਕਲੀਨਿਕਾਂ ਰਾਹੀਂ ਮੌਕੇ 'ਤੇ ਹੀ ਮਰੀਜ਼ਾਂ ਨੂੰ ਤੁਰੰਤ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਸਿਵਲ ਸਰਜਨ ਰੂਪਨਗਰ ਡਾ. ਨਵਰੂਪ ਕੌਰ,ਸਿਵਲ ਸਰਜਨ ਐਸ.ਬੀ.ਐਸ. ਨਗਰ ਡਾ. ਗੁਰਵਿੰਦਰ ਸਿੰਘ, ਸੀਨੀਅਰ ਮੈਡੀਕਲ ਅਫ਼ਸਰ ਡਾ.ਆਨੰਦ ਘਈ, ਡਾ. ਗੋਬਿੰਦ ਟੰਡਨ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਗੁਰਮੀਤ ਕੌਰ ਸਮੇਤ ਹੋਰ ਮੈਡੀਕਲ ਅਤੇ ਪੈਰਾ-ਮੈਡੀਕਲ ਸਟਾਫ ਹਾਜ਼ਰ ਰਹੇ।

## ਸ਼ਹੀਦੀ ਸਮਾਰੋਹ ਕਰਵਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਬਹੁਜਨ ਸਮਾਜ ਪਾਰਟੀ ਹਲਕਾ ਨਕੋਦਰ ਵੱਲੋਂ ਨੂਰਮਹਿਲ ਵਿਖੇ 1992 ਦੀਆਂ ਵਿਧਾਨ ਸਭਾ ਚੋਣਾਂ ਸਮੇਂ ਦੇਸ਼ ਵਿਰੋਧੀ ਤਾਕਤਾਂ ਵਲੋਂ ਪ੍ਰਚਾਰ ਕਰ ਰਹੇ ਸਾਥੀਆਂ ਦੇ ਫੋਰਵੀਲਰ ਤੇ ਅੰਧਾ ਧੁੰਦ ਗੋਲੀਆਂ ਚਲਾਕੇ 9 ਸਾਥੀਆਂ ਨੂੰ ਸ਼ਹੀਦ ਕਰ ਦਿੱਤਾ ਤੇ ਸੱਤ ਹੋ ਸਾਥੀ ਗੰਭੀਰ ਜਖਮੀ ਹੋ ਗਏ,ਉਹਨਾਂ ਦੀ ਯਾਦ ਵਿੱਚ ਪਾਰਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਸ਼ਹੀਦੀ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਭਾਰੀ ਗਿਣਤੀ ਵਿੱਚ ਪਾਰਟੀ ਵਰਕਰਾਂ ਨੇ ਸ਼ਿਰਕਤ ਕੀਤੀ। ਇਸ ਸਮੇਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸ਼ਹੀਦਾਂ ਦਾ ਸੁਪਨਾ ਸਕਾਰ ਕਰਨ ਲਈ ਸੂਬਿਆਂ ਅਤੇ ਦੇਸ਼ ਵਿੱਚ ਸਰਕਾਰ ਬਣਾਉਣਾ ਅਤਿ ਜ਼ਰੂਰੀ ਹੈ ਤਾਂ ਕਿ ਦੇਸ਼ ਚੋ ਸਮਾਜ ਤੇ ਹੋ ਰਹੇ ਜ਼ੁਲਮ, ਨਾ ਬਰਾਬਰੀ,ਅਨਿਆਂ, ਆਰਥਿਕ ਮੁਕਤੀ ਦਾ ਖਾਤਮਾ ਕੀਤਾ ਜਾ ਸਕਦਾ ਹੈ। ਇਸ ਸਮੇਂ ਗੁਰਮੇਲ ਚੁੰਬਰ ਜਨ. ਸਕੱਤਰ ਪੰਜਾਬ, ਇੰਜ. ਜਸਵੰਤ ਰਾਏ, ਜਗਦੀਸ਼ ਸ਼ੇਰਪੁਰੀ ਜ਼ਿਲ੍ਹਾ ਪ੍ਰਧਾਨ, ਪੀ.ਡੀ. ਸ਼ਾਂਤ, ਦੇਵਰਾਜ ਸੁਮਨ ਪ੍ਰਧਾਨ ਨਕੋਦਰ, ਵਿਜੈ ਯਾਦਵ, ਹੰਸਰਾਜ ਸਿੱਧੂ, ਮੰਗਤ ਸਿੰਘ ਮੈਂਟੀ, ਕੁਲਦੀਪ ਦੀਪਾ, ਕਸ਼ਮੀਰੀ ਸੰਘਾ, ਵਿਜੈ ਮਦਰਾਸ, ਰਮੇਸ਼ ਬੰਗੜ, ਰੋਸ਼ਨ ਲਾਲ, ਵਰਿੰਦਰ ਵਰਮਾ, ਰਵੀ ਮਹਿਰਾ, ਚਰਨਜੀਤ ਬਜੂਹਾ, ਡੀ ਡੀ ਅਹੀਰ, ਸੁਰਖ਼ਰੂ ਸਿੰਘ, ਸੰਦੀਪ ਕੁਮਾਰ, ਦਲਵੀਰ ਬਿਲਗਾ, ਰਾਣਾ ਤਲਵਣ, ਭਾਗ ਰਾਮ, ਰਾਜਕੁਮਾਰ ਮੈਂਬਰ ਬਲਾਕ ਸੰਮਤੀ, ਜਸਵਿੰਦਰ ਕੌਰ ਸੰਮਤੀ ਮੈਂਬਰ, ਸਰੋਜ ਬਾਲਾ ਸੰਮਤੀ ਮੈਂਬਰ, ਭੁਪਿੰਦਰ ਕੌਰ, ਸੰਮਤੀ ਮੈਂਬਰ, ਪਰਮਜੀਤ, ਠੇਕੇਦਾਰ, ਜਗਨਨਾਥ, ਸਤਨਾਮ ਕੌਰ, ਮਨਜੀਤ ਕੌਰ, ਹਰਜਿੰਦਰ ਕੌਰ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਹਰੀ ਨਰੈਣ, ਰਾਕੇਸ਼ ਆਬਾਦੀ, ਸੁਖਰਾਮ ਫੌਜੀ, ਚਮਨ ਲਾਲ ਮਾਖਾ, ਡਾ.ਵੇਦ ਪ੍ਰਕਾਸ਼ ਸਿਧਮ, ਡਾ.ਬੱਗੂ ਰਾਮ, ਹਰਬੰਸ ਸੰਘਾ, ਕੇਵਲ ਰਾਮ ਜਖੂ, ਅਨੰਦ ਜੱਖੂ,ਮੇਜਰ ਜਹਾਂਗੀਰ, ਜਗਨ ਨਾਥ ਪੰਚ, ਸ਼ਿਵ ਕੁਮਾਰ ਸ਼ਿਵਾ ਤੇ ਸਾਰੇ ਸ਼ਹੀਦੀ ਪਰਵਾਰ ਮੌਜੂਦ ਸਨ।

## ਮਾਂ-ਬੋਲੀ ਪੰਜਾਬੀ ਮਾਰਚ 'ਚ ਦੇਸ਼-ਵਿਦੇਸ਼ ਤੋਂ ਲੋਕਾਂ ਨੇ ਕੀਤੀ ਸ਼ਮੂਲੀਅਤ

**ਜਲੰਧਰ (ਸ਼ੈਲੀ ਐਲਬਰਟ)**- ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਨੂੰ ਸਮਰਪਿਤ ਪੰਜਾਬੀ ਜਾਗਰਿਤੀ ਮੰਚ ਤੇ ਪੰਜਾਬ ਸੈਰ-ਸਪਾਟਾ ਅਤੇ ਸਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਵੱਲੋਂ ਸ਼ਹਿਰ ਭਰ ਵਿੱਚ ਪ੍ਰਭਾਵਸ਼ਾਲੀ ਮਾਂ ਬੋਲੀ ਪੰਜਾਬੀ ਮਾਰਚ ਕੱਢਿਆ ਗਿਆ । ਇਸ ਮੌਕੇ ਦੇਸ਼ ਵਿਦੇਸ਼ ਤੋਂ ਲੋਕਾਂ ਦੇ ਠਾਠਾਂ ਮਾਰਦੇ ਇਕੱਠ ਵਲੋਂ ਪੰਜਾਬੀ ਭਾਸ਼ਾ ਤੇ ਸਭਿਆਚਾਰ ਦੇ ਪ੍ਰਚਾਰ ਤੇ ਪ੍ਰਸਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ ਗਿਆ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਮੋਹਿੰਦਰ ਭਗਤ, ਮੈਂਬਰ ਪਾਰਲੀਮੈਂਟ ਅਸ਼ੋਕ ਮਿੱਤਲ, ਡਿਪਟੀ ਕਮਿਕਸ਼ਨਰ ਡਾ.ਹਿਮਾਂਸ਼ੂ ਅਗਰਵਾਲ ਤੇ ਸੀਨੀਅਰ ਆਪ ਆਗੂ ਰਾਜਵਿੰਦਰ ਕੌਰ ਥਿਆੜਾ ਤੋਂ ਇਲਾਵਾ ਹੋਰ ਸਖਸ਼ੀਅਤਾਂ ਵਲੋਂ ਮਾਰਚ ਵਿੱਚ ਸ਼ਿਰਕਤ ਕੀਤੀ ਗਿਈ।ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਲਾਇਲਪੁਰ ਖਾਲਸਾ ਸਕੂਲ, ਨਕੋਦਰ ਰੋਡ ਵਿਖੇ ਇਕੱਠੇ ਹੋਏ ਜਿਥੋਂ ਇਹ ਮਾਰਚ ਸ਼ੁਰੂ ਹੋਇਆ। ਸ਼ਹਿਰ ਦੇ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਇਹ ਮਾਂ ਬੋਲੀ ਪੰਜਾਬੀ ਮਾਰਚ ਦੇਸ਼ ਭਗਤ ਯਾਦਗਾਰ ਹਾਲ ਵਿਖੇ ਪਹੁੰਚ ਕੇ ਸਮਾਪਤ ਹੋਇਆ। ਇਸ ਮੌਕੇ ਲੋਕਾਂ ਦੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਵਲੋਂ ਮਾਤ ਭਾਸ਼ਾ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਲਈ ਦੀਪਕ ਬਾਲੀ ਵਲੋਂ ਕੀਤੇ ਗਏ ਸੰਜੀਦਾ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਸ੍ਰੀ ਸੰਧਵਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਭਾਵੇਂ ਸਾਰੀਆਂ ਭਾਸ਼ਾਵਾਂ ਸਨਮਾਨ ਯੋਗ ਹਨ ਪਰ ਲੋਕਾਂ ਨੂੰ ਆਪਣੀ ਮਾਤ ਭਾਸ਼ਾ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਮਾਪਿਆਂ ਨੂੰ ਪ੍ਰੇਰਿਤ ਕੀਤਾ ਕਿ ਘਰ ਵਿੱਚ ਬੱਚਿਆਂ ਨਾਲ ਪੰਜਾਬੀ ਭਾਸ਼ਾ ਵਿੱਚ ਗੱਲਬਾਤ ਕੀਤੀ ਜਾਵੇ। ਇਸ ਮੌਕੇ ਆਪਣੇ ਸੰਬੋਧਨ ਵਿੱਚ ਪੰਜਾਬ ਦੇ ਸੈਰ-ਸਪਾਟਾ ਤੇ ਸਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਕਿਹਾ ਕਿ ਵੱਡੇ ਪੱਧਰ 'ਤੇ ਪੰਜਾਬੀ ਭਾਸ਼ਾ ਨੂੰ ਉਤਸ਼ਾਹਿਤ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਸਾਰੀਆਂ ਵਿਦਿਅਕ ਸੰਸਥਾਵਾਂ ਵਿੱਚ ਪੰਜਾਬੀ ਭਾਸ਼ਾ ਦੀ ਪੜ੍ਹਾਈ ਲਾਜ਼ਮੀ ਕਰਨ ਦੀ ਮੰਗ ਵੀ ਕੀਤੀ ਗਈ । ਸਮਾਗਮ ਨੂੰ ਸਭਿਆਚਾਰਕ ਰੰਗਤ ਦੇਣ ਲਈ ਪ੍ਰਸਿੱਧ ਗਾਇਕ ਮਨਕੀਰਤ ਔਲਖ, ਦਲਵਿੰਦਰ ਦਿਆਲਪੁਰੀ, ਕੁਲਵਿੰਦਰ ਕੈਲੀ ਤੇ ਗੁਰਲੇਜ਼ ਅਖ਼ਤਰ ਵਲੋਂ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ ਗਿਆ।

## ਸਿੱਖ ਪ੍ਰੀਖਿਆਰਥੀ ਦੀ ਕਿਰਪਾਨ ਲਹਾਏ ਜਾਣਾ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ : ਬਾਬਾ ਬਲਬੀਰ ਸਿੰਘ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਦਿੱਲੀ ਕੈਂਟ ਸਥਿਤ ਕੇਂਦਰੀ ਵਿਦਿਆਲਿਆ 'ਚ ਪ੍ਰੀਖਿਆ ਮੌਕੇ ਇੱਕ ਅੰਮ੍ਰਿਤਧਾਰੀ ਵਿਦਿਆਰਥੀ ਦੀ ਕਿਰਪਾਨ ਲਵਾਉਣ ਦਾ ਨੋਟਿਸ ਲੈਂਦਿਆਂ ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ



ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸਖਤ ਨਿੰਦਾ ਕਰਦਿਆਂ ਕਿਹਾ ਕਿ ਇਹ ਘਟਨਾ ਸਿੱਖਾ ਅੰਦਰ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਕਰਦੀ ਹੈ ਜਿਸ ਨੂੰ ਪ੍ਰਵਾਨ ਨਹੀਂ ਕੀਤਾ ਜਾ ਸਕਦਾ ਕਿਰਪਾਨ ਲਹਾਉਣਾ ਬਹੁਤ ਮੰਦਭਾਗਾ ਹੈ ਕਿਰਪਾਨ ਸਿੱਖਾਂ ਦਾ ਅਨਿਖੜਵਾਂ ਅੰਗ ਹੈ ਇਸਦੇ ਬਾਵਜੂਦ ਕਿਰਪਾਨ ਲਹਾਉਣ ਦੀ ਹਰਕਤ ਮੰਦਭਾਗੀ ਹੈ। ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀਆਂ ਤੇ ਸਰਕਾਰਾਂ ਨੂੰ ਸਖਤ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਇਹ ਅਧਿਕਾਰੀ ਜਾਣ ਬੁਝ ਕੇ ਪਹਿਲਾਂ ਸਿੱਖ ਮਾਨਸਿਕਤਾ ਦੇ ਵਿਰੁੱਧ ਕਾਰਵਾਈ ਕਰਦੇ ਹਨ ਤੇ ਬਾਅਦ ਵਿੱਚ ਅਣਜਾਣਤਾ ਦਾ ਪ੍ਰਗਟਾਵਾ ਕਰਦੇ ਹਨ। ਇਸ ਮੌਕੇ ਦਿੱਲੀ ਕਮੇਟੀ ਦੇ ਪ੍ਰਧਾਨ ਵੱਲੋਂ ਕੀਤੀ ਕਾਰਵਾਈ ਦੀ ਬਾਬਾ ਬਲਬੀਰ ਸਿੰਘ ਨੇ ਪ੍ਰਸ਼ੰਸਾ ਕੀਤੀ ਹੈ ਜਦੋਂ ਵੀ ਅਜਿਹੀਆਂ ਹਰਕਤਾਂ ਹੋਣ ਤਾਂ ਮੌਕੇ ਤੇ ਹੀ ਸਿੱਖ ਸੰਗਤਾਂ ਨੂੰ ਮੂਕ ਦਰਸ਼ਕ ਬਣਨ ਦੀ ਥਾਂ ਮੌਕੇ ਤੇ ਹੀ ਵਿਰੋਧ ਦਰਜ ਕਰਾਉਣਾ ਚਾਹੀਦਾ ਹੈ।

## ਸਹਿਕਾਰੀ ਖੰਡ ਮਿੱਲ ਸ਼ੇਰੋਂ ਨੂੰ ਬਚਾਉਣ ਲਈ ਲਗਾਏ ਧਰਨੇ ਨੂੰ ਪੁਲਸ ਵਲੋਂ ਜਬਰੀ ਚੁੱਕਣ ਦੀ ਨਿਖੇਧੀ

**ਜਲੰਧਰ (ਕੇਸਰ)**- ਸੰਯੁਕਤ ਕਿਸਾਨ ਮੋਰਚਾ ਨੇ ਸਹਿਕਾਰੀ ਖੰਡ ਮਿੱਲ ਸ਼ੇਰੋ ਤਰਨਤਾਰਨ ਨੂੰ ਬਚਾਉਣ ਲਈ ਸੰਯੁਕਤ ਕਿਸਾਨ ਮੋਰਚਾ ਤਰਨਤਾਰਨ ਵਲੋਂ ਲਾਏ ਧਰਨੇ ਨੂੰ ਸਰਕਾਰ ਦੇ ਇਸ਼ਾਰੇ ਤੇ ਪੁਲਸ ਵੱਲੋਂ



ਜਬਰੀ ਚੁੱਕਣ ਅਤੇ ਆਗੂਆਂ ਨੂੰ ਜੇਲ੍ਹੀ ਡੱਕਣ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ। ਵਰਣਨਯੋਗ ਹੈ ਕਿ ਸਰਕਾਰ ਨੇ ਉਪਰੋਕਤ ਖੰਡ ਮਿੱਲ ਦੀ ਜ਼ਮੀਨ ਦੀ ਮਲਕੀਅਤ ਨੂੰ ਬਦਲ ਕੇ ਪੁੱਡਾ ਨੂੰ ਟਰਾਂਸਫਰ ਕਰਕੇ ਵੇਚਣ ਵਿਰੁੱਧ ਸੰਯੁਕਤ ਕਿਸਾਨ ਮੋਰਚਾ ਤਰਨਤਾਰਨ ਦੀ ਅਗਵਾਈ ਹੇਠ ਬੀਤੇ ਕੁੱਝ ਦਿਨਾਂ ਤੋਂ ਕਿਸਾਨ ਜੱਥੇਬੰਦੀਆਂ ਨੇ ਧਰਨਾ ਸ਼ੁਰੂ ਕੀਤਾ ਹੋਇਆ ਸੀ। ਇਸ ਸੰਘਰਸ਼ ਨੂੰ ਸਮਾਜ ਦੇ ਹੋਰ ਤਬਕਿਆਂ ਦੀਆਂ ਜੱਥੇਬੰਦੀਆਂ ਵੀ ਸਮਰਥਨ ਦੇ ਰਹੀਆਂ ਸਨ। ਸੰਯੁਕਤ ਕਿਸਾਨ ਮੋਰਚਾ ਨੇ ਕਿਹਾ ਕਿ ਪੰਜਾਬ ਦੇ ਖੇਤੀ ਅਤੇ ਪਾਣੀ ਦੇ ਸੰਕਟ ਨੂੰ ਹੱਲ ਕਰਨ ਲਈ ਲੋੜ ਤਾਂ ਫ਼ਸਲੀ ਵਿਭਿੰਨਤਾ, ਲਾਭਕਾਰੀ ਮੁੱਲ ਤੇ ਫਸਲਾਂ ਦੀ ਖ੍ਰੀਦ ਦੀ ਗਾਰੰਟੀ,ਕਿਸਾਨਾਂ ਮਜ਼ਦੂਰਾਂ ਦੀ ਕਰਜ਼ਾ ਮੁਕਤੀ ਅਤੇ ਹਰ ਖੇਤ ਅਤੇ ਹਰ ਘਰ ਨੂੰ ਸਿੰਜਾਈ ਅਤੇ ਪੀਣ ਲਈ ਸਾਫ਼ ਨਹਿਰੀ ਪਾਣੀ ਦੇਣ ਦੀ ਵਿਵਸਥਾ ਕਰਨ ਦੀ ਹੈ। ਖੰਡ ਮਿੱਲ ਨੂੰ ਅਪਗ੍ਰੇਡ ਕਰਕੇ ਚਲਾਇਆ ਜਾਵੇ ਅਤੇ ਜੇਲ੍ਹੀ ਡੱਕੇ ਕਿਸਾਨ ਤੇ ਮੁਲਾਜ਼ਮ ਆਗੂ ਤੁਰੰਤ ਛੱਡੇ ਜਾਣ।

## ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਵਿਕਾਸ ਕਾਰਜਾਂ ਸੰਬੰਧੀ ਕੀਤੀ ਸਮੀਖਿਆ ਮੀਟਿੰਗ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਮੰਡੀ ਬੋਰਡ ਦੇ ਅਧਿਕਾਰੀਆਂ ਨਾਲ ਸੂਬੇ ਦੀਆਂ ਅਨਾਜ ਮੰਡੀਆਂ, ਫ਼ਲ ਤੇ ਸਬਜੀ ਮੰਡੀਆਂ ਦੇ ਵਿਕਾਸ ਕਾਰਜਾਂ, ਮਾਰਕਿਟ ਕਮੇਟੀਆਂ, ਮੰਡੀ ਬੋਰਡ ਦੀ ਆਮਦਨ ਵਧਾਉਣ ਸਬੰਧੀ ਮੁੱਖ ਦਫ਼ਤਰ



ਵਿਖੇ ਸਮੀਖਿਆ ਮੀਟਿੰਗ ਕੀਤੀ। ਇਸ ਦੌਰਾਨ ਸੂਬੇ ਦੀਆਂ ਮੰਡੀਆਂ ਸੰਬੰਧੀ ਵੱਖ-ਵੱਖ ਮੁੱਦਿਆਂ ਤੇ ਅਹਿਮ ਫੈਸਲੇ ਲਏ ਗਏ। ਇਸ ਤੋਂ ਇਲਾਵਾ ਮਾਰਕਿਟ ਫੀਸਾਂ, ਮੰਡੀ ਬੋਰਡ ਦੀ ਆਮਦਨ ਵਿੱਚ ਵਾਧਾ ਕਰਨ ਲਈ ਕੀਤੇ ਜਾ ਰਹੇ ਕਾਰਜਾਂ, ਵਿੱਤੀ ਪ੍ਰਬੰਧਾਂ ਅਤੇ ਆਧੁਨਿਕ ਤਕਨੀਕਾਂ ਦੇ ਇਸਤੇਮਾਲ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਮੰਡੀ ਬੋਰਡ ਦੇ ਅਧਿਕਾਰੀ ਵੱਲੋਂ ਆਪਣੇ-ਆਪਣੇ ਖੇਤਰਾਂ ਵਿੱਚ ਹੋ ਰਹੇ ਵਿਕਾਸ ਕਾਰਜਾਂ ਦੀ ਜਾਣਕਾਰੀ ਦਿੱਤੀ। ਇਸ ਮੌਕੇ ਹਰਚੰਦ ਸਿੰਘ ਬਰਸਟ ਨੇ ਜ਼ੋਰ ਦਿੱਤਾ ਕਿ ਆਮਦਨ ਵਧਾਉਣ ਨਾਲ ਮੰਡੀਆਂ ਦੇ ਵਿਕਾਸ ਕਾਰਜਾਂ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਹੋਵੇਗੀ। ਉਨ੍ਹਾਂ ਕਿਹਾ ਕਿ ਆਧੁਨਿਕ ਤਕਨੀਕਾਂ ਅਤੇ ਡਿਜੀਟਲ ਪ੍ਰਨਾਲੀਆਂ ਦੇ ਇਸਤੇਮਾਲ ਨਾਲ ਬੋਰਡ ਦੀ ਕਾਰਗੁਜ਼ਾਰੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕਦਾ ਹੈ ਅਤੇ ਇਸ ਸਬੰਧੀ ਜਲਦ ਤੋਂ ਜਲਦ ਕਾਰਜ ਸ਼ੁਰੂ ਕੀਤੇ ਜਾਣ। ਉਨ੍ਹਾਂ ਹਦਾਇਤ ਦਿੱਤੀ ਕਿ ਤਕਨੀਕੀ ਸੁਧਾਰਾਂ ਰਾਹੀਂ ਕਿਸਾਨਾਂ ਨੂੰ ਸੁਵਿਧਾਜਨਕ ਸੇਵਾਵਾਂ ਪ੍ਰਦਾਨ ਕੀਤੀਆਂ ਜਾਣ। ਚੇਅਰਮੈਨ ਨੇ ਸਭ ਅਧਿਕਾਰੀਆਂ ਨੂੰ ਮਿਲਜੁਲ ਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਟੀਮ ਵਰਕ ਨਾਲ ਹੀ ਬੋਰਡ, ਮਾਰਕਿਟ ਕਮੇਟੀਆਂ ਤੇ ਮੰਡੀਆਂ ਨੂੰ ਆਧੁਨਿਕ ਬਣਾਇਆ ਜਾ ਸਕਦਾ ਹੈ।

## ਖਾਲਸਾ ਕਾਲਜ ਵਿੱਚ ਤਿੰਨ ਰੋਜ਼ਾ ਪੁਸਤਕ ਅਤੇ ਕਲਾ ਉਤਸਵ

**ਮਾਹਿਲਪੁਰ (ਸ.ਫ਼ਰੀ)**- ਸਿੱਖ ਐਜੂਕੇਸ਼ਨਲ ਕੌਂਸਲ ਦੀ ਅਗਵਾਈ ਹੇਠ ਚੱਲ ਰਹੇ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਪੋਸਟ ਗਰੈਜੂਏਟ ਪੰਜਾਬੀ ਵਿਭਾਗ ਵਲੋਂ ਕਰਵਾਇਆ ਜਾ ਰਿਹਾ ਤਿੰਨ ਰੋਜ਼ਾ ਪੁਸਤਕ ਮੇਲਾ ਅਤੇ ਕਲਾ ਉਤਸਵ ਉਤਸ਼ਾਹ ਨਾਲ ਆਰੰਭ ਹੋ ਗਿਆ। ਇਸ ਮੌਕੇ ਉਦਘਾਟਨੀ ਸੈਸ਼ਨ ਵਿੱਚ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦਕਿ ਪ੍ਰਧਾਨਗੀ ਮੰਡਲ ਵਿੱਚ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਸਕੱਤਰ ਪ੍ਰੋ ਅਪਿੰਦਰ ਸਿੰਘ ਅਤੇ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਬੈਂਸ ਹਾਜ਼ਰ ਹੋਏ। ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਅਤੇ ਕਾਲਜ ਦੀਆਂ ਪ੍ਰਾਪਤੀਆਂ ਬਾਰੇ ਦੱਸਦਿਆਂ ਵਿਦਿਆਰਥੀਆਂ ਨੂੰ ਪੁਸਤਕਾਂ ਤੇ ਕਲਾ ਪ੍ਰਦਰਸ਼ਨੀਆਂ ਨਾਲ ਜੁੜਨ ਦਾ ਸੱਦਾ ਦਿੱਤਾ। ਐੱਮ ਪੀ ਮਲਵਿੰਦਰ ਸਿੰਘ ਕੰਗ ਨੇ ਪ੍ਰਬੰਧਕਾਂ ਨੂੰ ਇਸ ਪੁਸਤਕ ਮੇਲੇ ਦੇ ਆਯੋਜਨ ਲਈ ਸ਼ਲਾਘਾ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਪੁਸਤਕ ਸਭਿਆਚਾਰ ਨਾਲ ਜੁੜਨ ਅਤੇ ਸਮਾਜ ਸੇਵਾ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਣ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਆਪਣੇ ਅਖਤਿਆਰੀ ਫੰਡ ਵਿੱਚੋਂ ਪੰਜ ਲੱਖ ਰੁਪਏ ਦੀ ਰਾਸ਼ੀ ਕਾਲਜ ਪ੍ਰਬੰਧਕਾਂ ਨੂੰ ਦੇਣ ਦਾ ਐਲਾਨ ਕੀਤਾ। ਸਮਾਰੋਹ ਦੇ ਮੁੱਖ ਵਕਤਾ ਵਜੋਂ ਹਾਜ਼ਰ ਪ੍ਰਸਿੱਧ ਕਹਾਣੀਕਾਰ ਵਰਿਆਮ ਸੰਧੂ ਨੇ ਪੰਜਾਬ ਦਾ ਇਨਕਲਾਬੀ ਇਤਿਹਾਸ ਅਤੇ ਯੁਵਾ ਵਰਗ ਵਿਸ਼ੇ 'ਤੇ ਮੁੱਖ ਭਾਸ਼ਣ ਦਿੱਤਾ। ਇਸ ਮੌਕੇ ਪ੍ਰਬੰਧਕਾਂ ਵਲੋਂ ਵਰਿਆਮ ਸੰਧੂ, ਡਾ ਗੋਪਾਲ ਸਿੰਘ ਬੁੱਟਰ ਅਤੇ ਗੁਰਮੀਤ ਸਿੰਘ ਨੂੰ ਵਿਸ਼ੇਸ਼ ਤੌਰ 'ਤੇ





ਸਨਮਾਨਿਤ ਕੀਤਾ ਗਿਆ। ਦਿਨ ਦੇ ਦੂਜੇ ਸੈਸ਼ਨ ਵਿੱਚ ਪ੍ਰੋ ਅਪਿੰਦਰ ਸਿੰਘ ਦੀ ਪੁਸਤਕ 'ਧਰਮ ਅਤੇ ਵਿਗਿਆਨ ਅੰਤਰ ਸਬੰਧਤਾ' ਸਬੰਧੀ ਸੰਵਾਦ ਸਮਾਰੋਹ ਰਚਾਇਆ ਗਿਆ। ਇਸ ਮੌਕੇ ਸੰਤ ਅਮੀਰ ਸਿੰਘ ਜਵੱਦੀ ਮੁੱਖੀ, ਜਵੱਦੀ ਕਲਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦਕਿ ਸਮਾਰੋਹ ਦੀ ਪ੍ਰਧਾਨਗੀ ਬਾਬਾ ਬਲਵੀਰ ਸਿੰਘ ਜਥੇਦਾਰ ਬੁੱਢਾ ਦਲ ਨੇ ਕੀਤੀ। ਇਸ ਮੌਕੇ ਪੁਸਤਕ ਬਾਰੇ ਲੇਖਕ ਬਲਜਿੰਦਰ ਮਾਨ, ਪ੍ਰੋ ਅਜੀਤ ਲੰਗੇਰੀ, ਡਾ ਹਰੀ ਸਿੰਘ ਜਾਚਕ ਅਤੇ ਇੰਦਰਪਾਲ ਸਿੰਘ ਨੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਲੇਖਕ ਨੂੰ ਕਿਤਾਬ ਦੀ ਸਿਰਜਣਾ 'ਤੇ ਵਧਾਈ ਦਿੱਤੀ। ਸਕੱਤਰ ਪ੍ਰੋ ਅਪਿੰਦਰ ਸਿੰਘ ਨੇ ਧੰਨਵਾਦੀ ਸ਼ਬਦ ਸਾਂਝੇ ਕੀਤੇ। ਤੀਜੇ ਸੈਸ਼ਨ ਵਿੱਚ ਨਾਟ ਕਰਮੀ ਰਾਜਵਿੰਦਰ ਸਮਰਾਲਾ ਨੇ 'ਰਾਹਾਂ ਵਿੱਚ ਅੰਗਿਆਰ ਬੜੇ ਸੀ' ਨਾਟਕ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸਾਬਕਾ ਐੱਮ ਪੀ ਅਵਿਨਾਸ਼ ਰਾਏ ਖੰਨਾ, ਸਾਬਕਾ ਮੰਤਰੀ ਸੋਹਣ ਸਿੰਘ ਠੰਡਲ ਅਤੇ ਡਾ ਧਰਮਜੀਤ ਸਿੰਘ ਨੇ ਸ਼ਿਰਕਤ ਕੀਤੀ । ਪ੍ਰਬੰਧਕਾਂ ਵਲੋਂ ਪਤਵੰਤੇ ਸੱਜਣਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਖੇਡ ਪ੍ਰਮੋਟਰ ਕੁਲਵੰਤ ਸਿੰਘ ਸੰਘਾ, ਦਲਜੀਤ ਸਿੰਘ ਸਹੋਤਾ, ਵਰਿੰਦਰ ਸ਼ਰਮਾ, ਦਲਜੀਤ ਸਿੰਘ ਬੈਂਸ, ਅਰਵਿੰਦਰ ਸਿੰਘ ਹਵੇਲੀ, ਹਰਭਜਨ ਸਿੰਘ ਚੇੜਾ, ਡਾ ਰੋਹਤਾਂਸ਼, ਵਿਜੇ ਬੰਬੇਲੀ, ਪ੍ਰੋ ਜਗ ਸਿੰਘ, ਪ੍ਰੋ ਸਰਵਣ ਸਿੰਘ, ਸਤਪ੍ਰਕਾਸ਼ ਸੰਘਾ, ਕਪਿਲ ਕੁਮਾਰ ਸ਼ਰਮਾ, ਤਲਵਿੰਦਰ ਹੀਰ, ਜੀਵਨ ਚੰਦੇਲੀ ਆਦਿ ਹਾਜ਼ਰ ਸਨ। ਸੈਸ਼ਨਾਂ ਦੀ ਕਾਰਵਾਈ ਡਾ ਜੇ ਬੀ ਸੇਖੋਂ, ਪ੍ਰੋ ਜਸਵਿੰਦਰ ਸਿੰਘ ਅਤੇ ਪ੍ਰੋ ਵਿਕਰਮ ਚੰਦੇਲ ਨੇ ਚਲਾਈ। ਇਸ ਮੌਕੇ ਕਿਤਾਬਾਂ ਦੀ ਵਿਕਰੀ ਪ੍ਰਦਰਸ਼ਨੀ ਅਤੇ ਕਲਾ ਦੀਆਂ ਵੱਖ ਵੱਖ ਪ੍ਰਦਰਸ਼ਨੀਆਂ ਲਗਾਈਆਂ ਗਈਆਂ।

## ਚੌਥੀ ਹਾਫ਼ ਮੈਰਾਥਨ ਅੱਜ

**ਨਕੋਦਰ, (ਰੀਨਾ ਸ਼ਰਮਾ)**- ਸਥਾਨਕ ਸੱਤਿਅਮ ਗਰੁੱਪ ਆਫ਼ ਇੰਸਟੀਟਿਊਟਸ ਵੱਲੋਂ 28 ਫਰਵਰੀ ਨੂੰ ਆਪਣੀ ਚੌਥੀ ਹਾਫ਼ ਮੈਰਾਥਨ ਦਾ ਆਯੋਜਨ ਕੀਤਾ ਜਾ ਰਿਹਾ ਹੈ । ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਚੇਅਰਮੈਨ ਵਿਪਨ ਸ਼ਰਮਾ, ਚੇਅਰ ਪਰਸਨ ਜਯੋਤੀ ਸ਼ਰਮਾ ਅਤੇ ਐੱਮ ਡੀ ਸ਼ਿਵਮ ਸ਼ਰਮਾ ਨੇ ਦੱਸਿਆ ਕਿ 'ਸਿਹਤ ਲਈ ਦੌੜੇ ਦੇਸ਼ ਲਈ ਦੌੜੇ' ਦੇ ਬੈਨਰ ਹੇਠ ਇਹ ਹਾਫ਼ ਮੈਰਾਥਨ ਜਲੰਧਰ ਰੋਡ ਸਥਿਤ ਤਾਜ ਸਿਟੀ ਦੇ ਗੇਟ ਤੋਂ ਸਵੇਰੇ 7 ਵਜੇ ਸ਼ੁਰੂ ਹੋ ਕੇ 11 ਕਿਲੋਮੀਟਰ ਦਾ ਚੱਕਰ ਲਗਾ ਕੇ ਸੱਤਿਅਮ ਗਰੁੱਪ ਦੇ ਕੈਂਪਸ 'ਚ ਜਾ ਕੇ ਸਮਾਪਤ ਹੋਵੇਗੀ । ਇਸ ਹਾਫ਼ ਮੈਰਾਥਨ ਵਿੱਚ ਸਮਾਜ ਦੇ ਸਭ ਵਰਗਾਂ ਦੇ ਨੌਜਵਾਨਾਂ ਨੂੰ ਵੱਧ ਚੜ ਕੇ ਹਿੱਸਾ ਲੈਣ ਲਈ ਖੁੱਲਾ ਸੱਦਾ ਦਿੱਤਾ ਗਿਆ ਹੈ। ਇਸ ਮੈਰਾਥਨ ਚ ਹਿੱਸਾ ਲੈਣ ਵਾਲੇ ਸਾਰੇ ਨੌਜਵਾਨਾਂ ਨੂੰ ਟੀ ਸ਼ਰਟਾਂ ਅਤੇ ਸਰਟੀਫਿਕੇਟਾਂ ਨਾਲ ਨਵਾਜਿਆ ਜਾਵੇਗਾ। ਪਹਿਲੀ ਪੁਜੀਸ਼ਨ ਹਾਸਲ ਕਰਨ ਵਾਲੇ ਜੇਤੂ ਨੂੰ ਰੁਪਏ 11000/-, ਦੂਸਰੀ ਪੁਜੀਸ਼ਨ ਹਾਸਲ ਕਰਨ



ਵਾਲੇ ਜੇਤੂ ਨੂੰ ਰੁਪਏ 5100/- ਅਤੇ ਤੀਸਰੇ ਜੇਤੂ ਨੂੰ ਰੁਪਏ 3100/- ਦੇ ਨਕਦ ਇਨਾਮ ਤੇ ਹੋਰ ਜੇਤੂਆਂ ਨੂੰ ਵੀ ਇਨਾਮਾਂ ਨਾਲ ਸਨਮਾਨਤ ਕੀਤਾ ਜਾਵੇਗਾ।ਇਸ ਮੈਰਾਥਨ ਦੀ ਸ਼ੁਰੂਆਤ ਡੀ ਐੱਸ ਪੀ ਨਕੋਦਰ ਸ. ਉਂਕਾਰ ਸਿੰਘ ਬਰਾੜ ਕਰਨਗੇ ਤੇ ਇਨਾਮਾਂ ਦੀ ਵੰਡ ਐੱਮ ਐੱਲ ਏ ਨਕੋਦਰ ਇੰਦਰਜੀਤ ਕੌਰ ਮਾਨ ਕਰਨਗੇ।

# ਐੱਲ ਪੀ ਯੂ ਵਿਖੇ ਸਪੈਕਟਰਾ 2026 ਨੇ ਐਡੂਰਿਵੋਲਿਊਸ਼ਨ ਨੂੰ ਕੀਤਾ ਉਤਸ਼ਾਹਿਤ

ਜਲੰਧਰ (ਸ਼ੈਲੀ ਐਲਬਰਟ)- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦਾ 18ਵਾਂ ਸਾਲਾਨਾ ਅੰਤਰ-ਸਕੂਲ ਯੁਵਾ ਫੈਸਟੀਵਲ, ਸਪੈਕਟਰਾ 2026, ਰਚਨਾਤਮਕਤਾ, ਬੁੱਧੀ ਅਤੇ ਤਬਦੀਲੀ ਦਾ ਇੱਕ ਸ਼ਕਤੀਸ਼ਾਲੀ ਸੰਗਮ ਸੀ, ਜੋ ਐਡੂਰਿਵੋਲਿਊਸ਼ਨ ਦੀ ਭਾਵਨਾ ਨੂੰ ਦਰਸਾਉਂਦਾ ਹੈ।ਹਜ਼ਾਰਾਂ ਵਿਦਿਆਰਥੀਆਂ ਨੂੰ ਇਕੱਠਾ ਕਰਦੇ ਹੋਏ, ਸਪੈਕਟਰਾ 2026 ਵਿੱਚ ਸੰਗੀਤ, ਡਾਂਸ, ਥੀਏਟਰ, ਸਾਹਿਤਕ ਕਲਾਵਾਂ, ਵਿਜ਼ੂਅਲ ਆਰਟਸ, ਮੀਡੀਆ ਤੇ ਫੈਸ਼ਨ ਵਿੱਚ 30 ਤੋਂ ਵੱਧ ਮੁਕਾਬਲੇ ਸ਼ਾਮਲ ਸਨ। ਕਲਾਸੀਕਲ ਅਤੇ ਪੱਛਮੀ ਵੋਕਲ ਪ੍ਰਦਰਸ਼ਨਾਂ ਤੋਂ ਲੈ ਕੇ ਸਾਜ਼ਾਂ ਦੇ ਪ੍ਰਦਰਸ਼ਨ, ਅਰਧ-ਕਲਾਸੀਕਲ ਅਤੇ ਪੱਛਮੀ ਸਮੂਹ ਨਾਚ, ਸਕਿੱਟ, ਮਾਈਮ, ਸਟਰੀਟ ਨਾਟਕ, ਪੋਸਟਰ ਮੇਕਿੰਗ, ਕਲੇ ਮਾਡਲਿੰਗ, ਕਾਰਟੂਨਿੰਗ, ਲਘੂ ਫਿਲਮ ਨਿਰਮਾਣ, ਅਤੇ ਬੇਸਬਰੀ ਨਾਲ ਉਡੀਕੇ ਜਾ ਰਹੇ ਸਪੈਕਟਰਾ ਰਨਵੇ ਫੈਸ਼ਨ ਸ਼ੋਅ ਤੱਕ, ਕੈਂਪਸ ਸਭ ਤੋਂ ਵਧੀਆ ਕਲਾ ਰੂਪਾਂ ਅਤੇ ਨੌਜਵਾਨ ਉਤਸ਼ਾਹ ਨਾਲ ਗੂੰਜਦਾ ਰਿਹਾ। ਪ੍ਰਦਰਸ਼ਨਾਂ ਤੋਂ ਇਲਾਵਾ, ਇਸ ਫੈਸਟੀਵਲ ਨੇ ਅਰਥਪੂਰਨ ਬੌਧਿਕ ਗੱਲਬਾਤ ਨੂੰ ਵੀ




ਉਤਸ਼ਾਹਿਤ ਕੀਤਾ। ਯੂਥ ਪਾਰਲੀਮੈਂਟ, ਕਵਿਜ਼, ਡੀਬੇਟ, ਭਾਸ਼ਣ ਮੁਕਾਬਲੇ, ਪ੍ਰਦਰਸ਼ਨੀਆਂ, ਅਤੇ ਭਾਸ਼ਣਾਂ ਨੇ ਯੂਨੀਵਰਸਿਟੀ ਨੂੰ ਗੱਲਬਾਤ ਦੇ ਇੱਕ ਜੀਵੰਤ ਮੰਚ ਵਿੱਚ ਬਦਲ ਦਿੱਤਾ। ਵਿਦਿਆਰਥੀਆਂ ਨੇ ਨਾ ਸਿਰਫ਼ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਸਗੋਂ ਨੀਤੀਆਂ 'ਤੇ ਬਹਿਸ ਵੀ ਕੀਤੀ, ਸੰਮੇਲਨਾਂ 'ਤੇ ਸਵਾਲ ਉਠਾਏ ਤੇ ਅਜਿਹੇ ਵਿਚਾਰ ਪੇਸ਼ ਕੀਤੇ ਜੋ ਸਿੱਖਿਆ ਤੇ ਸਮਾਜ ਦੇ ਭਵਿੱਖ ਨੂੰ ਆਕਾਰ ਦੇ ਸਕਦੇ ਹਨ। ਗ੍ਰੈਂਡ ਫਿਨਾਲੇ ਵਿੱਚ, ਸਕੂਲ ਆਫ਼ ਲਿਬਰਲ ਐਂਡ ਕ੍ਰਿਏਟਿਵ ਆਰਟਸ (ਫਾਈਨ ਆਰਟਸ) ਨੂੰ ਓਵਰਆਲ ਚੈਂਪੀਅਨ ਦਾ ਤਾਜ ਪਹਿਨਾਇਆ ਗਿਆ, ਉਸ ਤੋਂ ਬਾਅਦ ਸਕੂਲ ਆਫ਼ ਕੰਪਿਊਟਿੰਗ ਐਂਡ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਪਹਿਲਾ ਰਨਰ-ਅੱਪ ਅਤੇ ਸਕੂਲ ਆਫ਼ ਏਆਈ ਐਂਡ ਇਮਰਜਿੰਗ ਟੈਕਨਾਲੋਜੀਜ਼ ਨੂੰ ਦੂਜਾ ਰਨਰ-ਅੱਪ ਚੁਣਿਆ ਗਿਆ, ਜਦੋਂ ਕਿ ਸਪੈਕਟਰਾ ਰਨਵੇਅ ਫੈਸ਼ਨ ਸ਼ੋਅ ਵਿੱਚ, ਸਕੂਲ ਆਫ਼ ਔਨਲਾਈਨ ਐਂਡ ਡਿਸਟੈਂਸ ਐਜੂਕੇਸ਼ਨ ਨੇ ਜੇਤੂ ਦਾ ਖਿਤਾਬ ਜਿੱਤਿਆ, ਸਕੂਲ ਆਫ਼ ਕੰਪਿਊਟਰ ਐਪਲੀਕੇਸ਼ਨਜ਼ ਨੇ ਪਹਿਲਾ ਰਨਰ-ਅੱਪ ਸਥਾਨ ਪ੍ਰਾਪਤ ਕੀਤਾ ਤੇ ਸਕੂਲ ਆਫ਼ ਐਜੂਕੇਸ਼ਨ ਨੂੰ ਦੂਜਾ ਰਨਰ-ਅੱਪ ਐਲਾਨਿਆ ਗਿਆ। ਰਾਜ ਸਭਾ ਮੈਂਬਰ ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਐਲਪੀਯੂ ਦੇ ਪ੍ਰੋ ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਦੇ ਨਾਲ ਚੈਂਪੀਅਨਾਂ ਦਾ ਸਨਮਾਨ ਕੀਤਾ।

# ਪੰਜਾਬੀ ਸਾਹਿਤ ਸਭਾ ਦੁਸਾਂਝ ਕਲਾਂ ਵੱਲੋਂ ਪੁਸਤਕ ਰਿਲੀਜ਼ ਸਮਾਰੋਹ ਤੇ ਕਵੀ ਦਰਬਾਰ

ਬੰਗਾ (ਅਵਤਾਰ ਕਲੇਰ)- ਪੰਜਾਬੀ ਸਾਹਿਤ ਸਭਾ ਦੁਸਾਂਝ ਕਲਾਂ ਵਲੋਂ ਪੁਸਤਕ ਰਿਲੀਜ਼ ਸਮਾਰੋਹ ਅਤੇ ਕਵੀ ਦਰਬਾਰ ਕਰਵਾਇਆ ਗਿਆ।ਇਸ ਸਮਾਰੋਹ ਦੇ ਪ੍ਰਧਾਨਗੀ ਮੰਡਲ ਵਿੱਚ ਮਹਿੰਦਰ ਸਿੰਘ ਸੋਢੀ, ਮਾ.



ਗਿਆਨ ਸਿੰਘ ਦੁਸਾਂਝ, ਮਾ. ਮਲੂਕ ਰਾਮ, ਬਲਦੇਵ ਰਾਜ ਕੋਮਲ, ਮਨੋਹਰ ਲਾਲ ਆਦਿ ਸ਼ਾਮਲ ਹੋਏ। ਆਏ ਹੋਏ ਮਹਿਮਾਨਾਂ ਅਤੇ ਸਹਿਤਕਾਰਾਂ ਅਤੇ ਸਰੋਤਿਆਂ ਨੂੰ ਜੀ ਆਇਆਂ ਕਿਹਾ । ਇਸ ਸਮੇਂ ਇਸ ਮੌਕੇ ਰਾਮ ਪ੍ਰਕਾਸ਼ ਟੋਨੀ ਜਨਰਲ ਸਕੱਤਰ ਵਲੋਂ ਮਾ. ਮਲੂਕ ਰਾਮ ਵਲੋਂ ਲਿਖੀ ਪੁਸਤਕ ਦੁਸਾਂਝ ਕਲਾਂ ਦੇ ਗੋਤ ਚੰਦੜ ਦੀ ਬਾਂਸਾਵਲੀ ਅਤੇ ਦੂਸਰੀ ਪੁਸਤਕ ਮਾਨਵਤਾ ਦੇ ਹਮਾਇਤੀ ਡਾ. ਬੀ. ਆਰ. ਅੰਬੇਡਕਰ ਲੇਖਕ ਹਰਜਿੰਦਰ ਸਿੰਘ ਭੱਟੀ ਡਾਇਰੈਕਟਰ ਭਾਰਤੀ ਡਾਕ ਵਿਭਾਗ ਸ਼ਿਮਲਾ, ਤੀਸਰੀ ਪੁਸਤਕ ਔਰਤ ਅਤੇ ਸਮਾਜ ਲੇਖਕ ਮਹਿੰਦਰ ਸਿੰਘ ਸੋਢੀ ਵਲੋਂ ਲਿਖੀਆਂ ਪੁਸਤਕਾਂ ਰਿਲੀਜ਼ ਕੀਤੀਆਂ ਗਈਆਂ। ਮਾ ਗਿਆਨ ਸਿੰਘ ਦੁਸਾਂਝ ਵਲੋਂ ਰਿਲੀਜ਼ ਕੀਤੀਆਂ ਗਈਆਂ ਪੁਸਤਕਾਂ 'ਤੇ ਵਿਚਾਰ-ਚਰਚਾ ਕੀਤੀ । ਮਾ ਮਲੂਕ ਰਾਮ ਵਲੋਂ ਵੀ ਆਪਣੇ ਵਿਚਾਰ ਪੇਸ਼ ਕੀਤੇ ਗਏ। ਇਸ ਸਮੇਂ ਕਵੀ ਦਰਬਾਰ ਵੀ ਕਰਵਾਇਆ ਗਿਆ। ਇਸ ਮੌਕੇ ਕਵੀ ਦਰਬਾਰ ਦੀ ਸ਼ੁਰੂਆਤ ਰਾਮ ਪ੍ਰਕਾਸ਼ ਟੋਨੀ ਦੀ ਕਵਿਤਾ ਨਾਲ ਹੋਈ। ਇਸ ਤੋਂ ਬਾਅਦ ਮਨੋਜ ਫਗਵਾੜਵੀ, ਸੰਧੂ ਵਰਿਆਣਵੀ, ਸੁਖਦੇਵ ਸਿੰਘ ਗੰਢਮ, ਚਰਨਜੀਤ ਅੱਟਾ, ਰਿੱਖੀ ਰੰਧਾਵਾ, ਅਮਰੀਕਾ ਸਿੰਘ ਮਦਹੋਸ਼, ਦਿਲਬਹਾਰ ਸ਼ੌਕਤ, ਸੋਹਣ ਸਿੰਘ ਭਿੰਡਰ ਆਦਿ ਕਵੀਆਂ ਨੇ ਆਪੋ ਆਪਣੀਆਂ ਤਾਜ਼ਾ ਰਚਨਾਵਾਂ ਸੁਣਾ ਕੇ ਵਾਹ ਵਾਹ ਖੱਟੀ । ਇਸ ਮੌਕੇ ਰਵਿੰਦਰ ਸਿੰਘ ਸੋਢੀ, ਗਮਨੂੰ ਬਾਂਸਲ, ਸਤਨਾਮ ਚੰਦੜ ਸੁਰਿੰਦਰ ਪਾਲ ਕੁੱਕੂ ਨੇ ਆਏ ਹੋਏ ਕਵੀਆਂ ਅਤੇ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਸੋਹਣ ਸਿੰਘ ਭਿੰਡਰ ਨੇ ਬਾਖੂਬੀ ਨਿਭਾਈ।

# ਬਹਾਦਰ ਸਿੰਘ ਦਾ ਬਲੱਡ ਬੈਂਕ ਪੁੱਜਣ 'ਤੇ ਸਵਾਗਤ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਪਰਦੇਸ ਦੀ ਧਰਤੀ 'ਤੇ ਪੰਜਾਬ ਦਾ ਮਾਣ ਵਧਾਉਣ ਵਾਲੇ, ਸੇਵਾ ਦੇ ਪੁੰਜ ਯੂ.ਐੱਸ.ਏ. ਨਿਵਾਸੀ ਉਦਯੋਗਪਤੀ ਬਹਾਦਰ ਸਿੰਘ ਨੇ ਬਲੱਡ ਬੈਂਕ, ਫਗਵਾੜਾ ਦਾ ਦੌਰਾ ਕੀਤਾ ਤੇ ਬਲੱਡ ਬੈਂਕ ਵੱਲੋਂ ਕੀਤੀਆਂ ਜਾ ਰਹੀਆਂ ਸਰਗਰਮੀਆਂ ਪ੍ਰਤੀ ਸੰਤੁਸ਼ਟਤਾ ਪ੍ਰਗਟਾਈ। ਬਹਾਦਰ ਸਿੰਘ 'ਵਨ ਬੀਟ ਮੈਡੀਕਲ ਗਰੁੱਪ ਅਮਰੀਕਾ' ਦੇ



ਸੰਸਥਾਪਕ ਹਨ ਅਤੇ ਉਹ ਭਾਰਤ ਖ਼ਾਸ ਕਰਕੇ ਯੂ ਪੀ ਤੇ ਪੰਜਾਬ ਵਿੱਚ ਮੁਫ਼ਤ ਸਿਹਤ ਸੇਵਾਵਾਂ ਦਾ ਯੋਗਦਾਨ ਦੇ ਰਹੇ ਹਨ। ਉਹਨਾਂ ਦੀ ਸੰਸਥਾ ਵੱਲੋਂ ਭੀਰਾ ਖੇੜੀ (ਯੂ ਪੀ) ਵਿਖੇ ਮੈਡੀਕਲ ਕਾਲਜ, ਚੈਰੀਟੇਬਲ ਹਸਪਤਾਲ, ਅੱਖਾਂ ਦਾ ਹਸਪਤਾਲ ਚਲਾਇਆ ਜਾ ਰਿਹਾ ਹੈ। ਚੈਰੀਟੇਬਲ ਹਸਪਤਾਲ ਵਿੱਚ ਹਰ ਇੱਕ ਦਾ ਮੁਫ਼ਤ ਇਲਾਜ, ਭੋਜਨ, ਸਰਜਰੀ ਆਦਿ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਭੀਰਾ ਖੇੜੀ 'ਚ ਚੈਰੀਟੇਬਲ ਹਸਪਤਾਲ, ਅੱਖਾਂ ਦਾ ਹਸਪਤਾਲ, ਬਲੱਡ ਬੈਂਕ ਦੇ ਨਾਲ-ਨਾਲ ਚਮਕੌਰ ਸਾਹਿਬ (ਪੰਜਾਬ) 'ਚ ਅੱਖਾਂ ਦਾ ਹਸਪਤਾਲ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ। ਬਲੱਡ ਬੈਂਕ 'ਚ ਪੁੱਜੇ ਸ. ਬਹਾਦਰ ਸਿੰਘ ਨੂੰ ਦੁਸ਼ਾਲਾ, ਯਾਦਗਾਰੀ ਚਿੰਨ੍ਹ ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਵੱਲੋਂ ਭੇਟ ਕੀਤਾ ਗਿਆ। ਉਹਨਾਂ ਨੇ ਬਲੱਡ ਬੈਂਕ ਨੂੰ ਮਾਇਕ ਸਹਾਇਤਾ ਵੀ ਪ੍ਰਦਾਨ ਕੀਤੀ। ਇਸ ਸਮੇਂ ਬਲੱਡ ਬੈਂਕ ਸਟਾਫ਼ ਅਤੇ ਸੁਖਵਿੰਦਰ ਸਿੰਘ ਹਾਜ਼ਰ ਸਨ।

# ਪੰਚਾਂ-ਸਰਪੰਚਾਂ ਲਈ ਦੋ ਰੋਜ਼ਾ ਸਿਖਲਾਈ ਸੈਮੀਨਾਰ

ਬਲਾਚੌਰ (ਜਸਵਿੰਦਰ ਬੈਂਸ)- ਪੰਚਾਇਤੀ ਰਾਜ ਮੰਤਰਾਲਾ, ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਬਲਾਕ ਬਲਾਚੌਰ ਤੇ ਸੜੋਆ ਵਿਖੇ ਗਰਾਮ ਪੰਚਾਇਤ ਵਿਕਾਸ ਯੋਜਨਾ ਤਹਿਤ ਵਿਸ਼ੇਸ਼ ਸਿਖਲਾਈ ਸੈਮੀਨਾਰ ਕਰਵਾਏ ਜਾ ਰਹੇ ਹਨ। ਇਹ ਸੈਮੀਨਾਰ 19 ਫਰਵਰੀ ਤੋਂ 26 ਫਰਵਰੀ ਤੱਕ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਬੀ.ਡੀ.ਪੀ.ਓ ਦਫ਼ਤਰ ਵਿਖੇ ਹੋਏ।ਇਸ ਸਿਖਲਾਈ ਦੌਰਾਨ ਨਵੇਂ ਚੁਣੇ ਗਏ ਸਰਪੰਚਾਂ ਅਤੇ ਪੰਚਾਂ ਨੂੰ ਪੰਚਾਇਤੀ ਫੰਡਾਂ ਦੀ ਵਰਤੋਂ, ਪਿੰਡਾਂ ਵਿੱਚ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਅਤੇ ਲੋਕਾਂ ਦੀ ਸਹੂਲਤ ਲਈ ਚੱਲ ਰਹੀਆਂ ਸਰਕਾਰੀ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਇਸਤਰੀ ਤੇ ਬਾਲ ਵਿਕਾਸ




ਵਿਭਾਗ, ਸਿਹਤ ਵਿਭਾਗ ਅਤੇ ਸਿੱਖਿਆ ਵਿਭਾਗ ਨਾਲ ਤਾਲਮੇਲ ਕਰਕੇ ਪਿੰਡਾਂ ਦੇ ਸਰਵਪੱਖੀ ਵਿਕਾਸ 'ਤੇ ਜ਼ੋਰ ਦਿੱਤਾ ਗਿਆ।ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ, ਪਹਿਲਾਂ ਕੁਝ ਪ੍ਰਤੀਭਾਗੀਆਂ ਦੀ ਗੈਰ-ਹਾਜ਼ਰੀ ਕਾਰਨ ਟਾਰਗੇਟ ਪੂਰਾ ਕਰਨ ਵਿੱਚ ਮੁਸ਼ਕਿਲ ਆ ਰਹੀ ਸੀ, ਜਿਸ ਕਾਰਨ ਹੁਣ ਪ੍ਰੋਗਰਾਮ ਨੂੰ ਰੀ-ਸ਼ਡਿਊਲ ਕੀਤਾ ਗਿਆ ਹੈ। ਵਿਭਾਗ ਨੇ ਸਖ਼ਤ ਹਦਾਇਤ ਕੀਤੀ ਹੈ ਕਿ ਸਰਪੰਚਾਂ, ਪੰਚਾਂ, ਆਂਗਨਵਾੜੀ ਵਰਕਰਾਂ, ਆਸ਼ਾ ਵਰਕਰਾਂ ਅਤੇ ਅਧਿਆਪਕਾਂ ਦੀ ਹਾਜ਼ਰੀ ਯਕੀਨੀ ਬਣਾਈ ਜਾਵੇ।

# ਲੋੜਵੰਦ ਵਿਦਿਆਰਥੀਆਂ ਨੂੰ 2 ਲੱਖ ਦੀ ਰਾਸ਼ੀ ਦੇ ਚੈੱਕ ਤਕਸੀਮ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)- ਉੱਘੇ ਸਮਾਜ ਸੇਵੀ ਅਮਰੀਕਾ ਨਿਵਾਸੀ ਦਰਸ਼ਨ ਸਿੰਘ ਪਿੰਕਾ ਇਬਰਾਹੀਮਪੁਰ ਵਲੋਂ ਆਪਣੇ ਪੁੱਤਰ ਸਵਰਗੀ ਜਸਪ੍ਰੀਤ ਸਿੰਘ ਦਰੜ ਦੀ ਯਾਦ ਵਿਚ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੇ ਲੋੜਵੰਦ ਵਿਦਿਆਰਥੀਆਂ ਲਈ ਸ਼ੁਰੂ ਕੀਤੀ ਵਜੀਫ਼ਾ ਸਕੀਮ ਤਹਿਤ ਵਿਦਿਆਰਥੀਆਂ ਨੂੰ 2 ਲੱਖ ਦੀ ਮਾਇਕ ਰਾਸ਼ੀ ਦੇ ਚੈੱਕ ਤਕਸੀਮ ਕੀਤੇ ਗਏ। ਕਾਲਜ ਵਿਚ ਕਰਵਾਏ ਗਏ ਸਾਲਾਨਾ ਵਜੀਫ਼ਾ ਵੰਡ ਸਮਾਗਮ ਦੌਰਾਨ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸਮਾਗਮ ਦੇ ਮੁੱਖ ਮਹਿਮਾਨ ਕਾਲਜ ਦੇ ਸਾਬਕਾ ਵਿਦਿਆਰਥੀ ਦਰਸ਼ਨ ਸਿੰਘ ਪਿੰਕਾ, ਵਿਸ਼ੇਸ਼ ਮਹਿਮਾਨ ਕੁਲਵੀਰ ਸਿੰਘ ਖੱਖ ਯੂ.ਕੇ., ਰੇਸ਼ਮ ਸਿੰਘ ਖੱਖ ਯੂ.ਐੱਸ.ਏ., ਅਜੇਪਾਲ ਸਿੰਘ ਦਾ ਕਾਲਜ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ। ਪ੍ਰਿੰ. ਡਾ. ਹੀਰਾ ਨੇ ਦਰਸ਼ਨ ਸਿੰਘ ਪਿੰਕਾ ਵਲੋਂ ਕਾਲਜ ਦੇ ਲੋੜਵੰਦ ਵਿਦਿਆਰਥੀਆਂ ਲਈ ਹਰ ਸਾਲ 2 ਲੱਖ ਰੁਪਏ ਦੀ ਵਜੀਫ਼ਾ ਰਾਸ਼ੀ ਦੇਣ, ਕਾਲਜ ਗੇਟ ਦੀ ਉਸਾਰੀ ਕਰਵਾਉਣ ਸਮੇਤ ਇਲਾਕੇ ਵਿਚ ਕੀਤੇ ਜਾ ਰਹੇ ਸਮਾਜ ਸੇਵਾ



ਦੇ ਕਾਰਜਾਂ ਦੀ ਪ੍ਰਸੰਸਾ ਕਰਦਿਆਂ ਉਨ੍ਹਾਂ ਦੀ ਲੰਮੀ ਉਮਰ ਦੀ ਕਾਮਨਾ ਕੀਤੀ। ਮੁੱਖ ਮਹਿਮਾਨ ਦਰਸ਼ਨ ਸਿੰਘ ਪਿੰਕਾ ਨੇ ਵਿਦਿਆਰਥੀਆਂ ਨੂੰ ਚੰਗੀ ਵਿਦਿਆ ਹਾਸਿਲ ਕਰਕੇ ਜ਼ਿੰਦਗੀ ਵਿਚ ਅੱਗੇ ਵੱਧਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿਹਾ ਭਵਿੱਖ ਵਿਚ ਵੀ ਜਸਪ੍ਰੀਤ ਸਿੰਘ ਦਰੜ ਯਾਦਗਾਰੀ ਵਜੀਫ਼ਾ ਸਕੀਮ ਰਾਹੀਂ ਲੋੜਵੰਦ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਮਦਦ ਕੀਤੀ ਜਾਵੇਗੀ। ਇਸ ਮੌਕੇ ਰੇਸ਼ਮ ਸਿੰਘ ਖੱਖ ਯੂ ਐੱਸ ਏ ਨੇ ਆਪਣੇ ਸੰਬੋਧਨ ਵਿਚ ਵਿਦਿਆਰਥੀਆਂ ਨੂੰ ਚੰਗੇ ਮਾੜੇ ਸਮੇਂ ਵਿਚ ਹੌਂਸਲੇ ਬੁਲੰਦ ਰੱਖਣ ਲਈ ਪ੍ਰੇਰਦੇ ਹੋਏ ਇਕ ਚੰਗੇ ਇਨਸਾਨ ਬਣਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦੇ ਸਾਬਕਾ ਵਿਦਿਆਰਥੀ ਕੁਲਵੀਰ ਸਿੰਘ ਖੱਖ ਯੂ.ਕੇ. ਅਤੇ ਰੇਸ਼ਮ ਸਿੰਘ ਖੱਖ ਯੂ ਐੱਸ ਏ ਵਲੋਂ ਲੋੜਵੰਦ ਵਿਦਿਆਰਥੀਆਂ ਲਈ 50-50 ਹਜ਼ਾਰ ਦੀ ਰਾਸ਼ੀ ਭੇਟ ਕੀਤੀ ਗਈ। ਕਾਲਜ ਸਕਾਲਰਸ਼ਿਪ ਕਮੇਟੀ ਦੇ ਕਨਵੀਨਰ ਡਾ. ਅਰਵਿੰਦਰ ਕੌਰ ਨੇ ਵਜੀਫ਼ਾ ਸਕੀਮਾਂ 'ਤੇ ਚਾਨਣਾ ਪਾਉਂਦੇ ਹੋਏ ਦਾਨੀ ਸਖ਼ਸ਼ੀਅਤਾਂ ਦਾ ਧੰਨਵਾਦ ਕੀਤਾ। ਡਾ. ਨਰੇਸ਼ ਕੁਮਾਰੀ ਨੇ ਸਮਾਗਮ ਦਾ ਸਟੇਜ ਸੰਚਾਲਨ ਕੀਤਾ। ਇਸ ਮੌਕੇ ਸਕਾਲਰਸ਼ਿਪ ਕਮੇਟੀ ਦੇ ਮੈਂਬਰ ਤੇ ਸਟਾਫ਼ ਹਾਜ਼ਰ ਹੋਇਆ।

# ਹਰ ਘਰ 'ਚ ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਕੀਤੀ ਜਾਏਗੀ : ਗੰਗਵਾ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਦੇ ਜਨ ਸਿਹਤ ਇੰਜੀਨਿਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਸੰਕਲਪ ਹੈ ਕਿ ਹਰ ਘਰ ਨਲ ਤੋਂ ਜਲ ਪਹੁੰਚੇ। ਇਸ ਦਿਸ਼ਾ ਵਿੱਚ ਵਿਭਾਗ ਲਗਾਤਾਰ ਕੰਮ ਕਰ ਰਿਹਾ ਹੈ ਅਤੇ ਨਵੀਂ ਨਿੰਮਤ ਕਲੋਨਿਆਂ ਵਿੱਚ ਵੀ ਪੀਣ ਦੇ ਪਾਣੀ ਦੀ ਸਪਲਾਈ ਯਕੀਨੀ ਕੀਤੀ ਜਾ ਰਹੀ ਹੈ।ਜਨ ਸਿਹਤ ਇੰਜੀਨਿਅਰਿੰਗ ਮੰਤਰੀ ਰਣਬੀਰ ਗੰਗਵਾ ਨੂੰ ਹਰਿਆਣਾ ਵਿਧਾਨ ਸਭਾ ਵਿੱਚ ਚਲ ਰਹੇ ਬਜਟ ਸੈਸ਼ਨ ਦੌਰਾਨ ਵਿਧਾਇਕ ਸ੍ਰੀਮਤੀ ਗੀਤਾ ਭੁੱਕਲ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ। ਮੰਤਰੀ ਸ੍ਰੀ ਗੰਗਵਾ ਨੇ ਕਿਹਾ ਕਿ ਹਾਲ ਹੀ ਵਿੱਚ ਝੱਜਰ ਵਿੱਚ ਕੀਤੀ ਗਈ 25 ਨਿਯਮਤ ਕਲੋਨਿਆਂ ਵਿੱਚ ਪਾਣੀ ਦੀ ਸਪਲਾਈ ਯੋਜਨਾਵਾਂ ਤਿਆਰ ਕੀਤੀ ਜਾ ਚੁੱਕੀਆਂ ਹਨ ਅਤੇ ਉਨ੍ਹਾਂ ਦੇ ਲਈ ਅੰਦਾਜਾ ਵੀ ਤਿਆਰ ਕਰ ਲਿਆ ਗਿਆ ਹੈ।

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ 7ਵੀਂ ਬੱਸ ਰਵਾਨਾ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਅੱਜ ਫੇਜ਼-4 ਸਥਿਤ ਗੁਰਦੁਆਰਾ ਕਲਗੀਧਰ ਸਾਹਿਬ ਤੋਂ 7ਵੀਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਉਹ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਸੰਗਤਾਂ ਲਈ ਤੀਰਥ ਯਾਤਰਾ ਦੀ 7ਵੀਂ ਬੱਸ ਰਵਾਨਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਤੀਰਥ ਯਾਤਰਾ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ, ਜਿਸ ਨਾਲ ਉਨ੍ਹਾਂ ਨੂੰ ਬਹੁਤ ਸੰਤੁਸ਼ਟੀ ਅਤੇ ਖੁਸ਼ੀ ਮਹਿਸੂਸ ਹੋ ਰਹੀ ਹੈ।ਉਨ੍ਹਾਂ ਦੱਸਿਆ ਕਿ ਦੋ ਰਾਤਾਂ ਅਤੇ ਤਿੰਨ ਦਿਨਾਂ ਦੀ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਰ, ਵਾਹਘਾ ਬਾਰਡਰ, ਜਲ੍ਹਿਆਂਵਾਲਾ ਬਾਗ਼ ਅਤੇ ਰਾਮ ਤੀਰਥ ਵਾਲਮੀਕ ਮੰਦਰ ਜਾ ਕੇ ਵਾਪਸ ਪਰਤਣਗੇ। ਉਨ੍ਹਾਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਯਾਤਰਾ ਵਿੱਚ ਸ਼ਾਮਲ ਹੋਣ ਵਾਲੀਆਂ ਸੰਗਤਾਂ ਦੀਆਂ ਮਨੋਕਾਮਨਾਵਾਂ ਪੂਰੀਆਂ ਹੋਣ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਲੋਕ ਸੇਵਾ ਲਈ ਹੋਰ ਤਾਕਤ ਬਖ਼ਸ਼ੀ ਜਾਵੇ।ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਗਈ ਹੈ ਅਤੇ ਇਸ ਦੇ ਕਾਰਡ ਬਣਾਉਣ ਦਾ ਕੰਮ ਵੱਡੇ ਪੱਧਰ 'ਤੇ ਚੱਲ ਰਿਹਾ ਹੈ।

# ਨਸ਼ਿਆਂ ਸੰਬੰਧੀ ਜਾਗਰੂਕਤਾ ਹੈਲਪ ਡੈਸਕ ਲਗਾਇਆ



ਦਸੂਹਾ (ਕਰਨੈਲ ਮਾਂਗਟ)- ਨਸ਼ਾ ਮੁਕਤੀ ਕੇਂਦਰ ਸਿਵਲ ਹਸਪਤਾਲ ਦਸੂਹਾ ਵਿਖੇ ਮਿਸ਼ਨ ਸਮਾਈਲ 3.0 ਤਹਿਤ ਨਸ਼ਿਆਂ ਸੰਬੰਧੀ ਜਾਗਰੂਕਤਾ ਹੈਲਪ ਡੈਸਕ ਲਗਾਇਆ ਗਿਆ ਜਿਸ ਵਿੱਚ ਉਚੇਚੇ ਤੌਰ 'ਤੇ ਐੱਸ ਐੱਮ ਓ ਡਾ. ਮਨਮੋਹਨ ਸਿੰਘ ਤੇ ਇੰਚਾਰਜ ਨਸ਼ਾ ਮੁਕਤੀ ਕੇਂਦਰ ਡਾ. ਸਤਬੀਰ ਸਿੰਘ ਸਿਵਲ ਹਸਪਤਾਲ ਦਸੂਹਾ ਦੀ ਅਗਵਾਹੀ ਹੇਠ ਹੈਲਪ ਡੈਸਕ ਦਾ ਨਿਰੀਖਣ ਕੀਤਾ ਗਿਆ ਅਤੇ ਆਏ ਹੋਏ ਮਰੀਜ਼ਾਂ ਨੂੰ ਨਸ਼ਿਆਂ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਡਾ.ਕੁਲਵਿੰਦਰ ਸਿੰਘ, ਡਾ.ਕਰਨਜੀਤ ਸਿੰਘ, ਮੈਡੀਕਲ ਲੈਬ ਟੈਕਨੀਸ਼ੀਅਨ ਡੈਨੀਅਲ, ਕਾਊਂਸਲਰ ਹਰਮਿੰਦਰ ਸਿੰਘ, ਨਰਸਿੰਗ ਸਿਸਟਰ ਜਸਵਿੰਦਰ ਕੌਰ, ਰਾਜਵਿੰਦਰ ਕੌਰ ਨਰਸਿੰਗ ਸਟਾਫ, ਗਗਨਦੀਪ ਸਿੰਘ, ਗੁਰਨਾਮ ਸਿੰਘ, ਗੁਲਸ਼ਨ ਕੁਮਾਰ ਆਦਿ ਹਾਜ਼ਰ ਸਨ।

# ਐਸ ਸੀ ਸਿਖਿਆਰਥੀਆਂ ਲਈ ਡੇਅਰੀ ਸਿਖਲਾਈ ਕੋਰਸ 2 ਮਾਰਚ ਤੋਂ

ਨਵਾਂਸ਼ਹਿਰ (ਮਨੋਜ ਲਾਡੀ)- ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਪੰਜਾਬ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਵਿੱਚ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਵਰਿਆਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡੇਅਰੀ



ਵਿਕਾਸ ਵਿਭਾਗ ਪੰਜਾਬ ਵਲੋਂ ਐਸ ਸੀ ਉਮੀਦਵਾਰਾਂ ਲਈ 2 ਹਫ਼ਤੇ ਮੁਫ਼ਤ ਡੇਅਰੀ ਸਿਖਲਾਈ ਕੋਰਸ 2 ਮਾਰਚ ਤੋਂ ਡੇਅਰੀ ਸਿਖਲਾਈ ਕੇਂਦਰ ਫਗਵਾੜਾ ਵਿਖੇ ਚਲਾਇਆ ਜਾ ਰਿਹਾ ਹੈ। ਇਸ ਬਾਰੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਕਸ਼ਮੀਰ ਸਿੰਘ ਨੇ ਦੱਸਿਆ ਕਿ ਇਸ ਸਿਖਲਾਈ ਪ੍ਰੋਗਰਾਮ ਵਿੱਚ ਦੁਧਾਰੂ ਪਸ਼ੂਆਂ ਦੀ ਖਰੀਦ ਤੋਂ ਲੈ ਕੇ ਰੱਖ ਰਖਾਅ, ਖਾਧ ਖੁਰਾਕ, ਨਸਲ ਸੁਧਾਰ, ਸਾਂਭ ਸੰਭਾਲ ਅਤੇ ਸੁਚੱਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਸੰਬੰਧੀ ਅਨੁਸੂਚਿਤ ਜਾਤੀ ਦੇ ਵਿਅਕਤੀ (ਮਰਦ/ਔਰਤ) ਜਿਨ੍ਹਾ ਦੀ ਉਮਰ 18 ਤੋਂ 55 ਸਾਲ ਦੇ ਵਿੱਚ ਹੋਵੇ, ਪੰਜਵੀਂ ਪਾਸ ਹੋਵੇ, ਪੇਂਡੂ ਪਿਛੋਕੜ ਨਾਲ ਸੰਬੰਧ ਰੱਖਦਾ ਹੋਵੇ 28 ਫਰਵਰੀ ਤੱਕ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਸ਼ਹੀਦ ਭਗਤ ਸਿੰਘ (ਪਿੰਡ ਮਹਾਲੋ, ਵੈਟਨਰੀ ਹਸਪਤਾਲ) ਵਿਖੇ ਆਪਣਾ ਅਧਾਰ ਕਾਰਡ, ਯੋਗਤਾ ਸਰਟੀਫਿਕੇਟ, ਅਨੁਸੂਚਿਤ ਜਾਤੀ ਸਰਟੀਫਿਕੇਟ ਲੈ ਕੇ ਫਾਰਮ ਭਰ ਸਕਦੇ ਹਨ। ਇਹ ਸਿਖਲਾਈ ਪ੍ਰਾਪਤ ਕਰਨ ਲਈ ਸਿਖਿਆਰਥੀ ਵਲੋਂ 750 ਰੁਪਏ ਫੀਸ ਜਮ੍ਹਾਂ ਕਰਵਾਈ ਜਾਵੇਗੀ ਜੋ ਕਿ ਸਫਲਤਾਪੂਰਵਕ ਟ੍ਰੇਨਿੰਗ ਪੂਰੀ ਕਰਨ ਉਪਰੰਤ ਵਾਪਸ ਕਰ ਦਿੱਤੀ ਜਾਵੇਗੀ। ਸਿਖਲਾਈ ਪ੍ਰਾਪਤ ਉਮੀਦਵਾਰਾਂ ਨੂੰ 2,5,10 ਦੁਧਾਰੂ ਪਸ਼ੂਆਂ ਦੀ ਖਰੀਦ 'ਤੇ 33% ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਵਧੇਰੇ ਜਾਣਕਾਰੀ ਲਈ ਫੋਨ ਨੰਬਰ 01823-225050,88470-75997 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਲੋੜਵੰਦ ਔਰਤਾਂ ਨੂੰ ਪੈਨਸ਼ਨ ਦੇ ਨਾਲ ਵੰਡਿਆ ਰਾਸ਼ਨ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਲਾਇਨਜ਼ ਕਲੱਬ ਫਗਵਾੜਾ ਸਮਾਰਟ ਸਿਟੀ ਵੱਲੋਂ ਮਹੀਨਾਵਾਰ ਰਾਸ਼ਨ ਅਤੇ ਪੈਨਸ਼ਨ ਵੰਡ ਸਮਾਗਮ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਤੇਜਿੰਦਰ ਬਾਵਾ ਐੱਮ ਜੇ ਐੱਫ ਦੀ ਅਗਵਾਈ ਹੇਠ ਚਿਰਾਗ਼ ਐਸੋਸੀਏਟਸ ਸੁਭਾਸ਼ ਨਗਰ ਫਗਵਾੜਾ ਵਿਖੇ ਕਰਵਾਇਆ ਗਿਆ। ਜਿਸ ਦੀ ਪ੍ਰਧਾਨਗੀ ਮੁੱਖ ਮਹਿਮਾਨ ਵਜੋਂ



ਪਹੁੰਚੇ ਸਮਾਜ ਸੇਵਕ ਸੁਨੀਲ ਕੌੜਾ (ਕੌੜਾ ਜਿਊਲਰਜ਼) ਨੇ ਕੀਤੀ। ਜਦਕਿ ਗੈਸਟ ਆਫ ਆਨਰ ਵਜੋਂ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਵਾਈਸ ਡਿਸਟ੍ਰਿਕਟ ਗਵਰਨਰ-1 ਲਾਇਨ ਜੀ.ਐਸ. ਭਾਟੀਆ ਤੇ ਇੰਟਰਨੈਸ਼ਨਲ ਮਲਟੀਪਲ ਵਾਈਸ ਚੇਅਰਮੈਨ ਲਾਇਨ ਰਸ਼ਪਾਲ ਸਿੰਘ ਬੱਚਾਜੀਵੀ ਨੇ ਹਾਜ਼ਰੀ ਲਗਵਾਈ। ਇਸ ਤੋਂ ਇਲਾਵਾ ਸਾਬਕਾ ਕੌਂਸਲਰ ਸਵਿਤਾ ਆਹੂਜਾ, ਡਿਸਟ੍ਰਿਕਟ ਚੇਅਰਮੈਨ ਲਾਇਨ ਆਸ਼ੂ ਮਾਰਕੰਡਾ, ਸਮਾਜ ਸੇਵਕ ਅਸ਼ੋਕ ਮਨੀਲਾ ਤੇ ਮਹੇਸ਼ ਮੰਗਾ ਮੌਜੂਦ ਰਹੇ। ਮੁੱਖ ਮਹਿਮਾਨ ਸੁਨੀਲ ਕੌੜਾ ਨੇ 50 ਲੋੜਵੰਦ ਔਰਤਾਂ ਨੂੰ ਪੈਨਸ਼ਨ ਤੇ ਰਾਸ਼ਨ ਵੰਡਣ ਦੀ ਸ਼ੁਰੂਆਤ ਕਰਵਾਈ। ਉਪਰੰਤ ਉਹਨਾਂ ਨੇ ਕਲੱਬ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ ਤੇ ਆਪਣੇ ਵੱਲੋਂ ਵੀ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਵਾਈਸ ਡਿਸਟ੍ਰਿਕਟ ਗਵਰਨਰ-1 ਲਾਇਨ ਜੀ ਐੱਸ ਭਾਟੀਆ ਤੇ ਮਲਟੀਪਲ ਵਾਈਸ ਚੇਅਰਮੈਨ ਲਾਇਨ ਰਸ਼ਪਾਲ ਸਿੰਘ ਬੱਚਾਜੀਵੀ ਨੇ ਲਾਇਨ ਤੇਜਿੰਦਰ ਬਾਵਾ ਤੇ ਉਹਨਾਂ ਦੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲਾਇਨਜ਼ ਕਲੱਬਾਂ ਦਾ ਮੁੱਖ ਟੀਚਾ ਹੀ ਲੋੜਵੰਦਾਂ ਦੀ ਵੱਧ ਤੋਂ ਵੱਧ ਮੱਦਦ ਕਰਨਾ ਹੈ ਅਤੇ ਲਾਇਨਜ਼ ਕਲੱਬ ਫਗਵਾੜਾ ਸਮਾਰਟ ਸਿਟੀ ਆਪਣੇ ਇਸ ਫਰਜ਼ ਨੂੰ ਬਾਖੂਬੀ ਨਿਭਾ ਰਹੀ ਹੈ। ਸਟੇਜ ਦੀ ਸੇਵਾ ਲਾਇਨ ਸੁਸ਼ੀਲ ਸ਼ਰਮਾ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਕਲੱਬ ਸਕੱਤਰ ਲਾਇਨ ਅਸ਼ੋਕੀ ਟੂਰਾ, ਖਜ਼ਾਨਚੀ ਲਾਇਨ ਗੁਲਸ਼ਨ ਸ਼ਰਮਾ ਲੱਕੀ ਅਤੇ ਪੀ.ਆਰ.ਓ. ਲਾਇਨ ਵਿਜੇ ਅਰੋੜਾ ਤੋਂ ਇਲਾਵਾ ਮਿੰਚੂ ਕਸ਼ਿਅਪ, ਹਨੀ ਗੁਲਾਟੀ, ਪਵਨ ਚਾਵਲਾ, ਅਮਿਤ ਢੀਂਗਰਾ, ਮੋਹਿਤ ਮਨੋਚਾ ਆਦਿ ਹਾਜਰ ਸਨ।

# ਕਾਂਗਰਸ ਯੂਥ ਕਾਰਜਕਰਤਾਵਾਂ ਨੇ ਦੇਸ਼ ਦਾ ਕੀਤਾ ਅਪਮਾਨ : ਮੁੱਖ ਮੰਤਰੀ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਾਲ ਹੀ ਵਿੱਚ ਨਵੀਂ ਦਿੱਲੀ ਵਿੱਚ ਆਯੋਜਿਤ ਇੰਡਿਆ ਏ ਆਈ ਸਮਿਟ ਵਿੱਚ ਕਾਂਗਰਸ ਦੇ ਯੂਥ ਕਾਰਜਕਰਤਾਵਾਂ ਨੇ ਜਿਸ ਤਰ੍ਹਾ ਦਾ ਨੰਗਾ ਨਾਚ ਕੀਤਾ ਅਤੇ ਭਾਰਤ ਦੇਸ਼ ਨੂੰ ਪੂਰੀ ਦੁਨੀਆ ਵਿੱਚ ਅਪਮਾਨਤ ਕਰਨ ਦਾ ਕੰਮ ਕੀਤਾ ਹੈ, ਉਸ ਦੀ ਜਿੰਨ੍ਹੀ ਨਿੰਦਾ ਕੀਤੀ ਜਾਵੇ ਉਨ੍ਹੀ ਘੱਟ ਹੈ। ਮੁੱਖ ਮੰਤਰੀ ਵੀਰਵਾਰ ਨੂੰ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਸਦਨ ਵਿੱਚ ਬੋਲ ਰਹੇ ਸਨ। ਮੁੱਖ ਮੰਤਰੀ ਨੇ ਕਿਹਾ ਕਿ ਆਉਣ ਵਾਲਾ ਸਮੇਂ ਆਰਟੀਫਿਸ਼ੀਅਲ ਇੰਟੈਲੀਜੈਂਸ ਦਾ ਹੈ। ਇਸ ਦੇ ਮੱਦੇਨਜਰ ਰਾਜ ਸਰਕਾਰ ਨੇ ਪਿਛਲੇ ਬਜਟ ਵਿੱਚ ਐਲਾਨ ਕੀਤਾ ਸੀ ਕਿ ਸਰਕਾਰ ਗੁਰੂਗ੍ਰਾਮ ਤੇ ਪੰਚਕੂਲਾ ਵਿੱਚ ਦੋ ਏਆਈ ਹੱਬ ਬਣਾਏਗੀ। ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਮਾਰਗਦਰਸ਼ਨ ਵਿੱਚ ਵਿਸ਼ਵ ਪੱਧਰ ਦੀ ਏ ਆਈ ਸਮਿਟ ਦਾ ਆਯੋਜਨ ਕੀਤਾ ਗਿਆ। ਇਸ ਸਮਿਟ ਵਿੱਚ ਪੂਰੀ ਦੁਨੀਆ ਤੋਂ ਲੋਕਾਂ ਨੇ ਭਾਗੀਦਾਰੀ ਕੀਤੀ।

# ਆਂਗਣਵਾੜੀ ਕੇਂਦਰ ਬਣਨਗੇ ਮਾਡਲ ਲਰਨਿੰਗ ਸਪੇਸ : ਆਸ਼ਿਕਾ ਜੈਨ




ਹੁਸ਼ਿਆਰਪੁਰ, (ਓ ਪੀ ਰਾਣਾ)- ਜ਼ਿਲ੍ਹੇ ਵਿੱਚ ਸ਼ੁਰੂਆਤੀ ਬਾਲ ਸਿੱਖਿਆ ਨੂੰ ਮਜ਼ਬੂਤ ਅਤੇ ਗੁਣਵੱਤਾਪੂਰਨ ਬਣਾਈ ਰੱਖਣ ਦੀ ਦਿਸ਼ਾ ਵਿਚ ਜ਼ਿਲ੍ਹਾ ਪ੍ਰਸ਼ਾਸਨ ਨੇ ਰੈਡ ਕਰਾਸ ਹੁਸ਼ਿਆਰਪੁਰ ਦੇ ਸਹਿਯੋਗ ਨਾਲ ਇੱਕ ਇਤਿਹਾਸਕ ਪਹਿਲਕਦਮੀ ਕੀਤੀ ਹੈ ਅਤੇ ਕਮਿਊਨਿਟੀ ਆਧਾਰ 'ਤੇ ਮੋਂਟੇਸਰੀ ਸਿੱਖਿਆ ਵਿਧੀ ਵਿੱਚ ਵਿਸ਼ੇਸ਼ ਸਿਖਲਾਈ ਸ਼ੁਰੂ ਕੀਤੀ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਨੇ ਪੰਜਾਬ ਵਿੱਚ ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ ਕਰਦੇ ਹੋਏ 16 ਫਰਵਰੀ ਤੋਂ ਸ਼ੁਰੂ ਹੋਏ ਇਸ ਸਿਖਲਾਈ ਪ੍ਰੋਗਰਾਮ ਵਿੱਚ ਕੁੱਲ 67 ਕਰਮਚਾਰੀਆਂ ਨੂੰ ਮੋਂਟੇਸਰੀ ਵਿਧੀ ਵਿੱਚ ਸਿਖਲਾਈ ਦੇਣੀ ਸ਼ੁਰੂ ਕਰ ਦਿੱਤੀ ਹੈ, ਜਿਨ੍ਹਾਂ ਵਿੱਚ 50 ਸਰਕਾਰੀ ਆਂਗਣਵਾੜੀ ਤੇ ਪ੍ਰੀ-ਪ੍ਰਾਇਮਰੀ ਸਕੂਲ ਅਧਿਆਪਕ ਅਤੇ 17 ਸੁਪਰਵਾਈਜ਼ਰ ਸ਼ਾਮਲ ਹਨ। ਇਹ ਮਾਡਿਊਲਰ ਸਿਖਲਾਈ 30 ਸਤੰਬਰ, 2026 ਤੱਕ ਪੜਾਅਵਾਰ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ ਇਸ ਵੇਲੇ ਪਾਇਲਟ ਪ੍ਰੋਜੈਕਟ ਦੇ ਆਧਾਰ 'ਤੇ 50 ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਨੂੰ ਸ਼ਾਮਲ ਕੀਤਾ ਗਿਆ ਹੈ। ਜਲਦ ਹੀ ਇਸ ਪ੍ਰੋਜੈਕਟ ਅਧੀਨ ਹੋਰਾਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ। ਉਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨੇ ਇਸ ਪ੍ਰੋਜੈਕਟ ਤਹਿਤ ਚੁਣੇ ਗਏ ਆਂਗਣਵਾੜੀ ਕੇਂਦਰਾਂ ਦੇ ਵਰਕਰਾਂ ਅਤੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਵੀ ਸੰਬੋਧਨ ਕੀਤਾ।

# ਦਸਵੀਂ ਦਾ ਦਿਹਾੜਾ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ

ਐਸ ਏ ਐਸ ਨਗਰ (ਗੁਰਜੀਤ ਬਿੱਲਾ)- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦਸਵੀਂ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਇੰਦਰਜੀਤ ਸਿੰਘ ਅਤੇ ਜਲੰਧਰ ਵਾਲੀਆਂ ਬੀਬੀਆਂ ਦੇ ਇੰਟਰਨੈਸ਼ਨਲ ਢਾਡੀ ਜਥੇ ਨੇ ਅਮਰ ਸ਼ਹੀਦ ਜਥੇਦਾਰ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ 1710 ਈ: ਵਿੱਚ ਸਿੱਖ ਰਾਜ ਦੀ ਸਥਾਪਨਾ ਕਰਨ ਬਾਰੇ ਅਤੇ 18ਵੀਂ ਸਦੀ ਵਿੱਚ ਜਬਰ ਅਤੇ ਜ਼ੁਲਮ ਖਿਲਾਫ ਸਮੂਹ ਸ਼ਹੀਦ ਸਿੰਘਾਂ ਵੱਲੋਂ ਪ੍ਰਾਪਤ ਕੀਤੀਆਂ ਅਦੁੱਤੀ ਅਤੇ ਲਾਸਾਨੀ ਸ਼ਹਾਦਤਾਂ ਬਾਰੇ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਜਾਣੂ ਕਰਵਾਇਆ। ਭਾਈ ਸਰਬਜੀਤ ਸਿੰਘ ਪਟਨਾ ਸਾਹਿਬ ਵਾਲਿਆਂ ਨੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ।




ਸ਼੍ਰੋਮਣੀ ਪ੍ਰਚਾਰਕ ਭਾਈ ਨਾਨਕ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ ਨੇ ਸੰਗਤਾਂ ਨੂੰ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਆ। ਇਸ ਤੋਂ ਇਲਾਵਾ ਭਾਈ ਸੁਖਵੰਤ ਸਿੰਘ ਸ੍ਰੀ ਮੁਕਤਸਰ ਸਾਹਿਬ, ਭਾਈ ਪ੍ਰੇਮ ਸਿੰਘ ਪਦਮ ਮੋਗੇ ਵਾਲਿਆਂ ਦਾ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਗੁਰਪ੍ਰੀਤ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ, ਭਾਈ ਜਸਵਿੰਦਰ ਸਿੰਘ, ਭਾਈ ਲਖਵਿੰਦਰ ਸਿੰਘ ਅੰਮ੍ਰਿਤਸਰ ਵਾਲੇ, ਸ਼੍ਰੋਮਣੀ ਪ੍ਰਚਾਰਕ ਭਾਈ ਸੰਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ, ਭਾਈ ਸੁਖਵਿੰਦਰ ਸਿੰਘ, ਭਾਈ ਦਵਿੰਦਰ ਸਿੰਘ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜਥੇ ਭਾਈ ਇੰਦਰਜੀਤ ਸਿੰਘ, ਭਾਈ ਹਰਬਖ਼ਸ਼ ਸਿੰਘ, ਭਾਈ ਗੁਰਮੀਤ ਸਿੰਘ ਅਤੇ ਭਾਈ ਜਸਵੰਤ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਦਸਵੀਂ ਦਿਹਾੜੇ ਤੇ ਹਜ਼ਾਰਾਂ ਸੰਗਤਾਂ ਨੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਹਰ ਵਿਭਾਗ ਦੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ । ਇਸ ਦਿਨ ਕਰਵਾਏ ਗਏ ਅੰਮ੍ਰਿਤ ਸੰਚਾਰ ਵਿੱਚ ਵੱਡੀ ਗਿਣਤੀ ਵਿੱਚ ਪ੍ਰਾਣੀ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਗਿਆ ।

# ਸਿਵਲ ਸਰਜਨ ਵੱਲੋਂ ਐਨ ਸੀ ਡੀ ਤੇ ਹੋਰ ਪ੍ਰੋਗਰਾਮਾਂ ਦੀ ਪ੍ਰਗਤੀ ਦੀ ਸਮੀਖਿਆ

ਮੋਹਾਲੀ (ਗੁਰਜੀਤ ਬਿੱਲਾ)- ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਜ਼ਿਲ੍ਹੇ ਦੇ ਕਮਿਊਨਿਟੀ ਹੈਲਥ ਅਫ਼ਸਰਾਂ (ਸੀ.ਐਚ.ਓ.) ਨੂੰ ਗ਼ੈਰ-ਸੰਚਾਰੀ ਬਿਮਾਰੀਆਂ (ਐਨ.ਸੀ.ਡੀ.), ਆਭਾ ਆਈ.ਡੀ. ਅਤੇ ਹੋਰ ਪ੍ਰੋਗਰਾਮਾਂ ਦੇ



ਟੀਚਿਆਂ ਨੂੰ ਜਲਦ ਪੂਰਾ ਕਰਨ ਦੀ ਹਦਾਇਤ ਦਿੱਤੀ ਹੈ। ਉਹ ਇਥੇ ਸੀ.ਐਚ.ਓ ਦੇ ਇਕ ਦਿਨਾ ਟਰੇਨਿੰਗ ਸੈਸ਼ਨ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਇਨ੍ਹਾਂ ਬਿਮਾਰੀਆਂ ਦੀ ਜਾਂਚ ਅਤੇ ਜਾਗਰੂਕਤਾ ਸਬੰਧੀ ਵਿਆਪਕ ਮੁਹਿੰਮ ਲਗਾਤਾਰ ਚਲਾਈ ਜਾ ਰਹੀ ਹੈ ਤਾਂ ਕਿ 30 ਸਾਲ ਤੋਂ ਉਪਰਲੇ ਹਰ ਵਿਅਕਤੀ ਅੰਦਰ ਗ਼ੈਰ-ਸੰਚਾਰੀ ਬਿਮਾਰੀਆਂ ਜਿਵੇਂ ਹਾਈ ਬਲੱਡ ਪ੍ਰੈਸ਼ਰ, ਸ਼ੂਗਰ, ਆਮ ਕੈਂਸਰ ਆਦਿ ਦਾ ਪਤਾ ਲਗਾਇਆ ਜਾ ਸਕੇ। ਡਾ. ਜੈਨ ਨੇ ਆਖਿਆ ਕਿ ਇਹ ਬਿਮਾਰੀਆਂ ਅਕਸਰ ਜਾਂਚ ਅਤੇ ਜਾਗਰੂਕਤਾ ਦੀ ਘਾਟ ਕਾਰਨ ਹੋ ਜਾਂਦੀਆਂ ਹਨ। ਇਸ ਲਈ ਜ਼ਰੂਰੀ ਹੈ ਕਿ ਜਾਂਚ ਦਾ ਨਿਰਧਾਰਤ ਟੀਚਾ ਜਲਦ ਪੂਰਾ ਕੀਤਾ ਜਾਵੇ ਤਾਂ ਕਿ ਇਨ੍ਹਾਂ ਬਿਮਾਰੀਆਂ ਤੋਂ ਆਮ ਲੋਕਾਂ ਖ਼ਾਸਕਰ ਗਰਭਵਤੀ ਔਰਤਾਂ ਨੂੰ ਬਚਾਇਆ ਜਾ ਸਕੇ। ਉਨ੍ਹਾਂ ਇਸ ਪ੍ਰੋਗਰਾਮ ਦੇ ਮੁਕੰਮਲ ਲਾਗੂ ਕਰਨ ਲਈ ਕਈ ਅਹਿਮ ਨੁਕਤੇ ਸਾਂਝੇ ਕੀਤੇ।ਮੁੱਖ ਮੰਤਰੀ ਸਿਹਤ ਯੋਜਨਾ ਦਾ ਜ਼ਿਕਰ ਕਰਦਿਆਂ ਡਾ. ਜੈਨ ਨੇ ਆਖਿਆ ਕਿ ਪੰਜਾਬ ਸਰਕਾਰ ਵਲੋਂ ਪੰਜਾਬ ਦੇ ਹਰ ਵਾਸੀ ਵਾਸਤੇ 10 ਲੱਖ ਰੁਪਏ ਦੀ ਨਕਦੀ-ਰਹਿਤ ਸਿਹਤ ਬੀਮਾ ਯੋਜਨਾ ਚਲਾਈ ਗਈ ਹੈ। ਇਸ ਯੋਜਨਾ ਦੇ ਸਫ਼ਲ ਲਾਗੂ ਕਰਨ ਲਈ ਪੂਰਾ ਸਹਿਯੋਗ ਦਿੱਤਾ ਜਾਵੇ । ਉਨ੍ਹਾਂ ਦੱਸਿਆ ਕਿ ਸਿਹਤ ਸੰਸਥਾ ਵਿਚ ਆਉਣ ਵਾਲੇ ਮਰੀਜ਼ਾਂ ਦੀ ਆਭਾ ਆਈ.ਡੀ. ਬਣਾਉਣਾ ਜ਼ਰੂਰੀ ਹੈ, ਇਸ ਲਈ ਇਸ ਪ੍ਰੋਗਰਾਮ ਵੱਲ ਵੀ ਵਿਸ਼ੇਸ਼ ਤਵੱਜੋ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਸਿਹਤ ਸੰਸਥਾ ਵਿਚ ਸਾਫ਼-ਸਫ਼ਾਈ ਯਕੀਨੀ ਬਣਾਈ ਜਾਵੇ ਤਾਂ ਕਿ ਮਰੀਜ਼ਾਂ ਨੂੰ ਵਧੀਆ ਮਾਹੌਲ ਪ੍ਰਦਾਨ ਕੀਤਾ ਜਾ ਸਕੇ। ਉਨ੍ਹਾਂ ਇਨ੍ਹਾਂ ਸਾਰੇ ਪ੍ਰੋਗਰਾਮਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਹੋਰ ਸੁਧਾਰ ਲਈ ਹਦਾਇਤਾਂ ਦਿਤੀਆਂ। ਇਸ ਮੌਕੇ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾ. ਤਮੰਨਾ ਸਿੰਘਲ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ, ਡਾ. ਜਸਮੀਤ, ਡਾ. ਹਰਪ੍ਰੀਤ ਕੌਰ, ਡਾ. ਅਤੁਲ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਹਰਚਰਨ ਸਿੰਘ ਬਰਾੜ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਰਾਜੀਵ ਕੁਮਾਰ, ਡੀ.ਐਮ.ਈ.ਓ., ਧਰਮਦਾਸ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਵਿਦਿਆਰਥੀਆਂ ਨੂੰ ਪਾਠ-ਪੁਸਤਕਾਂ ਸਿੱਧੇ ਸਕੂਲਾਂ ਰਾਹੀਂ ਬੋਰਡ ਵੱਲੋਂ ਦਿੱਤੀਆਂ ਜਾਣਗੀਆਂ

ਮੋਹਾਲੀ (ਗੁਰਜੀਤ ਬਿੱਲਾ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਕਾਦਮਿਕ ਸਾਲ 2026-27 ਤੋਂ ਐਫੀਲੀਏਟਡ ਅਤੇ ਐਸੋਸੀਏਟਡ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਲਈ ਇੱਕ ਮਹੱਤਵਪੂਰਨ ਫ਼ੈਸਲਾ ਲਿਆ ਗਿਆ ਹੈ। ਹੁਣ ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਦੀਆਂ ਪਾਠ-ਪੁਸਤਕਾਂ ਸਿੱਧੇ ਸਕੂਲਾਂ ਰਾਹੀਂ ਬੋਰਡ ਵੱਲੋਂ ਹੀ ਵਿਦਿਆਰਥੀਆਂ ਨੂੰ ਮੁਹੱਈਆ ਕਰਵਾਈਆਂ ਜਾਣਗੀਆਂ।ਇਸ ਉਪਰਾਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ 'ਤੇ ਪੈਂਦਾ ਵਿੱਤੀ ਬੋਝ ਘਟਾਉਂਦੇ ਹੋਏ 15% ਡਿਸਕਾਊਂਟ ਹੁਣ ਸਿੱਧੇ ਤੌਰ 'ਤੇ ਵਿਦਿਆਰਥੀਆਂ ਨੂੰ ਲਾਭ ਦੇ ਰੂਪ ਵਿੱਚ ਪ੍ਰਦਾਨ ਕਰਨਾ ਹੈ। ਜਿਸ ਨਾਲ ਪੁਸਤਕਾਂ ਘੱਟ ਕੀਮਤ 'ਤੇ ਉਪਲਬਧ ਹੋਣਗੀਆਂ।

# ਅਵਾਰਾ ਕੁੱਤਿਆਂ ਦਾ ਕਹਿਰ : 7 ਸਾਲਾ ਬੱਚਾ ਗੰਭੀਰ ਜ਼ਖ਼ਮੀ, ਇਲਾਜ ਦੌਰਾਨ ਮੌਤ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਸੁਲਤਾਨਪੁਰ ਲੋਧੀ ਦੇ ਪਿੰਡ ਗਿੱਲਾਂ ਵਿੱਚ ਅਵਾਰਾ ਕੁੱਤਿਆਂ ਦੇ ਝੁੰਡ ਵੱਲੋਂ ਇੱਕ ਸੱਤ ਸਾਲਾ ਮਾਸੂਮ ਬੱਚੇ ਨੂੰ ਨੋਚਣ ਦੀ ਦਰਦਨਾਕ ਘਟਨਾ ਸਾਹਮਣੇ ਆਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬੱਚਾ ਪਿਤਾ ਕੋਲ ਖੇਤ ਵਿੱਚ ਜਾ ਰਿਹਾ ਸੀ ਕਿ ਰਾਹ



ਵਿੱਚ ਕੁੱਤਿਆਂ ਦੇ ਝੁੰਡ ਨੇ ਉਸ ਨੂੰ ਘੇਰ ਲਿਆ ਅਤੇ ਨੋਚ-ਨੋਚ ਕੇ ਬੁਰੀ ਤਰ੍ਹਾਂ ਜ਼ਖ਼ਮੀ ਕਰ ਦਿੱਤਾ। ਹਮਲੇ ਦੌਰਾਨ ਬੱਚੇ ਦੀਆਂ ਲੱਤਾਂ ਅਤੇ ਸਿਰ 'ਤੇ ਡੂੰਘੇ ਜ਼ਖ਼ਮ ਆਏ ਹਨ। ਉਸਨੂੰ ਤੁਰੰਤ ਇਲਾਜ ਲਈ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ ਵਿਖੇ ਦਾਖ਼ਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਵੱਲੋਂ ਮੁੱਢਲੀ ਸਹਾਇਤਾ ਦਿੱਤੀ ਗਈ। ਹਾਲਤ ਨਾਜ਼ੁਕ ਹੋਣ ਕਾਰਨ ਬੱਚੇ ਨੂੰ ਉੱਚੇ ਇਲਾਜ ਲਈ ਰੈਫਰ ਕਰ ਦਿੱਤਾ ਗਿਆ ਹੈ। ਸਿਵਲ ਹਸਪਤਾਲ ਵਿੱਚ ਤੈਨਾਤ ਡਾਕਟਰ ਆਕਾਸ਼ਦੀਪ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਕੋਲ ਡੌਗ ਬਾਈਟ ਦਾ ਕੇਸ ਆਇਆ ਸੀ। ਬੱਚੇ ਦੇ ਸਰੀਰ ਦੇ ਵੱਖ-ਵੱਖ ਹਿੱਸਿਆਂ 'ਤੇ ਗੰਭੀਰ ਜ਼ਖ਼ਮ ਸਨ, ਜਿਸ ਕਰਕੇ ਮੁੱਢਲਾ ਇਲਾਜ ਦੇਣ ਤੋਂ ਬਾਅਦ ਉਸਨੂੰ ਅੱਗੇ ਭੇਜਿਆ ਗਿਆ ਜਿਸ ਦੀ ਜਲੰਧਰ ਦੇ ਹਸਪਤਾਲ ਵਿੱਚ ਇਲਾਜ ਦੌਰਾਨ ਮੌਤ ਹੋ ਗਈ। ਇਸ ਘਟਨਾ ਨਾਲ ਪਿੰਡ ਵਿੱਚ ਦਹਿਸ਼ਤ ਦਾ ਮਾਹੌਲ ਹੈ ਅਤੇ ਲੋਕਾਂ ਵੱਲੋਂ ਪ੍ਰਸ਼ਾਸਨ ਤੋਂ ਅਵਾਰਾ ਕੁੱਤਿਆਂ ਦੀ ਸਮੱਸਿਆ ਦਾ ਜਲਦ ਹੱਲ ਕੱਢਣ ਦੀ ਮੰਗ ਕੀਤੀ ਜਾ ਰਹੀ ਹੈ।

# ਡਾ. ਗੁਰਦੇਵ ਸਿੰਘ ਰੰਧਾਵਾ ਗੁਰੂ ਨਾਨਕ ਦੇਵ 'ਵਰਸਿਟੀ ਦੇ ਸੈਨੇਟ ਮੈਂਬਰ ਨਿਯੁਕਤ

ਫਗਵਾੜਾ (ਜਸਵਿੰਦਰ ਢੱਡਾ)- ਡਾ. ਗੁਰਦੇਵ ਸਿੰਘ ਰੰਧਾਵਾ, ਪ੍ਰਿੰਸੀਪਲ ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ, ਫਗਵਾੜਾ ਤੇ ਪ੍ਰਧਾਨ ਪ੍ਰਿੰਸੀਪਲਜ਼ ਐਸੋਸੀਏਸ਼ਨ, ਪੰਜਾਬ (ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ, ਪੰਜਾਬ ਯੂਨੀਵਰਸਿਟੀ,



ਚੰਡੀਗੜ੍ਹ ਅਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ) ਦੇ ਉੱਚ-ਸਿੱਖਿਆ ਦੇ ਖੇਤਰ ਵਿੱਚ ਲੰਬੇ ਤੇ ਮਹੱਤਵਪੂਰਨ ਯੋਗਦਾਨ ਨੂੰ ਦੇਖਦੇ ਹੋਏ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੀ ਸੈਨੇਟ ਦਾ ਮੈਂਬਰ ਨਿਯੁਕਤ ਗਿਆ ਹੈ। ਇਸ ਮੌਕੇ ਡਾ. ਗੁਰਦੇਵ ਸਿੰਘ ਰੰਧਾਵਾ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਉਪ-ਕੁਲਪਤੀ ਪ੍ਰੋ. ਕਰਮਜੀਤ ਸਿੰਘ ਦਾ ਹਾਰਦਿਕ ਧੰਨਵਾਦ ਕੀਤਾ ਤੇ ਉੱਚ-ਵਿਦਿਆ ਦੇ ਖੇਤਰ ਵਿੱਚ ਮਿਆਰੀ ਪਸਾਰ ਲਈ ਹਰ ਤਰ੍ਹਾਂ ਦਾ ਸਹਿਯੋਗ ਅਤੇ ਯੋਗਦਾਨ ਪਾਉਣ ਦਾ ਭਰੋਸਾ ਦਿੱਤਾ। ਨਾਲ ਹੀ ਉਨ੍ਹਾਂ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ. ਕਰਮਜੀਤ ਸਿੰਘ ਚਾਹਲ ਅਤੇ ਪ੍ਰੋ. ਸਰੋਜ ਅਰੋੜਾ ਡੀਨ, ਕਾਲਜ ਵਿਕਾਸ ਕੌਂਸਲ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ।ਡਾ. ਗੁਰਦੇਵ ਸਿੰਘ ਰੰਧਾਵਾ ਹੁਰਾਂ ਨੂੰ ਇਸ ਮੌਕੇ 'ਤੇ ਕਾਲਜ ਪ੍ਰਬੰਧਕ ਕਮੇਟੀ ਪ੍ਰਧਾਨ ਜਤਿੰਦਰਪਾਲ ਸਿੰਘ ਪਲਾਹੀ ਅਤੇ ਸਮੂਹ ਕਾਲਜ ਸਟਾਫ਼ ਨੇ ਇਸ ਉਪਲਬਧੀ 'ਤੇ ਵਧਾਈ ਦਿੱਤੀ।

# 31000 ਰੁਪਏ ਪ੍ਰਤੀ ਮਹੀਨਾ ਤਨਖਾਹ ਕਟੌਤੀ ਨੂੰ ਲੈ ਕੇ ਕਲਮ ਛੋੜ ਹੜਤਾਲ ਜਾਰੀ

ਜਲੰਧਰ (ਰਾਜੇਸ਼ ਥਾਪਾ)- 20 ਸਾਲਾਂ ਤੋਂ ਸਿੱਖਿਆ ਵਿਭਾਗ ਵਿਚ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਦੇ ਰਹੇ ਦਫਤਰੀ ਕਰਮਚਾਰੀਆਂ ਦੀਆਂ ਤਨਖਾਹਾਂ 'ਤੇ 31000 ਰੁਪਏ ਪ੍ਰਤੀ ਮਹੀਨਾ ਮੁਲਾਜ਼ਮਾਂ ਦੀਆ ਪੱਗਾਂ ਵੀ ਲੱਥੀਆਂ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ 8 ਸਤੰਬਰ 2025 ਦੀ ਕੈਬਨਿਟ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਅਤੇ ਕੈਬਨਿਟ ਮੀਟਿੰਗ ਤੋਂ ਬਾਅਦ



ਕੱਟ ਲਾਉਣ ਤੋਂ ਰੋਸ ਵਿਚ ਆਏ ਸਿੱਖਿਆ ਵਿਭਾਗ ਦੇ ਦਫਤਰੀ ਕਰਮਚਾਰੀਆਂ ਵੱਲੋਂ ਕੀਤੀ ਕਲਮ ਛੋੜ ਹੜਤਾਲ ਅੱਜ ਤੀਜੇ ਦਿਨ ਵੀ ਜਾਰੀ ਰਹੀ। ਕੱਲ੍ਹ ਮੁਲਾਜ਼ਮਾਂ ਨੇ ਆਪਣੇ ਹੱਕ ਮੰਗਣ ਲਈ ਰੋਸ ਪਰਦਰਸ਼ਨ ਕੀਤਾ ਸੀ ਜਿਸ ਦੌਰਾਨ ਪੁਲਸ ਪ੍ਰਸ਼ਾਸਨ ਵੱਲੋਂ ਮੁਲਾਜ਼ਮਾਂ 'ਤੇ ਜਲ ਤੋਪਾਂ ਦੀ ਵਰਤੋਂ ਕੀਤੀ ਤੇ ਮੁਲਾਜ਼ਮਾਂ ਤੇ ਪੁਲਸ ਵਿਚ ਹੋਈ ਹੱਥੋਪਾਈ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿੱਖਿਆ ਮੰਤਰੀ ਹਰਜੋਤ ਬੈਂਸ ਕਈ ਵਾਰ ਅਧਿਕਾਰੀਆਂ ਨੂੰ ਤਨਖਾਹਾਂ ਨਾ ਘਟਾਉਣ ਅਤੇ ਠੋਸ ਫੈਸਲਾ ਲੈਣ ਦੀ ਹਦਾਇਤ ਕੀਤੀ ਪ੍ਰੰਤੂ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਸਰਕਾਰ ਦੇ ਹੁਕਮਾਂ ਨੂੰ ਅਣਗੌਲਿਆ ਕੀਤਾ ਗਿਆ। ਤਤਕਾਲੀ ਸਕੱਤਰ ਸਕੂਲ ਸਿੱਖਿਆ ਵੱਲੋਂ ਜਥੇਬੰਦੀ ਨਾਲ 10 ਅਕਤੂਬਰ 2025 ਨੂੰ ਮੀਟਿੰਗ ਕੀਤੀ ਗਈ ਜਿਸ ਦੌਰਾਨ ਉਨ੍ਹਾ ਨਾਲ ਹੋਈ ਵਿਚਾਰ ਚਰਚਾ ਅਨੁਸਾਰ ਕਰਮਚਾਰੀਆ ਨੂੰ 1 ਅਪ੍ਰੈਲ 2018 ਤੋਂ ਅਧਿਆਪਕਾਂ ਦੀ ਤਰਜ਼ 'ਤੇ ਰੈਗੂਲਰ ਕਰਨ ਅਤੇ ਤਨਖਾਹਾਂ ਨਾ ਘਟਾਉਣ ਸਬੰਧੀ ਗੱਲਬਾਤ ਹੋਈ ਸੀ ਜਿਸ ਦੌਰਾਨ ਉਨ੍ਹਾ ਨੂੰ ਬੇਨਤੀ ਪੱਤਰ ਵੀ ਦਿੱਤਾ ਗਿਆ ਸੀ ਪ੍ਰੰਤੂ 5 ਮਹੀਨੇ ਬੀਤਣ 'ਤੇ ਆਰਡਰ ਦੇਣ ਜਾਂ ਤਨਖਾਹਾਂ ਸਬੰਧੀ ਫੈਸਲਾ ਲੈਂਦ ਦੀ ਫਾਈਲ ਦਫਤਰ ਦੇ ਇਕ ਟੇਬਲ ਤੋਂ ਦੂਜੇ ਟੇਬਲ 'ਤੇ ਹੀ ਘੁੰਮ ਰਹੀ ਹੈ।ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਸ਼ੋਭਿਤ ਭਗਤ, ਗਗਨਦੀਪ ਸ਼ਰਮਾ, ਰਾਜੀਵ ਸ਼ਰਮਾ, ਗਗਨ ਸਿਆਲ ਨੇ ਕਿਹਾ ਕਿ ਮੁਲਾਜ਼ਮਾਂ ਵੱਲੋਂ ਆਪਣੇ ਕਲਮ ਛੋੜ ਹੜਤਾਲ ਦੇ ਨਾਲ ਨਾਲ ਮੋਹਾਲੀ ਸਿੱਖਿਆ ਭਵਨ ਦੇ ਬਹਾਰ ਪੱਕਾ ਧਰਨਾ ਵੀ ਸ਼ੁਰੂ ਕੀਤਾ ਹੋਇਆ ਹੈ ਜੋ ਕਿ ਅੱਜ ਦੂਜੇ ਦਿਨ ਵੀ ਜਾਰੀ ਰਿਹਾ। ਆਗੂਆਂ ਕਿਹਾ ਕਿ ਕੱਲ੍ਹ ਵਿੱਤ ਮੰਤਰੀ ਹਰਪਾਲ ਚੀਮਾ ਨਾਲ ਹੋਣ ਵਾਲੀ ਮੀਟਿੰਗ ਵਿਚ ਜੇਕਰ ਤਨਖਾਹ ਕਟੌਤੀ ਦਾ ਅਤੇ 1 ਅਪ੍ਰੈਲ 2018 ਤੋਂ ਰੈਗੂਲਰ ਆਰਡਰ ਦੇਣ ਸਬੰਧੀ ਕੋਈ ਫੈਸਲਾ ਨਾ ਹੋਇਆ ਤਾਂ ਮੁਲਾਜ਼ਮ ਮੁੱਖ ਮੰਤਰੀ, ਵਿੱਤ ਮੰਤਰੀ ਅਤੇ ਸਿੱਖਿਆ ਮੰਤਰੀ ਦੇ ਘਰਾਂ ਵੱਲ ਗੁਪਤ ਐਕਸ਼ਨ ਕਰਨ ਨੂੰ ਮਜਬੂਰ ਹੋਣਗੇ।

# ਸਤਵੀਰ ਕੌਰ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਸੀ ਵਜ਼ੀਦ ਵਿਖੇ ਬਤੌਰ ਲੈਕਚਰਾਰ ਫਿਜੀਕਲ ਐਜੂਕੇਸ਼ਨ ਸੇਵਾਵਾਂ ਨਿਭਾ ਰਹੀ ਤੇ ਸਾਬਕਾ ਹਾਕੀ ਕੌਮੀ ਖਿਡਾਰਨ ਲੈਕਚਰਾਰ ਸਤਵੀਰ ਕੌਰ ਦੇ ਬੇਵਕਤ ਅਕਾਲ ਚਲਾਣੇ ਤੇ ਜ਼ਿਲੇ ਦੀਆਂ ਵੱਖ ਵੱਖ ਵਿਦਿਅਕ ਸਾਹਿਤਿਕ ਅਤੇ ਮੁਲਾਜ਼ਮ ਜਥੇਬੰਦੀਆਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਸ ਸੰਬੰਧੀ ਜਾਰੀ ਕੀਤੇ ਗਏ ਸਾਂਝੇ ਬਿਆਨ ਵਿੱਚ ਸਨਾਤਨ ਧਰਮ ਪ੍ਰਤੀਨਿਧੀ ਸਭਾ ਪੰਜਾਬ ਦੇ ਪ੍ਰਧਾਨ ਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਾਬਕਾ ਸਿੰਡੀਕੇਟ ਮੈਂਬਰ ਡਾ. ਗੁਰਦੀਪ ਕੁਮਾਰ ਸ਼ਰਮਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਪ੍ਰਿੰਸੀਪਲ ਅਮਨਦੀਪ ਸ਼ਰਮਾ, ਜਿਲਾ ਸਪੋਰਟਸ ਕੋਆਰਡੀਨੇਟਰ ਲੈਕਚਰਾਰ ਜਗਜੀਤ ਸਿੰਘ, ਜਿਲਾ ਸਪੋਰਟਸ ਕੋਆਰਡੀਨੇਟਰ ਲੁਧਿਆਣਾ ਕੁਲਵੀਰ ਸਿੰਘ ਮਾਨ, ਅਕਾਲੀ ਦਲ ਹੁਸ਼ਿਆਰਪੁਰ ਦੇ ਸ਼ਹਿਰੀ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ, ਪ੍ਰਿੰਸੀਪਲ ਧੀਰਜ ਵਿਸ਼ਿਸ਼ਟ, ਪ੍ਰਿੰਸੀਪਲ ਸੁਲੇਦਰ ਠਾਕੁਰ, ਪ੍ਰਿੰਸੀਪਲ ਤਰਲੋਚਨ ਸਿੰਘ, ਪ੍ਰਿੰਸੀਪਲ ਜਤਿੰਦਰ ਸਿੰਘ, ਪ੍ਰਿੰਸੀਪਲ ਰਣਜੀਤ ਸਿੰਘ, ਹਾਕੀ ਕੋਚ ਓਮਾ ਜਗੀ ਸਾਬਕਾ ਡੀਐਸ ਓ ਗੁਰਦਾਸਪੁਰ, ਹਾਕੀ ਕੋਚ ਮੋਹਨ ਸਿੰਘ, ਅਰਵਿੰਦਰ ਕੌਰ ਰੋਜੀ, ਰੇਨੂ ਬਾਲਾ ਆਰਸੀ ਐਫ ਕਪੂਰਥਲਾ, ਮਧੂ ਸ਼ਰਮਾ ਤਲਵਾੜਾ, ਕੁਲਵਿੰਦਰ ਕੌਰ



ਜਲੰਧਰ, ਹਰਵਿੰਦਰ ਕੌਰ ਨਵਾਂ ਸ਼ਹਿਰ, ਅਮਨਦੀਪ ਕੌਰ ਮੋਗਾ( ਸਾਰੀਆਂ ਕੌਮੀ ਹਾਕੀ ਖਿਡਾਰਨਾ) ਜੀ ਜੀ ਡੀ ਐਸ ਡੀ ਕਾਲਜ ਹਰਿਆਣਾ ਦੀ ਅਲੂਮਨੀ ਐਸੋਸੀਏਸ਼ਨ ਤੋਂ ਪ੍ਰਿੰਸੀਪਲ ਰਾਜੀਵ ਕੁਮਾਰ, ਪ੍ਰੋਫੈਸਰ ਸੁਰੇਸ਼ ਕੁਮਾਰ, ਸਕੱਤਰ ਵਰਿੰਦਰ ਸਿੰਘ ਨਿਮਾਣਾ, ਸਹਾਇਕ ਸਕੱਤਰ ਮਲਕੀਤ ਬੱਸੀ, ਗੌਰਮੈਂਟ ਟੀਚਰਸ ਯੂਨੀਅਨ ਇਕਾਈ ਹੁਸ਼ਿਆਰਪੁਰ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਚੋਟਾਲਾ, ਸਲਾਹਕਾਰ ਸਾਥੀ ਸੁਨੀਲ ਕੁਮਾਰ, ਲੈਕਚਰਾਰ ਅਮਰ ਸਿੰਘ, ਵਿੱਤ ਸਕੱਤਰ ਕਮਲਦੀਪ ਸਿੰਘ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਾਬਕਾ ਸੈਨਟਰ ਸੰਦੀਪ ਸਿੰਘ ਸੀਕਰੀ, ਐਡਵੋਕੇਟ ਦਿਆਲ ਪ੍ਰਤਾਪ ਸਿੰਘ ਰੰਧਾਵਾ, ਕੋਚ ਕੇਵਲ ਸਿੰਘ ਬਠਿੰਡਾ. ਜਗਦੀਪ ਸਿੰਘ ਫਤਿਹਗੜ੍ਹ ਸਾਹਿਬ, ਪਰਮੀਤ ਸਿੰਘ ਲੁਧਿਆਣਾ, ਕੋਚ ਪੰਕਜ ਸ਼ਰਮਾ ਹਿਮਾਚਲ ਪ੍ਰਦੇਸ਼, ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ, ਜਿਲਾ ਕਨਵੀਨਰ ਸੰਜੀਵ ਧੂਤ, ਕੋ ਕਨਵੀਨਰ ਪ੍ਰਿੰਸ ਗੜਦੀਵਾਲਾ, ਬੀਐਡ ਅਧਿਆਪਕ ਫਰੰਟ ਦੇ ਸੂਬਾ ਸਕੱਤਰ ਸਰਜੀਤ ਰਾਜਾ, ਉਪਕਾਰ ਪੱਟੀ, ਦੀਪਕ ਸ਼ਰਮਾ, ਬਲਦੇਵ ਸਿੰਘ ਟਾਂਡਾ, ਪੰਜਾਬੀ ਵਿਕਾਸ ਮੰਚ ਹਰਿਆਣਾ ਦੇ ਪ੍ਰਧਾਨ ਹਰਮੇਲ ਸਿੰਘ ਖੱਖ, ਸਲਾਹਕਾਰ ਸਰਬਜੀਤ ਸਿੰਘ ਕੰਗ, ਜਗਤਜੀਤ ਸਿੰਘ ਪਰਮਜੀਤ ਸਿੰਘ ਟਾਹਲੀਵਾਲ, ਸਰ ਮਾਰਸ਼ਲ ਐਜੂਕੇਸ਼ਨ ਸੁਸਾਇਟੀ ਟਾਂਡਾ ਦੀ ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ, ਡਾਇਰੈਕਟਰ ਕੁਲਵੰਤ ਸਿੰਘ ਮਾਰਸ਼ਲ, ਗੁਰ ਨਾਨਕ ਐਜੂਕੇਸ਼ਨਲ ਟਰਸਟ ਡੱਲੇਵਾਲ ਦੇ ਚੇਅਰਮੈਨ ਇੰਜੀਨੀਅਰ ਪ੍ਰਭਜੀਤ ਸਿੰਘ, ਪ੍ਰਿੰਸੀਪਲ ਧੀਰਜ ਕੁਮਾਰ ਸ਼ਰਮਾ, ਬਾਗਬਾਨੀ ਵਿਭਾਗ ਭੂੰਗਾ ਦੇ ਡਿਪਟੀ ਡਾਇਰੈਕਟਰ ਡਾ: ਜਸਪਾਲ ਸਿੰਘ ਢੇਰੀ, ਪ੍ਰਿੰਸੀਪਲ ਡਾ. ਜਸਵਿੰਦਰ ਸਿੰਘ ਖੁਣ ਖੁਣ ਕਲਾਂ, ਪ੍ਰਿੰਸੀਪਲ ਇੰਦਰਜੀਤ ਸਿੰਘ ਵੜੈਚ, ਆਦਿ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਲੈਕਚਰਾਰ ਸਤਵੀਰ ਕੌਰ ਦੇ ਬੇਵਕਤ ਅਕਾਲ ਚਲਾਣੇ ਨਾਲ ਪਰਵਾਰ ਅਤੇ ਵਿਦਿਅਕ ਖੇਤਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਲੈਕ. ਸਤਬੀਰ ਕੌਰ ਦੀ ਆਤਮਕ ਸ਼ਾਂਤੀ ਲਈ ਉਹਨਾਂ ਦੇ ਜੱਦੀ ਪਿੰਡ ਭੀਖੋਵਾਲ ਜਿਲਾ ਹੁਸ਼ਿਆਰਪੁਰ ਵਿਖੇ ਰੱਖੇ ਗਏ ਸ੍ਰੀ ਸਹਿਜ ਪਾਠ ਦੇ ਭੋਗ ਤਿੰਨ ਮਾਰਚ ਨੂੰ ਬਾਅਦ ਦੁਪਹਿਰ ਪੈਣਗੇ

## ਨਜਾਇਜ਼ ਕਬਜ਼ਿਆਂ 'ਤੇ ਫੇਰਿਆ ਪੀਲਾ ਪੰਜਾ



**ਬਰੇਟਾ (ਰੀਤਵਾਲ)**-ਪੰਜਾਬ ਸਰਕਾਰ ਵੱਲੋਂ ਨਜਾਇਜ਼ ਕਬਜ਼ਿਆਂ ਨੂੰ ਹਟਾਉਣ ਦੀ ਮੁਹਿੰਮ ਦੇ ਤਹਿਤ ਸਮੇਂ ਸਮੇਂ 'ਤੇ ਸਖਤ ਹੁਕਮ ਕੀਤੇ ਜਾ ਰਹੇ ਹਨ।ਅਨੇਕਾਂ ਵਾਰ ਲੋਕਾਂ ਵੱਲੋਂ ਬੀਬੜੀਆਂ ਵਾਲੇ ਬੱਸ ਅੱਡੇ ਦੇ ਸਾਹਮਣੇ ਰੂੜੀਆਂ ਲਗਾ ਕੇ ਨਗਰ ਕੌਂਸਲ ਦੀ ਜਗ੍ਹਾ 'ਤੇ ਨਜਾਇਜ਼ ਕਬਜ਼ੇ ਕੀਤੇ ਹੋਏ ਸੀ, ਪ੍ਰੰਤੂ ਉੱਚ ਅਧਿਕਾਰੀਆਂ ਵੱਲੋਂ ਸੂਚਿਤ ਕਰਨ ਦੇ ਬਾਵਜੂਦ ਇਸ ਸਮੱਸਿਆ ਦਾ ਹੱਲ ਨਹੀਂ ਹੋਇਆ ਅਤੇ ਪ੍ਰਸ਼ਾਸਨ ਵੱਲੋਂ ਵਾਰ ਵਾਰ ਸੂਚਿਤ ਕਰਨ ਦੇ ਬਾਵਜੂਦ ਬਰੇਟਾ ਵਿੱਚ ਹੋਰ ਥਾਵਾਂ 'ਤੇ ਵੀ ਨਜਾਇਜ਼ ਕਬਜ਼ਿਆਂ ਦੀ ਭਰਮਾਰ ਹੈ।ਪੰਜਾਬ ਸਰਕਾਰ ਨੇ ਬਰੇਟਾ ਵਿਖੇ ਮੁਹੱਲਾ ਕਲੀਨਿਕ ਬਣਾਉਣ ਲਈ ਜਗ੍ਹਾ ਨਗਰ ਕੌਂਸਲ ਬਰੇਟਾ ਨੂੰ ਸੂਚਿਤ ਕੀਤਾ ਤਾਂ ਸਾਰੇ ਕੌਂਸਲਰਾਂ ਨੇ ਮਤਾ ਪਾਸ ਕਰਕੇ ਇਸ ਜਗ੍ਹਾ ਨੂੰ ਸਿਲੈਕਟ ਕੀਤਾ, ਜਿਸ ਦੇ ਚਲਦਿਆਂ ਬਰੇਟਾ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਸਿਕੰਦਰ ਸਿੰਘ ਵੱਲੋਂ ਪੰਜਾਬ ਪੁਲਸ ਦੇ ਸਹਿਯੋਗ ਨਾਲ ਥਾਣਾ ਮੁਖੀ ਮੇਲਾ ਸਿੰਘ ਦੀ ਅਗਵਾਈ ਵਿੱਚ ਮਿਉਂਸੀਪਲ ਕਮੇਟੀ ਦੀ ਜਗ੍ਹਾ ਤੋਂ ਪੀਲੇ ਪੰਜੇ ਦੀ ਮੱਦਦ ਨਾਲ ਨਜਾਇਜ਼ ਕਬਜ਼ਾ ਛੁਡਵਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਜਗ੍ਹਾ 'ਤੇ ਮੁਹੱਲਾ ਕਲੀਨਿਕ ਤੇ ਪਬਲਿਕ ਦੇ ਬੈਠਣ ਲਈ ਪ੍ਰਬੰਧ ਕੀਤਾ ਜਾਵੇਗਾ।ਨਗਰ ਕੌਂਸਲ ਦੇ ਕਰਮਚਾਰੀ ਨੀਲ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਬਜ਼ਾ ਧਾਰਕਾਂ ਦੇ ਵਿਰੋਧ ਕਰਨ ਦੇ ਬਾਵਜੂਦ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਮਿਉਂਸੀਪਲ ਕਮੇਟੀ ਦੀ ਤਕਰੀਬਨ ਢਾਈ ਕਨਾਲ ਜਗ੍ਹਾ ਤੋਂ ਕਬਜ਼ਾ ਛੁਡਵਾਇਆ ਗਿਆ।ਇਸ ਮੌਕੇ ਨਗਰ ਕੌਂਸਲ ਦੇ ਕਰਮਚਾਰੀ ਤੇ ਭਾਰੀ ਗਿਣਤੀ ਵਿੱਚ ਪੁਲਸ ਪਾਰਟੀ ਮੌਜੂਦ ਸੀ।

## ਪਬਲਿਕ ਕਾਲਜ ਨੇ ਜੌਗਰਾਫੀਕਲ ਕੁਇੱਜ਼ ਮੁਕਾਬਲੇ 'ਚ ਪਹਿਲਾ ਸਥਾਨ ਜਿੱਤਿਆ



**ਸਮਾਣਾ (ਇਕਬਾਲ ਸਿੰਘ ਬੱਲ)**-ਐਸੋਸੀਏਸ਼ਨ ਆਫ ਪੰਜਾਬ ਜੌਗਰਾਫਰਜ਼ ਤੇ ਖਾਲਸਾ ਕਾਲਜ ਜੌਗਰਫੀਕਲ ਸੋਸਾਇਟੀ ਅਤੇ ਪੋਸਟ ਗ੍ਰੈਜੂਏਟ ਵਿਭਾਗ ਵੱਲੋਂ ਖਾਲਸਾ ਕਾਲਜ ਪਟਿਆਲਾ ਵਿਖੇ ਜ਼ੋਨਲ ਲੈਵਲ ਜੌਗਰਾਫੀਕਲ ਕੁਇੱਜ਼ (ਪਟਿਆਲਾ-ਸੰਗਰੂਰ ਜ਼ੋਨ) ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਪਬਲਿਕ ਕਾਲਜ ਸਮਾਣਾ ਦੀਆਂ ਵਿਦਿਆਰਥਣਾਂ ਹੁਸਨਪ੍ਰੀਤ ਕੌਰ ਬੀ. ਏ. ਭਾਗ ਤੀਜਾ, ਲਕਸ਼ਮੀ ਬੀ.ਏ. ਭਾਗ ਤੀਜਾ, ਹਰਕੀਰਤ ਕੌਰ ਬੀ. ਏ. ਭਾਗ ਦੂਜਾ ਦੀ ਟੀਮ ਨੇ ਪ੍ਰੋਫੈਸਰ ਦਵਿੰਦਰ ਸਿੰਘ, ਜੌਗਰਾਫੀ ਵਿਭਾਗ ਦੀ ਅਗਵਾਈ ਹੇਠ ਭਾਗ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ।ਮਾਣਯੋਗ ਡਿਪਟੀ ਕਮਿਸ਼ਨਰ ਪਟਿਆਲਾ-ਕਮ-ਚੇਅਰਮੈਨ ਕਾਲਜ ਮੈਨੇਜਿੰਗ ਕਮੇਟੀ ਸ੍ਰੀ ਵਰਜੀਤ ਵਾਲੀਆ ਆਈ.ਏ.ਐੱਸ. ਤੇ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਵੱਲੋਂ ਕਾਲਜ ਵਿਖੇ ਉਪਰੋਕਤ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਜੇਤੂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੰਦੇ ਹੋਏ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਦੇ ਹੋਏ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ।ਸਮੂਹ ਸਟਾਫ ਨੇ ਵੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਜੇਤੂ ਵਿਦਿਆਰਥਣਾਂ ਤੇ ਕਾਲਜ ਦੇ ਜੌਗਰਾਫੀ ਵਿਭਾਗ ਨੂੰ ਮੁਬਾਰਕਾਂ ਦਿੱਤੀਆਂ।

## ਵਿਧਾਇਕ ਦੇਵ ਮਾਨ ਵੱਲੋਂ ਨਗਰ ਪੰਚਾਇਤ ਭਾਦਸੋਂ ਦੇ ਅਹੁਦੇਦਾਰਾਂ ਦਾ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੇ ਸ਼ਹਿਰਾਂ ਦੇ ਵਿਕਾਸ ਕਾਰਜ ਲਈ ਪੰਜਾਬ ਸਰਕਾਰ ਵੱਲੋਂ ਜਲਦ ਹੀ ਗਰਾਂਟਾਂ ਜਾਰੀ ਕੀਤੀਆਂ ਜਾਣਗੀਆਂ, ਜਿਸ ਨਾਲ ਸ਼ਹਿਰਾਂ ਵਿੱਚ ਰਹਿੰਦੇ ਵਿਕਾਸ ਕਾਰਜਾਂ ਨੂੰ ਪੂਰਾ ਕੀਤਾ ਜਾਵੇਗਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਨਾਭਾ ਦੀ ਸਬ ਡਵੀਜ਼ਨ ਭਾਦਸੋਂ ਨਗਰ ਪੰਚਾਇਤ ਦੇ ਅਹੁਦੇਦਾਰਾਂ ਨੂੰ ਸਨਮਾਨ ਕਰਨ ਉਪਰੰਤ ਕੀਤਾ।ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਨਗਰ ਪੰਚਾਇਤ ਭਾਦਸੋਂ ਦੇ ਅਹੁਦੇਦਾਰਾਂ ਦੀ ਚੋਣ ਹੋਈ ਸੀ, ਜਿਸ ਵਿੱਚ ਨਿਰਮਲਾ ਸੂਦ ਨੂੰ ਸਰਬਸੰਮਤੀ ਨਾਲ ਸੀਨੀਅਰ ਮੀਤ ਪ੍ਰਧਾਨ ਤੇ ਸਤਵਿੰਦਰ ਕੌਰ ਨੂੰ ਮੀਤ ਪ੍ਰਧਾਨ ਚੁਣਿਆ ਗਿਆ ਸੀ। ਅੱਜ ਇਨ੍ਹਾਂ ਅਹੁਦੇਦਾਰਾਂ ਨੇ ਮੇਰੇ ਨਾਲ ਮੁਲਾਕਾਤ ਕੀਤੀ, ਜਿਸ ਵਿੱਚ ਵਿਕਾਸ ਕਾਰਜਾਂ ਬਾਰੇ ਚਰਚਾ ਹੋਈ। ਇਸ ਮੌਕੇ ਵਿਧਾਇਕ ਦੇਵ ਮਾਨ ਨੇ ਸ਼ੈਂਕੀ ਸਿੰਗਲਾ ਪ੍ਰਧਾਨ, ਸੋਨੂ ਸੂਦ, ਲਾਡੀ ਖੱਟੜਾ, ਕਮਲ ਭਾਦਸੋਂ, ਕੌਂਸਲਰ ਸਤਨਾਮ ਸਿੰਘ, ਕੌਂਸਲਰ ਜੋਗਾ ਸਿੰਘ ਧੰਜੂ ਤੇ ਰਮੇਸ਼ ਕੁਮਾਰ ਗੁਪਤਾ ਦਾ ਸਨਮਾਨ ਕੀਤਾ।ਸਨਮਾਨਤ ਹੋਣ ਉਪਰੰਤ ਉਨ੍ਹਾਂ ਸਾਂਝੇ ਤੌਰ 'ਤੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦਾ ਧੰਨਵਾਦ ਕੀਤਾ।ਇਸ ਮੌਕੇ ਉਨ੍ਹਾਂ ਨਾਲ ਤੇਜਿੰਦਰ ਸਿੰਘ ਖਹਿਰਾ, ਭੁਪਿੰਦਰ ਸਿੰਘ ਕੱਲਰ ਮਾਜਰੀ, ਸੁਖਦੇਵ ਸਿੰਘ ਮਾਨ, ਜਸਵੀਰ ਸਿੰਘ ਵਜੀਦਪੁਰ, ਸੁਖਦੀਪ ਸਿੰਘ ਖਹਿਰਾ ਤੇ ਹੋਰ ਅਹੁਦੇਦਾਰ ਮੌਜੂਦ ਸਨ।

## ਖੇਤੀਬਾੜੀ ਵਿਭਾਗ ਵੱਲੋਂ ਮਹਿਲ 'ਚ ਕਿਸਾਨ ਸਿਖਲਾਈ ਕੈਂਪ



**ਕੋਟ ਈਸੇ ਖਾਂ (ਅਰੋੜਾ)**-ਮੁੱਖ ਖੇਤੀਬਾੜੀ ਅਫਸਰ ਮੋਗਾ ਡਾ. ਗੁਰਪ੍ਰੀਤ ਸਿੰਘ ਦੀਆਂ ਹਦਾਇਤਾਂ ਤੇ ਬਲਾਕ ਖੇਤੀਬਾੜੀ ਅਫਸਰ ਕੋਟ ਈਸੇ ਖਾਂ ਡਾ. ਗੁਰਬਾਜ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਾ. ਗੁਰਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਵੱਲੋਂ ਪਿੰਡ ਮਹਿਲ ਵਿਖੇ ਸੀਡ ਵਿਲੇਜ ਸਕੀਮ ਅਧੀਨ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ।ਇਸ ਮੌਕੇ ਡਾ. ਗੁਰਬਾਜ ਸਿੰਘ ਬਲਾਕ ਖੇਤੀਬਾੜੀ ਅਫਸਰ ਕੋਟ ਈਸੇ ਖਾਂ ਨੇ ਕਿਸਾਨਾਂ ਨੂੰ ਕਣਕ ਤੇ ਸਰ੍ਹੋਂ ਦੀ ਫਸਲ ਵਿੱਚ ਚੇਪੇ ਦੀ ਪਹਿਚਾਣ ਤੇ ਰੋਕਥਾਮ ਬਾਰੇ ਦੱਸਿਆ।ਉਨ੍ਹਾ ਕਿਸਾਨਾਂ ਨੂੰ ਕਣਕ ਵਾਲੇ ਖੇਤਾਂ ਵਿੱਚ ਝੋਨੇ ਨੂੰ ਫਾਸਫੋਰਸ ਖਾਦ ਨਾ ਪਾਉਣ ਦੀ ਅਪੀਲ ਕੀਤੀ ਤੇ ਕਿਸਾਨਾਂ ਨੂੰ ਐਗਰੀ ਸਟੈਕ ਅਧੀਨ ਰਜਿਸਟ੍ਰੇਸ਼ਨ ਕਰਵਾਉਣ ਲਈ ਕਿਹਾ।ਉਨ੍ਹਾ ਕਿਸਾਨਾਂ ਨੂੰ ਫਸਲਾਂ ਦਾ ਮੰਡੀਕਰਨ ਖੁਦ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਾ. ਗੁਰਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ ਤੇ ਕਿਸਾਨਾਂ ਨੂੰ ਕਣਕ ਦੀ ਫਸਲ ਵਿੱਚ ਵਧਦੇ ਤਾਪਮਾਨ ਦੇ ਪ੍ਰਭਾਵ ਤੋਂ ਬਚਾਅ ਕਰਨ ਲਈ ਪੋਟਾਸ਼ੀਅਮ ਨਾਈਟ੍ਰੇਟ ਦੀ ਸਪਰੇਅ ਬਾਰੇ ਦੱਸਿਆ। ਉਨ੍ਹਾ ਕਿਸਾਨਾਂ ਨੂੰ ਝੋਨੇ ਦੀਆਂ ਪੀ ਆਰ ਕਿਸਮਾਂ ਦੀ ਕਾਸ਼ਤ ਕਰਨ ਲਈ ਕਿਹਾ ਤੇ ਮੂੰਗੀ, ਜੰਤਰ ਦੇ ਨਾਲ ਨਾਲ ਸਾਉਣੀ ਮੱਕੀ ਤੇ ਨਰਮੇ ਦੀ ਕਾਸ਼ਤ ਲਈ ਪ੍ਰੇਰਿਤ ਕੀਤਾ।ਇਸ ਮੌਕੇ ਗਗਨਦੀਪ ਸਿੰਘ ਏ.ਟੀ.ਐੱਮ. ਨੇ ਕਿਸਾਨਾਂ ਨੂੰ ਮਿੱਟੀ-ਪਾਣੀ ਪਰਖ ਦੀ ਮਹੱਤਤਾ ਬਾਰੇ ਦੱਸਿਆ ਤੇ ਦੁੱਨੇਕੇ ਵਿਖੇ ਖੇਤੀਬਾੜੀ ਵਿਭਾਗ ਦੀ ਭੌਂ ਪਰਖ ਲੈਬਾਰਟਰੀ ਦਾ ਵੱਧ ਵੱਧ ਫਾਇਦਾ ਉਠਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਮੈਡਮ ਅਮਨਦੀਪ ਕੌਰ, ਹਰਦੀਪ ਸਿੰਘ, ਸੈਕਟਰੀ ਟਹਿਲ ਸਿੰਘ ਤੋਂ ਮੇਹਰ ਸਿੰਘ, ਦਰਸ਼ਨ ਸਿੰਘ, ਮੇਅਰ ਸਿੰਘ, ਰੇਸ਼ਮ ਸਿੰਘ, ਗੁਰਮੀਤ ਸਿੰਘ, ਰਸ਼ਪਾਲ ਸਿੰਘ, ਬਗੀਚਾ ਸਿੰਘ, ਜਸਵੰਤ ਸਿੰਘ ਆਦਿ ਕਿਸਾਨ ਹਾਜ਼ਰ ਸਨ।

## ਸਰਬੱਤ ਦੇ ਭਲੇ ਲਈ ਟਰੱਕ ਯੂਨੀਅਨ ਵਿਖੇ ਅਖੰਡ ਪਾਠ ਕਰਵਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਟਰੱਕ ਆਪ੍ਰੇਟਰ ਯੂਨੀਅਨ ਮੋਗਾ ਵੱਲੋਂ ਟਰੱਕ ਆਪ੍ਰੇਟਰਾਂ ਦੀ ਸਿਹਤਯਾਬੀ ਤੇ ਕਾਰੋਬਾਰ ਦੀ ਸੁੱਖ-ਸ਼ਾਂਤੀ ਲਈ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠਾਂ ਦੇ ਅਖੰਡ ਪਾਠ ਕਰਵਾ ਕੇ ਉਨ੍ਹਾਂ ਦੇ ਭੋਗ ਪਵਾਏ ਗਏ। ਇਸ ਮੌਕੇ ਹਲਕਾ ਵਿਧਾਇਕ ਅਮਨਦੀਪ ਕੌਰ ਅਰੋੜਾ ਨੇ ਸਮੂਹ ਟਰੱਕ ਆਪ੍ਰੇਟਰਾਂ ਦੀ ਸਿਹਤਯਾਬੀ ਦੀ ਕਾਮਨਾ ਕਰਦਿਆਂ ਕਿਹਾ ਕਿ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ, ਮੋਗਾ ਦੇ ਸਮੂਹ ਟਰੱਕ ਆਪ੍ਰੇਟਰ ਆਪਣਾ ਬਿਜ਼ਨੈੱਸ ਅਮਨ ਸ਼ਾਂਤੀ ਨਾਲ ਕਰ ਰਹੇ ਹਨ ਤੇ ਅੱਜ ਟਰੱਕ ਯੂਨੀਅਨ ਮੋਗਾ ਦੀ ਅਗਵਾਈ ਬਹੁਤ ਹੀ ਸੂਝਵਾਨ ਨੌਜਵਾਨ ਆਗੂ ਆਗਿਆਪਾਲ ਕਰ ਰਹੇ ਹਨ ਤੇ ਆਮ ਆਦਮੀ ਪਾਰਟੀ ਦੇ ਦਰਵਾਜ਼ੇ ਹਮੇਸ਼ਾ ਟਰੱਕ ਆਪ੍ਰੇਟਰਾਂ ਲਈ ਖੁੱਲ੍ਹੇ ਹਨ।ਇਸ ਮੌਕੇ ਪ੍ਰਧਾਨ ਪਾਲ ਸਿੰਘ, ਸੁਨੀਲ ਕੁਮਾਰ, ਜਸਵਿੰਦਰ ਸਿੰਘ ਐੱਮ ਸੀ, ਪ੍ਰੀਤਮ ਸਿੰਘ, ਗੁਰਮੀਤ ਸਿੰਘ, ਵਰਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਟਰੱਕ ਆਪ੍ਰੇਟਰ ਹਾਜ਼ਰ ਸਨ। ਅਖੀਰ ਵਿੱਚ ਪ੍ਰਧਾਨ ਆਗਿਆਪਾਲ ਸਿੰਘ ਨੇ ਸਮੂਹ ਟਰੱਕ ਆਪ੍ਰੇਟਰਾਂ ਤੇ ਸਮੂਹ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਮਲੀਪੁਰ 'ਚ ਸ਼ਹੀਦਾਂ ਸਿੰਘਾਂ ਦੀ ਯਾਦ 'ਚ ਸਾਲਾਨਾ ਗੁਰਮਤਿ ਸਮਗਮ



**ਦੋਰਾਹਾ (ਹਰਮਿੰਦਰ ਸੇਠ)**-ਨੇੜਲੇ ਪਿੰਡ ਮਲੀਪੁਰ ਵਿਖੇ ਸ਼ਹੀਦਾਂ ਸਿੰਘਾਂ ਦੇ ਅਸਥਾਨ 'ਤੇ ਹਰ ਸਾਲ ਦੀ ਤਰ੍ਹਾਂ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਹਰ ਸਾਲ ਦੀ ਤਰ੍ਹਾਂ ਦੂਰ ਦੁਰਾਡੇ ਵਸਦੇ ਪਿੰਡ ਵਾਸੀਆਂ ਨੇ ਸ਼ਰਧਾ ਭਾਵਨਾ ਨਾਲ ਹਿੱਸਾ ਲਿਆ।ਸ਼ਹੀਦਾਂ ਸਿੰਘਾਂ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਬਜੀਤ ਸਿੰਘ ਤੇ ਪਰਮਜੀਤ ਸਿੰਘ ਨੇ ਦੱਸਿਆ ਕਿ ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਉੱਘੇ ਰਾਗੀ ਭਾਈ ਮਨਦੀਪ ਸਿੰਘ ਬੀਜਾ ਵਾਲਿਆਂ ਦੇ ਜੱਥੇ ਨੇ ਗੁਰਬਾਣੀ ਦਾ ਕੀਰਤਨ ਕੀਤਾ।ਕੀਰਤਨ ਉਪਦੇਸ਼ ਕਰਦਿਆਂ ਭਾਈ ਮਨਦੀਪ ਸਿੰਘ ਨੇ ਗੁਰਬਾਣੀ ਵਿੱਚ ਕੁਰਬਾਨੀ ਤੇ ਸ਼ਹੀਦੀ ਦਾ ਸੰਕਲਪ ਵਿਸ਼ੇ 'ਤੇ ਚਾਨਣਾ ਪਾਇਆ।ਉਨ੍ਹਾਂ ਸਮੂਚੀਆਂ ਸੰਗਤਾਂ ਨੂੰ ਗੁਰਬਾਣੀ ਦੇ ਲੜ ਲੱਗਣ ਤੇ ਸਮੁੱਚਤਾ ਵਿੱਚ ਸਿੱਖੀ ਦੀ ਸਮਰਪਣ ਭਾਵਨਾ ਨਾਲ ਜੁੜਨ ਦੀ ਅਪੀਲ ਕੀਤੀ।ਇਸ ਮੌਕੇ ਭਾਈ ਤਰਨਜੀਤ ਸਿੰਘ, ਕਮਲਜੀਤ ਸਿੰਘ, ਲਖਬੀਰ ਸਿੰਘ ਹੈਡ ਗ੍ਰੰਥੀ, ਭਾਈ ਜਸਵੀਰ ਸਿੰਘ, ਮੱਘਰ ਸਿੰਘ ਚੱਕੀ ਵਾਲੇ, ਕੁਲਦੀਪ ਸਿੰਘ ਮਲੀਪੁਰ ਸਮੇਤ ਵੱਡੀ ਗਿਣਤੀ 'ਚ ਪਿੰਡ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਪੱਤਰਕਾਰ ਸੁਖਵਿੰਦਰ ਸੁੱਖ ਨੂੰ ਵਿਧਾਨ ਸਭਾ ਸਕੱਤਰੇਤ ਵੱਲੋਂ ਤਲਬ ਕਰਨ ਦੀ ਨਿੰਦਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲਗਾਤਾਰ ਸਰਕਾਰ ਤੇ ਵਿਧਾਇਕਾਂ ਨੂੰ ਸਵਾਲ ਪੁੱਛਣ ਵਾਲੇ ਪੱਤਰਕਾਰਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਸ ਤਹਿਤ ਪਹਿਲਾਂ ਵੀ ਪੰਜਾਬ ਦੇ ਕਈ ਸੀਨੀਅਰ ਪੱਤਰਕਾਰਾਂ 'ਤੇ ਮੁਕੱਦਮੇ ਦਰਜ ਕੀਤੇ ਗਏ ਹਨ। ਇਸੇ ਲੜੀ ਨੂੰ ਅੱਗੇ ਤੋਰਦਿਆਂ ਫਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਰਜਨੀਸ਼ ਦਹੀਆ ਦੀ ਸ਼ਿਕਾਇਤ ਉੱਤੇ ਫਿਰੋਜ਼ਪੁਰ ਦੇ ਨੌਜਵਾਨ ਪੱਤਰਕਾਰ ਸੁਖਵਿੰਦਰ ਸੁੱਖ ਨੂੰ ਵਿਧਾਨ ਸਭਾ ਸਕੱਤਰੇਤ ਵੱਲੋਂ ਤਲਬ ਕੀਤਾ ਗਿਆ ਹੈ। ਇਸ ਸਬੰਧੀ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਅਵਤਾਰ ਸਿੰਘ ਮਹਿਮਾ ਨੇ ਜਥੇਬੰਦੀ ਵੱਲੋਂ ਸਰਕਾਰ ਦੀ ਇਸ ਘਟੀਆ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਲੋਕਾਂ ਦੇ ਮੁੱਦੇ ਚੁੱਕਣ ਤੇ ਸਰਕਾਰਾਂ ਨੂੰ ਸਵਾਲ ਕਰਨ ਵਾਲੇ ਪੱਤਰਕਾਰਾਂ ਤੇ ਰਿਪੋਟਰਾਂ ਦੀ ਆਵਾਜ਼ ਨੂੰ ਦੱਬਣ ਨਹੀਂ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਫਿਰੋਜ਼ਪੁਰ ਦੇ ਪੱਤਰਕਾਰ ਭਾਈਚਾਰੇ ਤੇ ਲੋਕਾਂ ਨੂੰ ਨਾਲ ਲੈ ਕੇ ਲੋਕਲ ਵਿਧਾਇਕ ਤੇ ਸਰਕਾਰ ਖਿਲਾਫ਼ ਸੰਘਰਸ਼ ਕਰੇਗੀ। ਕਿਸਾਨ ਆਗੂ ਵੱਲੋਂ ਫਿਰੋਜ਼ਪੁਰ ਦੇ ਪੱਤਰਕਾਰਾਂ ਤੇ ਜਨਤਕ ਜਥੇਬੰਦੀਆਂ ਨੂੰ ਇਸ ਧੱਕੇ ਖਿਲਾਫ ਸੰਘਰਸ਼ ਦੇ ਮੈਦਾਨ ਵਿੱਚ ਆਉਣ ਦਾ ਸੱਦਾ ਦਿੱਤਾ ਗਿਆ।

# ਟਰਾਂਸਪੋਰਟ ਮੁਲਾਜ਼ਮ ਤੇ ਪੈਨਸ਼ਨਰ ਪੱਟੀ ਰੈਲੀ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ : ਕੋਕਰੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਬਰਾਂਚ ਮੋਗਾ ਦੀ ਅਹਿਮ ਮੀਟਿੰਗ ਕਾ. ਸਤੀਸ਼ ਲੂੰਬਾ ਭਵਨ ਵਿਖੇ ਹੋਈ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਗੁਰਜੰਟ ਸਿੰਘ ਕੋਕਰੀ ਨੇ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਰਵਾਇਤੀ ਪਾਰਟੀਆਂ ਤੋਂ ਅੱਕੇ ਹੋਏ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਸ਼ਾਨਦਾਰ ਜਿੱਤ ਦਵਾਈ, ਹਾਲਾਂਕਿ ਇਸ ਪਾਰਟੀ ਵੱਲੋਂ ਪੰਜਾਬ ਲਈ ਕੋਈ ਸੰਘਰਸ਼ ਨਹੀਂ ਲੜਿਆ ਗਿਆ।ਟਰਾਂਸਪੋਰਟ ਵਿਭਾਗ ਨਾਲ ਜੁੜੇ ਲੋਕਾਂ ਨੂੰ ਖ਼ਾਸ ਖੁਸ਼ੀ ਇਸ ਗੱਲ ਦੀ ਸੀ ਕਿ ਹੁਣ ਵਿਭਾਗ ਬਿਹਤਰ ਕੰਮ ਕਰੇਗਾ, ਕਿਉਂਕਿ ਪਹਿਲੀਆਂ ਦੋਵਾਂ ਵੱਡੀਆਂ ਸਿਆਸੀ ਪਾਰਟੀਆਂ ਦੇ ਮੈਂਬਰ ਖ਼ੁਦ ਜਾਂ ਉਨ੍ਹਾਂ ਦੀ ਵੱਡੇ ਟਰਾਂਸਪੋਰਟਰਾਂ ਨਾਲ ਸਾਂਝ ਸੀ।ਪ੍ਰਾਈਵੇਟ ਟਰਾਂਸਪੋਰਟਰਾਂ ਦੀ ਖੁਸ਼ੀ ਤਾਂ ਕਿਸੇ ਹੱਦ ਤੱਕ ਪੂਰੀ ਹੋਈ, ਕਿਉਂਕਿ ਇਸ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਵਿੱਚ ਇੱਕ ਵੀ ਬੱਸ ਰੋਡਵੇਜ਼ ਵਿੱਚ ਨਹੀਂ ਪਾਈ ਗਈ।ਇਨ੍ਹਾਂ ਦੇ ਮੁਕਾਬਲੇ ਅਕਾਲੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ 1483 ਬੱਸਾਂ ਤੇ ਕਾਂਗਰਸ ਨੇ 868 ਬੱਸਾਂ ਨਵੀਆਂ ਪਾਈਆਂ ਸਨ।ਸਰਕਾਰ ਬਣਨ ਉਪਰੰਤ ਮੁੱਖ ਮੰਤਰੀ ਸਟੇਜ ਤੋਂ ਆਮ ਹੀ ਕਿਹਾ ਕਰਦਾ ਸੀ ਕਿ ਬਾਦਲਾਂ ਦੀਆਂ ਬੱਸਾਂ 'ਤੇ ਵੀ ਰੋਡਵੇਜ਼/ਪੈਪਸੂ ਦਾ ਰੰਗ ਕਰਵਾ ਕੇ ਸਰਕਾਰੀ ਵਿੱਚ ਸ਼ਾਮਲ ਕਰ ਦਿੱਤਾ ਜਾਵੇਗਾ, ਪਰ ਚਾਰ ਸਾਲ ਲੰਘਣ ਉਪਰੰਤ ਵੀ ਕੋਈ ਪਾਲਿਸੀ ਨਹੀਂ ਬਣੀ, ਨਾ ਹੀ ਉੱਚ ਅਦਾਲਤਾਂ ਦੇ ਫ਼ੈਸਲੇ ਮੁਤਾਬਿਕ ਗ਼ੈਰ-ਕਨੂੰਨੀ ਪਰਮਿਟ ਰੱਦ ਕਰਨ 'ਤੇ ਠੋਸ ਅਮਲ ਕੀਤਾ ਗਿਆ ਹੈ।ਰਾਜਨੀਤਕ ਲਾਹਾ ਲੈਣ ਲਈ ਔਰਤਾਂ ਨੂੰ ਮੁਫ਼ਤ ਬੱਸ ਸਫ਼ਰ ਸਹੂਲਤ ਸ਼ੁਰੂ ਕੀਤੀ ਗਈ, ਪਰ ਉਸ ਦੇ ਵੀ 500 ਕਰੋੜ ਸਰਕਾਰ ਵੱਲ ਬਕਾਇਆ ਖੜ੍ਹੇ ਹਨ।ਏਨੇ ਹੀ ਪੈਸੇ ਪੀ ਆਰ ਟੀ ਸੀ ਦੇ ਖੜ੍ਹੇ ਹਨ। ਸਪੇਅਰ ਪਾਰਟ ਤੇ ਡੀਜ਼ਲ ਦੀ ਖ਼ਰੀਦ ਕਰਨੀ ਮੁਸ਼ਕਿਲ ਹੋ ਚੁੱਕੀ ਹੈ।

ਉਨ੍ਹਾ ਕਿਹਾ ਕਿ ਤਰੱਕੀਆਂ ਉਡੀਕਦੇ ਮੁਲਾਜ਼ਮ ਰਿਟਾਇਰ ਹੋ ਰਹੇ ਹਨ, ਮੈਡੀਕਲ ਬਿੱਲਾਂ ਦੀ ਪੂਰਤੀ ਉਡੀਕਦੇ ਕਈ ਮੁਲਾਜ਼ਮ ਜਹਾਨੋਂ ਤੁਰ ਗਏ, ਪਰ ਵਿਭਾਗ ਤੇ ਸਰਕਾਰ ਮੂਕ ਦਰਸ਼ਕ ਬਣੇ ਹੋਏ ਹਨ। ਸਰਕਾਰ ਦਾ ਆਖ਼ਰੀ ਸਾਲ ਹੈ, ਪਰ ਕੱਚੇ ਕਾਮਿਆਂ ਨੂੰ ਪੱਕੇ ਕਰਨ ਦੀ ਕੋਈ ਨੀਤੀ ਅਜੇ ਤੱਕ ਨਹੀਂ ਲਿਆਂਦੀ ਗਈ।ਮਜਬੂਰਨ ਮੁਲਾਜ਼ਮਾਂ ਨੂੰ ਹੜਤਾਲਾਂ ਕਰਨੀਆਂ ਪੈਂਦੀਆਂ ਹਨ, ਜਿਸ ਕਰਕੇ ਆਰਥਿਕ ਨੁਕਸਾਨ ਦੇ ਨਾਲ ਵਿਭਾਗ ਪ੍ਰਤੀ ਬੇਯਕੀਨੀ ਵੱਧ ਰਹੀ ਹੈ।ਉਪਰੋਕਤ ਸਾਰੀਆਂ ਮੰਗਾਂ ਦੀ ਪ੍ਰਾਪਤੀ ਲਈ ਜਥੇਬੰਦੀ 7 ਮਾਰਚ 2026 ਨੂੰ ਟਰਾਂਸਪੋਰਟ ਮੰਤਰੀ ਦੇ ਸ਼ਹਿਰ ਪੱਟੀ ਵਿਖੇ ਵਿਸ਼ਾਲ ਰੋਸ ਰੈਲੀ ਕਰ ਰਹੀ ਹੈ, ਜਿਸ ਵਿੱਚ ਸਮੁੱਚੇ ਪੰਜਾਬ ਵਿੱਚੋਂ ਮੁਲਾਜ਼ਮ ਤੇ ਪੰਜਾਬ ਪੈਨਸ਼ਨਰ ਯੂਨੀਅਨ ਦੇ ਸਾਥੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਇਸ ਮੀਟਿੰਗ ਵਿੱਚ ਸੁਰਿੰਦਰ ਸਿੰਘ ਬਰਾੜ, ਗੁਰਦੀਪ ਸਿੰਘ ਮੁੱਲਾਂਪੁਰ, ਰਾਜਵੀਰ ਸਿੰਘ, ਪ੍ਰਧਾਨ ਮਨਦੀਪ ਸਿੰਘ ਮੱਖੂ, ਸਤਨਾਮ ਸਿੰਘ ਸੀਵੀਆ, ਗੁਰਪ੍ਰੀਤ ਸਿੰਘ ਧੂਹੜ ਤੇ ਹੋਰ ਸਾਥੀ ਸ਼ਾਮਲ ਸਨ।

# ਰੈਲੀ 'ਚ ਪਹੁੰਚਣ 'ਤੇ ਵਿਧਾਇਕ ਵੱਲੋਂ ਲੋਕਾਂ ਦਾ ਧੰਨਵਾਦ

**ਫਿਰੋਜ਼ਪੁਰ ਫੀਡਰ ਨਹਿਰ ਦੇ ਨਵੀਨੀਕਰਨ ਨਾਲ 2681 ਕਿਊਸਕ ਵੱਧ ਪਾਣੀ ਮਿਲੇਗਾ : ਕਟਾਰੀਆ**



**ਮੱਖੂ (ਰਛਪਾਲ ਸਿੰਘ ਸੰਧੂ)**-ਆਮ ਆਦਮੀ ਪਾਰਟੀ ਦੀ ਹੋਈ ਰੈਲੀ ਵਿੱਚ ਵਿਧਾਨ ਸਭਾ ਹਲਕਾ ਜ਼ੀਰਾ ਦੇ ਸ਼ਹਿਰਾਂ ਤੇ ਪਿੰਡਾਂ ਦੇ ਲੋਕਾਂ ਦੇ ਪਹੁੰਚਣ ਦਾ ਧੰਨਵਾਦ ਕਰਦਿਆਂ ਵਿਧਾਇਕ ਨਰੇਸ਼ ਕਟਾਰੀਆ ਨੇ ਕਿਹਾ ਕਿ ਨਿਮਾਣੇ ਜਿਹੇ ਸੇਵਾਦਾਰ ਵੱਲੋਂ ਰੈਲੀ ਬਾਰੇ ਥੋੜ੍ਹੇ ਜਿਹੇ ਸਮੇਂ ਵਿੱਚ ਦਿੱਤੇ ਸੱਦੇ 'ਤੇ ਰੈਲੀ ਵਿੱਚ ਪਹੁੰਚ ਕੇ ਜੋ ਮੇਰਾ ਮਾਣ ਵਧਾਇਆ ਹੈ, ਉਸ ਮੈਂ ਕਦੇ ਭੁੱਲ ਨਹੀਂ ਸਕਦਾ।ਮੈਂ ਹਮੇਸ਼ਾਂ ਹੀ ਤੁਹਾਡੀ ਸੇਵਾ ਵਿੱਚ ਹਾਜ਼ਰ ਰਿਹਾ ਹੈ ਤੇ ਸੇਵਾ ਕਰਦਾ ਰਹਾਂਗਾ।ਵਿਧਾਇਕ ਨਰੇਸ਼ ਕਟਾਰੀਆ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜੋ ਫਿਰੋਜ਼ਪੁਰ ਫੀਡਰ ਨਹਿਰ ਦੇ ਨਵੀਨੀਕਰਨ ਕਰਵਾਇਆ ਗਿਆ ਹੈ।ਫਿਰੋਜ਼ਪੁਰ ਫੀਡਰ ਨਹਿਰ ਦਾ ਨਵੀਨੀਕਰਨ ਹੋਣ ਨਾਲ ਇਸ ਦਾ ਫਾਇਦਾ ਜਿੱਥੇ ਮੱਖੂ ਇਲਾਕੇ ਨੂੰ ਮਿਲੇਗਾ, ਉੱਥੇ ਇਸ ਪ੍ਰੋਜੈਕਟ ਦਾ ਸਿੱਧਾ ਫਾਇਦਾ ਜ਼ਿਲ੍ਹਾ ਫਿਰੋਜ਼ਪੁਰ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ ਤੇ ਫਾਜ਼ਿਲਕਾ ਲਈ ਵਰਦਾਨ ਸਾਬਿਤ ਹੋਵੇਗਾ।ਇਸ ਪ੍ਰੋਜੈਕਟ ਨਾਲ ਨਹਿਰ ਦੀ ਸਮਰੱਥਾ 2681 ਕਿਊਸਕ ਵਧ ਜਾਵੇਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਵੱਲੋਂ ਹਮੇਸ਼ਾ ਹੀ ਜ਼ਮੀਨੀ ਪੱਧਰ 'ਤੇ ਕੰਮ ਕੀਤੇ ਹਨ, ਜਿਸ ਦੀ ਤਾਜ਼ਾ ਮਿਸਾਲ ਫਿਰੋਜ਼ਪੁਰ ਫੀਡਰ ਨਹਿਰ ਦਾ ਨਵੀਨੀਕਰਨ ਕਰਵਾਉਣ ਦਾ ਹੈ।ਇਸ ਮੌਕੇ ਨਗਰ ਪੰਚਾਇਤ ਮੱਖੂ ਦੇ ਪ੍ਰਧਾਨ ਨਰਿੰਦਰ ਕਟਾਰੀਆ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਵੀਰ ਲਹਿਰਾ, ਬਲਾਕ ਪ੍ਰਧਾਨ ਸੰਦੀਪ ਠੁਕਰਾਲ, ਨਗਰ ਪੰਚਾਇਤ ਮੱਖੂ ਦੇ ਕੌਂਸਲਰ ਮਨਜਿੰਦਰ ਸਿੰਘ, ਵੀਨੂੰ ਸ਼ਾਹ, ਦਵਿੰਦਰ ਸਿੰਘ ਬੱਬੂ, ਤਿਲਕ ਰਾਜ, ਗੁਰਜੰਟ ਸਿੰਘ, ਸੌਰਵ ਆਹੂਜਾ ਆਦਿ ਹਾਜ਼ਰ ਸਨ।

## ਕੇਂਦਰੀ ਜੇਲ੍ਹ 'ਚੋਂ ਮੋਬਾਇਲ ਤੇ ਨਸ਼ੀਲੇ ਪਦਾਰਥ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ ਇੱਕ ਵਾਰ ਫਿਰ ਸੁਰਖੀਆਂ ਵਿੱਚ ਹੈ। ਜੇਲ੍ਹ ਅੰਦਰ ਚੌਕਸੀ ਨੂੰ ਵਧਾਉਂਦੇ ਹੋਏ ਕੀਤੀ ਗਈ ਤਲਾਸ਼ੀ ਮੁਹਿੰਮ ਤੇ ਬਾਹਰੋਂ ਸੁੱਟੇ ਗਏ ਸਾਮਾਨ (ਥਰੋ) ਦੌਰਾਨ ਵੱਡੀ ਮਾਤਰਾ ਵਿੱਚ ਮੋਬਾਇਲ ਫੋਨ ਤੇ ਹੋਰ ਨਸ਼ੀਲੀ ਸਮੱਗਰੀ ਬਰਾਮਦ ਕੀਤੀ ਗਈ। ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ 42 ਤੇ 52-ਏ ਪਰੀਸੰਨਜ਼ ਐਕਟ ਮੁਕੱਦਮਾ ਦਰਜ ਕਰ ਲਿਆ ਹੈ। ਥਾਣਾ ਸਿਟੀ ਫਿਰੋਜ਼ਪੁਰ ਦੇ ਜਾਂਚ ਅਧਿਕਾਰੀ ਐੱਸ ਆਈ ਸੁਖਦੇਵ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਂਦਰੀ ਜੇਲ੍ਹ ਫਿਰੋਜ਼ਪੁਰ ਦੇ ਸਹਾਇਕ ਸੁਪਰਡੈਂਟ ਵੱਲੋਂ ਵੱਖ-ਵੱਖ ਪੱਤਰ ਨੰਬਰਾਂ ਰਾਹੀਂ ਪੁਲਸ ਨੂੰ ਸੂਚਿਤ ਕੀਤਾ ਗਿਆ ਸੀ।

ਜੇਲ੍ਹ ਪ੍ਰਸ਼ਾਸਨ ਵੱਲੋਂ ਜੇਲ੍ਹ ਦੀਆਂ ਵੱਖ-ਵੱਖ ਬੈਰਕਾਂ ਦੀ ਅਚਨਚੇਤ ਤਲਾਸ਼ੀ ਲਈ ਗਈ ਤੇ ਜੇਲ੍ਹ ਦੀਆਂ ਕੰਧਾਂ ਅੰਦਰ ਸੁੱਟੇ ਗਏ ਪੈਕਟਾਂ (ਥਰੋ) ਨੂੰ ਕਬਜ਼ੇ ਵਿੱਚ ਲਿਆ ਗਿਆ। ਇਸ ਸਰਚ ਆਪ੍ਰੇਸ਼ਨ ਦੌਰਾਨ ਪੁਲਸ ਤੇ ਜੇਲ੍ਹ ਸਟਾਫ ਨੂੰ 6 ਮੋਬਾਇਲ ਫੋਨ, 6 ਪੈਕਟ ਬੀੜੀਆਂ, 99 ਪੁੜੀਆਂ ਤੰਬਾਕੂ, 210 ਗ੍ਰਾਮ ਖੁੱਲ੍ਹਾ ਜਰਦਾ ਬਰਾਮਦ ਹੋਇਆ ਹੈ। ਐੱਸਆਈ ਸੁਖਦੇਵ ਸਿੰਘ ਨੇ ਦੱਸਿਆ ਕਿ ਜੇਲ੍ਹ ਪ੍ਰਸ਼ਾਸਨ ਦੀ ਸ਼ਿਕਾਇਤ ਦੇ ਆਧਾਰ 'ਤੇ ਥਾਣਾ ਸਿਟੀ ਫਿਰੋਜ਼ਪੁਰ ਵਿਖੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਪੁਲਸ ਹੁਣ ਇਸ ਗੱਲ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਕਿ ਇਹ ਮੋਬਾਇਲ ਫੋਨ ਤੇ ਨਸ਼ੀਲੇ ਪਦਾਰਥ ਜੇਲ੍ਹ ਅੰਦਰ ਕਿਸ ਕੈਦੀ ਤੱਕ ਪਹੁੰਚਾਏ ਜਾਣੇ ਸਨ।

## ਗਿਆਨੀ ਰਘਬੀਰ ਸਿੰਘ ਵੱਲੋਂ ਲਾਏ ਦੋਸ਼ ਬੇਬੁਨਿਆਦ : ਦਰਸ਼ਨ ਸਿੰਘ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਦਰਸ਼ਨ ਸਿੰਘ ਮੋਠਾਂ ਵਾਲਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਐੱਸ ਜੀ ਪੀ ਸੀ 'ਤੇ ਲਾਏ ਦੋਸ਼ਾਂ ਨੂੰ ਬੇਬੁਨਿਆਦ ਕਰਾਰ ਦਿੱਤਾ ਹੈ।ਜਥੇਦਾਰ ਮੋਠਾਂ ਵਾਲਾ ਨੇ ਗਿਆਨੀ ਰਘਬੀਰ ਸਿੰਘ ਵੱਲੋਂ ਸ੍ਰੀ ਅਖੰਡ ਪਾਠ ਸਬੰਧੀ ਲਾਏ ਦੋਸ਼ਾਂ ਨੂੰ ਸਿਰੇ ਤੋਂ ਨਕਾਰਿਆ।ਉਨ੍ਹਾਂ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਐੱਸਜੀਪੀਸੀ ਤੇ ਅਕਾਲੀ ਦਲ 'ਤੇ ਲਗਾਏ ਇਲਜ਼ਾਮਾਂ ਨੂੰ ਬੇਬੁਨਿਆਦ ਤੇ ਸਾਜ਼ਿਸ਼ੀ ਕਰਾਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਇਹ ਇਲਜ਼ਾਮ ਸਿਆਸਤ ਤੋਂ ਪ੍ਰੇਰਿਤ ਹਨ ਤੇ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਦੇ ਅਹੁਦੇ ਦੀ ਮਰਿਆਦਾ ਦੇ ਉਲਟ ਹਨ, ਜਿਸ ਨਾਲ ਸਿੱਖ ਸੰਸਥਾਵਾਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ।ਇਨ੍ਹਾਂ ਬੇਬੁਨਿਆਦ ਬਿਆਨਾਂ 'ਤੇ ਸਵਾਲ ਉਠਾਉਂਦਿਆਂ ਜਥੇਦਾਰ ਮੋਠਾਂ ਵਾਲਾ ਨੇ ਕਿਹਾ ਕਿ ਗਿਆਨੀ ਰਘਬੀਰ ਸਿੰਘ ਵੱਲੋਂ ਸੋਚੀ ਸਮਝੀ ਸਾਜ਼ਿਸ਼ ਤਹਿਤ ਪਰਚਾ ਪੜ੍ਹਿਆ ਗਿਆ ਹੈ। ਉਨ੍ਹਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਇਸ ਮਾਮਲੇ ਦੀ ਜਾਂਚ ਦੀ ਮੰਗ ਕੀਤੀ ਹੈ।

# ਡੀਪੂ ਹੋਲਡਰਾਂ ਵੱਲੋਂ ਸਰਕਾਰ ਵਿਰੁੱਧ ਮੋਰਚਾ ਖੋਲ੍ਹਣ ਦਾ ਐਲਾਨ

**6 ਅਪ੍ਰੈਲ ਨੂੰ ਹੋਵੇਗਾ ਮੁੱਖ ਮੰਤਰੀ ਦੀ ਸੰਗਰੂਰ ਕੋਠੀ ਦਾ ਘਿਰਾਓ : ਕਾਂਝਲਾ**



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਰਾਸ਼ਨ ਡਿੱਪੂ ਹੋਲਡਰ ਫੈਡਰੇਸ਼ਨ ਪੰਜਾਬ ਨੇ ਸੂਬਾ ਸਰਕਾਰ ਦੀਆਂ ਕਥਿਤ ਮਾਰੂ ਨੀਤੀਆਂ ਤੇ ਡਿੱਪੂ ਹੋਲਡਰਾਂ ਦੇ ਰੁਜ਼ਗਾਰ ਨੂੰ ਖ਼ਤਰੇ ਵਿੱਚ ਪਾਉਣ ਵਾਲੇ ਫੈਸਲਿਆਂ ਵਿਰੁੱਧ ਆਰ-ਪਾਰ ਦੀ ਲੜਾਈ ਦਾ ਐਲਾਨ ਕਰ ਦਿੱਤਾ ਹੈ।ਵੀਰਵਾਰ ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਦੀ ਪ੍ਰਧਾਨਗੀ ਹੇਠ ਹੋਈ ਇੱਕ ਅਹਿਮ ਮੀਟਿੰਗ ਵਿੱਚ ਸਰਕਾਰ ਦੀ ਬੇਰੁਖ਼ੀ ਵਿਰੁੱਧ ਸਖ਼ਤ ਰੋਸ ਜਤਾਇਆ ਗਿਆ।ਇਸ ਦੌਰਾਨ ਫੈਸਲਾ ਲਿਆ ਗਿਆ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਚਿਰੋਕਣੀ ਮੰਗਾਂ ਵੱਲ ਧਿਆਨ ਨਾ ਦਿੱਤਾ, ਤਾਂ 6 ਅਪ੍ਰੈਲ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਸੰਗਰੂਰ ਸਥਿਤ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਰਸੋਈ ਸਕੀਮ' ਤਹਿਤ ਰਾਸ਼ਨ ਦਾ ਸਾਮਾਨ ਮਾਰਕਫੈੱਡ ਰਾਹੀਂ ਵੰਡਾਉਣ ਦਾ ਫੈਸਲਾ ਡਿੱਪੂ ਹੋਲਡਰਾਂ ਦੇ ਹਿੱਤਾਂ 'ਤੇ ਵੱਡਾ ਡਾਕਾ ਹੈ।ਉਨ੍ਹਾਂ ਕਿਹਾ ਕਿ ਡਿੱਪੂ ਹੋਲਡਰ ਦਹਾਕਿਆਂ ਤੋਂ ਜਨਤਕ ਵੰਡ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਰਹੇ ਹਨ, ਪਰ ਸਰਕਾਰ ਹੁਣ ਉਨ੍ਹਾਂ ਨੂੰ ਇਸ ਪ੍ਰਣਾਲੀ ਵਿੱਚੋਂ ਬਾਹਰ ਕਰਕੇ ਮਾਰਕਫੈੱਡ ਵਰਗੇ ਅਦਾਰਿਆਂ ਨੂੰ ਅੱਗੇ ਵਧਾ ਰਹੀ ਹੈ।ਜਥੇਬੰਦੀ ਨੇ ਮੰਗ ਕੀਤੀ ਕਿ ਰਸੋਈ ਸਕੀਮ ਸਮੇਤ ਸਾਰਾ ਰਾਸ਼ਨ ਸਿਰਫ਼ ਰਜਿਸਟਰਡ ਡਿੱਪੂ ਹੋਲਡਰਾਂ ਰਾਹੀਂ ਹੀ ਵੰਡਿਆ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਹਿੰਦਰ ਸਿੰਘ ਰਣੀਕੇ, ਜਸਵੀਰ ਸਿੰਘ, ਪਰਮਜੀਤ ਸਿੰਘ ਹਾਂਡਾ, ਬਲਵਿੰਦਰ ਸਿੰਘ, ਬਿੱਟੂ ਬਾਠ, ਭਰਪੂਰ ਸਿੰਘ ਬੇਨੜਾ ਤੇ ਸਰਬਜੀਤ ਸਿੰਘ ਧੂਰੀ ਸਮੇਤ ਵੱਡੀ ਗਿਣਤੀ ਵਿੱਚ ਡਿੱਪੂ ਹੋਲਡਰ ਹਾਜ਼ਰ ਸਨ।

# ਐੱਸ ਬੀ ਐੱਸ ਸਟੇਟ ਯੂਨੀਵਰਸਿਟੀ ਵਿਖੇ ਰਾਸ਼ਟਰੀ ਕਾਨਫ਼ਰੰਸ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਥਾਨਕ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਦੁਆਰਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਸੁਰੇਸ਼ ਕੁਮਾਰ ਸ਼ਰਮਾ ਦੀ ਅਗਵਾਈ ਵਿਚ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਦੇ ਸਹਿਯੋਗ ਨਾਲ 'ਪੰਜਾਬ ਦੇ ਪੇਂਡੂ ਸਰਹੱਦੀ ਖੇਤਰਾਂ ਵਿੱਚ ਜਲਵਾਯੂ-ਸਮਾਰਟ ਖੇਤੀਬਾੜੀ ਅਭਿਆਸਾਂ ਰਾਹੀਂ ਸਥਿਰਤਾ ਵਧਾਉਣਾ' ਵਿਸ਼ੇ 'ਤੇ ਇੱਕ-ਰੋਜ਼ਾ ਰਾਸ਼ਟਰੀ ਕਾਨਫਰੰਸ ਕੀਤੀ ਗਈ। ਇਸ ਕਾਨਫਰੰਸ ਦਾ ਉਦੇਸ਼ ਫਿਰੋਜ਼ਪੁਰ ਜ਼ਿਲ੍ਹੇ ਦੇ ਪੇਂਡੂ ਸਰਹੱਦੀ ਖੇਤਰਾਂ ਨੂੰ ਦਰਪੇਸ਼ ਖੇਤੀਬਾੜੀ-ਵਾਤਾਵਰਣ ਚੁਣੌਤੀਆਂ 'ਤੇ ਵਿਚਾਰ-ਵਟਾਂਦਰਾ ਕਰਨਾ ਸੀ, ਜਿਸ ਵਿਚ ਜਲਵਾਯੂ ਪਰਿਵਰਤਨਸ਼ੀਲਤਾ, ਭੂਮੀਗਤ ਪਾਣੀ ਦੀ ਕਮੀ, ਮਿੱਟੀ ਦਾ ਪਤਨ, ਫਸਲਾਂ ਦੀ ਰਹਿੰਦ-ਖੂੰਹਦ ਸਾੜਨਾ ਤੇ ਖੇਤੀਬਾੜੀ ਰਸਾਇਣਾਂ ਦੀ ਬਹੁਤ ਜ਼ਿਆਦਾ ਵਰਤੋਂ ਸ਼ਾਮਲ ਹੈ। ਇਸ ਕਾਨਫਰੰਸ ਵਿੱਚ ਉੱਘੇ ਸਿੱਖਿਆ ਸ਼ਾਸਤਰੀਆਂ, ਵਿਗਿਆਨੀਆਂ, ਨੀਤੀ ਨਿਰਮਾਤਾਵਾਂ, ਖੋਜ-ਕਰਤਾਵਾਂ ਤੇ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਚੰਡੀਗੜ੍ਹ ਦੇ ਕਾਰਜਕਾਰੀ ਨਿਰਦੇਸ਼ਕ ਇੰਜੀਨੀਅਰ ਪ੍ਰਿਤਪਾਲ ਸਿੰਘ ਨੇ ਰਾਸ਼ਟਰੀ ਤੇ ਵਿਸ਼ਵ ਪੱਧਰ 'ਤੇ ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਨੂੰ ਉਜਾਗਰ ਕਰਦੇ ਹੋਏ ਔਨਲਾਈਨ ਰੂਬਰੂ ਹੁੰਦਿਆਂ ਤਾਲਮੇਲ ਵਾਲੇ ਵਿਗਿਆਨਕ ਤੇ ਨੀਤੀਗਤ ਦਖਲਅੰਦਾਜ਼ੀ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਪ੍ਰਿੰਸੀਪਲ ਸਾਇੰਟਿਸਟ ਡਾ. ਪ੍ਰਭਜੋਤ ਕੌਰ ਸਿੱਧੂ, ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਦੇ ਮੁਖੀ ਡਾ. ਸੁਰਿੰਦਰ ਸਿੰਘ ਕੁੱਕਲ, ਪ੍ਰੋ. ਸੰਦੀਪ ਕੌਰ ਡੀਨ ਸਕੂਲ ਆਫ਼ ਸੋਸ਼ਲ ਸਾਇੰਸਜ਼, ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ ਬਠਿੰਡਾ ਨੇ ਪੰਜਾਬ ਵਿੱਚ ਜਲਵਾਯੂ ਪਰਿਵਰਤਨ-ਕਾਰਨ ਤੇ ਪ੍ਰਭਾਵ ਵਿਸ਼ੇ 'ਤੇ ਇਕ ਭਾਸ਼ਣ ਦਿੱਤਾ। ਇਸ ਕਾਨਫਰੰਸ ਵਿੱਚ ਨੌਜਵਾਨ ਖੋਜ-ਕਰਤਾਵਾਂ ਨੂੰ ਉਤਸ਼ਾਹਤ ਕਰਨ ਲਈ ਇਕ ਪੋਸਟਰ ਪੇਸ਼ਕਾਰੀ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਗਗਨਦੀਪ ਕੌਰ ਰਿਸਰਚ ਸਕਾਲਰ ਨੇ ਪਹਿਲਾ ਇਨਾਮ ਪ੍ਰਾਪਤ ਕੀਤਾ। ਦੂਜਾ ਇਨਾਮ ਡਾ. ਪਰਮਪ੍ਰੀਤ ਕੌਰ ਤੇ ਸਿਵਲ ਇੰਜੀਨੀਅਰਿੰਗ ਵਿਭਾਗ ਦੀ ਟੀਮ ਨੂੰ ਦਿੱਤਾ ਗਿਆ, ਜਦਕਿ ਹਰਮਨਦੀਪ ਕੌਰ ਬੀ. ਵੋਕ ਐਗਰੀਕਲਚਰ ਤੇ ਕਿਰਨਪ੍ਰੀਤ ਕੌਰ ਨੇ ਤੀਜਾ ਇਨਾਮ ਪ੍ਰਾਪਤ ਕੀਤਾ। ਕਾਨਫ਼ਰੰਸ ਡਾ. ਬਲਪ੍ਰੀਤ ਕੌਰ, ਡਾ. ਰਾਜੀਵ ਅਰੋੜਾ, ਡਾ. ਪੰਕਜ ਕਾਲੜਾ ਤੇ ਰਜਿਸਟਰਾਰ, ਡਾ. ਗਜ਼ਲ ਪ੍ਰੀਤ ਅਰਨੇਜਾ ਦੀ ਪ੍ਰਬੰਧਕ ਟੀਮ ਦੁਆਰਾ ਦਿੱਤੇ ਗਏ ਧੰਨਵਾਦ ਦੇ ਰਸਮੀ ਮਤੇ ਨਾਲ ਸਮਾਪਤ ਹੋਈ।

## ਸਿਵਲ ਸੁਸਾਇਟੀ ਮੋਗਾ ਵੱਲੋਂ 'ਪੰਜਾਬ ਦੀ ਗੱਲ' ਵਿਸ਼ੇ 'ਤੇ ਸੈਮੀਨਾਰ 8 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**-ਸੰਘਰਸ਼ਾਂ ਤੇ ਸਿਆਸੀ ਰੈਲੀਆਂ ਦੀ ਧਰਤੀ ਮੋਗਾ ਵਿਖੇ ਅੰਤਰ-ਰਾਸ਼ਟਰੀ ਔਰਤ ਦਿਵਸ ਮੌਕੇ 8 ਮਾਰਚ ਨੂੰ ਸਿਵਲ ਸੁਸਾਇਟੀ ਮੋਗਾ ਵੱਲੋਂ 'ਪੰਜਾਬ ਦੀ ਗੱਲ' ਵਿਸ਼ੇ ਤੇ ਸੈਮੀਨਾਰ ਕਰਵਾਇਆ ਜਾ ਰਿਹਾ ਹੈ, ਜੋ ਕਿ ਕਾਮਰੇਡ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਦੁਪਹਿਰ ਦੋ ਵਜੇ ਤੋਂ ਪੰਜ ਤੱਕ ਹੋਵੇਗਾ।ਇਸ ਸੈਮੀਨਾਰ ਵਿੱਚ ਉਕਤ ਵਿਸ਼ਿਆਂ 'ਤੇ ਖੁੱਲੀ ਗੱਲਬਾਤ ਕਰਨ ਲਈ ਈ ਡੀ ਦੇ ਸਾਬਕਾ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਇਸ ਤੋਂ ਮੋਗਾ ਸ਼ਹਿਰ ਦੇ ਬੁੱਧੀਜੀਵੀ, ਲੇਖਕ, ਸਮਾਜਿਕ ਧਾਰਮਿਕ ਤੇ ਰਾਜਨੀਤਕ ਆਗੂ, ਮੁਲਾਜ਼ਮ, ਮਜ਼ਦੂਰ, ਕਿਸਾਨ, ਵਿਦਿਆਰਥੀ, ਦੁਕਾਨਦਾਰ ਤੇ ਵਪਾਰਕ ਜਥੇਬੰਦੀਆਂ ਦੇ ਆਗੂ ਤੇ ਆਮ ਲੋਕ ਸ਼ਮੂਲੀਅਤ ਕਰਨਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸੁਸਾਇਟੀ ਮੋਗਾ ਦੇ ਪ੍ਰਜ਼ੀਡੀਅਮ ਮੈਂਬਰ ਮਹਿੰਦਰ ਪਾਲ ਲੂੰਬਾ, ਅਮਰਜੀਤ ਸਿੰਘ ਜੱਸਲ ਤੇ ਬਲਵਿੰਦਰ ਸਿੰਘ ਰੋਡੇ ਨੇ ਸਿਵਲ ਸੁਸਾਇਟੀ ਮੋਗਾ ਦੇ ਦਫਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਪੰਜਾਬ ਸਮੱਸਿਆਵਾਂ ਦੇ ਦੌਰ ਵਿੱਚੋਂ ਲੰਘ ਰਿਹਾ ਹੈ।

# ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਸਾਲਾਨਾ ਅਥਲੈਟਿਕ ਮੀਟ ਕਰਾਈ



**ਦੋਰਾਹਾ (ਹਰਮਿੰਦਰ ਸੇਠ)**

ਗੁਰੂ ਨਾਨਕ ਨੈਸ਼ਨਲ ਕਾਲਜ ਦੀ 49ਵੀਂ ਸਾਲਾਨਾ ਐਥਲੈਟਿਕ ਮੀਟ ਦਾ ਆਯੋਜਨ ਕਾਲਜ ਦੇ ਗੁਰੂ ਨਾਨਕ ਸਟੇਡੀਅਮ ਵਿਚ ਬੜੇ ਉਤਸ਼ਾਹ ਨਾਲ ਕੀਤਾ ਗਿਆ।ਇਸ ਖੇਡ-ਸਮਾਰੋਹ ਵਿੱਚ ਏਸ਼ੀਅਨ ਖੇਡਾਂ 'ਚ ਮੱਲਾਂ ਮਾਰਨ ਵਾਲੇ ਅਰਜੁਨ ਐਵਾਰਡੀ ਸੁੱਚਾ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਐਥਲੈਟਿਕਸ ਕੋਚ, ਐੱਨ ਆਈ ਐੱਸ ਭਗਵੰਤ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਸਮਾਰੋਹ ਦੇ ਆਰੰਭ ਵਿੱਚ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਮੁੱਖ ਮਹਿਮਾਨ, ਇਲਾਕੇ ਭਰ 'ਚੋਂ ਆਏ ਖੇਡ ?ਪ੍ਰੇਮੀਆਂ, ਖਿਡਾਰੀਆਂ ਤੇ ਦਰਸ਼ਕਾਂ ਨੂੰ ਜੀ ਆਇਆਂ ਨੂੰ ਕਿਹਾ। ਉਪਰੰਤ ਕਾਲਜ ਦੇ ਐੱਨ.ਸੀ.ਸੀ. ਕੈਡਿਟਾਂ, ਐੱਨ.ਐੱਸ.ਐੱਸ. ਵਲੰਟੀਅਰਾਂ, ਸਰੀਰਕ ਸਿੱਖਿਆ ਵਿਭਾਗ ਦੇ ਖਿਡਾਰੀ ਵਿਦਿਆਰਥੀਆਂ ਤੇ ਵੱਖ ?ਵੱਖ ਕਲਾਸਾਂ ਦੇ ਹੋਰ ਵਿਦਿਆਰਥੀਆਂ ਨੇ ਮਾਰਚ-ਪਾਸਟ ਵਿਚ ਹਿੱਸਾ ਲਿਆ।ਇਸ ਵਿੱਦਿਅਕ ਵਰ੍ਹੇ ਦੌਰਾਨ ਵੱਖ-ਵੱਖ ਖੇਡ ਮੁਕਾਬਲਿਆਂ ਵਿਚ ਜੇਤੂ ਰਹੇ ਕਾਲਜ ਖਿਡਾਰੀਆਂ ਨੇ ਮਸ਼ਾਲ ਬਾਲਣ ਦੀ ਰਸਮ ਅਦਾ ਕੀਤੀ।ਅਥਲੈਟਿਕ ਮੀਟ ਦੇ ਆਰੰਭ ਵਿੱਚ ਜੱਜਾਂ ਤੇ ਖਿਡਾਰੀਆਂ ਵੱਲੋਂ ਖੇਡ ਮੁਕਾਬਲਿਆਂ ਵਿੱਚ ਭਾਗ ਲੈਣ ਅਤੇ ਨਤੀਜੇ ਐਲਾਨਣ 'ਚ ਸੱਚੀ-ਸੁੱਚੀ ਖੇਡ ਭਾਵਨਾ ਨੂੰ ਕਾਇਮ ਰੱਖਣ ਦੀ ਸਹੁੰ ਚੁੱਕੀ ਗਈ।ਇਸ ਮੌਕੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ, ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਕਾਲਜ ਪ੍ਰਿੰਸੀਪਲ ਤੇ ਡੀਨ ਆਫ਼ ਸਪੋਰਟਸ ਨੇ ਸਾਂਝੇ ਤੌਰ 'ਤੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਤੇ ਜੋਸ਼, ਸ਼ਾਂਤੀ ਤੇ ਪਵਿੱਤਰਤਾ ਦੇ ਪ੍ਰਤੀਕ ਗ਼ੁਬਾਰੇ ਉਡਾਏ ਗਏ।ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾ. ਨਿਰਲੇਪ ਕੌਰ ਨੇ ਸਾਲਾਨਾ ਰਿਪੋਰਟ ਪੇਸ਼ ਕੀਤੀ।ਇਸ ਉਪਰੰਤ ਕਾਲਜ ਦੇ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ।ਉਦਘਾਟਨੀ ਭਾਸ਼ਣ ਵਿੱਚ ਮੁੱਖ ਮਹਿਮਾਨ ਸੁੱਚਾ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਖੇਡਾਂ ਵਿੱਚ ਵਧ ?ਚੜ੍ਹ ਕੇ ਹਿੱਸਾ ਲੈਣ, ਅਨੁਸ਼ਾਸਨ ਵਿੱਚ ਰਹਿਣ, ਜ਼ਿੰਮੇਵਾਰ ਨਾਗਰਿਕ ਬਣਨ ਤੇ ਸਮੇਂ ਦੀ ਕਦਰ ਕਰਨ ਲਈ ਪ੍ਰੇਰਿਆ।ਇਸ ਮੌਕੇ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਨੂੰ ਕਾਲਜ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਇਸ ਖੇਡ ਸਮਾਰੋਹ ਵਿੱਚ ਪਹੁੰਚੇ ਮਹਿਮਾਨਾਂ ਤੇ ਪਤਵੰਤੇ ਸੱਜਣਾਂ ਧੰਨਵਾਦ ਕੀਤਾ।

ਇਨ੍ਹਾਂ ਮੁਕਾਬਲਿਆਂ ਵਿੱਚ ਲੜਕਿਆਂ ਵਿਚੋਂ ਰਾਜ ਯਾਦਵ ਬੀ. ਕਾਮ. ਭਾਗ ਦੂਜਾ ਤੇ ਲੜਕੀਆਂ ਵਿੱਚੋਂ ਕਰਮਜੀਤ ਕੌਰ ਬੀ.ਏ. ਭਾਗ ਤੀਜਾ ਨੂੰ ਸਰਬੋਤਮ ਐਥਲੀਟ ਐਲਾਨਿਆ ਗਿਆ।ਮੰਚ ਸੰਚਾਲਨ ਦੀ ਕਾਰਵਾਈ ਡਾ. ਲਵਲੀਨ ਬੈਂਸ, ਪ੍ਰੋ. ਜਗਰੂਪ ਸਿੰਘ ਤੇ ਡਾ. ਗੁਰਪ੍ਰੀਤ ਸਿੰਘ ਨੇ ਬਾਖੂਬੀ ਨਿਭਾਈ।

## ਲੈਬ ਸੁਪਰਡੈਂਟ ਜਸਦੇਵ ਸਿੰਘ ਨੂੰ ਸੇਵਾ ਮੁਕਤੀ 'ਤੇ ਨਿੱਘੀ ਵਿਦਾਇਗੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿਖੇ ਯੂਸਿਕ ਵਿਭਾਗ ਦੀ ਗਲਾਸ ਬਲੋਇੰਗ ਵਰਕਸ਼ਾਪ ਦੇ ਲੈਬ ਸੁਪਰਡੈਂਟ ਸ੍. ਜਸਦੇਵ ਸਿੰਘ ਆਪਣੀਆਂ ਬੇਦਾਗ ਸੇਵਾਵਾਂ ਉਪਰੰਤ ਸੇਵਾ-ਮੁਕਤ ਹੋ ਗਏ।ਇਸ ਮੌਕੇ ਉਨ੍ਹਾਂ ਨੂੰ ਯੂਨੀਵਰਸਿਟੀ ਗੈਸਟ ਹਾਊਸ ਵਿਖੇ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ।ਵਿਦਾਇਗੀ ਪਾਰਟੀ ਵਿੱਚ ਵਿਸ਼ੇਸ਼ ਤੌਰ 'ਤੇ ਹਾਜ਼ਿਰ ਹੋਏ ਯੂਨੀਵਰਸਿਟੀ ਸਾਇੰਸ ਇੰਸਟਰੂਮੈਂਟੇਸ਼ਨ ਸੈਂਟਰ (ਯੂਸਿਕ ਵਿਭਾਗ) ਦੇ ਇੰਚਾਰਜ ਡਾ. ਹਰਮਿੰਦਰ ਸਿੰਘ ਖੋਖਰ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਗਈ।ਡਾ. ਹਰਮਿੰਦਰ ਸਿੰਘ ਖੋਖਰ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਸ੍. ਜਸਦੇਵ ਸਿੰਘ ਵਰਗੇ ਮਿਹਨਤੀ ਤੇ ਇਮਾਨਦਾਰ ਕਰਮਚਾਰੀ ਕਿਸੇ ਵੀ ਸੰਸਥਾ ਦਾ ਸਰਮਾਇਆ ਹੁੰਦੇ ਹਨ।ਉਨ੍ਹਾਂ 40 ਸਾਲ ਦੀ ਆਪਣੀ ਲੰਬੀ ਸੇਵਾ ਦੌਰਾਨ ਵਿਭਾਗ ਦੀਆਂ ਜ਼ਿੰਮੇਵਾਰੀਆਂ ਨੂੰ ਬੜੀ ਤਨਦੇਹੀ ਤੇ ਨਿਪੁੰਨਤਾ ਨਾਲ ਨਿਭਾਇਆ ਹੈ।ਉਨ੍ਹਾਂ ਕਿਹਾ ਕਿ ਸ੍. ਜਸਦੇਵ ਸਿੰਘ ਦਾ ਸੁਭਾਅ ਤੇ ਕੰਮ ਪ੍ਰਤੀ ਸਮਰਪਣ ਨਵੇਂ ਕਰਮਚਾਰੀਆਂ ਲਈ ਹਮੇਸ਼ਾ ਪ੍ਰੇਰਣਾ ਸਰੋਤ ਰਹੇਗਾ।ਯੂਸਿਕ ਵਿਭਾਗ ਵਿੱਚ ਉਨ੍ਹਾਂ ਵੱਲੋਂ ਪਾਏ ਗਏ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਸ੍. ਜਸਦੇਵ ਸਿੰਘ ਨੇ ਆਪਣੇ ਭਾਵ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਉਨ੍ਹਾਂ ਲਈ ਸਿਰਫ਼ ਇੱਕ ਕਰਮ-ਭੂਮੀ ਹੀ ਨਹੀਂ, ਸਗੋਂ ਇੱਕ ਪਰਿਵਾਰ ਵਾਂਗ ਰਹੀ ਹੈ।ਇੱਥੇ ਬਿਤਾਏ 40 ਸਾਲ ਜ਼ਿੰਦਗੀ ਦਾ ਸਭ ਤੋਂ ਅਹਿਮ ਹਿੱਸਾ ਹਨ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਮਾਣ ਹੈ ਕਿ ਉਹ ਇਸ ਵੱਕਾਰੀ ਸੰਸਥਾ ਦੀ ਸੇਵਾ ਕਰ ਸਕੇ ਹਨ।ਉਨ੍ਹਾਂ ਆਪਣੇ ਸਾਥੀ ਕਰਮਚਾਰੀਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਹਰ ਮੋੜ 'ਤੇ ਉਨ੍ਹਾਂ ਨੂੰ ਸਹਿਯੋਗ ਦਿੱਤਾ।ਇਸ ਮੌਕੇ ਯੂਨੀਵਰਸਿਟੀ ਦੇ ਯੂਸਿਕ ਵਿਭਾਗ ਦੀ ਇਲੈਕਟ੍ਰੌਨਿਕ ਵਰਕਸ਼ਾਪ ਤੋਂ ਇੰਦਰਜੀਤ ਸਿੰਘ, ਸਾਊਂਡ ਵਰਕਸ਼ਾਪ ਤੋਂ ਲਖਵਿੰਦਰ ਸਿੰਘ, ਆਫਿਸ ਇੰਚਾਰਜ ਅਮਨਦੀਪ ਸਿੰਘ ਤੇ ਪ੍ਰੀਤਪਾਲ ਸਿੰਘ ਹਾਜ਼ਰ ਰਹੇ।

## ਐੱਸ ਐੱਸ ਪੀ ਖੰਨਾ ਵੱਲੋਂ ਉੱਤਮ ਸੇਵਾ ਲਈ ਪੁਲਸ ਅਧਿਕਾਰੀ ਸਨਮਾਨਤ



**ਦੋਰਾਹਾ (ਹਰਮਿੰਦਰ ਸੇਠ)**-ਮਾਣਯੋਗ ਸੀਨੀਅਰ ਪੁਲਸ ਕਪਤਾਨ ਖੰਨਾ ਡਾ. ਦਰਪਣ ਕੌਰ ਆਹਲੂਵਾਲੀਆ (ਆਈ ਪੀ ਐੱਸ) ਵੱਲੋਂ ਸ੍. ਪ੍ਰਿਤਪਾਲ ਸਿੰਘ ਸੰਧੂ, ਡੀ ਐੱਸ ਪੀ (ਐੱਚ), ਐੱਸ ਆਈ ਜਰਨੈਲ ਸਿੰਘ ਤੇ ਐੱਸ ਆਈ ਰਾਓ ਰਵਿੰਦਰ ਸਿੰਘ ਨੂੰ ਉਨ੍ਹਾਂ ਦੀ ਨਿਸ਼ਠਾ, ਕੁਸ਼ਲ ਕਾਰਗੁਜ਼ਾਰੀ ਤੇ ਡਿਊਟੀ ਪ੍ਰਤੀ ਅਟੱਲ ਵਚਨਬੱਧਤਾ ਦੇ ਸਨਮਾਨ ਵਜੋਂ ਡੀ.ਜੀ.ਪੀ. ਕਮੈਂਡੇਸ਼ਨ ਡਿਸਕ ਨਾਲ ਸਨਮਾਨਤ ਕੀਤਾ ਗਿਆ।ਇਹ ਮਾਣਯੋਗ ਸਨਮਾਨ ਉਨ੍ਹਾਂ ਵੱਲੋਂ ਪੁਲਸ ਵਿਭਾਗ ਵਿੱਚ ਨਿਭਾਈ ਗਈ ਸ਼ਾਨਦਾਰ ਡਿਊਟੀ, ਉੱਚ ਪੇਸ਼ੇਵਰਾਨਾ ਰਵੱਈਏ ਤੇ ਇਮਾਨਦਾਰੀ ਨਾਲ ਕੀਤੀ ਗਈ ਸੇਵਾ ਦੇ ਪ੍ਰਤੀਕ ਵਜੋਂ ਪ੍ਰਦਾਨ ਕੀਤਾ ਗਿਆ ਹੈ।ਇਨ੍ਹਾਂ ਅਧਿਕਾਰੀਆਂ ਨੇ ਆਪਣੇ ਫ਼ਰਜ਼ਾਂ ਦੀ ਡਿਊਟੀ ਨਿਭਾਉਣ ਦੌਰਾਨ ਵਿਸ਼ੇਸ਼ ਸਮਰਪਣ, ਸੱਚਾਈ ਤੇ ਜ਼ਿੰਮੇਵਾਰੀ ਦੀ ਮਿਸਾਲ ਕਾਇਮ ਕੀਤੀ ਹੈ, ਜਿਸ ਨਾਲ ਪੁਲਸ ਵਿਭਾਗ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਆਇਆ ਹੈ ਅਤੇ ਲੋਕਾਂ ਵਿੱਚ ਕਾਨੂੰਨ ਪ੍ਰਤੀ ਭਰੋਸਾ ਹੋਰ ਮਜ਼ਬੂਤ ਹੋਇਆ ਹੈ।ਇਸ ਮੌਕੇ ਮਾਣਯੋਗ ਸੀਨੀਅਰ ਪੁਲਸ ਕਪਤਾਨ ਨੇ ਅਜਿਹੇ ਜ਼ਿੰਮੇਵਾਰ ਤੇ ਮਿਹਨਤੀ ਅਧਿਕਾਰੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਨ੍ਹਾਂ ਦੀ ਇਮਾਨਦਾਰ ਸੇਵਾ ਤੇ ਉੱਤਮ ਪ੍ਰਦਰਸ਼ਨ ਹੋਰ ਪੁਲਸ ਕਰਮਚਾਰੀਆਂ ਲਈ ਪ੍ਰੇਰਣਾ ਦਾ ਸਰੋਤ ਹੈ।ਵਿਭਾਗ ਨੂੰ ਆਪਣੇ ਅਜਿਹੇ ਅਧਿਕਾਰੀਆਂ 'ਤੇ ਮਾਣ ਹੈ, ਜੋ ਆਪਣੇ ਫ਼ਰਜ਼ਾਂ ਦੀ ਪਾਲਣਾ ਪੂਰੀ ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਕਰਦੇ ਹੋਏ ਕਾਨੂੰਨ-ਵਿਵਸਥਾ ਨੂੰ ਕਾਇਮ ਰੱਖਣ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ।

## ਕੁਦਰਤੀ ਖੇਤੀ ਨੂੰ ਉਤਸ਼ਾਹਤ ਕਰਨ ਲਈ ਚਾਰ ਰੋਜ਼ਾ ਸਿਖ਼ਲਾਈ ਪ੍ਰੋਗਰਾਮ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮੁੱਖ ਖੇਤੀਬਾੜੀ ਅਫਸਰ ਬਠਿੰਡਾ ਡਾ. ਹਰਬੰਸ ਸਿੰਘ ਸਿੱਧੂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਪ੍ਰੋਜੈਕਟ ਡਾਇਰੈਕਟਰ ਆਤਮਾ ਬਠਿੰਡਾ ਡਾ. ਤੇਜਦੀਪ ਕੌਰ ਬੋਪਾਰਾਏ ਦੀ ਅਗਵਾਈ ਹੇਠ ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਤੇ ਆਤਮਾ ਸਕੀਮ ਹੇਠ 'ਰਿਜਨਰੇਟਿਵ ਐਗਰੀਕਲਚਰ-ਇਕ ਕੁਦਰਤੀ ਖੇਤੀ ਪੱਧਤੀ' ਵਿਸ਼ੇ 'ਤੇ ਚਾਰ ਰੋਜ਼ਾ ਸਿਖਲਾਈ ਪ੍ਰੋਗਰਾਮ ਸਥਾਨਕ ਖੇਤੀ ਭਵਨ ਵਿਖੇ ਕਰਵਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਡਾ. ਹਰਬੰਸ ਸਿੰਘ ਸਿੱਧੂ ਨੇ ਦੱਸਿਆ ਕਿ ਇਸ ਸਿਖਲਾਈ ਪ੍ਰੋਗਰਾਮ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਰਿਜਨਰੇਟਿਵ (ਮੁੜ ਸੁਰਜੀਤ) ਤੇ ਕੁਦਰਤੀ ਖੇਤੀ ਪ੍ਰਣਾਲੀਆਂ ਬਾਰੇ ਜਾਗਰੂਕ ਕਰਨਾ, ਮਿੱਟੀ ਦੀ ਸਿਹਤ ਨੂੰ ਸੁਧਾਰਨਾ ਤੇ ਖੇਤੀ ਨੂੰ ਟਿਕਾਊ ਅਤੇ ਲਾਭਕਾਰੀ ਬਣਾਉਣਾ ਹੈ।ਸਿਖਲਾਈ ਦੌਰਾਨ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਮਾਹਰਾਂ ਡਾ. ਤੇਜਬੀਰ ਸਿੰਘ ਬੁੱਟਰ, ਡਾ. ਪ੍ਰੀਤਪਾਲ ਸਿੰਘ, ਡਾ. ਨਵਨੀਤ ਕੌਰ, ਡਾ. ਜਸਰੀਤ ਕੌਰ ਤੇ ਡਾ. ਗੁਰਦੀਪ ਸਿੰਘ ਵੱਲੋਂ ਮੁੜ ਸੁਰਜੀਤ ਖੇਤੀ ਦੇ ਨਿਯਮਾਂ, ਮਿੱਟੀ ਦੀ ਸਿਹਤ ਤੇ ਮਿੱਟੀ ਜੀਵ ਵਿਗਿਆਨ, ਸੋਇਲ ਹੈਲਥ ਕਾਰਡ ਦੀ ਵਿਆਖਿਆ, ਫਸਲ ਯੋਜਨਾ, ਜੈਵਿਕ ਪੋਸ਼ਕ ਪ੍ਰਬੰਧਨ (ਜੀਵਾਮ੍ਰਿਤ, ਬੀਜਾਮ੍ਰਿਤ, ਵਰਮੀਕੰਪੋਸਟ), ਕੁਦਰਤੀ ਕੀਟ ਤੇ ਰੋਗ ਪ੍ਰਬੰਧਨ ਅਤੇ ਰਿਜਨਰੇਟਿਵ ਖੇਤੀ ਦੀ ਅਰਥਸ਼ਾਸਤਰ ਬਾਰੇ ਜਾਣਕਾਰੀ ਦਿੱਤੀ।ਪ੍ਰੋਗਰਾਮ ਦੇ ਆਖ਼ਰੀ ਦਿਨ ਸਮਾਗਮ 'ਚ ਭਾਗ ਲੈਣ ਵਾਲਿਆਂ ਨੂੰ ਸੋਹਨਗੜ੍ਹ ਨੈਚਰਲ ਫਾਰਮ ਦਾ ਦੌਰਾ ਕਰਵਾਇਆ ਗਿਆ, ਜਿੱਥੇ ਉਨ੍ਹਾਂ ਕੁਦਰਤੀ ਖੇਤੀ ਦੇ ਸਫਲ ਮਾਡਲਾਂ ਨੂੰ ਨਜ਼ਦੀਕੋਂ ਵੇਖਿਆ।ਇਸ ਮੌਕੇ ਸਟੇਜ ਸੰਚਾਲਨ ਡਿਪਟੀ ਪ੍ਰੋਜੈਕਟ ਡਾਇਰੈਕਟਰ ਆਤਮਾ ਨਰੇਂਦਰ ਗੋਦਾਰਾ ਤੇ ਬੀ.ਟੀ.ਐੱਮ. ਕੰਵਲਜੀਤ ਸਿੰਘ ਵੱਲੋਂ ਕੀਤਾ ਗਿਆ।

## ਮਾਤਾ ਗੁਜਰੀ ਸੀਨੀ. ਸੈਕੰ. ਸਕੂਲ 'ਚ ਕਲਾ ਗਤੀਵਿਧੀ ਦਾ ਆਯੋਜਨ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਵਿੱਚ ਵਿਦਿਆਰਥੀਆਂ ਦੀ ਰਚਨਾਤਮਕਤਾ ਨੂੰ ਨਿਖਾਰਨ ਲਈ ਇੱਕ ਵਿਸ਼ੇਸ਼ ਕਲਾ ਗਤੀਵਿਧੀ ਦਾ ਆਯੋਜਨ ਕੀਤਾ ਗਿਆ।ਇਸ ਗਤੀਵਿਧੀ ਵਿੱਚ ਕਲਾਸ ਛੇਵੀਂ ਤੋਂ ਅੱਠਵੀਂ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਵਿਦਿਆਰਥੀਆਂ ਨੇ ਬੇਕਾਰ ਤੇ ਨਾ-ਵਰਤਣਯੋਗ ਸਮੱਗਰੀ ਦੀ ਵਰਤੋਂ ਕਰਕੇ ਸੁੰਦਰ ਤੇ ਨਵੀਂ ਸੋਚ ਨਾਲ ਭਰਪੂਰ ਕਲਾਕ੍ਰਿਤੀਆਂ ਤਿਆਰ ਕੀਤੀਆਂ।ਇਸ ਦੌਰਾਨ ਵੱਖ-ਵੱਖ ਕਲਾਵਾਂ ਜਿਵੇਂ ਕਿ ਵੇਸਟ ਮਟੀਰੀਅਲ ਨਾਲ ਬਣੀਆਂ ਵਸਤੂਆਂ, ਗਲਾਸ ਪੇਂਟਿੰਗ, ਜਵਾਲਾਮੁਖੀ ਮਾਡਲ, ਵਾਰਲੀ ਕਲਾ, ਮੰਡਲਾ ਆਰਟ, ਪੇਪਰ ਪਲੇਟ ਮਾਸਕ, ਬੋਤਲ ਸਜਾਵਟ ਤੇ ਕੈਨਵਸ ਪੇਂਟਿੰਗ ਆਦਿ ਤਿਆਰ ਕੀਤੀਆਂ ਗਈਆਂ।ਇਸ ਕਲਾ ਗਤੀਵਿਧੀ ਦਾ ਮਕਸਦ ਵਿਦਿਆਰਥੀਆਂ ਵਿੱਚ ਰਚਨਾਤਮਕ ਸੋਚ, ਕਲਾਤਮਕ ਰੁਚੀ ਤੇ ਪਰਿਆਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਅਧਿਆਪਕਾਂ ਤੇ ਸਕੂਲ ਪ੍ਰਬੰਧਕਾਂ ਡਾਇਰੈਕਟਰ ਸ੍. ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਰਵਿੰਦਰ ਕੌਰ, ਪ੍ਰਿੰਸੀਪਲ ਮਮਤਾ ਮੱਕੜ ਤੇ ਅਕਾਦਮਿਕ ਡਾਇਰੈਕਟਰ ਤੇਜਿੰਦਰ ਕੌਰ ਵਾਲੀਆ ਨੇ ਵਿਦਿਆਰਥੀਆਂ ਦੀ ਮਿਹਨਤ ਤੇ ਕਲਾ ਪ੍ਰਤੀ ਰੁਚੀ ਦੀ ਸਰਾਹਨਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

## ਸ੍ਰੀ ਬਾਲਾ ਜੀ ਮਹਾਰਾਜ ਦੇ ਜਨਮ ਉੱਤਸਵ ਦਾ ਪੋਸਟਰ ਰਿਲੀਜ਼



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਬਾਲਾਜੀ ਖਾਟੂ ਸ਼ਿਆਮ ਮੰਦਰ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਸ੍ਰੀ ਹਨੂੰਮਾਨ ਜੀ ਦੇ ਜਨਮ ਉੱਤਸਵ ਦਾ ਪੋਸਟਰ ਸ੍ਰੀ ਬਾਲਾ ਜੀ ਖਾਟੂ ਸ਼ਿਆਮ ਮੰਦਿਰ ਵਿਖੇ ਅੰਮ੍ਰਿਤਸਰ ਦੇ ਆਰ ਟੀ ਏ ਹਿਤੇਸ਼ ਵੀਰ ਗੁਪਤਾ, ਸਾਬਕਾ ਰੋਟਰੀ ਗਵਰਨਰ ਘਨਸ਼ਿਆਮ ਕਾਂਸਲ, ਕੈਬਨਿਟ ਮੰਤਰੀ ਅਮਨ ਅਰੋੜਾ ਦੇ ਮੀਡੀਆ ਕੋਆਰਡੀਨੇਟਰ ਜਤਿੰਦਰ ਜੈਨ, ਅਗਰੋਹਾ ਵਿਕਾਸ ਟਰੱਸਟ ਦੇ ਬੁਲਾਰੇ ਮਨਪ੍ਰੀਤ ਬਾਂਸਲ ਤੇ ਅਗਰਵਾਲ ਸਭਾ ਸੁਨਾਮ ਦੇ ਚੇਅਰਮੈਨ ਪ੍ਰੇਮ ਗੁਪਤਾ ਵੱਲੋਂ ਜਾਰੀ ਕੀਤਾ ਗਿਆ।ਸਾਰਿਆਂ ਨੇ ਪਹਿਲਾਂ ਸ੍ਰੀ ਬਾਲਾ ਜੀ ਮਹਾਰਾਜ ਦੇ ਦਰਬਾਰ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ ਤੇ ਲੱਡੂਆਂ ਦਾ ਭੋਗ ਲਗਵਾਇਆ ਗਿਆ।ਇਸ ਤੋਂ ਬਾਅਦ ਪੂਰੀ ਵਿਧੀ ਨਾਲ ਸ੍ਰੀ ਹਨੂੰਮਾਨ ਮਹਾਰਾਜ ਜੀ ਦੇ ਜੈਕਾਰੇ ਲਗਾਉਂਦੇ ਹੋਏ ਜਨਮ ਉੱਤਸਵ ਦਾ ਪੋਸਟਰ ਭਗਤਾਂ ਨਾਲ ਮਿਲ ਕੇ ਰਿਲੀਜ਼ ਕੀਤਾ ਗਿਆ। ਇਸ ਮੌਕੇ ਸ਼ੀਤਲ ਮਿੱਤਲ, ਨਰਿੰਦਰ ਗਰਗ, ਕੇਸ਼ਵ ਗੁਪਤਾ, ਅਨਿਲ ਗੋਇਲ, ਪ੍ਰਵੇਸ਼ ਅਗਰਵਾਲ, ਵਰੁਣ ਕਾਂਸਲ, ਸੁਨੀਲ ਖੀਪਲਾ, ਰਜਤ ਜੈਨ, ਵਿਕਾਸ ਕਾਂਸਲ, ਸੁਨੀਲ ਗੋਇਲ, ਸੋਨੂੰ ਗੋਇਲ, ਪਰਮਾਨੰਦ ਗਰਗ, ਨਰਾਇਣ ਸ਼ਰਮਾ, ਮਾਧਵ ਜਨਾਲੀਆ, ਸਚਿਨ ਗੱਭਰੂ, ਲੱਕੀ ਬੱਲੀ ਸਮੇਤ ਸੈਂਕੜੇ ਸ਼ਰਧਾਲੂਆਂ ਨੇ ਬਾਲਾ ਜੀ ਮਹਾਰਾਜ ਦਾ ਆਸ਼ੀਰਵਾਦ ਲਿਆ।

## ਨੰਨ੍ਹੇ-ਮੁੰਨੇ ਬੱਚਿਆਂ ਨੇ ਦਿਖਾਈ ਕਲਾਤਮਕ ਪ੍ਰਤਿਭਾ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿੱਚ ਨੰਨ੍ਹੇ-ਮੁੰਨੇ ਬੱਚਿਆਂ ਲਈ ਰਚਨਾਤਮਕ ਗਤੀਵਿਧੀ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਬੱਚਿਆਂ ਨੇ ਰੰਗਾਂ ਨਾਲ ਸੁੰਦਰ ਚਿੱਤਰ ਬਣਾ ਕੇ ਆਪਣੀ ਕਲਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਬੱਚੇ ਗੋਲ ਦਾਇਰੇ ਵਿੱਚ ਕੁਰਸੀਆਂ 'ਤੇ ਬੈਠੇ ਹੋਏ ਸਨ ਤੇ ਹਰ ਇਕ ਨੇ ਆਪਣੇ ਹੱਥਾਂ ਨਾਲ ਬਣਾਈ ਪੇਂਟਿੰਗ ਨੂੰ ਉਤਸ਼ਾਹ ਨਾਲ ਸਭ ਨੂੰ ਦਿਖਾਇਆ।ਅਧਿਆਪਕਾਂ ਨੇ ਬੱਚਿਆਂ ਨੂੰ ਰੰਗਾਂ ਦੀ ਪਹਿਚਾਣ ਤੇ ਚਿੱਤਰਕਲਾ ਦੀ ਬੁਨਿਆਦੀ ਜਾਣਕਾਰੀ ਦਿੱਤੀ।ਕਲਾਸਰੂਮ ਨੂੰ ਖਿਡੌਣਿਆਂ ਤੇ ਰੰਗ-ਬਰੰਗੀ ਸਜਾਵਟ ਨਾਲ ਸੁਸ਼ੋਭਿਤ ਕੀਤਾ ਗਿਆ, ਜਿਸ ਨਾਲ ਬੱਚਿਆਂ ਦਾ ਮਨੋਰੰਜਨ ਵੀ ਹੋਇਆ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਦੱਸਿਆ ਕਿ ਬੱਚਿਆਂ ਦੇ ਸਰਵਾਂਗੀਣ ਵਿਕਾਸ ਲਈ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬਹੁਤ ਜ਼ਰੂਰੀ ਹਨ।ਅਖੀਰ ਵਿੱਚ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਤੇ ਉਨ੍ਹਾਂ ਦੇ ਉੱਜਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

## ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀਆਂ ਦੇ ਚੁਣੇ ਮੈਂਬਰਾਂ ਲਈ ਸਹੁੰ-ਚੁੱਕ ਸਮਾਗਮ

**ਬਟਾਲਾ, (ਤਰਲੋਕ ਬੱਗਾ)**

ਪੰਜਾਬ ਸਰਕਾਰ ਵੱਲੋਂ ਐਲਾਨੇ ਪ੍ਰੋਗਰਾਮ ਅਨੁਸਾਰ ਬਟਾਲਾ ਦੇ ਸ਼ਿਵ ਕੁਮਾਰ ਬਟਾਲਵੀ ਆਡੀਟੋਰੀਅਮ ਵਿਖੇ ਜ਼ਿਲ੍ਹੇ ਦੇ 25 ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਤੇ ਬਲਾਕ ਸੰਮਤੀਆਂ ਦੇ ਚੁਣੇ ਹੋਏ 203 ਮੈਂਬਰਾਂ ਨੂੰ ਸਹੁੰ ਚੁਕਾਈ ਗਈ । ਜ਼ਿਲ੍ਹਾ ਪੱਧਰੀ ਪ੍ਰਭਾਵਸ਼ਾਲੀ ਸਮਾਗਮ ਵਿੱਚ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਗੁਰਪ੍ਰੀਤ ਸਿੰਘ ਗਿੱਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਚੇਅਰਮੈਨ ਜੋਬਨ ਰੰਧਾਵਾ, ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ, ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ ਬਲਬੀਰ ਸਿੰਘ ਪੰਨੂੰ, ਹਲਕਾ ਇੰਚਾਰਜ ਦੀਨਾਨਗਰ ਸਮਸ਼ੇਰ ਸਿੰਘ, ਚੇਅਰਮੈਨ ਰਾਜੀਵ ਸ਼ਰਮਾ, ਅਮਰੀਕ ਸਿੰਘ ਭਰਾ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਸਮੇਤ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਮੌਜੂਦ ਸੀ।ਇਸ ਮੌਕੇ ਨਵ ਨਿਯੁਕਤ ਮੈਂਬਰਾਂ ਨੂੰ ਸੰਵਿਧਾਨ ਪ੍ਰਤੀ ਸੱਚੀ ਸ਼ਰਧਾ, ਭਾਰਤ ਦੀ ਪ੍ਰਭੂਸੱਤਾ ਤੇ ਅਖੰਡਤਾ ਨੂੰ ਕਾਇਮ ਰੱਖਣ ਬਿਨਾਂ ਕਿਸੇ ਡਰ, ਪੱਖਪਾਤ, ਸੰਦੇਹ ਜਾਂ ਮਾੜੀ ਭਾਵਨਾ ਦੇ ਭਾਰਤ ਦੇ ਸੰਵਿਧਾਨ ਅਤੇ ਕਾਨੂੰਨ ਮੁਤਾਬਿਕ ਨਿਆਂ ਕਰਨ ਦੀ ਸਹੁੰ ਚੁਕਾਈ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਅਤੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਸਹੁੰ ਚੁੱਕਣ ਵਾਲੇ ਮੈਂਬਰਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ



ਕਿ ਉਹ ਪੇਂਡੂ ਖੇਤਰਾਂ ਦੇ ਵਿਕਾਸ ਲਈ ਮੋਹਰੀ ਭੂਮਿਕਾ ਨਿਭਾਉਣ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਤੇ ਕਸਬਿਆਂ ਦੇ ਵਿਕਾਸ ਲਈ ਪਹਿਲ ਦੇ ਆਧਾਰ ਤੇ ਕੰਮ ਕੀਤਾ ਜਾ ਰਿਹਾ ਹੈ, ਜਿਸ ਵਿੱਚ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਮੈਂਬਰਾਂ ਦੀ ਭੂਮਿਕਾ ਬਹੁਤ ਅਹਿਮ ਹੈ।ਉਨ੍ਹਾਂ ਕਿਹਾ ਕਿ ਮੈਂਬਰ ਵਿਕਾਸ ਕੰਮਾਂ ਲਈ ਨਿਗਰਾਨ ਦੀ ਭੂਮਿਕਾ ਨਿਭਾਉਣ ਤਾਂ ਜੋ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਦੇ ਨਾਲ ਨਾਲ ਗੁਣਵੱਤਾ ਨੂੰ ਵੀ ਯਕੀਨੀ ਬਣਾਇਆ ਜਾ ਸਕੇ।ਉਨ੍ਹਾਂ ਅੱਗੇ ਕਿਹਾ ਕਿ ਭਾਰਤ ਵਿੱਚ ਦਿਹਾਤੀ ਖੇਤਰਾਂ ਦੇ ਵਿਕਾਸ ਲਈ ਤੀਹਰੀ ਪ੍ਰਸ਼ਾਸਕੀ ਪ੍ਰਣਾਲੀ ਵਿੱਚ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀਆਂ ਦੀ ਭੂਮਿਕਾ ਬਹੁਤ ਅਹਿਮ ਹੈ।ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਦੇ ਮੈਂਬਰਾਂ ਨੂੰ ਲੋਕਹਿੱਤ ਲਈ ਪ੍ਰਸ਼ਾਸਕੀ ਕਾਰਜਾਂ ਲਈ ਪੂਰਨ ਸਹਿਯੋਗ ਦਿੱਤਾ ਜਾਵੇਗਾ।ਇਸ ਮੌਕੇ ਚੇਅਰਮੈਨ ਜੋਬਨ ਰੰਧਾਵਾ, ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ, ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ ਬਲਬੀਰ ਸਿੰਘ ਪੰਨੂੰ, ਹਲਕਾ ਇੰਚਾਰਜ ਦੀਨਾਨਗਰ ਸਮਸ਼ੇਰ ਸਿੰਘ, ਚੇਅਰਮੈਨ ਰਾਜੀਵ ਸ਼ਰਮਾ ਵੱਲੋਂ ਵੀ ਨਵ-ਨਿਯੁਕਤ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ ਗਈ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੂਰੀ ਮਿਹਨਤ ਤੇ ਲਗਨ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਹਰਪ੍ਰੀਤ ਸਿੰਘ ਡੀਡੀਪੀਓ ਗੁਰਦਾਸਪੁਰ, ਪਾਰਟੀ ਦੇ ਜ਼ਿਲ੍ਹਾ ਸਕੱਤਰ ਜਗਜੀਤ ਸਿੰਘ ਪਿੰਟਾ, ਬੀਡੀਪੀਓ ਬਲਜੀਤ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਨਦੀਪ ਸਿੰਘ ਗਿੱਲ, ਐਡਵੋਕੇਟ ਸੁੱਚਾ ਸਿੰਘ ਮੁਲਤਾਨੀ, ਮਿੱਤਰਮਾਨ ਸਿੰਘ, ਅਨਮੋਲਦੀਪ ਸਿੰਘ ਸਮੇਤ ਜ਼ਿਲ੍ਹਾ ਪਰੀਸ਼ਦ ਅਤੇ ਬਲਾਕ ਸੰਮਤੀਆਂ ਦੇ ਮੈਂਬਰ ਹਾਜ਼ਰ ਸਨ।

## ਤਨਖਾਹਾਂ ਨਾ ਮਿਲਣ ’ਤੇ ਸਟਰੀਟ ਲਾਈਟ ਵਰਕਰਾਂ ਕੀਤਾ ਰੋਸ ਮੁਜ਼ਾਹਰਾ



**ਛੇਹਰਟਾ, (ਮਨੋਜ ਕੁਮਾਰ)**

ਨਗਰ ਨਿਗਮ ਸਟਰੀਟ ਲਾਈਟ ਵਰਕਰ ਯੂਨੀਅਨ (ਸੀਟੂ) ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਨਗਰ ਨਿਗਮ ਦਫ਼ਤਰ ਦੇ ਬਾਹਰ ਸਰਕਾਰ ਤੇ ਪ੍ਰਸ਼ਾਸਨ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਪਿਛਲੇ ਲੰਮੇ ਸਮੇਂ ਤੋਂ ਬਕਾਇਆ ਤਨਖਾਹਾਂ ਨਾ ਮਿਲਣ ਕਾਰਨ ਵਰਕਰਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਅੰਮ੍ਰਿਤਸਰ ਨਗਰ ਨਿਗਮ ਵਰਕਰਜ਼ ਯੂਨੀਅਨ ਦੇ ਪ੍ਰਧਾਨ ਭਗਵੰਤ ਸਿੰਘ ਨੇ ਵੀ ਸਮਰਥਨ ਦਿੰਦਿਆਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਕਿਹਾ ਕਿ ਸ਼ਹਿਰ ਨੂੰ ਰੁਸ਼ਨਾਉਣ ਵਾਲੇ ਕਰਮਚਾਰੀ ਅੱਜ ਖ਼ੁਦ ਹਨੇਰੇ ਵਿਚ ਰਹਿਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਵਰਕਰਾਂ ਨੂੰ ਪਿਛਲੇ ਪੰਜ ਮਹੀਨਿਆਂ ਤੋਂ ਇਕ ਧੇਲਾ ਵੀ ਨਸੀਬ ਨਹੀਂ ਹੋਇਆ, ਜਿਸ ਕਾਰਨ ਉਨ੍ਹਾਂ ਦੇ ਘਰਾਂ ਵਿਚ ਚੁੱਲ੍ਹੇ ਤੱਕ ਠੰਢੇ ਹੋਣ ਦੀ ਨੌਬਤ ਆ ਗਈ ਹੈ। ਜਦੋਂ ਯੂਨੀਅਨ ਵੱਲੋਂ ਇਸ ਸਬੰਧੀ ਐਕਸੀਅਨ (ਸਟਰੀਟ ਲਾਈਟ) ਨਾਲ ਸੰਪਰਕ ਕੀਤਾ ਗਿਆ ਤਾਂ ਅਧਿਕਾਰੀ ਨੇ ਕੋਈ ਸਾਰਥਕ ਜਵਾਬ ਦੇਣ ਦੀ ਬਜਾਏ ਭੱਦੀ ਸ਼ਬਦਾਵਲੀ ਵਰਤੀ ਤੇ ਕਿਹਾ ਕਿ ਉਹ ਕਿਸੇ ਨੂੰ ਜਵਾਬਦੇਹ ਨਹੀਂ ਹੈ। ਉਨ੍ਹਾਂ ਕਿਹਾ ਕਿ ਵਰਕਰ ਆਰਥਿਕ ਮੰਦਹਾਲੀ ਦਾ ਸ਼ਿਕਾਰ ਹੋ ਰਹੇ ਹਨ ਤੇ ਉਨ੍ਹਾਂ ਦੇ ਬੱਚਿਆਂ ਦੀਆਂ ਸਕੂਲ ਫੀਸਾਂ ਤੇ ਰੋਜ਼ਾਨਾ ਦੇ ਖਰਚੇ ਚਲਾਉਣੇ ਮੁਸ਼ਕਲ ਹੋ ਗਏ ਹਨ। ਯੂਨੀਅਨ ਦੇ ਪ੍ਰਧਾਨ ਤਰਸੇਮ ਸਿੰਘ ਦਿਓਲ ਤੇ ਜਨਰਲ ਸਕੱਤਰ ਵਾਸੁਦੇਵ ਨੇ ਕਿਹਾ ਕਿ ਉਹ ਦਿਨ-ਰਾਤ ਮਿਹਨਤ ਕਰਕੇ ਸ਼ਹਿਰ ਦੀਆਂ ਸੜਕਾਂ ਨੂੰ ਜਗਮਗਾਉਂਦੇ ਹਨ, ਪਰ ਪ੍ਰਸ਼ਾਸਨ ਨੇ ਉਨ੍ਹਾਂ ਦੇ ਪਰਿਵਾਰਾਂ ਨੂੰ ਭੁੱਖੇ ਮਰਨ ਲਈ ਛੱਡ ਦਿੱਤਾ ਹੈ। ਅਧਿਕਾਰੀਆਂ ਦਾ ਗੈਰ-ਜ਼ਿੰਮੇਵਾਰਾਨਾ ਵਤੀਰਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਚਿਤਾਵਨੀ ਦਿੱਤੀ ਹੈ ਕਿ ਜੇਕਰ ਆਉਣ ਵਾਲੇ ਦਿਨਾਂ ਵਿਚ ਉਨ੍ਹਾਂ ਦੀਆਂ ਰੁਕੀਆਂ ਹੋਈਆਂ ਤਨਖਾਹਾਂ ਤੁਰੰਤ ਜਾਰੀ ਨਾ ਕੀਤੀਆਂ ਗਈਆਂ ਅਤੇ ਸਬੰਧਿਤ ਅਧਿਕਾਰੀ ਨੇ ਆਪਣਾ ਵਤੀਰਾ ਨਾ ਸੁਧਾਰਿਆ ਤਾਂ ਇਹ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਸੀਟੂ ਆਗੂ ਕਾਮਰੇਡ ਕਿਰਪਾ ਰਾਮ, ਕੁਲਬੀਰ ਸਿੰਘ, ਚੇਅਰਮੈਨ ਭੁਪਿੰਦਰ ਸਿੰਘ, ਹਰਜੀਤ ਸਿੰਘ, ਰੋਹਿਤ ਕੁਮਾਰ, ਵਿਕਰਮ, ਰਜੇਸ਼ ਕੁਮਾਰ ਸਮੇਤ ਸਮੁੱਚੇ ਵਰਕਰ ਹਾਜ਼ਰ ਸਨ।

## ਟਰੱਕ ਡਰਾਈਵਰ ਵੱਲੋਂ ਆਤਮਹੱਤਿਆ



**ਝਬਾਲ, (ਹਰਜਿੰਦਰ ਸਿੰਘ ਸੋਨੀ)**-ਝਬਾਲ ਵਿਖੇ ਤਰਨਤਾਰਨ ਰੋਡ ਤੇ ਬੰਦ ਪਈ ਪਾਣੀ ਵਾਲੀ ਟੈਂਕੀ ਤੋਂ ਛਾਲ ਮਾਰ ਕੇ ਇੱਕ ਵਿਆਕਤੀ ਵੱਲੋਂ ਆਤਮਹੱਤਿਆਂ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਕੱਤਰ ਜਾਣਕਾਰੀ ਮੁਤਾਬਕ ਰਾਜਵਿੰਦਰ ਸਿੰਘ ਰਾਜੂ ਪੁੱਤਰ ਸਵਰਗੀ ਬਾਬਾ ਦਿਆਲ ਸਿੰਘ ਵਾਸੀ ਝਬਾਲ ਖਾਮ ਜੋ ਪੇਸ਼ੇ ਵਜੋਂ ਟਰੱਕ ਡਰਾਈਵਰ ਸੀ ਜੋ ਹੋਰ ਕਿਤੇ ਟਰੱਕ ਚਲਾਉਂਦਾ ਸੀ।ਕੁਝ ਦਿਨਾਂ ਤੋਂ ਪਿੰਡ ਆਇਆ ਹੋਇਆ ਸੀ।ਅੱਜ ਪਿੰਡ ਤੋਂ ਬਾਹਰ ਤਰਨਤਾਰਨ ਰੋਡ ’ਤੇ ਬੰਦ ਪਈ ਪਾਣੀ ਵਾਲੀ ਟੈਂਕੀ ਉਤੇ ਚੜ੍ਹ ਕੇ ਉਸ ਨੇ ਛਾਲ ਮਾਰ ਦਿੱਤੀ ਜਿਸ ਨਾਲ ਮੌਕੇ ’ਤੇ ਹੀ ਰਾਜਵਿੰਦਰ ਸਿੰਘ ਰਾਜੂ ਦੀ ਮੌਤ ਹੋ ਗਈ ਜਦਕਿ ਆਤਮਹੱਤਿਆਂ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ।

## ਫਸਟ ਰਿਸਪਾਂਡਰ ਪ੍ਰੋਗਰਾਮ ਕਰਵਾਇਆ

**ਪਟਿਆਲਾ**-108 ਐਂਬੂਲੈਂਸ ਸੇਵਾ ਦੀ ਪਹਿਲਕਦਮੀ ਤਹਿਤ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ, ਦੇਦਨਾਂ, ਜ਼ਿਲ੍ਹਾ ਪਟਿਆਲਾ ਵਿਖੇ ਪਹਿਲਾ ਜਵਾਬਦਾਤਾ ਪ੍ਰੋਗਰਾਮ ਐੱਫ ਆਰ ਪੀ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਐਮਰਜੈਂਸੀ ਸਥਿਤੀਆਂ ਵਿੱਚ ਜਲਦੀ, ਸਹੀ ਤੇ ਪ੍ਰਭਾਵਸ਼ਾਲੀ ਢੰਗ ਨਾਲ ਜਵਾਬ ਦੇਣ ਲਈ ਲੋੜੀਂਦੇ ਜੀਵਨ-ਰੱਖਿਅਕ ਹੁਨਰਾਂ ਨਾਲ ਸਿਖਲਾਈ ਦੇਣਾ ਸੀ। ਪਾਇਲਟ ਅਮਰਜੀਤ ਸਿੰਘ, ਪਾਇਲਟ ਜ਼ੋਰਾ ਸਿੰਘ ਅਤੇ ਈਐਮਟੀ ਪ੍ਰੇਮਪਾਲ ਸਿੰਘ ਨੇ ਵੀ ਸਿਖਲਾਈ ਨੂੰ ਸਫਲ ਬਣਾਉਣ ਵਿੱਚ ਸਰਗਰਮ ਭੂਮਿਕਾ ਨਿਭਾਈ। ਇਸ ਮੌਕੇ ’ਤੇ ਬੋਲਦਿਆਂ, ਪ੍ਰੋਜੈਕਟ ਮੁਖੀ ਮਨੀਸ਼ ਬੱਤਰਾ ਨੇ ਕਿਹਾ, ‘ਫਸਟ ਰਿਸਪਾਂਡਰ ਪ੍ਰੋਗਰਾਮ ਦਾ ਉਦੇਸ਼ ਆਮ ਨਾਗਰਿਕਾਂ ਨੂੰ ਐਮਰਜੈਂਸੀ ਵਿੱਚ ਘਬਰਾਉਣ ਦੀ ਬਜਾਏ ਸਹੀ ਫੈਸਲੇ ਲੈਣ ਅਤੇ ਤੁਰੰਤ ਸਹਾਇਤਾ ਪ੍ਰਦਾਨ ਕਰਨ ਲਈ ਤਿਆਰ ਕਰਨਾ ਹੈ। ਸਿਖਲਾਈ ਪ੍ਰਾਪਤ ਨੌਜਵਾਨ ਭਵਿੱਖ ਵਿੱਚ ਬਹੁਤ ਸਾਰੀਆਂ ਕੀਮਤੀ ਜਾਨਾਂ ਬਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ।

## ਅੱਜ ਬਿਜਲੀ ਸਪਲਾਈ ਬੰਦ ਰਹੇਗੀ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਅੱਜ 11 ਕੇਵੀ ਨਿਊ ਅਰਬਨ ਤੇ ਅੱਡਾ ਭਿੱਖੀਵਿੰਡ ਫੀਡਰ ਦੀ ਬਾਈਫਰਕੇਸ਼ਨ ਕਰਨ ਦੇ ਚੱਲਦਿਆਂ ਨਿਊ ਅਰਬਨ ਫੀਡਰ ਤੋਂ ਇਲਾਵਾ 11 ਕੇਵੀ ਨਿਊ ਅੱਡਾ ਭਿੱਖੀਵਿੰਡ, ਪੁਰਾਣਾ ਅੱਡਾ ਭਿੱਖੀਵਿੰਡ,11 ਕੇਵੀ ਮਾੜੀ ਗੌੜ ਸਿੰਘ,11 ਕੇਵੀ ਮੱਖੀ ਕਲਾਂ,11 ਕੇਵੀ ਸਾਂਧਰਾ,11 ਕੇਵੀ ਦਰਾਜਕਾ, 11 ਕੇਵੀ ਅਲਗੋਂ ਐਗਰੋ,11 ਕੇਵੀ ਨਾਰਲਾ ਏਪੀ ਫੀਡਰ, 11 ਕੇਵੀ ਕਲਸੀਆਂ ਕਲ੍ਹਾਂ ਫੀਡਰ ਤੇ ਬੀਐੱਸਐੱਫ਼ ਹੈੱਡਕੁਆਰਟਰ ਫੀਡਰ ਦੀ ਬਿਜਲੀ ਸਪਲਾਈ ਸਵੇਰੇ 9 ਤੋਂ ਸ਼ਾਮ 6 ਤੱਕ ਬੰਦ ਰਹੇਗੀ।ਕੰਮ ਮੁਕੰਮਲ ਹੋਣ ਤੋਂ ਬਾਅਦ ਬਿਜਲੀ ਸਪਲਾਈ ਬਹਾਲ ਕਰ ਦਿੱਤੀ ਜਾਵੇਗੀ।ਉਪਰੋਕਤ ਜਾਣਕਾਰੀ ਸਬ-ਡਵੀਜ਼ਨ ਭਿੱਖੀਵਿੰਡ ਤੋਂ ਸਹਾਇਕ ਕਾਰਜਕਾਰੀ ਇੰਜੀਨੀਅਰ ਹਰਪ੍ਰੀਤ ਸਿੰਘ ਨੇ ਪ੍ਰੈੱਸ ਨਾਲ ਸਾਂਝੀ ਕੀਤੀ।

## ਅਰਵਿੰਦ ਕੇਜਰੀਵਾਲ ਤੇ ਮੁਨੀਸ਼ ਸਿਸੋਦੀਆ ਸਮੇਤ 23 ਬਰੀ : ਕਟਾਰੂਚੱਕ

**ਪਠਾਨਕੋਟ (ਦਵਿੰਦਰ ਸਿੰਘ)**-ਦਿੱਲੀ ਦੀ ਬਹੁ-ਚਰਚਿਤ ਆਬਕਾਰੀ ਨੀਤੀ ਨਾਲ ਸੰਬੰਧਤ ਮਾਮਲੇ ਵਿੱਚ ਅਦਾਲਤ ਨੇ ਵੱਡਾ ਫੈਸਲਾ ਸੁਣਾਉਂਦੇ ਹੋਏ 23 ਦੋਸ਼ੀਆਂ ਨੂੰ ਬਰੀ ਕਰ ਦਿੱਤਾ।ਇਸ ਸੂਚੀ ਵਿੱਚ ਸਾਬਕਾ ਮੁੱਖ ਮੰਤਰੀ



ਅਰਵਿੰਦ ਕੇਜਰੀਵਾਲ ਅਤੇ ਸਾਬਕਾ ਉਪ ਮੁੱਖ ਮੰਤਰੀ ਮੁਨੀਸ਼ ਸਿਸੋਦੀਆ ਦਾ ਨਾਮ ਵੀ ਸ਼ਾਮਲ ਸੀ।ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਅਦਾਲਤ ਦੇ ਫੈਸਲੇ ਤੋਂ ਬਾਅਦ ਰਾਜਨੀਤਿਕ ਹਲਕਿਆਂ ਵਿੱਚ ਨਵੀਂ ਚਰਚਾ ਸ਼ੁਰੂ ਹੋ ਗਈ ਹੈ ਅਤੇ ਇਸਨੂੰ ਦਿੱਲੀ ਦੀ ਰਾਜਨੀਤੀ ਵਿੱਚ ਇੱਕ ਮਹੱਤਵਪੂਰਨ ਮੋੜ ਮੰਨਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਅੱਜ ਦਾ ਫੈਸਲਾ ਇਹ ਸੰਦੇਸ਼ ਦਿੰਦਾ ਹੈ ਕਿ ਲੋਕਤੰਤਰ ਵਿੱਚ ਅੰਤਿਮ ਫੈਸਲਾ ਅਦਾਲਤ ਦਾ ਹੁੰਦਾ ਹੈ ਅਤੇ ਨਿਆਂ ਪ੍ਰਣਾਲੀ ’ਤੇ ਦੇਸ਼ ਦੀ ਜਨਤਾ ਦਾ ਵਿਸ਼ਵਾਸ ਅਟੁੱਟ ਹੈ। ਇਸ ਮੌਕੇ ਹਲਕਾ ਭੋਆ ਦੇ ਖੇਤਰੀ ਸੰਗਠਨ ਪ੍ਰਭਾਰੀ ਅਤੇ ਬਲਾਕ ਸਮਿਤੀ ਮੈਂਬਰ ਪਵਨ ਕੁਮਾਰ ਫੌਜੀ ਨੇ ਅਦਾਲਤ ਦੇ ਫੈਸਲੇ ’ਤੇ ਪ੍ਰਤੀਕ੍ਰਿਆ ਦਿੰਦਿਆਂ ਕਿਹਾ ਕਿ ਇਹ ਫੈਸਲਾ ਸਾਡੇ ਲੋਕਤਾਂਤਰਿਕ ਢਾਂਚੇ ਦੀ ਮਜ਼ਬੂਤੀ ਦਾ ਪ੍ਰਮਾਣ ਹੈ।ਅਦਾਲਤ ਨੇ ਤੱਥਾਂ ਅਤੇ ਸਬੂਤਾਂ ਦੇ ਆਧਾਰ ’ਤੇ ਫੈਸਲਾ ਸੁਣਾ ਕੇ ਇਹ ਸਪਸ਼ਟ ਕਰ ਦਿੱਤਾ ਹੈ ਕਿ ਸੱਚ ਨੂੰ ਕਿਸੇ ਵੀ ਸਾਜ਼ਿਸ਼ ਜਾਂ ਦੋਸ਼ਾਂ ਰਾਹੀਂ ਦਬਾਇਆ ਨਹੀਂ ਜਾ ਸਕਦਾ।ਇਸ ਫੈਸਲੇ ਨਾਲ ਆਮ ਜਨਤਾ ਦਾ ਵਿਸ਼ਵਾਸ ਨਿਆਂਪਾਲਿਕਾ ਅਤੇ ਸੰਵਿਧਾਨ ਵਿੱਚ ਹੋਰ ਵੀ ਮਜ਼ਬੂਤ ਹੋਇਆ ਹੈ।ਲੋਕਤੰਤਰ ਵਿੱਚ ਹਰ ਵਿਅਕਤੀ ਨੂੰ ਨਿਆਂ ਪ੍ਰਾਪਤ ਕਰਨ ਦਾ ਅਧਿਕਾਰ ਹੈ ਅਤੇ ਅੱਜ ਇਹ ਅਧਿਕਾਰ ਸਾਕਾਰ ਹੁੰਦਾ ਦਿਖਾਈ ਦਿੱਤਾ ਹੈ।

## ਐਡੀਸ਼ਨਲ ਕਮਿਸ਼ਨਰ ਵੱਲੋਂ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਸਕੀਮ ਪ੍ਰੋਜੈਕਟ ਦੀ ਸਮੀਖਿਆ

**ਅੰਮ੍ਰਿਤਸਰ,(ਜਗਦੀਸ਼ ਕਮਲੇਸ਼)**

ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਗਰ ਨਿਗਮ ਦੇ ਐਡੀਸ਼ਨਲ ਕਮਿਸ਼ਨਰ ਜੈਇੰਦਰ ਸਿੰਘ ਵੱਲੋਂ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਸਕੀਮ (ਏਬੀਡਬਲਯੂਐੱਸਐੱਸ) ਪ੍ਰੋਜੈਕਟ ਦੀ ਸਮੀਖਿਆ ਮੀਟਿੰਗ ਕੀਤੀ ਗਈ।ਨਗਰ ਨਿਗਮ ਵੱਲੋਂ ਵਿਸ਼ਵ ਬੈਂਕ ਅਤੇ ਏਸ਼ੀਅਨ ਇੰਫਰਾਸਟਰਕਚਰ ਇਨਵੈਸਟਮੈਂਟ ਬੈਂਕ ਦੇ ਸਹਿਯੋਗ ਨਾਲ



ਫਿਮਸਿਪ ਪ੍ਰੋਜੈਕਟ ਚਲਾਇਆ ਜਾ ਰਿਹਾ ਹੈ।ਇਸੇ ਪ੍ਰੋਜੈਕਟ ਅਧੀਨ ਏ. ਬੀ. ਡਬਲਯੂ. ਐੱਸ. ਐੱਸ. ਪ੍ਰੋਜੈਕਟ ’ਤੇ ਕੰਮ ਕੀਤਾ ਜਾ ਰਿਹਾ ਹੈ।ਐਡੀਸ਼ਨਲ ਕਮਿਸ਼ਨਰ ਜੈਇੰਦਰ ਸਿੰਘ ਨੂੰ ਇਸ ਪ੍ਰੋਜੈਕਟ ਦਾ ਨੋਡਲ ਅਧਿਕਾਰੀ ਨਿਯੁਕਤ ਕੀਤਾ ਗਿਆ ਹੈ ਅਤੇ ਉਨ੍ਹਾਂ ਦੀ ਅਗਵਾਈ ਹੇਠ ਇਹ ਪਹਿਲੀ ਸਮੀਖਿਆ ਮੀਟਿੰਗ ਸੀ।ਇਸ ਮੌਕੇ ਪ੍ਰੋਜੈਕਟ ਨਾਲ ਸੰਬੰਧਿਤ ਅਧਿਕਾਰੀਆਂ ਵੱਲੋਂ ਐਡੀਸ਼ਨਲ ਕਮਿਸ਼ਨਰ ਨੂੰ ਗੁਲਦੱਸਾ ਭੇਟ ਕੀਤਾ ਗਿਆ।ਲਾਰਸਨ ਐਂਡ ਟੂਬਰੋ ਕੰਪਨੀ ਦੇ ਅਧਿਕਾਰੀਆਂ ਨੇ ਦੱਸਿਆ ਕਿ ਕੰਪਨੀ ਵੱਲੋਂ ਮਜ਼ਦੂਰਾਂ ਦੀ ਗਿਣਤੀ ਵਿੱਚ ਵਾਧਾ ਕੀਤਾ ਗਿਆ ਹੈ ਅਤੇ ਹੋਲੀ ਤੋਂ ਬਾਅਦ ਮਜ਼ਦੂਰਾਂ ਦੀ ਗਿਣਤੀ ਵੱਧ ਕੇ 1100 ਹੋ ਜਾਵੇਗੀ।ਉਨ੍ਹਾਂ ਨਿਗਮ ਅਧਿਕਾਰੀਆਂ ਨੂੰ ਕੰਪਨੀ ਦੇ ਕੰਮ ਦੀ ਸਖ਼ਤ ਨਿਗਰਾਨੀ ਕਰਨ ਦੇ ਨਿਰਦੇਸ਼ ਵੀ ਦਿੱਤੇ।ਇਸ ਮੌਕੇ ਐੱਸ. ਈ. ਪ੍ਰੋਜੈਕਟ ਡਾ. ਜਿਤਿਨ ਵਾਸੁਦੇਵਾ, ਪ੍ਰੋਜੈਕਟ ਮੈਨੇਜਰ ਕੁਲਦੀਪ ਸਿੰਘ ਸੈਨੀ (ਰਿਟਾਇਰਡ ਚੀਫ਼ ਇੰਜੀਨੀਅਰ), ਐਕਸੀਅਨ ਸੁਨੀਲ ਮਹਾਜਨ, ਨਰਿੰਦਰਪਾਲ ਸਿੰਘ, ਜਿਤੇਂਦਰ ਵਾਂਸਿਲ, ਸ਼ਿਵ ਕੁਮਾਰ ਸੋਨੀ, ਮਨੀ ਸ਼ਰਮਾ, ਅਸ਼ਵਨੀ ਕੁਮਾਰ ਅਤੇ ਲਾਰਸਨ ਐਂਡ ਟੂਬਰੋ ਵੱਲੋਂ ਸੰਜੇ ਕੁਮਾਰ, ਅਨਿਲ ਕੁਮਾਰ ਵਿੰਦ ਆਦਿ ਵੀ ਹਾਜ਼ਰ ਸਨ।

## ਪੰਜਾਬ ਪੁਲਸ ਦਾ ਮਨੋਬਲ ਵਧਾਉਣ ਦੀ ਬਜਾਏ ਵਿਰੋਧੀ ਪਾਰਟੀਆਂ ਆਪਣੀਆਂ ਸਿਆਸੀ ਰੋਟੀਆਂ ਸੇਕ ਰਹੀਆਂ : ਰੰਧਾਵਾ



**ਬਟਾਲਾ, (ਤਰਲੋਕ ਬੱਗਾ)**-ਬੀਤੇ ਦਿਨੀਂ ਆਦੀਆ ਚੌਂਕ ਪੋਸਟ ਨੇੜੇ ਦੋਰਾਂਗਲਾ ਵਿਖੇ ਸ਼ਹੀਦ ਹੋਏ ਦੋ ਪੁਲਸ ਕਰਮੀਆਂ ਦੀ ਸ਼ਹਾਦਤ ਤੇ ਵਿਰੋਧੀ ਪਾਰਟੀਆਂ ਵੱਲੋਂ ਆਪਣੀ ਫੋਕੀ ਸ਼ੋਹਰਤ ਹਾਸਲ ਕਰਨ ਲਈ ਹਲਕੀ ਰਾਜਨੀਤੀ ਕੀਤੀ ਜਾ ਰਹੀ ਹੈ, ਜੋ ਅਤਿ ਨਿੰਦਣਯੋਗ ਹੈ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਹਲਕਾ ਵਿਧਾਇਕ ਬਟਾਲਾ ਸ. ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਹਲਕਾ ਡੇਰਾ ਬਾਬਾ ਨਾਨਕ ਅਤੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਹਲਕਾ ਸ਼੍ਰੀ ਹਰਗੋਬਿੰਦਪੁਰ ਸਾਹਿਬ ਨੇ ਕੀਤੀ।ਇਸ ਮੌਕੇ ਚੇਅਰਮੈਨ ਜੋਬਨ ਰੰਧਾਵਾ, ਚੇਅਰਮੈਨ ਰਾਜੀਵ ਕੁਮਾਰ, ਹਲਕਾ ਇੰਚਾਰਜ ਗੁਰਦਾਸਪੁਰ, ਰਮਨ ਬਹਿਲ, ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ, ਬਲਬੀਰ ਸਿੰਘ ਪੰਨੂੰ, ਹਲਕਾ ਇੰਚਾਰਜ ਕਾਦੀਆਂ ਜਗਰੂਪ ਸਿੰਘ ਸੇਖਵਾਂ, ਹਲਕਾ ਇੰਚਾਰਜ ਦੀਨਾਨਗਰ ਸ਼ਮਸ਼ੇਰ ਸਿੰਘ ਅਤੇ ਸਮੇਤ ਸਮੁੱਚੀ ਪਾਰਟੀ ਦੀ ਲੀਡਰਸ਼ਿਪ ਮੌਜੂਦ ਸੀ।ਬਟਾਲਾ ਵਿਖੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਮੈਂਬਰਾਂ ਲਈ ਕਰਵਾਏ ਸਹੁੰ ਚੁੱਕ ਸਮਾਗਮ ਉਪਰੰਤ ਪੱਤਰਕਾਰਾਂ ਨਾਲ ਗੱਲ ਕਰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਤੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਇਸ ਸਮੇਂ ਲੋੜ ਤਾਂ ਸ਼ਹੀਦ ਹੋਏ ਪੁਲਿਸ ਕਰਮੀਆਂ ਦੇ ਪਰਿਵਾਰਾਂ ਨਾਲ ਦੁੱਖ ਵੰਡਾਉਣ ਅਤੇ ਉਨ੍ਹਾਂ ਦੇ ਨਾਲ ਖੜ੍ਹਨ ਦੀ ਸੀ, ਪਰ ਵਿਰੋਧੀ ਪਾਰਟੀਆਂ ਸ਼ਹਾਦਤ ਦੇ ਨਾਮ ਤੇ ਆਪਣੀਆਂ ਸਿਆਸੀ ਰੋਟੀਆਂ ਸੇਕ ਰਹੀਆਂ ਹਨ, ਜਿਸ ਦੀ ਜਿੰਨੀ ਨਿਖੇਧੀ ਕੀਤੀ ਜਾਵੇ ਉਨੀ ਥੋੜ੍ਹੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਵੱਲੋਂ ਸ਼ਹੀਦ ਪਰਿਵਾਰਾਂ ਦੀ ਨਾਲ ਦੁੱਖ ਵੰਡਾਉਂਦਿਆ ਸ਼ਹੀਦਾਂ ਦੇ ਸਨਮਾਨ ਲਈ 1-1 ਕਰੋੜ ਰੁਪਏ ਦੀ ਸਨਮਾਨ ਰਾਸ਼ੀ ਦੇਣ ਦਾ ਐਲਾਨ ਕੀਤਾ ਹੈ ਅਤੇ ਇਸ ਦੁੱਖ ਦੀ ਘੜ੍ਹੀ ਵਿੱਚ ਪੰਜਾਬ ਸਰਕਾਰ ਸ਼ਹੀਦ ਪਰਿਵਾਰਾਂ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹੀ ਹੈ।

## ਪਾਵਰਕਾਮ ਦਾ ਹਰ ਅਧਿਕਾਰੀ ਤੇ ਕਰਮਚਾਰੀ ਪੂਰੀ ਤਨਦੇਹੀ ਨਾਲ ਕੰਮ ਕਰ ਰਿਹੈ : ਇੰਜੀ. ਬੋਪਾਰਾਏ

**ਗੁਰਦਾਸਪੁਰ, (ਜਨਕ ਮਹਾਜਨ)**-ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਈ ਡਿਊਟੀ ਨਾਲ ਇਨਸਾਨ ਨੂੰ ਜਿੱਥੇ ਸਕੂਨ ਮਿਲਦਾ ਹੈ ਉਸ ਦੇ ਨਾਲ-ਨਾਲ ਬੁਲੰਦੀਆਂ ਤੱਕ ਪਹੁੰਚਣ ਲਈ ਕਿਸੇ ਵੀ ਕਿਸਮ ਦੀ ਮੁਸ਼ਕਿਲ ਦਾ ਸਾਹਮਣਾ ਨਹੀਂ ਕਰਨਾ ਪੈਂਦਾ ਪਰ ਪਾਵਰਕਾਮ ਵੱਲੋਂ ਮਿਲੀ ਡਿਊਟੀ ਨੂੰ ਹਰੇਕ ਅਧਿਕਾਰੀ ਅਤੇ ਕਰਮਚਾਰੀ ਨੂੰ ਪੂਰੀ



ਤਨਦੇਹੀ ਨਾਲ ਨਿਭਾਅ ਕੇ ਆਪੋ ਆਪਣੇ ਫਰਜ਼ਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਇੰਜੀਨੀਅਰ ਅਰਵਿੰਦਰਜੀਤ ਸਿੰਘ ਬੋਪਾਰਾਏ ਚੀਫ ਇੰਜੀਨੀਅਰ ਬਾਰਡਰ ਜ਼ੋਨ ਅੰਮ੍ਰਿਤਸਰ ਨੇ ਆਪਣੀ ਪਲੇਠੀ ਮੀਟਿੰਗ ਦੇ ਦੌਰੇ ਦੌਰਾਨ ਸਰਕਲ ਦਫਤਰ ਗੁਰਦਾਸਪੁਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਬੋਪਾਰਾਏ ਨੇ ਕਿਹਾ ਕਿ ਗੁਰਦਾਸਪੁਰ ਅਤੇ ਅੰਮ੍ਰਿਤਸਰ ਜ਼ਿਲ੍ਹੇ ਅਧੀਨ ਪੈਂਦੀਆਂ ਵੱਖ-ਵੱਖ ਡਵੀਜ਼ਨਾਂ ਅਤੇ ਸਬ ਡਵੀਜ਼ਨਾਂ ਨੂੰ ਸਮੇਂ-ਸਮੇਂ ਅਨੁਸਾਰ ਚੈਕ ਕੀਤਾ ਜਾਵੇਗਾ ਅਤੇ ਜੋ ਵੀ ਮੁਸ਼ਕਲਾਂ ਖਪਤਕਾਰਾਂ ਵੱਲੋਂ ਮੇਰੇ ਧਿਆਨ ਵਿਚ ਲਿਆਂਦੀਆਂ ਜਾਣਗੀਆਂ ਉਨ੍ਹਾਂ ਦਾ ਨਿਪਟਾਰਾ ਪਹਿਲ ਦੇ ਅਧਾਰ ’ਤੇ ਕੀਤਾ ਜਾਵੇਗਾ। ਇਸ ਮੌਕੇ ਬੋਪਾਰਾਏ ਨੂੰ ਗੁਰਦਾਸਪੁਰ ਸਰਕਲ ਦਫਤਰ ਦੇ ਨਿਗਰਾਨ ਇੰਜੀਨੀਅਰ ਕੁਲਦੀਪ ਸਿੰਘ ਸੀਨੀਅਰ ਐਕਸੀਅਨ ਗੁਰਦਾਸਪੁਰ ਗੁਰਜੀਤ ਸਿੰਘ ਸਰਕਲ ਸੁਪਰਡੈਂਟ, ਰਜਿੰਦਰ ਕੁਮਾਰ ਸ਼ਰਮਾ ਐੱਚਡੀਐੱਮ ਅਤੇ ਸਮੂਹ ਸਟਾਫ ਵਲੋਂ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ।

## ਸ਼ਹੀਦ ਹੋਏ ਪੁਲਸ ਜਵਾਨਾਂ ਦੇ ਪਰਿਵਾਰਾਂ ਨਾਲ ਛੋਟੇਪੁਰ ਨੇ ਕੀਤਾ ਦੁੱਖ ਸਾਂਝਾ

**ਧਾਰੀਵਾਲ, (ਮਨਦੀਪ ਵਿੱਕੀ)**-ਬੀਤੇ ਦਿਨੀਂ ਥਾਣਾ ਦੋਰਾਂਗਲਾ ਪੈਂਦੇ ਸਰਹੱਦੀ ਪੁਲਸ ਨਾਕਾ ਆਦੀਆਂ ਵਿਖੇ ਗੋਲੀਆਂ ਲੱਗਣ ਨਾਲ ਸ਼ਹੀਦ ਹੋਏ ਪੁਲਸ ਦੇ ਏਐਸਆਈ ਗੁਰਨਾਮ ਸਿੰਘ



ਅਤੇ ਹੋਮਗਾਰਡ ਦੇ ਜਵਾਨ ਅਸ਼ੋਕ ਕੁਮਾਰ ਦੇ ਪਰਿਵਾਰਾਂ ਨਾਲ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਸਾਬਕਾ ਮੰਤਰੀ ਪੰਜਾਬ ਵੱਲੋਂ ਵਿਸ਼ੇਸ਼ ਤੌਰ ਤੇ ਉਨ੍ਹਾਂ ਦੇ ਗ੍ਰਹਿ ਪਹੁੰਚ ਕੇ ਸ਼ਹੀਦਾਂ ਦੇ ਪਰਿਵਾਰਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਨੇ ਕਿਹਾ ਕਿ ਡਿਊਟੀ ’ਤੇ ਤੈਨਾਤ ਪਿੰਡ ਗਾਦੜੀਆਂ ਦੇ ਏਐੱਸਈ ਗੁਰਨਾਮ ਸਿੰਘ ਅਤੇ ਪਿੰਡ ਅਖਲਾਸਪੁਰ ਦੇ ਹੋਮਗਾਰਡ ਦੇ ਜਵਾਨ ਅਸ਼ੋਕ ਕੁਮਾਰ ਨੂੰ ਗੋਲੀਆਂ ਮਾਰ ਕੇ ਸ਼ਹੀਦ ਕਰਨ ਦੇਣਾ ਬਹੁਤ ਮੰਦਭਾਗਾ ਹੈ।ਉਨ੍ਹਾਂ ਕਿਹਾ ਕਿ ਬੜੇ ਅਫ਼ਸੋਸ ਦੀ ਗੱਲ ਹੈ ਕਿ ਜਿੱਥੇ ਲੋਕਾਂ ਦੀ ਰਾਖੀ ਕਰਨ ਵਾਲੇ ਜਵਾਨਾਂ ਨੂੰ ਗੋਲੀਆਂ ਮਾਰ ਕੇ ਸ਼ਹੀਦ ਕੀਤਾ ਜਾ ਰਿਹਾ ਹੈ, ਉਥੇ ਆਮ ਜਨਤਾ ਦਾ ਕੀ ਬਣੇਗਾ।ਇਸ ਮੌਕੇ ਛੋਟੇਪੁਰ ਨੇ ਦੋਵਾਂ ਪਰਿਵਾਰਾਂ ਨਾਲ ਹਮਦਰਦੀ ਜਤਾਉਂਦਿਆਂ ਹੋਇਆਂ ਕਿਹਾ ਕਿ ਗੁਰਨਾਮ ਸਿੰਘ ਅਤੇ ਅਸ਼ੋਕ ਕੁਮਾਰ ਦੇ ਸ਼ਹੀਦ ਹੋਣ ਨਾਲ ਪਰਿਵਾਰਾਂ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਸ ਮੌਕੇ ਸ਼ਹੀਦਾਂ ਦੇ ਪਰਿਵਾਰਾਂ ਤੋਂ ਇਲਾਵਾ ਰਿਸ਼ਤੇਦਾਰ ਵੀ ਮੌਜੂਦ ਸਨ।

## ਵਜ਼ੀਰ ਭੁੱਲਰ ’ਚ 17ਵਾਂ ਕੀਰਤਨ ਦਰਬਾਰ



**ਬਿਆਸ (ਪਰਮਜੀਤ ਸਿੰਘ ਰੱਖੜਾ)**

ਪਿੰਡ ਵਜ਼ੀਰ ਭੁੱਲਰ ਦੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ 17ਵਾਂ ਸਲਾਨਾ ਧਾਰਮਿਕ ਸਮਾਗਮ ਸ੍ਰੀ ਗੁਰੂ ਤੇਗ ਬਹਾਦਰ ਧਰਮ ਪ੍ਰਚਾਰ ਕਮੇਟੀ, ਸਾਧ ਸੰਗਤ ਵਜ਼ੀਰ ਭੁੱਲਰ ਅਤੇ ਇਲਾਕਾ ਨਿਵਾਸੀਆਂ ਵੱਲੋਂ ਕਰਵਾਇਆ ਗਿਆ।23 ਫਰਵਰੀ ਦਿਨ ਸੋਮਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਉਪਰੰਤ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ।24 ਅਤੇ 25 ਫਰਵਰੀ ਨੂੰ ਸ਼ਾਮ 6 ਵਜੇ ਤੋਂ ਰਾਤ 10.30 ਵਜੇ ਤੱਕ ਕੀਰਤਨ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ ਬਾਬਾ ਦਵਿੰਦਰ ਸਿੰਘ ਵਜ਼ੀਰ ਭੁੱਲਰ, ਭਾਈ ਕੁਲਵੰਤ ਸਿੰਘ ਸ਼ਾਂਤ, ਬੀਬੀ ਨਵਜੋਤ ਕੌਰ ਵਜ਼ੀਰ ਭੁੱਲਰ, ਭਾਈ ਲਖਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਬਲਜਿੰਦਰ ਸਿੰਘ ਹਜ਼ੂਰੀ ਰਾਗੀ ਬਾਬਾ ਬਕਾਲਾ ਸਾਹਿਬ, ਭਾਈ ਸਰਬਜੀਤ ਸਿੰਘ ਪਟਨਾ ਸਾਹਿਬ, ਭਾਈ ਗੁਰਕੀਰਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਗਿਆਨੀ ਸੁਖਬੀਰ ਸਿੰਘ ਦਾ ਕਵੀਸ਼ਰੀ ਜਥਾ, ਸਿੱਖ ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਮਾਨ ਸਿੰਘ ਸਾਬਕਾ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅਤੇ ਭਾਈ ਸੁਖਦੇਵ ਸਿੰਘ ਡੱਲਾ ਨੇ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ ਵਿਚਾਰਾਂ ਰਾਹੀਂ ਨਿਹਾਲ ਕੀਤਾ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਇਸ ਸਾਰੇ ਹੀ ਸਮਾਗਮ ਦੀ ਸਟੇਜ ਸੈਕਟਰੀ ਦੀ ਅਹਿਮ ਭੂਮਿਕਾ ਭਾਈ ਹਰਪ੍ਰੀਤ ਸਿੰਘ ਵਡਾਲਾ ਜੌਹਲ ਵਾਲਿਆਂ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।ਪ੍ਰਬੰਧਕਾਂ ਅਤੇ ਪਿੰਡ ਵਜ਼ੀਰ ਭੁੱਲਰ ਦੇ ਸਾਰੇ ਹੀ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘਾਂ ਵਲੋਂ ਸਮਾਗਮ ਵਿੱਚ ਤਨ ਮਨ ਅਤੇ ਧਨ ਨਾਲ ਸੇਵਾ ਕਰਨ ਵਾਲੇ ਪਤਵੰਤੇ ਸੱਜਣਾਂ ਨੂੰ ਗੁਰੂ ਸਾਹਿਬ ਦੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

## ਸਕਿਓਰਿਟੀ ਸੁਪਰਵਾਈਜ਼ਰਾਂ ਦੀ ਮੁਫ਼ਤ ਟ੍ਰੇਨਿੰਗ ਸਬੰਧੀ ਕੈਂਪ 2 ਨੂੰ

**ਤਰਨਤਾਰਨ (ਪ੍ਰਿਤਪਾਲ ਸਿੰਘ)**-ਪੰਜਾਬ ਵਿੱਚ ਬੇਰੁਜ਼ਗਾਰੀ ਨੂੰ ਘਟਾਉਣ ਲਈ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਬੇਰੁਜ਼ਗਾਰ ਨੌਜਵਾਨ ਲੜਕੇ-ਲੜਕੀਆਂ ਲਈ ਮੁਫ਼ਤ ਕਿੱਤਾ ਮੁੱਖੀ ਕੋਰਸ ਕਰਵਾਏ ਜਾਂਦੇ ਹਨ।ਇਸ ਸਬੰਧੀ ਮਿਸ਼ਨ ਵੱਲੋਂ ਸੀ. ਪਾਈਟ ਕੈਂਪ ਪੱਟੀ ਵਿਖੇ ਸਕਿਓਰਿਟੀ ਸੁਪਰਵਾਈਜ਼ਰਾਂ ਦੀ ਮੁਫ਼ਤ ਟ੍ਰੇਨਿੰਗ ਪੀ. ਐੱਮ. ਕੇ. ਵੀ. ਵਾਈ. 5.0 ਅਧੀਨ ਕਰਵਾਈ ਜਾਣੀ ਹੈ।ਇਸ ਟੇਨਿੰਗ ਲਈ ਯੋਗਤਾ ਦਸਵੀਂ ਪਾਸ ਅਤੇ 5 ਸਾਲ ਦਾ ਤਜਰਬਾ ਸਕਿਓਰਿਟੀ ਗਾਰਡ ਦਾ ਜਾਂ ਬਾਰ੍ਹਵੀਂ ਪਾਸ 3 ਸਾਲ ਦਾ ਤਜਰਬਾ ਸਕਿਓਰਿਟੀ ਗਾਰਡ ਦਾ ਹੋਣਾ ਚਾਹੀਦਾ ਹੈ। ਐਕਸ ਸਰਵਿਸ ਮੈਨ ਵੀ ਇਸ ਸਬੰਧੀ ਅਪਲਾਈ ਕਰ ਸਕਦੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ, ਤਰਨ ਤਾਰਨ ਵਿਕਰਮ ਜੀਤ ਨੇ ਦੱਸਿਆ ਕਿ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਤਰਨ ਤਾਰਨ ਸੁਰਿੰਦਰ ਸਿੰਘ ਦੀ ਰਹਿਨੁਮਾਈ ਹੇਠ ਮਿਤੀ 02-03-2026 ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਤਰਨ ਤਾਰਨ, ਕਮਰਾ ਨੰਬਰ 115, ਪਹਿਲੀ ਮੰਜ਼ਿਲ, ਡੀ. ਸੀ. ਦਫਤਰ ਕੰਪਲੈਕਸ, ਸਰਹਾਲੀ ਰੋਡ (ਪਿੰਡ ਪਿੰਦੀ) ਤਰਨ ਤਾਰਨ ਵਿਖੇ ਇਸ ਸਬੰਧੀ ਕੈਂਪ ਲਗਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਸੀ. ਪਾਈਟ ਸੈਂਟਰ ਵਿਚ ਸਕਿਓਰਿਟੀ ਸੁਪਰਵਾਈਜ਼ਰ ਦੀ ਮੁਫ਼ਤ ਟ੍ਰੇਨਿੰਗ ਆਈ. ਟੀ. ਆਈ. ਕੰਪਲੈਕਸ, ਖੇਮਕਰਨ ਰੋਡ ਪੱਟੀ, ਤਰਨ ਤਾਰਨ ਵਿਚ ਕਰਵਾਈ ਜਾਣੀ ਹੈ।ਇਹ ਟ੍ਰੇਨਿੰਗ ਪ੍ਰਾਪਤ ਕਰਨ ਤੋਂ ਬਾਅਦ ਸਿਖਿਆਰਥੀ ਨੂੰ ਸਰਟੀਫਿਕੇਟ ਦਿੱਤਾ ਜਾਵੇਗਾ।ਉਨ੍ਹਾਂ ਯੋਗ ਪ੍ਰਾਰਥੀਆਂ ਨੂੰ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਤਰਨਤਾਰਨ ਦੇ ਹੈਲਪਲਾਈਨ ਨੰਬਰ 77173-97013 ਅਤੇ ਮਨਜਿੰਦਰ ਸਿੰਘ (7717302484, 9779231125), ਜਤਿੰਦਰ ਸਿੰਘ (8437970900) ਨਾਲ ਸੰਪਰਕ ਕੀਤਾ ਜਾ ਸਕਦਾ ਹੈ ਜਾਂ ਬਾਰ ਕੋਡ ਨੂੰ ਸਕੈਨ ਕਰਕੇ ਆਪਣੇ ਆਪ ਨੂੰ ਰਜਿਸਟਰਡ ਕੀਤਾ ਜਾ ਸਕਦਾ ਹੈ।

## ਬਹਿਲ ਨੇ ਮੁੱਖ ਮੰਡੀ ਗੁਰਦਾਸਪੁਰ ਦੇ ਵਿਕਾਸ ਕਾਰਜਾਂ ਲਈ 25 ਲੱਖ ਰੁਪਏ ਹੋਰ ਦਿੱਤੇ

**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਨੇ ਦੱਸਿਆ ਕਿ ਮੁੱਖ ਮੰਡੀ ਗੁਰਦਾਸਪੁਰ ਵਿੱਚ ਆੜ੍ਹਤੀਆਂ ਅਤੇ ਫ਼ੜੀ ਵਾਲਿਆਂ ਦੀ ਸ਼ੈੱਡ ਬਣਾਉਣ ਸਬੰਧੀ ਬਹੁਤ ਪੁਰਾਣੀ ਮੰਗ ਸੀ ਕਿਉਂਕਿ ਬਰਸਾਤਾਂ ਦੇ ਦਿਨਾਂ ਵਿੱਚ ਬਹੁਤ



ਮੁਸ਼ਕਿਲ ਆਉਂਦੀ ਸੀ। ਉਨ੍ਹਾਂ ਦੱਸਿਆ ਕਿ ਇਸ ਦੇ ਸਬੰਧ ਵਿੱਚ ਉਨ੍ਹਾਂ ਵੱਲੋਂ ਪੰਜਾਬ ਮੰਡੀ ਬੋਰਡ ਨੂੰ ਬਾਬਤ 1 ਕਰੋੜ 5 ਲੱਖ ਰੁਪਏ ਦਿੱਤੇ ਗਏ, ਜਿਸ ਵਿੱਚ ਉਨ੍ਹਾਂ ਵੱਲੋਂ ਮੰਡੀ ਦੇ ਫ਼ੜ੍ਹ ਦਾ 15000 ਸਕੇਅਰ ਫੁੱਟ ਏਰੀਆ ਕਵਰ ਕਰ ਦਿੱਤਾ ਗਿਆ।ਰਮਨ ਬਹਿਲ ਨੇ ਅੱਗੇ ਦੱਸਿਆ ਕਿ ਪ੍ਰੰਤੂ ਕੁੱਝ ਦੁਕਾਨਾਂ ਅਤੇ ਫੜ੍ਹੀ ਵਾਲਿਆਂ ਦਾ ਏਰੀਆ (ਲਗਭਗ 2500 ਸਕੇਅਰ ਫੁੱਟ) ਕਵਰ ਨਹੀਂ ਹੋ ਸਕਿਆ ਸੀ।ਹੁਣ ਫਿਰ ਉਨ੍ਹਾਂ ਵੱਲੋਂ ਪੰਜਾਬ ਮੰਡੀ ਬੋਰਡ ਨੂੰ ਬਾਬਤ 25 ਲੱਖ ਰੁਪਏ ਦਿੱਤੇ ਗਏ ਹਨ ਤਾਂ ਜੋ ਬਕਾਇਆ ਕੰਮ ਵੀ ਹੋ ਸਕੇ ਅਤੇ ਇਸ ਦੇ ਸਬੰਧ ਵਿੱਚ ਪੰਜਾਬ ਮੰਡੀ ਗੁਰਦਾਸਪੁਰ ਵੱਲੋਂ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ।ਰਮਨ ਬਹਿਲ ਨੇ ਦੱਸਿਆ ਕਿ ਸਬਜ਼ੀ ਮੰਡੀ ਗੁਰਦਾਸਪੁਰ ਵਿੱਚ 2 ਕਰੋੜ 10 ਲੱਖ ਰੁਪਏ ਦੇ ਵਿਕਾਸ ਕਾਰਜ ਹੁਣ ਤੱਕ ਕੀਤੇ ਜਾ ਚੁੱਕੇ ਹਨ। ਜਿਨ੍ਹਾਂ ਵਿੱਚ ਕਰੀਬ 1 ਕਰੋੜ 5 ਲੱਖ ਦੀ ਲਾਗਤ ਨਾਲ ਸੜਕ ਅਤੇ 1 ਕਰੋੜ 5 ਲੱਖ ਰੁਪਏ ਦੀ ਲਾਗਤ ਨਾਲ ਨਵਾਂ ਸ਼ੈੱਡ ਉਸਾਰਿਆ ਗਿਆ ਹੈ।ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਦਾ ਪਰਿਵਾਰ ਸਮਾਜ ਸੇਵਾ ਲਈ ਸਮਰਪਿਤ ਹੈ ਅਤੇ ਹਮੇਸ਼ਾ ਸਬਜ਼ੀ ਮੰਡੀ ਗੁਰਦਾਸਪੁਰ ਦੀ ਬਿਹਤਰੀ ਲਈ ਯਤਨ ਕੀਤੇ ਹਨ।ਉਨ੍ਹਾਂ ਕਿਹਾ ਕਿ ਗੁਰਦਾਸਪੁਰ ਹਲਕੇ ਦੇ ਨਿਵਾਸੀ ਉਨ੍ਹਾਂ ਦਾ ਆਪਣਾ ਪਰਿਵਾਰ ਹਨ ਅਤੇ ਉਹ ਆਪਣੇ ਲੋਕਾਂ ਦੀ ਵੱਧ ਤੋਂ ਵੱਧ ਸੇਵਾ ਕਰਨ ਲਈ ਵਚਨਬੱਧ ਹਨ।

## ਗੀਤਕਾਰ ਭੱਟੀ ਭੜੀ ਵਾਲੇ ਨੂੰ ਸਦਮਾ, ਪਿਤਾ ਦਾ ਦਿਹਾਂਤ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਬੀਤੇ ਦਿਨੀਂ ਪੰਜਾਬ ਦੇ ਉੱਘੇ ਗੀਤਕਾਰ ਤੇ ਪੇਸ਼ਕਾਰ ਭੱਟੀ ਭੜੀ ਵਾਲਾ ਦੇ ਪਿਤਾ ਜਥੇਦਾਰ ਹਰਨੇਕ ਸਿੰਘ ਜੋ ਲੰਮੇ ਸਮੇਂ ਤੋਂ ਬਿਮਾਰ ਚੱਲ ਰਹੇ ਸਨ, ਦਾ ਦਿਹਾਂਤ ਹੋ ਗਿਆ। ਉਹ ਮਿਹਨਤਕਸ਼ ਮੱਧਵਰਗੀ ਪਰਿਵਾਰ ਵਿੱਚ ਪੈਦਾ ਹੋਏ ਸਨ। ਉਨ੍ਹਾਂ ਟੈਲੀਫੋਨ ਵਿਭਾਗ ਵਿੱਚ ਨੌਕਰੀ ਕੀਤੀ ਅਤੇ ਉੱਚ ਅਹੁਦੇ ਤੋਂ ਰਿਟਾਇਰ ਹੋ ਕੇ ਪਿੰਡ ਵਾਪਸ ਆ ਕੇ ਲੋਕ ਸੇਵਾ ਵਿੱਚ ਜੁਟ ਗਏ। ਉਨ੍ਹਾਂ ਦੇ ਦਿਹਾਂਤ ’ਤੇ ਪੰਜਾਬੀ ਲੋਕ ਗਾਇਕ ਮਾਝਾ ਜ਼ੋਨ, ਕਾਮਰੇਡ ਸੋਹਨ ਸਿੰਘ ਜੋਸ਼ ਸਾਹਿਤ ਅਤੇ ਸੱਭਿਆਚਾਰਕ ਮੰਚ ਚੇਤਨਪੁਰਾ ਅਤੇ ਸਾਹਿਤ ਸਭਾ ਚੁਗਾਵਾਂ ਨੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਪਰਿਵਾਰ ਨਾਲ ਹਮਦਰਦੀ ਜ਼ਾਹਿਰ ਕੀਤੀ ਹੈ।ਦੁੱਖ ਪ੍ਰਗਟ ਕਰਨ ਵਾਲਿਆਂ ਵਿੱਚ ਗਾਇਕ ਯੂਨੀਅਨ ਦੇ ਪ੍ਰਧਾਨ ਹਰਪਾਲ ਸਿੰਘ ਠੱਠੇ ਵਾਲਾ, ਰਸ਼ਪਾਲ ਰਸੀਲਾ, ਜਸਬੀਰ ਨਿਮਾਣਾ ਜੱਟ ਕੈਨੇਡਾ, ਦਿਲਬਾਗ ਹੁੰਦਲ ਅਮਨ ਫੁੱਲਾਂਵਾਲ, ਜਸਵੰਤ ਸੰਦੀਲਾ, ਬਿੱਟੂ ਖੰਨੇ ਵਾਲਾ, ਦਲਵਿੰਦਰ ਦਿਆਲਪੁਰੀ, ਗੋਗੀ ਟਿਵਾਣਾ, ਧਰਵਿੰਦਰ ਔਲਖ, ਗੁਰਬਾਜ਼ ਛੀਨਾ ਅਤੇ ਬਲਦੇਵ ਕੰਬੋ ਆਦਿ ਨੇ ਸ਼ੋਕ ਸੁਨੇਹੇ ਭੇਜ ਕੇ ਪਰਿਵਾਰ ਨਾਲ ਦੁੱਖ ਪ੍ਰਗਟ ਕੀਤਾ ਹੈ।

## ਖ਼ਾਲਸਾ ਕਾਲਜ ਵਿਖੇ ਬੀ. ਏ. ਆਰ. ਸੀ. ਆਊਟਰੀਚ ਪ੍ਰੋਗਰਾਮ ਕਰਵਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖ਼ਾਲਸਾ ਕਾਲਜ ਦੇ ਭੌਤਿਕ ਵਿਗਿਆਨ ਵਿਭਾਗ ਵੱਲੋਂ ਵਿਦਿਆਰਥੀਆਂ ਲਈ ਇਕ ਬੀ. ਏ. ਆਰ. ਸੀ. (ਭਾਭਾ ਪਰਮਾਣੂ ਖੋਜ ਕੇਂਦਰ) ਆਊਟਰੀਚ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ ’ਤੇ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਬੀ. ਏ. ਆਰ. ਸੀ., ਮੁੰਬਈ ਦੇ ਵਿਗਿਆਨੀ ਡਾ. ਮਨੀਸ਼ ਚੋਪੜਾ ਨੇ ਸਰੋਤ ਵਿਅਕਤੀ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਡਾ. ਚੋਪੜਾ ਦਾ ਸਵਾਗਤ ਕਰਨ ਉਪਰੰਤ ਵਿਦਿਆਰਥੀਆਂ ਨੂੰ ਕਰੀਅਰ ਪ੍ਰਤੀ ਸੁਚੇਤ ਰਹਿਣ, ਵਿਗਿਆਨ ਗ੍ਰੈਜੂਏਟਾਂ ਲਈ ਉਪਲਬਧ ਮੌਕਿਆਂ ਦੀ ਪੜਚੋਲ ਕਰਨ ਸਬੰਧੀ ਪ੍ਰੇਰਿਤ ਕਰਦਿਆਂ ਭੌਤਿਕ ਵਿਗਿਆਨ ਵਿਭਾਗ ਨੂੰ ਅਜਿਹੇ ਕਰੀਅਰ-ਮੁਖੀ ਸਮਾਗਮਾਂ ਦੀ ਮੇਜ਼ਬਾਨੀ ਕਰਨ ਲਈ ਵਧਾਈ ਦਿੱਤੀ। ਇਸ ਮੌਕੇ ਡਾ. ਚੋਪੜਾ ਨੇ ਭਾਰਤ ਸਰਕਾਰ ਦੇ ਪ੍ਰਮਾਣੂ ਊਰਜਾ ਵਿਭਾਗ (ਡੀ. ਏ. ਈ.) ਅਧੀਨ ਸੰਸਥਾਵਾਂ ਦਾ ਡੂੰਘਾਈ ਨਾਲ ਸੰਖੇਪ ਜਾਣਕਾਰੀ ਪ੍ਰਦਾਨ ਕੀਤੀ, ਜਿਸ ’ਚ ਬੀ. ਏ. ਆਰ. ਸੀ. ’ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ।ਉਨ੍ਹਾਂ ਨੇ ਬੀ. ਏ. ਆਰ. ਸੀ. ਵਿਖੇ ਵੱਖ-ਵੱਖ ਅਹੁਦਿਆਂ, ਅਰਜ਼ੀ ਪ੍ਰਕਿਰਿਆ, ਜਿਸ ’ਚ ਟੈਸਟ ਅਤੇ ਇੰਟਰਵਿਊ ਸ਼ਾਮਿਲ ਹਨ, ਨੂੰ ਉਜਾਗਰ ਕੀਤਾ ਅਤੇ ਇਨ੍ਹਾਂ ਮੌਕਿਆਂ ’ਚ ਉਤਰੀ ਭਾਰਤ, ਖਾਸ ਕਰਕੇ ਪੰਜਾਬ ਦੇ ਵਿਦਿਆਰਥੀਆਂ ਦੀ ਘੱਟ ਪ੍ਰਤੀਨਿਧਤਾ ਨੂੰ ਨੋਟ ਕੀਤਾ।ਉਨ੍ਹਾਂ ਨੇ ਪ੍ਰਮਾਣੂ ਅਤੇ ਪਰਮਾਣੂ ਊਰਜਾ ਖੇਤਰਾਂ ’ਚ ਖੋਜ ਦੇ ਨਾਲ-ਨਾਲ ਭਾਰਤ ਭਰ ’ਚ ਪਾਵਰ ਪਲਾਟਾਂ ਦੀ ਸਥਾਪਨਾ ਰਾਹੀਂ ਰਾਸ਼ਟਰ ਨਿਰਮਾਣ ’ਚ ਬੀ. ਏ. ਆਰ. ਸੀ. ਦੇ ਮਹੱਤਵਪੂਰਨ ਯੋਗਦਾਨਾਂ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ।ਇਸ ਮੌਕੇ ਅਕਾਦਮਿਕ ਮਾਮਲਿਆਂ ਦੇ ਡੀਨ ਅਤੇ ਭੌਤਿਕ ਵਿਗਿਆਨ ਵਿਭਾਗ ਦੇ ਮੁਖੀ ਡਾ. ਤਮਿੰਦਰ ਸਿੰਘ ਨੇ ਡਾ. ਚੋਪੜਾ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਵਿਗਿਆਨ ਅਤੇ ਤਕਨਾਲੋਜੀ ’ਚ ਕਰੀਅਰ ਦੀਆਂ ਸੰਭਾਵਨਾਵਾਂ ਨੂੰ ਸਰਗਰਮੀ ਨਾਲ ਅਗਾਂਹ ਵਧਾਉਣ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਡਾ: ਹਰਵਿੰਦਰ ਕੌਰ, ਡਾ: ਗੁਰਸ਼ਰਨ ਕੌਰ, ਡਾ: ਇਕਬਾਲ ਸਿੰਘ, ਡਾ: ਗੁਰਪ੍ਰਤਾਪ ਸਿੰਘ, ਡਾ: ਸਜੀਤ ਅੰਮ੍ਰਿਤਾ, ਡਾ: ਮੋਹਨ ਸਿੰਘ, ਡਾ: ਜੋਗਾ ਸਿੰਘ, ਡਾ: ਗੁਰਿੰਦਰਪਾਲ ਸਿੰਘ, ਡਾ: ਪਰਵਿੰਦਰ ਕੌਰ ਅਤੇ ਡਾ: ਪਰਮਿੰਦਰ ਸਿੰਘ ਵੀ ਹਾਜ਼ਰ ਸਨ।

## ਪੰਨੂੰ ਨੇ ਘਣੀਏ ਕੇ ਬਾਂਗਰ ਵਿਖੇ ਕੀਤਾ ਸੜਕ ਦਾ ਉਦਘਾਟਨ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਘਣੀਏ ਕੇ ਬਾਂਗਰ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਸੜਕ ਦਾ ਉਦਘਾਟਨ ਕੀਤਾ ਗਿਆ।ਘਣੀਏ ਕੇ ਬਾਂਗਰ ਦੀ ਫਿਰਨੀ ਨੂੰ ਕਵਰ ਕਰਦੇ ਹੋਏ ਭਾਲੋਵਾਲੀ ਰੋਡ ਤੱਕ ਅਤੇ ਸੜਕ ਦੀ ਚੌੜਾਈ ਵਧਾ ਕੇ ਕੁੱਲ 45 ਲੱਖ ਦੀ ਲਾਗਤ ਦੇ ਨਾਲ ਕੰਮ ਸ਼ੁਰੂ ਕਰ ਦਿੱਤਾ ਗਿਆ।ਇਸ ਦੇ ਨਾਲ ਹੀ ਪਿਛਲੇ ਸਾਲਾਂ ਤੋਂ ਰੁਕੇ ਹੋਏ ਕੰਮ ਵੀ ਪੂਰੇ ਕਰਨ ਦਾ ਬਲਬੀਰ ਸਿੰਘ ਪੰਨੂ ਨੇ ਵਾਅਦਾ ਕੀਤਾ।ਇਸ ਮੌਕੇ ਹਲਕਾ ਯੂਥ ਪ੍ਰਧਾਨ ਗੁਰਬਿੰਦਰ ਕਾਦੀਆਂ, ਬਲਾਕ ਪ੍ਰਧਾਨ ਰਘਬੀਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਸਰਪੰਚ ਕਰਮਜੀਤ ਸਿੰਘ, ਜਗਮੀਤ ਸਿੰਘ ਜੱਗਾ, ਯੂਥ ਕਲੱਬ ਪ੍ਰਧਾਨ ਗੁਰਪ੍ਰੀਤ ਸਿੰਘ ਗੋਪੀ, ਬਿਕਰਮਜੀਤ ਸਿੰਘ ਸ਼ੇਰਾ, ਪ੍ਰਗਟ ਸਿੰਘ, ਦਲਜੀਤ ਸਿੰਘ ਰੰਧਾਵਾ, ਬਲਵਿੰਦਰ ਸਿੰਘ, ਰਵੀ ਰੰਧਾਵਾ ਖਾਦ ਸਟੋਰ, ਸਰਬਜੀਤ ਕੌਰ,ਪਰਮਜੀਤ ਕੌਰ ਜੋਸ਼, ਹਰਪ੍ਰੀਤ ਸਿੰਘ ਹੈਪੀ, ਪੰਚ ਬਰਨਾਟ ਮਸੀਹ, ਪੰਚ ਪੂਰਨ ਸਿੰਘ, ਮਤਿਆਸ ਭੱਟੀ, ਅਵਤਾਰ ਸਿੰਘ ਰੰਧਾਵਾ, ਨਿੰਦਰ ਨਿੰਦੀ, ਸ਼ੀਦਾ ਮਸੀਹ, ਵਿੱਕੀ, ਸੁਰਜੀਤ ਸਿੰਘ ਫੌਜੀ, ਕੁਲਦੀਪ ਮਸੀਹ, ਪ੍ਰੇਮ ਮਸੀਹ, ਪਰਮਜੀਤ ਪੰਮਾ, ਜਸਮੇਰ ਸਿੰਘ ਰੰਧਾਵਾ, ਜਸਵੀਰ ਸਿੰਘ, ਕਰਨਜੀਤ ਸਿੰਘ, ਨਵਤੇਜ ਸਿੰਘ, ਭੁਪਿੰਦਰ ਸਿੰਘ ਭਿੰਦਾ ਆਦਿ ਹਾਜ਼ਰ ਰਹੇ।

## ਜਸਕਰਨ ਸਿੰਘ ਦਾ ਗੁਰਦੁਆਰਾ ਸਾਹਿਬ ਦੇ ਸਮਾਗਮ ’ਚ ਸਨਮਾਨ



**ਬਿਆਸ : (ਪਰਮਜੀਤ ਸਿੰਘ ਰੱਖੜਾ)**-ਪੰਜਾਬ ਦੇ ਨੌਜਵਾਨ ਜਿੱਥੇ ਦੇਸ਼ਾਂ ਵਿਦੇਸ਼ਾਂ ਵਿੱਚ ਆਪਣੀ ਉੱਚ ਪੱਧਰੀ ਸਿੱਖਿਆ ਸਖਤ ਮਿਹਨਤ ਅਤੇ ਉਸਾਰੂ ਸੋਚ ਦੇ ਨਾਲ ਆਪਣੀ ਅਹਿਮ ਜਗ੍ਹਾ ਬਣਾ ਕੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦਾ ਨਾਂਅ ਰੌਸ਼ਨ ਕਰ ਰਹੇ ਹਨ ਉਥੇ ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਵਜ਼ੀਰ ਭੁੱਲਰ ਦੇ ਨੌਜਵਾਨ ਨੇ ਗਣਤੰਤਰ ਦਿਵਸ ਮੌਕੇ ਲਾਲ ਕਿਲੇ ਵਿੱਚ ਪੰਜਾਬ ਦੀ ਝਾਕੀ ਨੂੰ ਰੀਪ੍ਰੀਜ਼ੈਂਟ ਕਰਦੇ ਹੋਏ ਪੰਜਾਬੀਆਂ ਦਾ ਮਨ ਮੋਹ ਲਿਆ। ਜਸਕਰਨ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਵਜ਼ੀਰ ਭੁੱਲਰ ਲਾਇਲਪੁਰ ਖਾਲਸਾ ਕਾਲਜ ਜਲੰਧਰ ਤੋਂ ਐੱਮ ਏ ਇਕਨੌਮਿਕਸ ਕਰ ਰਿਹਾ ਹੈ ਅਤੇ ਐੱਨ ਐੱਸ ਐੱਸ ਦਾ ਵਲੰਟੀਅਰ ਵੀ ਹੈ।ਉਹ 26 ਜਨਵਰੀ ਮੌਕੇ ਗਣਤੰਤਰ ਦਿਵਸ ਵਿੱਚ ਪਰੇਡ ਦਾ ਹਿੱਸਾ ਬਣਦਿਆਂ ਲਾਲ ਕਿਲੇ ਅੰਦਰ ਦਿਖਾਈ ਜਾਣ ਵਾਲੀ ਪੰਜਾਬ ਦੀ ਝਾਕੀ ਵਿੱਚ ਮੁੱਖ ਤੌਰ ਉਤੇ ਦਿਖਾਈ ਦਿੱਤਾ ਜਿਸ ਉਤੇ ਪਰਿਵਾਰ, ਪਿੰਡ ਵਾਸੀਆਂ ਅਤੇ ਹਲਕੇ ਨੂੰ ਬੇਹੱਦ ਮਾਣ ਹੈ। ਇਸ ਵਾਰ ਪੰਜਾਬ ਦੀ ਝਾਕੀ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਨਾਲ ਸ਼ਹੀਦ ਹੋਏ ਸਿੰਘਾਂ ਦੀ ਸ਼ਹਾਦਤ ਨੂੰ ਦਰਸਾਇਆ ਗਿਆ ਸੀ।ਪਿੰਡ ਵਜ਼ੀਰ ਭੁੱਲਰ ਦੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ 17ਵਾਂ ਸਾਲਾਨਾ ਸਮਾਗਮ ਹੋਇਆ ਜਿਸ ’ਚ ਜਸਕਰਨ ਸਿੰਘ ਨੂੰ ਗੁਰੂ ਘਰ ਦੇ ਵਜ਼ੀਰਾਂ ਵੱਲੋਂ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਕਮਲਜੀਤ ਸਿੰਘ, ਚੀਫ ਪ੍ਰੋਗਰਾਮ ਅਫ਼ਸਰ ਡਾ. ਸਤਪਾਲ ਸਿੰਘ ਵੀ ਹਾਜ਼ਰ ਸਨ।

## ਨਵ-ਨਿਯੁਕਤ ਹਲਕਾ ਬੀ ਸੀ ਵਿੰਗ ਕੋਆਰਡੀਨੇਟਰਾਂ ਦਾ ਸਵਾਗਤ

**ਬਿਆਸ (ਪਰਮਜੀਤ ਸਿੰਘ ਰੱਖੜਾ)**-ਬਟਾਲਾ ਰੋਡ ਅੰਮ੍ਰਿਤਸਰ ਵਿਖੇ ਬੀ ਸੀ ਵਿੰਗ ਦੇ 6 ਹਲਕਿਆਂ ਦੇ ਕੋਆਰਡੀਨੇਟਰਾਂ ਦਾ ਸੰਦੀਪ ਸਿੰਘ ਵਿਰਦੀ ਸਟੇਟ ਸੈਕਟਰੀ ਪੰਜਾਬ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਅਤੇ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਜਿਨ੍ਹਾਂ ਵਿੱਚ ਅੰਮ੍ਰਿਤਸਰ ਦਿਹਾਤੀ ਦੇ ਬੀ ਸੀ ਵਿੰਗ ਦੇ ਜ਼ਿਲ੍ਹਾ ਇੰਚਾਰਜ



ਹਰਪਾਲ ਸਿੰਘ ਚੌਹਾਨ, ਦਿਨੇਸ਼ ਕੁਮਾਰ ਸੋਨੀ ਹਲਕਾ ਅਜਨਾਲਾ, ਦਲਜੀਤ ਸਿੰਘ ਹਲਕਾ ਅਟਾਰੀ, ਸਰਵਿੰਦਰ ਸਿੰਘ ਹਲਕਾ ਬਾਬਾ ਬਕਾਲਾ ਸਾਹਿਬ, ਮਨਿੰਦਰ ਸਿੰਘ ਹਲਕਾ ਜੰਡਿਆਲਾ, ਮਨਜੀਤ ਸਿੰਘ ਹਲਕਾ ਮਜੀਠਾ, ਧਰਮਵੀਰ ਸਿੰਘ ਹਲਕਾ ਰਾਜਾ ਸਾਂਸੀ ਸ਼ਾਮਲ ਹਨ।ਇਸ ਮੌਕੇ ਵਰਿੰਦਰ ਸਿੰਘ ਧਾਮੀ ਸਟੇਟ ਜਨਰਲ ਸੈਕਟਰੀ ਪੰਜਾਬ ਵੀ ਹਾਜ਼ਰ ਸਨ।

## ਸਾਹਿਤ ਕਲਾ ਮੰਚ, ਰੀਜਾਈਨਾ (ਕੈਨੇਡਾ) ਵੱਲੋਂ ਕੌਮਾਂਤਰੀ ਮਾਂ ਬੋਲੀ ਦਿਵਸ ਆਯੋਜਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪਿਛਲੇ ਦੋ ਸਾਲਾਂ ਤੋਂ ਕਾਰਜਸ਼ੀਲ ਸਾਹਿਤ ਕਲਾ ਮੰਚ , ਰੀਜਾਈਨਾ ( ਕੈਨੇਡਾ) ਵੱਲੋਂ ਬਹੁਪੱਖੀ ਲੇਖਕ ਬਿਕਰਮਜੀਤ ਨੂਰ ਅਤੇ ਡਾਕਟਰ ਕਸ਼ਮੀਰ ਸਿੰਘ ਦੀ ਅਗਵਾਈ ਹੇਠ 21 ਫ਼ਰਵਰੀ ਨੂੰ ਗੁਰਦੁਆਰਾ ਸਿੱਖ ਸੋਸਾਇਟੀ, ਰੀਜਾਈਨਾ ਵਿਖੇ ਕੌਮਾਂਤਰੀ ਮਾਂ ਬੋਲੀ ਦਿਵਸ ਮਨਾਇਆ ਗਿਆ । ਇਸ ਸੰਖੇਪ ਜਿਹੇ ਪਰ ਪ੍ਰਭਾਵਸ਼ਾਲੀ ਸਮਾਗਮ ਵਿੱਚ ਬਿਕਰਮਜੀਤ ਨੂਰ ਨੇ



ਜਿੱਥੇ ਮੰਚ ਦੀਆਂ ਪਿਛਲੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਉੱਥੇ ਮਾਂ ਬੋਲੀ ਪੰਜਾਬੀ ਤੇ ਵਿਸਥਾਰ ਨਾਲ ਚਰਚਾ ਕੀਤੀ।ਡਾਕਟਰ ਕਸ਼ਮੀਰ ਸਿੰਘ ਨੇ ਅੰਤਰਰਾਸ਼ਟਰੀ ਮਾਂ-ਬੋਲੀ ਦਿਵਸ ਦੇ ਇਤਿਹਾਸ ’ਤੇ ਤੱਥਾਂ ਦੇ ਆਧਾਰ ’ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਪੰਜਾਬੀ ਲੋਕ ਦੁਨੀਆਂ ਦੇ ਕਿਸੇ ਵੀ ਮੁਲਕ ਦੇ ਬਾਸ਼ਿੰਦੇ ਬਣ ਜਾਣ ਪਰ ਉਹ ਆਪਣੀ ਮਾਂ ਬੋਲੀ ਪੰਜਾਬੀ ਨੂੰ ਕਦੇ ਨਹੀਂ ਵਿਸਾਰਦੇ।ਜਸਬੀਰ ਸਿੰਘ ਰੈਤ, ਲੇਖਿਕਾ ਬਲਰਾਜ ਧਾਰੀਵਾਲ, ਹਰਦੇਵ ਔਲਖ ਨੇ ਵੀ ਵਿਚਾਰ ਸਾਂਝੇ ਕੀਤੇ।ਇਸ ਸ਼ੁਭ ਅਵਸਰ ਤੇ ਹਰਜਿੰਦਰ ਕੌਰ, ਅਮਰੀਕ ਸਿੰਘ, ਗੁਰਪ੍ਰੀਤ ਸਿੰਘ ਮਾਨ, ਸੁਖਦੇਵ ਸਿੰਘ ਬਰਾੜ, ਸ਼ਿੰਗਾਰਾ ਸਿੰਘ ਸਿੱਧੂ, ਬਲਦੇਵ ਸਿੰਘ, ਅਮਨਪ੍ਰੀਤ ਸਿੰਘ, ਕੁਲਦੀਪ ਸਿੰਘ ਮੋਹੀ, ਜੇ. ਐੱਸ. ਮਾਨ, ਦਲਵਾਰਾ ਸਿੰਘ ਭੱਟੀ ਅਤੇ ਉਜਾਗਰ ਸਿੰਘ (ਦਿੱਲੀ) ਵੀ ਹਾਜ਼ਰ ਸਨ ।ਅੰਤ ਵਿੱਚ ਡਾਕਟਰ ਕਸ਼ਮੀਰ ਸਿੰਘ ਵੱਲੋਂ ਭਵਿੱਖ ਵਿੱਚ ਕੀਤੀਆਂ ਜਾਣ ਵਾਲੀਆਂ ਸਰਗਰਮੀਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਬਿਕਰਮਜੀਤ ਨੂਰ ਨੇ ਸਭਨਾਂ ਦਾ ਧੰਨਵਾਦ ਕੀਤਾ ।ਇਉਂ ਇਹ ਸਮਾਗਮ ਯਾਦਗਾਰੀ ਹੋ ਨਿਬੜਿਆ ।

## ਦੋ ਦਿਨਾ ਜਨਗਣਨਾ ਸਿਖਲਾਈ ਸਫਲਤਾਪੂਰਵਕ ਨੇਪਰੇ ਚੜ੍ਹੀ

**ਗੁਰਦਾਸਪੁਰ, (ਜਨਕ ਮਹਾਜਨ)**-ਜ਼ਿਲ੍ਹਾ ਗੁਰਦਾਸਪੁਰ ’ਚ ਜ਼ਿਲ੍ਹਾ/ਚਾਰਜ ਅਫ਼ਸਰਾਂ ਅਤੇ ਰੈਗੂਲਰ/ਤਕਨੀਕੀ ਸਹਾਇਕਾਂ ਲਈ ਮਕਾਨ ਸੂਚੀਕਰਨ ਤੇ ਮਕਾਨ ਗਣਨਾ ਦੀ ਦੋ ਦਿਨਾ ਸਿਖਲਾਈ ਸਫਲਤਾਪੂਰਵਕ ਕਰਵਾਈ ਗਈ। ਦੋ ਦਿਨਾ ਸਿਖਲਾਈ ਪ੍ਰੋਗਰਾਮ ਦੀ ਸ਼ੁਰੂਆਤ ਦੀ ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿੱਤਿਆ ਉਪਲ ਵੱਲੋਂ ਕੀਤੀ ਗਈ ਸੀ ਅਤੇ ਉਨ੍ਹਾਂ ਨੇ ਭਾਗੀਦਾਰਾਂ ਨੂੰ ਜਨਗਣਨਾ ਅਭਿਆਸ ਦੀ ਮਹੱਤਤਾ ਬਾਰੇ ਵਿਸਥਾਰ ਵਿੱਚ ਦੱਸਿਆ। ਸਿਖਲਾਈ ਵਰਕਸ਼ਾਪ ਵਿੱਚ ਤਹਿਸੀਲਦਾਰ ਲਛਮਣ ਸਿੰਘ ਅਤੇ ਰਜਿੰਦਰ ਸਿੰਘ ਵਿਸ਼ੇਸ਼ ਤੌਰ ’ਤੇ ਪਹੁੰਚੇ। ਇਹ ਸਿਖਲਾਈ ਵਿਨੋਦ ਕੁਮਾਰ ਯਾਦਵ, ਸਹਾਇਕ ਨਿਰਦੇਸ਼ਕ ਅਤੇ ਅੰਕੁਸ਼ ਸ਼ਰਮਾ, ਐੱਸਆਈ ਗ੍ਰੇਡ-1 ਅਧਿਕਾਰੀ ਵੱਲੋਂ ਦਿੱਤੀ ਗਈ ਅਤੇ ਸਿਖਲਾਈ ਪ੍ਰੋਗਰਾਮ ਸਫਲਤਾਪੂਰਵਕ ਪੂਰਾ ਹੋਇਆ। ਸਿਖਲਾਈ ਵਿੱਚ ਦੱਸਿਆ ਗਿਆ ਕਿ ਹਾਊਸ ਲਿਸਟਿੰਗ ਫੀਲਡ ਵਰਕ 15 ਮਈ ਤੋਂ 13 ਜੂਨ 2026 ਲਈ ਅਤੇ 30 ਅਪ੍ਰੈਲ ਤੋਂ 14 ਮਈ 2026 ਤੱਕ ਸਵੈ-ਗਣਨਾ ਕੀਤੀ ਜਾਵੇਗੀ। ਜਨਗਣਨਾ ਦਾ ਲੋਗੋ ‘ਜਨਗਣਨਾ ਸੇ ਜਨ ਕਲਿਆਣ’ ਹੈ। ਪੰਚਾਇਤ ਭਵਨ ਗੁਰਦਾਸਪੁਰ ਵਿਖੇ ਜਨਗਣਨਾ ਸਟਾਫ ਨੂੰ ਜਨਗਣਨਾ 2027 ਦੇ ਵੱਖ-ਵੱਖ ਪਹਿਲੂਆਂ ਸਬੰਧੀ ਜਾਣਕਾਰੀ ਦਿੱਤੀ ਗਈ।

## ਖੰਡ ਮਿੱਲ ਸ਼ੇਰੋਂ ਵਿਖੇ ਕਿਸਾਨਾਂ ਦੀ ਗ੍ਰਿਫ਼ਤਾਰੀ ਵਿਰੁੱਧ ਰੋਸ ਪ੍ਰਗਟਾਵਾ



**ਵਲਟੋਹਾ (ਰਣਜੀਤ ਸਿੰਘ ਵਲਟੋਹਾ)**

ਸ਼ੇਰੋਂ ਖੰਡ ਮਿੱਲ ਚਾਲੂ ਕਰਾਉਣ ਲਈ ਦਿੱਤੇ ਜਾ ਰਹੇ ਧਰਨੇ ਤੋਂ ਕਿਸਾਨਾਂ ਦੀ ਗ੍ਰਿਫ਼ਤਾਰੀ ਵਿਰੁੱਧ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨ ਤਾਰਨ ਦੇ ਸੱਦੇ ਤੇ ਅੱਜ ਵਲਟੋਹਾ ਚੌਂਕ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਇਕੱਠੇ ਹੋ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਇਕੱਤਰ ਹੋਏ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ, ਰਣਜੀਤ ਸਿੰਘ ਬਹਾਦਰ ਨਗਰ ਵਿਸ਼ਾਲਦੀਪ ਸਿੰਘ ਵਲਟੋਹਾ ਨੇ ਕਿਹਾ ਕਿ ਬਹੁਤ ਸਾਲ ਪਹਿਲਾਂ ਪਿੰਡ ਸ਼ੇਰੋਂ ਦੀ ਇੱਕ ਸੌ ਏਕੜ ਜ਼ਮੀਨ ਬਹੁਤ ਸਸਤੇ ਰੇਟ ਤੇ ਲੈਕੇ ਖੰਡ ਮਿੱਲ ਚਾਲੂ ਕੀਤੀ ਗਈ ਸੀ।ਇਸ ਮਿੱਲ ਨੇ ਲਗਾਤਾਰ ਸਰਕਾਰ ਨੂੰ ਮੁਨਾਫਾ ਦਿੱਤਾ।ਜਦੋਂ ਮਿੱਲ ਬੰਦ ਕੀਤੀ ਗਈ ਉਦੋਂ ਵੀ ਮੁਨਾਫ਼ੇ ਵਿੱਚ ਸੀ। ਤਰਨ ਤਾਰਨ ਜ਼ਿਲ੍ਹੇ ਦੇ ਕਿਸਾਨਾਂ ਨੂੰ ਇਸਦਾ ਕਾਫ਼ੀ ਫਾਇਦਾ ਸੀ।ਮਜ਼ਦੂਰ ਪਰਿਵਾਰਾਂ ਨੂੰ ਵੀ ਗੰਨਾ ਖੇਤਾਂ ਚੋਂ ਕੱਟਣ ਤੋਂ ਲੈਕੇ ਮਿੱਲ ਦੀ ਢੋਆ ਢੁਆਈ ਅਤੇ ਖੰਡ ਬਣਨ ਤੱਕ ਕੰਮ ਮਿਲਦਾ ਸੀ।ਇਹ ਵੀ ਜ਼ਿਕਰਯੋਗ ਹੈ ਕਿ ਤਰਨ ਤਾਰਨ ਜ਼ਿਲ੍ਹੇ ਵਿੱਚ ਖੇਤੀ ਅਧਾਰਿਤ ਸਿਰਫ਼ ਤੇ ਸਿਰਫ਼ ਇਹ ਇੱਕੋ ਇੱਕ ਮਿੱਲ ਸੀ।ਮੌਜੂਦਾ ਸਰਕਾਰ ਨੇ ਚੋਣਾਂ ਸਮੇਂ ਵਾਅਦਾ ਕੀਤਾ ਸੀ ਕਿ ਇਹ ਮਿੱਲ ਮੁੜ ਸ਼ੁਰੂ ਕੀਤੀ ਜਾਵੇਗੀ ਪਰ ਹੋਈ ਨਹੀਂ।ਯਾਦ ਰਹੇ ਕਿ ਇਸ ਮਿੱਲ ਵਿੱਚ ਸੱਠ ਫ਼ੀਸਦੀ ਹਿੱਸੇਦਾਰੀ ਕਿਸਾਨਾਂ ਦੀ ਹੈ, ਜਿਨ੍ਹਾਂ ਨੂੰ ਪੁੱਛਿਆ ਨਹੀਂ ਜਾ ਰਿਹਾ।ਇਸ ਮੌਕੇ ਕਿਸਾਨ ਆਗੂਆਂ ਮੰਗ ਕੀਤੀ ਕਿ ਗ੍ਰਿਫ਼ਤਾਰ ਕਿਸਾਨ ਤੁਰੰਤ ਰਿਹਾਅ ਕੀਤੇ ਜਾਣ।ਇਹ ਖੰਡ ਮਿੱਲ ਮੁੜ ਚਾਲੂ ਕਰਕੇ ਸਰਕਾਰ ਆਪਣਾ ਵਾਅਦਾ ਪੂਰਾ ਕਰੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜੋਗਿੰਦਰ ਸਿੰਘ ਚਰਨਜੀਤ ਸਿੰਘ ਬਹਾਦਰ ਨਗਰ ਰਣਜੀਤ ਸਿੰਘ ਕੋਟਲੀ ਮੇਜਰ ਸਿੰਘ ਜੋਧ ਸਿੰਘ ਵਾਲਾ ਗੁਰਸੇਵਕ ਸਿੰਘ ਗੁਰਲਾਲ ਸਿੰਘ ਵਲਟੋਹਾ ਮਹਿਲ ਸਿੰਘ ਕਲਸ ਸਰਬਜੀਤ ਸਿੰਘ ਕੋਟਲੀ ਸ਼ਿੰਗਾਰਾ ਸਿੰਘ ਵਲਟੋਹਾ ਗੁਰਲਾਲ ਸਿੰਘ ਵਲਟੋਹਾ ਪ੍ਰਭਜੀਤ ਸਿੰਘ ਅਮਰੀਕ ਸਿੰਘ ਨਰਾਇਣ ਸਿੰਘ ਨਵਜੀਤ ਸਿੰਘ ਜਸਵੰਤ ਸਿੰਘ ਵਲਟੋਹਾ ਆਦ ਹਾਜ਼ਰ ਸਨ।

## ਰੰਘਰੇਟਾ ਜਥੇਬੰਦੀਆਂ ਇਕ ਮੰਚ ’ਚ ਹੋਈਆਂ ਇਕੱਤਰ, ਕਈ ਮਤੇ ਪਾਸ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)**-ਵੱਖ-ਵੱਖ ਰੰਘਰੇਟਾ ਜਥੇਬੰਦੀਆਂ ਦੀ ਨੁਮਾਇੰਦਗੀ ਕਰਦੇ ਆ ਰਹੇ ਲੀਡਰਾਂ ਦੀ ਸਾਂਝੀ ਇਕੱਤਰਤਾ ਦਸ਼ਮੇਸ਼ ਨਗਰ ਵਿਚ ਸਥਿਤ ਹੈੱਡਕੁਆਰਟਰ ਨਿਸ਼ਾਨ-ਏ-ਖ਼ਾਲਸਾ ਚਾਟੀਵਿੰਡ ਲੇਹਲ ਵਿਚ ਦਸ਼ਮੇਸ਼ ਤਰਨਾ ਦਲ ਦੇ ਮੁੱਖੀ ਮਹਾਕਾਲ ਸੰਤ ਬਾਬਾ ਮੇਜਰ ਸਿੰਘ ਸੋਢੀ ਦੇ ਪੜਾਅ ’ਤੇ ਹੋਈ। ਮੀਟਿੰਗ ਦੀ ਪ੍ਰਧਾਨਗੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨੇ ਕੀਤੀ। ਮੀਟਿੰਗ ’ਚ ਅਨੁਸੂਚਿਤ ਜਾਤੀ ਹਲਕਿਆਂ ’ਚ ਵਿਚਰਨ ਵਾਲੀਆਂ ਸਮਾਜ ਸੇਵੀ ਜਥੇਬੰਦੀਆਂ ਤੇ ਕੁਝ ਸਿਆਸੀ ਗੁੱਟਾਂ ਦੇ ਆਗੂਆਂ ਨੇ ਸ਼ਿਰਕਤ ਕੀਤੀ। ਮੀਟਿੰਗ ’ਚ ਜਥੇਦਾਰ ਜੋਗਾ ਸਿੰਘ ਵਡਾਲਾ ਨੇ



ਇਕ ਮਤਾ ਪਾਸ ਕਰਨ ਦੀ ਪੇਸ਼ਕਸ਼ ਕੀਤੀ ਜਿਸ ’ਚ ਸਮਾਜ ਦੇ ਵੱਖ-ਵੱਖ ਜਾਤਾਂ ਆਧਾਰਤ ਸ਼੍ਰੇਣੀਆਂ ਨੂੰ ਯੋਗ ਅਗਵਾਈ ਦੇਣ ਲਈ ਪੜਾਅ ਦਸਮੇਸ਼ ਤਰਨਾ ਦਲ ਡੱਡੂਆਣਾ ਨੂੰ ਸਮੂਹ ਜਥੇਬੰਦੀਆਂ ਦਾ ਕੇਂਦਰਬਿੰਦੂ ਸਥਾਪਤ ਕੀਤੇ ਜਾਣ ਦੀ ਸਹਿਮਤੀ ਮੰਗੀ। ਹੈੱਡਕੁਆਰਟਰ ਨਿਸ਼ਾਨ-ਏ-ਖਾਲਸਾ ਚਾਟੀਵਿੰਡ ਲੇਹਲ ਨੂੰ ਰੰਘਰੇਟਾ ਸਮਾਜ ਦੇ ਸਮੂਹ ਲੀਡਰਾਂ ਤੇ ਸਮਾਜ ਸੇਵੀ ਜਥੇਬੰਦੀਆਂ ਲਈ ਰਾਹ ਦਸੇਰਾ ਤਸਲੀਮ ਕਰਨ ਲਈ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨੂੰ ਅਪੀਲ ਕੀਤੀ ਗਈ। ਮੀਟਿੰਗ ’ਚ ਹਾਜ਼ਰ ਸਤਨਾਮ ਸਿੰਘ ਗਿੱਲ, ਮਹਿੰਦਰ ਸਿੰਘ ਹਮੀਰਾ, ਸੂਬੇਦਾਰ ਹਰਜੀਤ ਸਿੰਘ ਬਾਬਾ ਬਕਾਲਾ ਸਾਹਿਬ, ਬਾਬਾ ਮੰਗਲ ਸਿੰਘ ਸ਼ੇਰਗਿੱਲ, ਬਲਜੀਤ ਸਿੰਘ ਝਬਾਲ, ਪ੍ਰਗਟ ਸਿੰਘ ਰਾਜੇਆਣਾ, ਸਤਨਾਮ ਸਿੰਘ ਅੰਮ੍ਰਿਤਸਰ, ਜਰਨੈਲ ਸਿੰਘ ਕੋਟ ਮਹਿਤਾਬ, ਨਿਹੰਗ ਸਿੰਘ ਜਥੇਬੰਦੀਆਂ ਦੇ ਚੇਅਰਮੈਨ ਬਲਬੀਰ ਸਿੰਘ ਚੀਮਾ, ਮਹਿੰਦਰ ਸਿੰਘ ਹਮੀਰਾ, ਸਾਜਨ ਕੋਟ ਖਾਲਸਾ, ਪਰਗਟ ਸਿੰਘ ਰਾਜੇਆਣਾ, ਕਸ਼ਮੀਰ ਸਿੰਘ ਭੁਲੱਥ, ਜਗਜੀਤ ਸਿੰਘ ਬਰਸਾਲਾ, ਦਰਬਾਰਾ ਸਿੰਘ ਬਟਾਲਾ, ਬਲਜੀਤ ਸਿੰਘ ਮਜ਼ਦੂਰ ਝਬਾਲ, ਭਾਈ ਜਰਨੈਲ ਸਿੰਘ ਕੋਟ ਮਹਿਤਾਬ, ਸੋਨੂੰ ਸਰਪੰਚ ਸਾਵਣ ਸਿੰਘ ਨਗਰ, ਜਸਬੀਰ ਸਿੰਘ ਬੁੱਢਾ ਥੇਹ, ਡਾ. ਰੋਮੀ ਕਪੂਰਥਲਾ, ਡਾ. ਰਣਜੀਤ ਸਿੰਘ, ਡਾ. ਰਾਜੇਸ਼ਵਰ ਸਿੰਘ, ਵਾਲਮੀਕਿ ਪ੍ਰਦੀਪ ਸਿੰਘ ਗੱਬਰ ਅੰਮ੍ਰਿਤਸਰ, ਜਥੇਦਾਰ ਜੋਗਾ ਸਿੰਘ ਵਡਾਲਾ ਆਦਿ ਨੇ ਪੇਸ਼ ਕੀਤੇ ਮਤੇ ਦੀ ਹਮਾਇਤ ਕੀਤੀ। ਵੱਖ-ਵੱਖ ਬੁਲਾਰਿਆਂ ਨੇ ਦਸਮੇਸ਼ ਤਰਨਾ ਦਲ ਦੇ ਹੈੱਡਕੁਆਰਟਰ ਨਿਸ਼ਾਨ-ਏ-ਖਾਲਸਾ ਚਾਟੀਵਿੰਡ ਲੇਹਲ ਨੂੰ ਰੰਗਰੇਟਾ ਭਾਈਚਾਰੇ ਦੇ ਲੀਡਰਾਂ ਦੀ ਸਿਆਸੀ ਰਾਜਧਾਨੀ ਤੇ ਧਾਰਮਿਕ ਜਥੇਬੰਦੀਆਂ ਦਾ ਕੇਂਦਰਬਿੰਦੂ ਸਥਾਪਤ ਕਰਨ ਦੀ ਸਿਫਾਰਸ਼ ਕੀਤੀ। ਮੀਟਿੰਗ ਵਿਚ ਕਈ ਹੋਰ ਮੁੱਦਿਆਂ ’ਤੇ ਵੀ ਵਿਚਾਰ ਚਰਚਾ ਹੋਈ। ਬੁਲਾਰਿਆਂ ਨੇ ਇਸ ਗੱਲ ’ਤੇ ਸਹਿਮਤੀ ਦਿੱਤੀ ਕਿ ਸਮਾਜ ’ਚ ਜਾਤੀ ਭਿੰਨ ਭੇਦ ਤੇ ਨਸਲੀ ਵਿਚਾਰਧਾਰਾ ਨੂੰ ਖ਼ਤਮ ਕਰਕੇ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕੀਤਾ ਜਾਵੇ। ਸੋਸ਼ਲ ਮੀਡੀਆ ’ਤੇ ਨਿੱਜੀ ਹਮਲੇ ਕਰਨ ਤੋਂ ਸਮੂਹ ਧਿਰਾਂ ਨੂੰ ਗੁਰੇਜ਼ ਕਰਨ ਦਾ ਹੋਕਾ ਵੀ ਦਿੱਤਾ ਗਿਆ। ਇਸ ਮੌਕੇ ਹਰ ਪਹਿਲੂ ਤੋਂ ਸਮਾਜ ਨੂੰ ਖੁਸ਼ਹਾਲ ਬਣਾਉਣ ਤੋਂ ਇਲਾਵਾ ਸਿਆਸੀ ਸੇਧ ਲਈ ਬੁੱਧੀਜੀਵੀਆਂ, ਪ੍ਰਸ਼ਾਸਨਿਕ ਅਧਿਕਾਰੀਆਂ, ਧਾਰਮਿਕ ਪ੍ਰਵਿਰਤੀ ਵਾਲੇ ਚਿੰਤਕਾਂ ’ਤੇ ਅਧਾਰਿਤ ਨੀਤੀ ਘਾੜਾ ਕਮੇਟੀ ਦੀ ਸਥਾਪਨਾ ਕਰਨ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ।

## ਬਰਨਾਲਾ ਰੈਲੀ ਲਈ ਮੋਹਾਲੀ ਤੋਂ 20 ਤੋਂ ਵੱਧ ਬੱਸਾਂ ਤੇ 100 ਤੋਂ ਵੱਧ ਗੱਡੀਆਂ ਦਾ ਵੱਡਾ ਕਾਫਲਾ ਹੋਵੇਗਾ ਰਵਾਨਾ : ਹਰਕੇਸ਼ ਚੰਦ ਸ਼ਰਮਾ

**ਮੋਹਾਲੀ (ਗੁਰਜੀਤ ਬਿੱਲਾ)**- ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਮਾਰਕੀਟ ਕਮੇਟੀ ਚੇਅਰਮੈਨ (ਖਰੜ) ਹਰਕੇਸ਼ ਚੰਦ ਸ਼ਰਮਾ ਮੱਛਲੀ ਕਲਾਂ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਭਲਕੇ ਬਰਨਾਲਾ ਵਿਖੇ ਹੋਣ ਵਾਲੀ ਵਿਸ਼ਾਲ ਰੈਲੀ ਲਈ ਮੋਹਾਲੀ ਤੋਂ 20 ਤੋਂ ਵੱਧ ਬੱਸਾਂ ਤੇ 100 ਤੋਂ ਵੱਧ ਗੱਡੀਆਂ ਦਾ ਵੱਡਾ ਕਾਫਲਾ ਰਵਾਨਾ ਹੋਣ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਇਹ ਕਾਫਲਾ ਸਵੇਰੇ 7 ਵਜੇ ਸਾਬਕਾ ਸਿਹਤ ਮੰਤਰੀ ਪੰਜਾਬ ਬਲਬੀਰ ਸਿੰਘ ਸਿੱਧੂ ਦੀ ਅਗਵਾਈ ਹੇਠ ਗ੍ਰੈਂਡ ਰੋਮਾਨੀਆ, ਲਾਂਡਰਾ ਬਨੂੰੜ ਮਾਰਗ 'ਤੇ ਪੈਂਦੇ ਪਿੰਡ ਦੈੜੀ ਤੋਂ ਰਵਾਨਾ ਹੋਵੇਗਾ। ਇਸ ਕਾਫ਼ਲੇ ਵਿੱਚ ਮੋਹਾਲੀ ਸਮੇਤ ਆਸਪਾਸ ਦੇ ਇਲਾਕਿਆਂ ਤੋਂ ਭਾਰੀ ਗਿਣਤੀ ਵਿੱਚ ਹਜ਼ਾਰਾਂ ਵਰਕਰ ਅਤੇ ਸਮਰਥਕ ਰੈਲੀ ਵਿੱਚ ਸ਼ਮੂਲੀਅਤ ਕਰਨਗੇ।ਉਨ੍ਹਾਂ ਦੱਸਿਆ ਕਿ ਪੰਜਾਬ ਕਾਂਗਰਸ ਵੱਲੋਂ ਆਯੋਜਿਤ ਇਸ ਇਤਿਹਾਸਕ ਰੈਲੀ ਦੌਰਾਨ ਸੀਨੀਅਰ ਕਾਂਗਰਸੀ ਨੇਤਾ ਰਾਹੁਲ ਗਾਂਧੀ ਬਰਨਾਲਾ ਪਹੁੰਚ ਕੇ ਪੰਜਾਬ ਵਾਸੀਆਂ ਨੂੰ ਸੰਬੋਧਨ ਕਰਨਗੇ। ਰੈਲੀ ਦੌਰਾਨ ਮਨਰੇਗਾ ਬਚਾਓ ਮੁਹਿੰਮ ਤਹਿਤ ਦੇਸ਼ ਭਰ ਦੇ ਗਰੀਬ ਵਰਗ, ਮਜ਼ਦੂਰਾਂ ਅਤੇ ਕਿਸਾਨਾਂ ਦੇ ਹੱਕਾਂ ਲਈ ਜ਼ੋਰਦਾਰ ਆਵਾਜ਼ ਚੁੱਕੀ ਜਾਵੇਗੀ। ਹਰਕੇਸ਼ ਚੰਦ ਸ਼ਰਮਾ ਨੇ ਕਿਹਾ ਕਿ ਮਨਰੇਗਾ ਯੋਜਨਾ ਗਰੀਬ ਅਤੇ ਮਜ਼ਦੂਰ ਵਰਗ ਲਈ ਜੀਵਨ ਰੇਖਾ ਹੈ। ਇਸ ਯੋਜਨਾ ਨੂੰ ਕਮਜ਼ੋਰ ਕਰਨ ਦੀ ਕਿਸੇ ਵੀ ਕੋਸ਼ਿਸ਼ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ। ਰੈਲੀ ਦੌਰਾਨ ਆਮ ਲੋਕਾਂ ਦੇ ਹੱਕਾਂ, ਰੁਜ਼ਗਾਰ ਦੀ ਸੁਰੱਖਿਆ ਅਤੇ



ਪਿੰਡਾਂ ਦੇ ਵਿਕਾਸ ਨਾਲ ਜੁੜੇ ਮੁੱਦਿਆਂ ਨੂੰ ਉਭਾਰਿਆ ਜਾਵੇਗਾ।ਉਨ੍ਹਾਂ ਕੇਂਦਰ ਦੀ ਭਾਜਪਾ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਮਨਰੇਗਾ ਸਕੀਮ ਨੂੰ ਕਮਜ਼ੋਰ ਕਰਕੇ ਦੇਸ਼ ਦੇ ਮਜ਼ਦੂਰਾਂ ਨੂੰ ਬੇਰੁਜ਼ਗਾਰੀ ਵੱਲ ਧੱਕਿਆ ਜਾ ਰਿਹਾ ਹੈ। ਕਾਂਗਰਸ ਪਾਰਟੀ ਹਮੇਸ਼ਾ ਗਰੀਬਾਂ, ਕਿਸਾਨਾਂ ਅਤੇ ਮਜ਼ਦੂਰਾਂ ਦੀ ਆਵਾਜ਼ ਬਣੀ ਹੈ ਅਤੇ ਅੱਗੇ ਵੀ ਲੋਕ-ਵਿਰੋਧੀ ਨੀਤੀਆਂ ਦਾ ਡਟ ਕੇ ਮੁਕਾਬਲਾ ਕਰਦੀ ਰਹੇਗੀ।ਸ਼ਰਮਾ ਨੇ ਕਿਹਾ ਕਿ ਰਾਹੁਲ ਗਾਂਧੀ ਹਮੇਸ਼ਾ ਹੀ ਗਰੀਬਾਂ, ਮਜ਼ਦੂਰਾਂ, ਕਿਸਾਨਾਂ ਅਤੇ ਪਿਛੜੇ ਵਰਗਾਂ ਦੇ ਹੱਕਾਂ ਲਈ ਸੰਘਰਸ਼ ਕਰਦੇ ਆਏ ਹਨ। ਮਨਰੇਗਾ ਦੀ ਰੱਖਿਆ, ਮਹਿੰਗਾਈ, ਬੇਰੁਜ਼ਗਾਰੀ ਅਤੇ ਸਮਾਜਿਕ ਅਨਿਆਇ ਦੇ ਖ਼ਿਲਾਫ਼ ਲੜਾਈ ਵਿੱਚ ਕਾਂਗਰਸ ਪਾਰਟੀ ਪੂਰੀ ਤਾਕਤ ਨਾਲ ਮੈਦਾਨ ਵਿੱਚ ਹੈ।ਅੰਤ ਵਿੱਚ ਹਰਕੇਸ਼ ਚੰਦ ਸ਼ਰਮਾ ਮੱਛਲੀ ਕਲਾਂ ਨੇ ਸਾਰੇ ਕਾਂਗਰਸੀ ਵਰਕਰਾਂ ਅਤੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਬਰਨਾਲਾ ਰੈਲੀ ਵਿੱਚ ਸ਼ਮੂਲੀਅਤ ਕਰਕੇ ਮਨਰੇਗਾ ਦੀ ਮਜ਼ਬੂਤੀ ਅਤੇ ਲੋਕਤੰਤਰ ਦੀ ਰੱਖਿਆ ਲਈ ਆਪਣਾ ਯੋਗਦਾਨ ਪਾਉਣ।

## ਅੱਖਾਂ ਤੇ ਦੰਦਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ



**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਲਾਇਨਜ਼ ਆਈ ਕੇਅਰ ਸੁਸਾਇਟੀ ਵੱਲੋਂ ਅੰਮ੍ਰਿਤ ਦਿਓਲ ਫਾਊਂਡੇਸ਼ਨ ਅਤੇ ਢਿੱਲੋਂ ਅੱਖਾਂ ਦਾ ਹਸਪਤਾਲ ਦੇ ਸਹਿਯੋਗ ਨਾਲ ਲਾਇਨਜ਼ ਆਈ ਚੈਰੀਟੇਬਲ ਹਸਪਤਾਲ ਵਿਖੇ 79ਵਾਂ ਅੱਖਾਂ ਤੇ ਦੰਦਾਂ ਦੀ ਜਾਂਚ ਦਾ ਮੁਫ਼ਤ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਮੈਂਬਰ ਬੀਰਦਵਿੰਦਰ ਸਿੰਘ ਬੱਲਾਂ ਵੱਲੋਂ ਕੀਤਾ ਗਿਆ। ਚੇਅਰਮੈਨ ਜਸਪਾਲ ਸਿੰਘ ਦਿਓਲ ਅਤੇ ਪ੍ਰਧਾਨ ਸੁਰੇਸ਼ ਅਗਰਵਾਲ ਨੇ ਦੱਸਿਆ ਕਿ ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾ ਡੀ ਐਸ ਢਿੱਲੋਂ ਦੀ ਅਗਵਾਈ ਹੇਠ 367 ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ 89 ਮਰੀਜ਼ ਲੈਨਜ਼ ਪਾਉਣ ਦੇ ਯੋਗ ਪਾਏ ਗਏ। ਇਸ ਤੋਂ ਇਲਾਵਾ ਦੰਦਾਂ ਦੇ ਮਾਹਿਰ ਡਾ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ 43 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕਰਕੇ 8 ਮਰੀਜ਼ਾਂ ਨੂੰ ਡੈਂਚਰ ਲਗਾਉਣ ਦੇ ਯੋਗ ਪਾਇਆ ਗਿਆ। ਜਦੋਂ ਕਿ 200 ਦੇ ਕਰੀਬ ਮਰੀਜ਼ਾਂ ਦੀ ਸ਼ੂਗਰ ਤੇ ਬੀ ਪੀ ਚੈੱਕ ਕਰਕੇ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਉਘੇ ਸਮਾਜ ਸੇਵੀ ਦਵਿੰਦਰ ਸਿੰਘ ਬਾਜਵਾ, ਅੰਮ੍ਰਿਤ ਦਿਓਲ ਫਾਊਂਡੇਸ਼ਨ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਦਿਓਲ, ਡਾ. ਰਾਜਪਾਲ ਚੌਧਰੀ, ਡਾ. ਸੁਦੇਸ਼ ਸ਼ਰਮਾ, ਸੰਤ ਸਿੰਘ ਦਿਓਲ, ਪਵਨ ਕੁਮਾਰ, ਭੁਪਿੰਦਰ ਸਿੰਘ, ਜਸਵੀਰ ਸਿੰਘ ਦਿਓਲ, ਅਨਿਲ ਗਰਗ ਅਤੇ ਰੁਪਿੰਦਰ ਕੌਰ ਆਦਿ ਹਾਜ਼ਰ ਸਨ।

## ਅਵਾਰਾ ਪਸ਼ੂ ਨਾਲ ਟਕਰਾਈ ਅਰਟਿਗਾ ਗੱਡੀ, ਜਾਨੀ ਨੁਕਸਾਨ ਤੋਂ ਬਚਾਅ

**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਪਿੰਡ ਟੌਂਸਾ ਨੇੜੇ ਟੋਪਨ ਫੈਕਟਰੀ ਕੋਲ ਇੱਕ ਸੜਕ ਹਾਦਸਾ ਵਾਪਰਨ ਦੀ ਖ਼ਬਰ ਪ੍ਰਾਪਤ ਹੋਈ ਹੈ। ਇੱਕ ਮਾਰੂਤੀ ਸੁਜ਼ੂਕੀ ਅਰਟਿਗਾ ਗੱਡੀ ਨੰਬਰ ਨੂੰ ਰਵੀ ਕੁਮਾਰ ਵਾਸੀ ਸਾਹਨੇਵਾਲ, ਲੁਧਿਆਣਾ ਚਲਾ ਰਿਹਾ ਸੀ, ਅਚਾਨਕ ਸਾਹਮਣੇ ਆਏ ਇੱਕ ਅਵਾਰਾ ਪਸ਼ੂ ਨਾਲ ਟਕਰਾ ਗਈ।ਟੌਂਸਾ ਨੇੜੇ ਟੋਪਨ ਫੈਕਟਰੀ, ਬਲਾਚੌਰ-ਰੋਪੜ ਰੋਡ ਇਸ ਟੱਕਰ ਵਿੱਚ ਪਸ਼ੂ ਜ਼ਖ਼ਮੀ ਹੋ ਗਿਆ ਹੈ, ਪਰ ਖੁਸ਼ਕਿਸਮਤੀ ਨਾਲ ਗੱਡੀ ਚਾਲਕ ਤੇ ਹੋਰ ਸਵਾਰੀਆਂ ਪੂਰੀ ਤਰ੍ਹਾਂ ਸੁਰੱਖਿਅਤ ਹਨ। ਸੂਚਨਾ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਟੀਮ ਮੌਕੇ 'ਤੇ ਪਹੁੰਚੀ। ਟੀਮ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਗੱਡੀ ਤੇ ਜ਼ਖ਼ਮੀ ਪਸ਼ੂ ਨੂੰ ਸੜਕ ਤੋਂ ਇੱਕ ਪਾਸੇ ਕਰਵਾਇਆ ਗਿਆ ਤਾਂ ਜੋ ਆਵਾਜਾਈ ਵਿੱਚ ਕੋਈ ਵਿਘਨ ਨਾ ਪਵੇ। ?ਫਿਲਹਾਲ ਸੜਕ ਨੂੰ ਪੂਰੀ ਤਰ੍ਹਾਂ ਕਲੀਅਰ ਕਰਵਾ ਦਿੱਤਾ ਗਿਆ ਹੈ ਤੇ ਸਥਿਤੀ ਕਾਬੂ ਹੇਠ ਹੈ।



## ਸੈਣੀ ਨੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ 'ਤੇ ਜਤਾਈ ਚਿੰਤਾ



**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਵੀਰਵਾਰ ਨੂੰ ਹਰਿਆਣਾ ਵਿਧਾਨਸਭਾ ਵਿੱਚ ਸਿੰਗਲ ਯੂਜ਼ ਪਲਾਸਟਿਕ ਦੇ ਵੱਧਦੇ ਉਪਯੋਗ 'ਤੇ ਡੂੰਘੀ ਚਿੰਤਾ ਵਿਅਕਤ ਕੀਤੀ ਅਤੇ ਇਸ ਦੇ ਉਪਯੋਗ ਨੂੰ ਘੱਟ ਕਰਨ ਲਈ ਸਾਮੂਹਿਕ ਯਤਨਾਂ ਦੀ ਅਪੀਲ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਦੇਸ਼ਭਰ ਵਿੱਚ ਸਿੰਗਲ ਯੂਜ਼ ਪਲਾਸਟਿਕ ਨੂੰ ਬੰਦ ਕਰਨ 'ਤੇ ਵਿਸ਼ੇਸ਼ ਜੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਇਹ ਇੱਕ ਬਹੁਤਾ ਮਹਤੱਵਪੂਰਨ ਵਿਸ਼ਾ ਹੈ, ਇਸ ਲਈ ਅਸੀ ਸਾਰੇ ਜਨਪ੍ਰਤੀਨਿਧੀਆਂ ਨੂੰ ਆਮ ਲੋਕਾਂ ਨੂੰ ਇਸ ਦੇ ਬਾਰੇ ਜਾਗਰੂਕ ਕਰਨਾ ਹੋਵੇਗਾ ਕਿ ਪਲਾਸਟਿਕ ਦਾ ਉਪਯੋਗ ਨਹੀਂ ਕਰਨਾ ਚਾਹੀਦਾ ਹੈ ਕਿਉਂਕਿ ਪਲਾਸਟਿਕ ਦੇ ਉਪਯੋਗ ਨਾਲ ਕੈਂਸਰ ਵਰਗੀ ਬੀਮਾਰਿਆਂ ਵੱਧ ਰਹੀਆਂ ਹੈ।

## ਗੁਰਦੁਆਰਾ ਹਰਸਰ ਸਾਹਿਬ ਵਿਖੇ ਮੁਫ਼ਤ ਮੈਡੀਕਲ ਜਾਂਚ ਕੈਂਪ



**ਅੱਡਾ ਸਰਾਂ (ਜਸਵੀਰ ਕਾਜਲ)**- ਪਾਠਕ ਹਸਪਤਾਲ ਅਤੇ ਐਕਸੀਡੈਂਟ ਕੇਅਰ ਸੈਂਟਰ ਟਾਂਡਾ ਵੱਲੋਂ ਪਿੰਡ ਝਾਂਵਾਂ ਦੇ ਗੁਰਦੁਆਰਾ ਹਰਸਰ ਸਾਹਿਬ ਵਿਖੇ ਸੰਤ ਬਾਬਾ ਸੋਹਣ ਸਿੰਘ ਨੂੰ ਸਮਰਪਿਤ ਇਕ ਰੋਜ਼ਾ ਮੁਫ਼ਤ ਮੈਡੀਕਲ ਜਾਂਚ ਕੈਂਪ ਲਾਇਆ ਗਿਆ । ਗੁਰੂ ਘਰ ਦੇ ਗ੍ਰੰਥੀ ਨਰਿੰਦਰ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਕੈਂਪ ਦੀ ਸ਼ੁਰੂਆਤ ਹੋਈ । ਕੈਂਪ ਦੌਰਾਨ ਡਾ. ਅਮਿਤ ਪਾਠਕ, ਡਾ. ਅਨੁਪਮਾ ਪਾਠਕ, ਡਾ. ਤਰਨਜੀਤ ਕੌਰ, ਅਮਨਦੀਪ ਕੌਰ, ਸੰਦੀਪ ਕੌਰ, ਕੋਮਲਪ੍ਰੀਤ ਕੌਰ, ਸੁਖਮਨਪ੍ਰੀਤ ਕੌਰ, ਸਿਮਰਨਜੀਤ ਕੌਰ, ਐੱਚ. ਪੀ. ਸ਼ਰਮਾ ਅਤੇ ਸੰਦੀਪ ਕੁਮਾਰ ਦੀ ਟੀਮ ਨੇ ਸੇਵਾਵਾਂ ਦਿੰਦੇ ਹੋਏ ਵੱਡੀ ਗਿਣਤੀ ਵਿਚ ਲੋਕਾਂ ਦੀ ਮੈਡੀਕਲ ਜਾਂਚ ਕਰਦੇ ਹੋਏ ਦਵਾਈਆਂ ਦਿੱਤੀਆਂ । ਇਸ ਮੌਕੇ ਵੱਖ ਵੱਖ ਤਰ੍ਹਾਂ ਦੇ ਮੈਡੀਕਲ ਟੈਸਟਾਂ ਦੇ ਨਾਲ ਨਾਲ ਟੀਮ ਨੇ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਅ ਲਈ ਸਿਹਤ ਸਲਾਹਕਾਰੀਆਂ ਤੋਂ ਜਾਣੂ ਕਰਵਾਇਆ । ਕੈਂਪ ਦੇ ਸਮਾਪਨ ਤੇ ਪ੍ਰਬੰਧਕਾਂ ਵੱਲੋਂ ਪਾਠਕ ਹਸਪਤਾਲ ਦੀ ਟੀਮ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ । ਇਸ ਮੌਕੇ ਪ੍ਰਧਾਨ ਹਰਦੀਪ ਸਿੰਘ, ਰਣਜੀਤ ਸਿੰਘ, ਜਤਿੰਦਰ ਸਿੰਘ ਝਾਵਰ, ਸੁਰਿੰਦਰ ਸਿੰਘ, ਪ੍ਰਵਾਸੀ ਪੰਜਾਬੀ ਸੋਨੀ ਝਾਵਰ, ਹਰਜੀਤ ਸਿੰਘ, ਸੰਦੀਪ ਸਿੰਘ, ਬਲਜੀਤ ਸਿੰਘ, ਸੰਦੀਪ ਇਟਲੀ, ਰਾਜਾ, ਦਰਸ਼ਨ ਸਿੰਘ, ਨੱਥਾ ਸਿੰਘ, ਨਿਰੰਜਨ ਸਿੰਘ ਮਾਸਟਰ ਸੁਰਿੰਦਰ ਸਿੰਘ, ਮੇਜਰ ਸਿੰਘ ਆਦਿ ਮੌਜੂਦ ਸਨ ।

## ਸਿਹਤ ਬੀਮਾ ਕਾਰਡ ਸੇਵਾ ਕੇਂਦਰਾਂ 'ਚ ਵੀ ਬਣਨਗੇ : ਡਿਪਟੀ ਕਮਿਸ਼ਨਰ

**ਸ਼ਹੀਦ ਭਗਤ ਸਿੰਘ ਨਗਰ, (ਮਨੋਜ ਲਾਡੀ)**- ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਲੋਕਾਂ ਨੂੰ 10 ਲੱਖ ਰੁਪਏ ਤੱਕ ਦੇ ਇਲਾਜ ਲਈ ਦਿੱਤੀ ਗਈ



ਸਹੂਲਤ ਸਬੰਧੀ ਸੀ ਐੱਚ ਸੀ ਸੈਂਟਰ ਵਿਖੇ ਸਿਹਤ ਬੀਮਾ ਕਾਰਡ ਬਣਾਏ ਜਾ ਰਹੇ ਹਨ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਹੁਣ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ, ਨਵਾਂ ਸ਼ਹਿਰ ਦੇ ਸੇਵਾ ਕੇਂਦਰ ਤੋਂ ਇਲਾਵਾ ਉਪ ਮੰਡਲ ਮੈਜਿਸਟਰੇਟ ਬਲਾਚੌਰ ਦੇ ਦਫ਼ਤਰ ਵਿਖੇ ਸਥਿਤ ਸੇਵਾ ਕੇਂਦਰ ਤੇ ਉਪ ਮੰਡਲ ਮੈਜਿਸਟਰੇਟ ਬੰਗਾ ਦੇ ਦਫ਼ਤਰ ਵਿਖੇ ਸਥਿਤ ਸੇਵਾ ਕੇਂਦਰਾਂ ਵਿੱਚ ਵੀ ਇਹ ਸਿਹਤ ਬੀਮਾ ਕਾਰਡ ਬਣਾਏ ਜਾਣਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਲ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਸਿਹਤ ਬੀਮਾ ਯੋਜਨਾ ਦਾ ਲਾਭ ਹਰੇਕ ਯੋਗ ਲਾਭਪਾਤਰੀ ਤੱਕ ਪਹੁੰਚਾਉਣ ਲਈ ਦ੍ਰਿੜ ਵਚਨਬੱਧ ਹੈ ਅਤੇ ਇਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹਨਾਂ ਦੀ ਸਹੂਲਤ ਲਈ ਪ੍ਰਸ਼ਾਸਨ ਦੁਆਰਾ ਸੇਵਾ ਕੇਂਦਰਾਂ ਵਿੱਚ ਸਿਹਤ ਬੀਮਾ ਕਾਰਡ ਬਣਾਉਣ ਲਈ ਸ਼ੁਰੂ ਕੀਤੀ ਗਈ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।

## ਸੈਨਿਕ ਇੰਸਟੀਚਿਊਟ ਵਿਖੇ ਬੇਸਿਕ ਕੰਪਿਊਟਰ ਕੋਰਸ ਸ਼ੁਰੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਵਿਖੇ ਚੱਲ ਰਹੇ ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਕੈਂਪਸ ਵਿਖੇ ਤਿੰਨ ਮਹੀਨੇ ਦਾ ਬੇਸਿਕ ਕੰਪਿਊਟਰ ਕੋਰਸ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਦਿੰਦਿਆਂ ਇੰਸਟੀਚਿਊਟ ਦੇ ਡਾਇਰੈਕਟਰ ਲੈਫ. ਕਰਨਲ ਸਰਬਜੀਤ ਸਿੰਘ ਸੈਣੀ (ਰਿਟਾ.) ਨੇ ਦੱਸਿਆ ਕਿ ਇਸ ਕੋਰਸ ਲਈ ਘੱਟ ਤੋਂ ਘੱਟ ਯੋਗਤਾ 10ਵੀਂ ਪਾਸ ਹੋਣੀ ਚਾਹੀਦੀ ਹੈ। ਇਸ ਵਿੱਚ 75 ਫੀਸਦੀ ਜ਼ਿਲ੍ਹੇ ਦੇ ਸਾਬਕਾ ਸੈਨਿਕ ਅਤੇ ਇਨ੍ਹਾਂ ਤੋਂ ਇਲਾਵਾ 25 ਫੀਸਦੀ ਬਾਕੀ ਰਿਜ਼ਰਵ ਕੈਟੇਗਰੀ (ਐਸ ਸੀ/ਐਸ ਟੀ/ਬੀ ਸੀ) ਅਤੇ ਹੋਰ ਗਰੀਬ ਪਰਿਵਾਰਾਂ ਦੇ ਵਿਦਿਆਰਥੀ ਵੀ ਦਾਖਲਾ ਲੈ ਸਕਦੇ ਹਨ। ਇੰਸਟੀਚਿਊਟ ਦੇ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਸੈਣੀ ਨੇ ਦੱਸਿਆ ਕਿ ਇਨ੍ਹਾਂ ਕੋਰਸਾਂ ਵਿੱਚ ਬੱਚਿਆਂ ਨੂੰ ਐਮ ਐਸ ਵਰਡ, ਐਮ ਐਸ ਐਕਸਲ, ਐਮ ਐਸ ਪਾਵਰਪੁਆਇੰਟ, ਪ੍ਰੋਗਰੈਮਿੰਗ ਇਨ ਜਾਵਾ, ਪ੍ਰੋਗਰੈਮਿੰਗ ਇਨ ਸੀ ਪਲੱਸ ਪਲੱਸ, ਐਚ ਟੀ ਐਮ ਐਲ, ਪ੍ਰਿੰਟਿੰਗ, ਸਕੈਨਿੰਗ, ਈ- ਮੇਲਿੰਗ ਆਦਿ ਤੋਂ ਇਲਾਵਾ ਪੰਜਾਬੀ ਤੇ ਇੰਗਲਿਸ਼ ਟਾਈਪਿੰਗ ਵੀ ਸਿਖਾਈ ਜਾਵੇਗੀ। ਇੱਥੇ ਵਿਦਿਆਰਥੀਆਂ ਲਈ ਲਿਖਤੀ ਪੜਾਈ ਦੇ ਨਾਲ ਨਾਲ ਪ੍ਰੈਕਟੀਕਲ ਕਲਾਸਾਂ 'ਤੇ ਖਾਸ ਧਿਆਨ ਦਿੱਤਾ ਜਾਂਦਾ ਹੈ। ਕੋਰਸ ਖਤਮ ਹੋਣ ਤੋਂ ਬਾਅਦ ਵਿਦਿਆਰਥੀਆਂ ਨੂੰ ਆਈ ਐਸ ਓ ਤੋਂ ਪ੍ਰਮਾਣਿਤ ਸਰਟੀਫਿਕੇਟ ਵੀ ਦਿੱਤਾ ਜਾਂਦਾ ਹੈ, ਤਾਂ ਜੋ ਉਹ ਕਿਸੀ ਵੀ ਸਰਕਾਰੀ ਨੌਕਰੀ ਦੀ ਮੁੱਢਲੀ ਲੋੜ(120 ਘੰਟੇ ਦੀ ਪੜ੍ਹਾਈ) ਨੂੰ ਪੂਰਾ ਕਰਕੇ ਆਪਣੇ ਪੈਰ੍ਹਾਂ ਤੇ ਖੜੇ ਹੋ ਕੇ ਆਪਣੀ ਜ਼ਿੰਦਗੀ ਦਾ ਨਿਰਵਾਹ ਚੰਗੇ ਢੰਗ ਨਾਲ ਕਰ ਸਕਣ।

## ਜ਼ਿਲ੍ਹਾ ਪੱਧਰੀ ਸਿਹਤ ਸੁਰੱਖਿਆ ਤੇ ਰੋਜ਼ਗਾਰ ਕੈਂਪ

**ਨਵਾਂਸ਼ਹਿਰ, (ਮਨੋਜ ਲਾਡੀ)**- ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਸਰਕਾਰ ਵਲੋਂ ਜਾਰੀ ਦਿਸ਼ਾ ਨਿਰਦੇਸ਼ਾ ਅਤੇ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੀ ਰਹਿਨੁਮਾਈ ਹੇਠ ਸਥਾਨਕ ਆਈ ਟੀ ਆਈ ਗਰਾਊਂਡ ਵਿਖੇ ਔਰਤਾਂ ਲਈ ਸਿਹਤ ਅਤੇ ਰੋਜ਼ਗਾਰ ਕੈਂਪ ਲਗਾਇਆ ਗਿਆ। ਜਿਸ ਵਿੱਚ ਵਾਈਸ ਚੇਅਰਮੈਨ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਤੇ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ ਵਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਵਾਈਸ ਚੇਅਰਮੈਨ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਲਲਿਤ ਮੋਹਨ ਪਾਠਕ ਨੇ ਕਿਹਾ ਕਿ ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਵੱਖ-ਵੱਖ ਸਟਾਲ ਲਗਾਏ ਗਏ ਤੇ ਕੈਂਪ ਦੌਰਾਨ ਕੈਂਪ ਦੌਰਾਨ ਸਿਹਤ ਵਿਭਾਗ ਵੱਲੋਂ ਹਾਜ਼ਰ ਮਾਹਿਰ ਡਾਕਟਰਾਂ ਦੀ ਟੀਮ ਦੁਆਰਾ ਜਨਰਲ ਸਿਹਤ ਚੈੱਕ ਅੱਪ ਦੇ ਨਾਲ ਨਾਲ ਫ਼ਰੀ ਅੱਖਾਂ ਦੀ ਜਾਂਚ, ਲੈਬ ਟੈਸਟ ਅਤੇ ਫਰੀ ਦਵਾਈਆਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਤੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰ ਰਹੀ ਹੈ। ਜ਼ਿਲ੍ਹਾ ਪੱਧਰੀ ਕੈਂਪ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਜਗਰੂਪ ਸਿੰਘ ਨੇ ਦੱਸਿਆ ਕਿ ਔਰਤਾਂ ਅਤੇ ਬੱਚਿਆਂ ਦੀ ਸਿਹਤ ਸੁਰੱਖਿਆ ਅਤੇ ਰੁਜ਼ਗਾਰ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵਲੋਂ ਠੋਸ ਕਦਮ ਚੁੱਕੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਜ਼ਿਲ੍ਹਾ ਰੁਜ਼ਗਾਰ ਦਫਤਰ ਵਲੋਂ ਔਰਤਾਂ ਅਤੇ ਬੱਚਿਆਂ ਨੂੰ ਰੋਜ਼ਗਾਰ ਦੇਣ ਲਈ ਕੈਂਪ ਦੌਰਾਨ 9 ਪਲੇਸਮੈਂਟ ਏਜੰਸੀਆਂ ਵਲੋਂ ਵਾਕ ਇਨ ਇੰਟਰਵਿਊ ਕਰਵਾਏ ਗਏ, ਜਿਸ ਵਿੱਚ 71 ਪ੍ਰਾਥੀਆਂ ਵਲੋਂ ਭਾਗ ਲਿਆ ਗਿਆ ਜਿਨ੍ਹਾਂ ਵਿੱਚੋ 45 ਉਮੀਦਵਾਰਾਂ ਨੂੰ ਸ਼ੋਰਟ ਲਿਸਟ ਕੀਤਾ ਗਿਆ ਤੇ ਮੌਕੇ ਤੇ ਹੀ 14 ਲੜਕੀਆਂ ਦੀ ਚੋਣ ਕਰਦੇ ਹੋਏ ਜੌਬ ਲੈਟਰ ਵੀ ਦਿੱਤੇ ਗਏ।ਇਸ ਕੈਂਪ ਦੌਰਾਨ



ਸਿਹਤ ਵਿਭਾਗ ਵੱਲੋਂ ਲਗਾਏ ਗਏ ਸਟਾਲ ਤੇ ਤਕਰੀਬਨ 250 ਸਹਿਭਗੀਆ ਵੱਲੋ ਵਿਜ਼ਿਟ ਕੀਤੀ ਗਈ ਤੇ 190 ਲੋਕਾਂ ਦਾ ਹਾਈਪਰ ਟੇਂਸ਼ਨ ਸਕਰੀਨਿੰਗ ਕਰਵਾਈ ਗਈ, 90 ਔਰਤਾਂ/ਲੜਕੀਆਂ ਵਲੋਂ ਡਾਇਬਿਟੀਜ਼ ਚੈਕ ਕਰਵਾਈ ਗਈ , ਕੁੱਲ 69 ਔਰਤਾਂ/ਲੜਕੀਆਂ ਵਲੋਂ ਫਰੀ ਅੱਖਾਂ ਦਾ ਚੈੱਕ ਅਪ ਕਰਵਾਇਆ ਗਿਆ। ਕੈਂਪ ਵਿੱਚ 70 ਤੋਂ ਵੱਧ ਨਵਜੰਮੀ ਬੱਚਿਆਂ ਨੂੰ ਬੇਬੀ ਕੇਅਰ ਕਿੱਟਾਂ ਦੀ ਵੰਡ ਕੀਤੀ ਗਈ ਤੇ ਸਰਕਾਰ ਵਲੋਂ ਚਲਾਈ ਜਾ ਰਹੀ ਪੀ ਐਮ ਕੇਅਰ ਸਕੀਮ ਦੀ ਲਾਭਪਾਤਰੀ ਨੂੰ ਵੀ ਬੇਟੀ ਬਚਾਓ ਬੇਟੀ ਪੜ੍ਹਾਓ ਸਕੀਮ ਤਹਿਤ ਸਨਮਾਨਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਵਿਭਾਗ ਵਲੋਂ ਆਉਣ ਵਾਲੇ ਸਮੇਂ ਵਿਚ ਵੀ ਔਰਤਾਂ ਅਤੇ ਲੜਕੀਆਂ ਦੀ ਸੁਰੱਖਿਆ ਲਈ ਕੈਂਪ ਲਗਾਏ ਜਾਣਗੇ।

## ਕਾਰ ਤੇ ਟਰੱਕ 'ਚ ਟੱਕਰ, ਜਾਨੀ ਨੁਕਸਾਨ ਤੋਂ ਬਚਾਅ

**ਬਲਾਚੌਰ (ਜਸਵਿੰਦਰ ਬੈਂਸ)**- ਬਲਾਚੌਰ-ਰੋਪੜ ਮੁੱਖ ਮਾਰਗ 'ਤੇ ਪਿੰਡ ਭਰਥਲਾ ਦੇ ਨਜ਼ਦੀਕ ਇੱਕ ਕਾਰ ਅਤੇ ਟਰੱਕ ਵਿਚਕਾਰ ਜ਼ਬਰਦਸਤ ਟੱਕਰ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ, ਸੜਕ ਸੁਰੱਖਿਆ ਫੋਰਸ ਦੇ ਰੂਟ ਬਲਾਚੌਰ ਤੋਂ ਰੋਪੜ ਨੂੰ ਰਾਹਗੀਰਾਂ ਪਾਸੋਂ ਸੂਚਨਾ ਮਿਲੀ ਸੀ ਕਿ ਭਰਥਲਾ ਕੋਲ ਇੱਕ ਹਾਦਸਾ ਵਾਪਰਿਆ ਹੈ।ਮੌਕੇ 'ਤੇ ਪਹੁੰਚੀ ਸੜਕ ਸੁਰੱਖਿਆ ਫੋਰਸਟੀਮ ਨੇ ਦੇਖਿਆ ਕਿ ਇੱਕ ਹੁੰਡਈ ਔਰਾ ਕਾਰ, ਚੰਡੀਗੜ੍ਹ ਤੋਂ ਜਲੰਧਰ ਵੱਲ ਜਾ ਰਹੀ ਸੀ। ਇਸ ਗੱਡੀ ਨੂੰ ਜਸਵੀਰ ਸਿੰਘ ਵਾਸੀ ਬਠਿੰਡਾ ਚਲਾ ਰਿਹਾ ਸੀ।



ਅਚਾਨਕ ਗੱਡੀ ਬੇਕਾਬੂ ਹੋ ਕੇ ਡਿਵਾਈਡਰ ਨਾਲ ਜਾ ਟਕਰਾਈ। ਇਸੇ ਦੌਰਾਨ ਪਿੱਛੋਂ ਆ ਰਹੇ ਇੱਕ ਟਰੱਕ ਜਿਸਨੂੰ ਸ਼ਹਿਬਾਜ਼ ਰੁੜਕੀ, ਚਲਾ ਰਿਹਾ ਸੀ, ਨੇ ਕਾਰ ਨੂੰ ਹਿੱਟ ਕਰ ਦਿੱਤਾ।ਰਾਹਤ ਦੀ ਗੱਲ ਇਹ ਰਹੀ ਕਿ ਇਸ ਭਿਆਨਕ ਟੱਕਰ ਵਿੱਚ ਕਿਸੇ ਵੀ ਤਰ੍ਹਾਂ ਦਾ ਜਾਨੀ ਨੁਕਸਾਨ ਨਹੀਂ ਹੋਇਆ। ਹਾਦਸੇ ਤੋਂ ਤੁਰੰਤ ਬਾਅਦ ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਰਿਕਵਰੀ ਵੈਨ ਨੂੰ ਮੌਕੇ 'ਤੇ ਬੁਲਾਇਆ ਅਤੇ ਦੋਵਾਂ ਗੱਡੀਆਂ ਨੂੰ ਸੜਕ ਦੇ ਵਿਚਕਾਰੋਂ ਹਟਾ ਕੇ ਸਾਈਡ 'ਤੇ ਕਰਵਾਇਆ। ਪੁਲਿਸ ਕਰਮਚਾਰੀਆਂ ਨੇ ਸੜਕ 'ਤੇ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਤੁਰੰਤ ਰੋਡ ਕਲੀਅਰ ਕਰਵਾ ਦਿੱਤਾ। ਸੜਕ ਸੁਰੱਖਿਆ ਫੋਰਸ ਨੇ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਹੈ ਕਿ ਤੇਜ਼ ਰਫ਼ਤਾਰ ਤੋਂ ਪਰਹੇਜ਼ ਕਰਨ ਅਤੇ ਗੱਡੀ ਚਲਾਉਂਦੇ ਸਮੇਂ ਪੂਰੀ ਸਾਵਧਾਨੀ ਵਰਤਣ ਤਾਂ ਜੋ ਅਜਿਹੇ ਹਾਦਸਿਆਂ ਤੋਂ ਬਚਿਆ ਜਾ ਸਕੇ।

## ਅੱਜ ਬਿਜਲੀ ਬੰਦ ਰਹੇਗੀ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** - ਬਿਜਲੀ ਵਿਭਾਗ ਗੜ੍ਹਸ਼ੰਕਰ ਤੋਂ ਮਿਲੀ ਜਾਣਕਾਰੀ ਅਨੁਸਾਰ ਮਿਤੀ 28 ਫਰਵਰੀ66 ਕੇ.ਵੀ. ਸਬ-ਸਟੇਸ਼ਨ ਮੋਲਾ ਤੋਂ ਚੱਲਦੇ 11 ਕੇ.ਵੀ. ਲੱਲੀਆ ਯੂ ਪੀ ਐੱਸ ਫੀਡਰ ਦੀ ਜ਼ਰੂਰੀ ਮੁਰੰਮਤ ਹੋਣ ਕਰਕੇ ਬਿਜਲੀ ਦੀ ਸਪਲਾਈ ਸਵੇਰੇ 10.00 ਤੋਂ ਸ਼ਾਮ 05.00 ਵਜੇ ਤੱਕ ਬੰਦ ਰਹੇਗੀ। ਜਿਸ ਕਾਰਨ ਇਸ ਫੀਡਰ ਤੇ ਪੈਂਦੇ ਪਿੰਡ ਚਾਹਲਪੁਰ, ਰਾਵਲਪਿੰਡੀ, ਮੋਹਣੋਵਾਲ, ਕਾਲੇਵਾਲ, ਲੱਲੀਆਂ, ਖਾਬੜਾ, ਗੋਲੀਆਂ, ਬਡੇਸਰੋਂ ਦੇ ਘਰਾਂ ਦੀ ਬਿਜਲੀ ਸਪਲਾਈ ਬੰਦ ਰਹੇਗੀ। ਇਹ ਜਾਣਕਾਰੀ ਇੰਜੀ. ਲਾਜਪੱਤ ਰਾਏ ਸਹਾਇਕ ਕਾਰਜਕਾਰੀ ਇੰਜੀਨੀਅਰ ਦਿਹਾਤੀ ਉਪ ਮੰਡਲ ਗੜ੍ਹਸ਼ੰਕਰ ਵਲੋਂ ਦਿੱਤੀ ਗਈ।

## ਮਾਂ-ਬੋਲੀ ਪੰਜਾਬੀ 'ਤੇ ਸੈਮੀਨਾਰ



**ਅੱਡਾ ਸਰਾਂ (ਜਸਵੀਰ ਕਾਜਲ)**- ਬੀ ਐੱਨ ਡੀ ਸਕੂਲ ਵਿਖੇ ਮਾਂ ਬੋਲੀ ਪੰਜਾਬੀ ਭਾਸ਼ਾ ਦੀ ਮਹਾਨਤਾ ਅਤੇ ਵਿਸ਼ੇਸ਼ਤਾ ਤੇ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ ਦੀ ਪ੍ਰਧਾਨਗੀ ਵਿੱਚ ਬੜੀ ਹੀ ਸ਼ਰਧਾ ਅਤੇ ਹਰਸ਼ ਉਲਾਸ ਨਾਲ ਮਨਾਇਆ ਗਿਆ। ਵਿਦਿਆਰਥੀਆਂ ਸਹਿਜਪ੍ਰੀਤ ਕੌਰ, ਵੇਦਿਕਾ ਵਿਸ਼ਿਸ਼ਟ, ਮਹਿਤਾਬ ਸਿੰਘ, ਹਰਪ੍ਰੀਤ ਸਿੰਘ, ਹਰੀਓਮ, ਨਵਜੋਤ ਸਿੰਘ, ਗੁਰਸ਼ਰਨ ਸਿੰਘ, ਗੁਰਜੋਤ ਕੌਰ, ਜੈਸਵੀਨ ਕੌਰ, ਮਨਰੋਜ ਕੌਰ, ਸਾਈਮਨ ਪੀਟਰ ਨੇ ਪੰਜਾਬੀ ਮਾਂ ਬੋਲੀ ਦਿਵਸ ਤੇ ਚਾਰਟ ਅਤੇ ਡਰਾਇੰਗ ਰਾਹੀਂ ਪੰਜਾਬੀ ਭਾਸ਼ਾ ਦੀ ਪ੍ਰਤਿਯੋਗਿਤਾ ਵਿੱਚ ਆਪਣੀ ਆਪਣੀ ਪ੍ਰਤਿਭਾ ਰਾਹੀਂ ਹਿੱਸਾ ਲੈ ਕੇ ਇਨਾਮ ਪ੍ਰਾਪਤ ਕੀਤੇ। ਪੰਜਾਬੀ ਭਾਸ਼ਾ ਸਾਨੂੰ ਸਵਰਗ ਤੋਂ ਵੀ ਪਿਆਰੀ ਲੱਗਦੀ ਹੈ। ਮੁਢਲਾ ਗਿਆਨ ਬੱਚੇ ਨੂੰ ਪੰਜਾਬੀ ਵਿੱਚ ਹੀ ਮਿਲਦਾ ਹੈ ਇਸ ਦਾ ਪ੍ਰਗਟਾਵਾ ਇੰਜੀ: ਅਨਿਲ ਮਹਿਤਾ ਨੇ ਵਿਦਿਆਰਥੀਆਂ ਨੂੰ ਆਪਣੇ ਸੰਬੋਧਨ ਵਿੱਚ ਕਿਹਾ।

ਇਸ ਮੌਕੇ 'ਤੇ ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ, ਇੰਜੀ: ਅਨਿਲ ਮਹਿਤਾ, ਅਮਿਤ ਕੁਮਾਰ, ਗੁਰਮੇਲ ਸਿੰਘ, ਰੁਖਸਾਨਾ, ਦੀਕਸ਼ਾ, ਅਮੀਸ਼ਾ, ਸੰਦੀਪ ਕੌਰ, ਨਰਿੰਦਰ ਕੌਰ, ਅੰਜਨੀ, ਤਰਸੇਮ ਕੌਰ, ਸੁਨੀਤਾ, ਸਰਬਜੀਤ ਕੌਰ, ਬਲਜੀਤ ਕੌਰ, ਸਰੋਜ, ਮਨਪ੍ਰੀਤ ਕੌਰ ਤੋਂ ਇਲਾਵਾ ਸਮੂਹ ਸਕੂਲ ਸਟਾਫ ਹਾਜ਼ਰ ਸੀ।

## ਕਾਰ ਸੇਵਾ ਭੂਰੀ ਵਾਲਿਆਂ ਵੱਲੋਂ ਮੇਲਾ ਖੇਤਰ 'ਚ ਸਫਾਈ ਮੁਹਿੰਮ ਜਾਰੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸੰਪਰਦਾਇ ਡੇਰਾ ਕਾਰ ਸੇਵਾ ਭੂਰੀ ਵਾਲਿਆਂ ਸ੍ਰੀ ਅੰਮ੍ਰਿਤਸਰ ਸਾਹਿਬ ਬਾਬਾ ਕਸ਼ਮੀਰ ਸਿੰਘ, ਬਾਬਾ ਸੁਖਵਿੰਦਰ ਸਿੰਘ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਹੋਲਾ ਮਹੱਲਾ ਮੌਕੇ ਕੀਰਤਪੁਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਮੇਲਾ ਖੇਤਰ ਵਿੱਚ ਵਿਸ਼ੇਸ਼ ਸਫਾਈ ਮੁਹਿੰਮ, ਸਟਰੀਟ ਲਾਈਟ ਦੀ ਮੁਰੰਮਤ, ਪੌਦਿਆਂ ਤੇ ਰੁੱਖਾਂ ਦੀ ਧੁਲਾਈ ਦੀ ਸੇਵਾ ਸ਼ੁਰੂ ਕੀਤੀ ਗਈ ਹੈ।ਸੇਵਾਦਾਰ ਭਾਈ ਅਮਰਜੀਤ ਸਿੰਘ, ਹਰਦੀਪ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਅਦਿੱਤਿਆ ਡੇਚਲਵਾਲ ਵੱਲੋਂ ਕਾਰ ਸੇਵਾ ਭੂਰੀ ਵਾਲਿਆਂ ਨੂੰ ਹੋਲਾ ਮਹੱਲਾ ਮੌਕੇ ਸਫਾਈ ਮੁਹਿੰਮ ਵਿੱਚ ਪ੍ਰਸ਼ਾਸ਼ਨ ਨਾਲ ਸਹਿਯੋਗ ਦੇਣ ਲਈ ਕਿਹਾ ਗਿਆ, ਜਿਸ ਉਪਰੰਤ ਭੂਰੀ ਵਾਲੇ ਮਹਾਪੁਰਖਾਂ ਨੇ ਇਹ ਸੇਵਾ ਅਰੰਭ ਕੀਤੀ ਹੈ। ਲੱਖਾਂ ਸੰਗਤਾਂ ਦੇਸ਼ ਵਿਦੇਸ਼ ਤੋਂ ਹੋਲਾ ਮਹੱਲਾ ਮੌਕੇ ਸ੍ਰੀ ਅਨੰਦਪੁਰ ਸਾਹਿਬ ਤੇ ਕੀਰਤਪੁਰ ਸਾਹਿਬ ਪਹੁੰਚਦੀਆਂ ਹਨ, ਜਿਨ੍ਹਾਂ ਨੂੰ ਪਲਾਸਟਿਕ ਮੁਕਤ ਹੋਲਾ ਮਹੱਲਾ ਮਨਾਉਣ ਦੀ ਅਪੀਲ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਅੱਜ ਸ੍ਰੀ ਅਨੰਦਪੁਰ ਸਾਹਿਬ ਦੇ ਸਮੁੱਚੇ ਮੇਲਾ ਖੇਤਰ ਵਿੱਚ ਰੁੱਖਾਂ ਦੀ ਧੁਲਾਈ ਕੀਤੀ ਗਈ। ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਦੀ ਅਗਵਾਈ ਵਿੱਚ ਹੋਲਾ ਮਹੱਲਾ ਤੋਂ ਪਹਿਲਾਂ ਸਮੁੱਚੇ



ਮੇਲਾ ਖੇਤਰ ਵਿੱਚ ਵਿਆਪਕ ਸਫਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਵੱਲੋਂ ਇਸ ਵਾਰ ਹੋਲਾ ਮਹੱਲਾ ਮੌਕੇ ਸ਼ਰਧਾਲੂਆਂ ਦੀ ਸਹੂਲਤ ਲਈ ਸੁਚਾਰੂ ਪ੍ਰਬੰਧ ਕਰਨ ਦੇ ਨਿਰੰਤਰ ਮੀਟਿੰਗਾਂ ਕਰਕੇ ਵੱਖ ਵੱਖ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਗਏ ਹਨ। ਡਿਪਟੀ ਕਮਿਸ਼ਨਰ ਅਦਿੱਤਿਆ ਡੇਚਲਵਾਲ, ਮੇਲਾ ਅਫਸਰ ਸੁਖਪਾਲ ਸਿੰਘ ਅਤੇ ਸਹਾਇਕ ਮੇਲਾ ਅਫਸਰ ਨਿਰੰਤਰ ਮੇਲਾ ਖੇਤਰ ਵਿੱਚ ਪ੍ਰਬੰਧਾਂ ਦਾ ਜਾਇਜ਼ਾ ਲੈ ਰਹੇ ਹਨ।



## ਲੋੜਵੰਦ ਪਰਵਾਰ ਦੀ ਸਹਾਇਤਾ ਕਰਨਾ ਸ਼ਲਾਘਾਯੋਗ ਕਦਮ : ਡਾ. ਕੁਲਦੀਪ ਰਾਏ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਬੀਤੇ ਦਿਨੀ ਸੰਦੀਪ ਕੌਰ ਵਾਸੀ ਨੌਸਹਿਰਾ ਪਨੂੰਆ ਜ਼ਿਲ੍ਹਾ ਤਰਨਤਾਰਨ ਦੀ ਲੜਕੀ ਦੇ ਲੜਕੇ ਨੇ ਗੋਲੀ ਮਾਰੀ ਸੀ ਤੇ ਉਸਦੀ ਮੌਤ ਹੋ ਗਈ ਸੀ, ਬਾਬਾ ਮੋਤੀ ਰਾਮ ਮਹਿਰਾ ਵੈਲਫੇਅਰ ਸੋਸਾਇਟੀ ਫਿਲੌਰ ਪੰਜਾਬ ਵੱਲੋਂ ਉਸ ਦੇ ਪਰਵਾਰ ਦੇ ਘਰ ਦੀ ਹਾਲਾਤ ਨੂੰ ਵੇਖਕੇ ਮਾਤਾ ਹਰਜਿੰਦਰ ਕੌਰ ਤੇ ਉਸ ਦੇ ਪਰਿਵਾਰ ਦੀ 50,000 ਹਜਾਰ ਦੀ ਵਿੱਤੀ ਸਹਾਇਤਾ ਸਮਾਜ ਸੇਵੀ ਡਾ. ਕੁਲਦੀਪ ਰਾਏ, ਸੁੱਖ ਲਾਲ ਪਵਾਰ, ਅਜੇ ਸਿੰਘ ਦੇ ਯਤਨਾਂ ਸਦਕਾ ਕੀਤੀ। ਇਸ ਮੌਕੇ ਸਮਾਜ ਸੇਵੀ ਡਾਕਟਰ ਕੁਲਦੀਪ ਰਾਏ ਨੇ ਸੋਸਾਇਟੀ ਤੇ ਦਾਨੀ ਸੱਜਣਾ ਦਾ ਸਹਿਯੋਗ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਬਾਬਾ ਮੋਤੀ ਰਾਮ ਮਹਿਰਾ ਵੈਲਫੇਅਰ ਸੋਸਾਇਟੀ ਸਮਾਜ ਭਲਾਈ ਤੇ ਨੇਕ ਕਾਰਜ ਕਰਦੀ ਹੈ। ਇਸ ਮੌਕੇ ਚੇਅਰਮੈਨ ਪਲਵਿੰਦਰ ਸਿੰਘ ਦੁਸਾਂਝ,ਪ੍ਰਧਾਨ ਤਰਸੇਮ ਰੁਪਾਨਾ, ਹਰਜੀਤ ਸਿੰਘ ਢੇਸੀ, ਸੁਰਿੰਦਰ ਪਾਲ ਸਿੰਘ ਢੇਸੀ ਸਰਪੰਚ ਬੱਛੋਵਾਲ, ਤਰਸੇਮ ਸਿੰਘ ਢਿੱਲੋਂ ਆਦਿ ਹਾਜਰ ਸਨ।

## ਸੀ ਆਰ ਪੀ ਐੱਫ ਦੇ ਜਵਾਨ ਨੇ ਪਿੰਡ 'ਚ ਲਾਇਬਰੇਰੀ ਖੋਲੀ

**ਪੋਜੇਵਾਲ (ਰਾਮ ਲਾਲ)** ਪਿੰਡ ਚਾਂਦਪੁਰ ਰੁੜਕੀ ਜੋ ਕਿ ਬਾਬਾ ਗੁਰਦਿੱਤਾ ਦੀਨ ਦੁਨੀਆ ਦਾ ਟਿੱਕਾ ਜੋ ਵਰ ਮੰਗਿਆ ਸੋ ਦਿੱਤਾ ਦੀ ਛਤਰ ਛਾਇਆ ਹੇਠ ਬਹੁਤ ਸਾਰੇ ਸਮਾਜ ਸੇਵੀ ਲੋਕ ਇਸ ਪਿੰਡ ਦੇ ਵਿੱਚ ਸੇਵਾ ਕਰ ਰਹੇ ਹਨ ਉਥੇ ਹੀ ਸੀ ਆਰ ਪੀ ਐਫ ਦਾ ਜਵਾਨ ਰਜਿੰਦਰ ਸਿੰਘ ਸਮਾਜ ਸੇਵੀ ਕੰਮਾਂ ਵਿੱਚ ਵੱਧ ਚੜ ਕੇ ਹਿੱਸਾ ਪਾ ਰਿਹਾ ਹੈ। ਇਸ ਸਮੇਂ ਉਹਨਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਪਿਛਲੇ ਇੱਕ ਦੋ ਸਾਲ ਪਹਿਲਾਂ ਉਹਨਾਂ ਨੇ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ



ਵਿੱਚ ਇੱਕ ਲਾਇਬਰੇਰੀ ਖੋਲੀ ਹੈ ਜਿਸ ਵਿੱਚ ਕੋਈ ਵੀ ਬੱਚਾ ਆ ਕੇ ਉਥੋਂ ਫਰੀ ਕਿਤਾਬਾਂ ਕਾਪੀਆਂ ਪੈਨ ਪੈਨਸਲ ਤੱਕ ਲੈ ਸਕਦਾ ਹੈ। ਫਿਰ ਉਹਨਾਂ ਨੇ ਦੱਸਿਆ ਕਿ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਲਈ ਕਈ ਵਾਰ ਅਥਲੀਟ ਗੇਮਾਂ ਵੀ ਕਰਾਈਆਂ ਗਈਆਂ।ਇਹਨਾਂ ਗੇਮਾਂ ਦੇ ਵਿੱਚ ਵੱਖ ਵੱਖ ਪਿੰਡਾਂ ਤੋਂ ਬੱਚਿਆਂ ਨੇ ਹਿੱਸਾ ਲਿਆ। ਉਹਨਾਂ ਨੇ ਦੱਸਿਆ ਕਿ ਪੱਗ ਬੰਨਣ ਦਾ ਪ੍ਰੋਗਰਾਮ ਵੀ ਕਰਾਇਆ ਤਾਂ ਜੋ ਲੋਕ ਵੱਧ ਤੋਂ ਵੱਧ ਸਿੱਖੀ ਦੇ ਨਾਲ ਜੋੜ ਸਕਣ ਅਤੇ ਨਸ਼ਿਆਂ ਤੋਂ ਦੂਰ ਰਹਿ ਸਕਣਾ। ਫਿਰ ਉਹਨਾਂ ਨੇ ਇੱਕ ਪ੍ਰੋਗਰਾਮ ਲੜਕੀਆਂ ਲਈ ਵੀ ਕਰਾਇਆ ਜਿਸ ਵਿੱਚ ਲੜਕੀਆਂ ਨੇ ਵੱਧ ਚੜ ਕੇ ਹਿੱਸਾ ਲਿਆ ਸੂਟ ਬਣਾਏ।ਜਨਰਲ ਨੌਲੇਜ ਦੇ ਮੁਕਾਬਲੇ ਕਰਾਏ ਗਏ । ਡਰਾਇੰਗ ਦੇ ਮੁਕਾਬਲੇ ਵੀ ਕਰਾਏ ।ਫਿਰ ਜਿਹੜੇ ਸੰਨ 1971 'ਚ ਜਿਹੜੇ ਫੌਜੀਆਂ ਨੇ ਲੜਾਈ ਲੜੀ ਸੀ ਭਾਰਤ-ਪਾਕਿਸਤਾਨ ਦੀ ਉਹਨਾਂ ਨੂੰ ਵੀ ਆਪਣੇ ਪਿੰਡ ਬੁਲਾਕੇ ਸਨਮਾਨਿੱਤ ਕੀਤਾ ਸੀ। ਬੱਚਿਆਂ ਨੂੰ ਖੇਡਾਂ ਦੇ ਮੁਕਾਬਲੇ ਕਰਾਉਂਦੇ ਰਹਿੰਦੇ ਹਾਂ ।ਬੱਚੇ ਜਿਹੜੇ 90% ਨੰਬਰ ਲੈਂਦੇ ਆ ਪੜ੍ਹਾਈ 'ਚੋਂ ਅੱਠਵੀਂ ਦਸਵੀਂ ਬਾਅਦ ਵਿੱਚੋਂ ਉਹਨਾਂ ਨੂੰ ਵੀ ਹਰ ਸਾਲ ਸਨਮਾਨਿਤ ਕੀਤਾ ਜਾਦਾ ਹੈ। ਸਾਡੇ ਬੱਚੇ ਨਸ਼ਿਆਂ ਤੋਂ ਬਚੇ ਰਹਿਣ ਤੇ ਪੜ੍ਹਾਈ ਕਰਕੇ ਕਾਮਯਾਬ ਹੋਣ ਤੇ ਪੜ੍ਹਾਈ ਨਾਲ ਜੁੜੇ ਰਹਿਣ ਇਸ ਕਰਕੇ ਇਹ ਪ੍ਰੋਗਰਾਮ ਕਰਾਈ ਜਾਂਦੇ ਆ।ਉਹਨਾਂ ਨੇ ਦੱਸਿਆ ਕਿ ਸਾਡੇ ਪਰਵਾਰ ਦੇ ਬਹੁਤ ਹੀ ਸਤਿਕਾਰਯੋਗ ਡਾ. ਓ ਪੀ ਮੀਲੂ ਖੇਤੀਬਾੜੀ ਵਿਗਿਆਨੀ ਯੂਨੀਵਰਸਿਟੀ ਲੁਧਿਆਣਾ ਰਿਟਾਇਰ ਸਨ।ਉਹਨਾਂ ਨੇ ਇਹ ਸਮਾਜ ਭਲਾਈ ਦੇ ਕੰਮ ਸ਼ੁਰੂ ਕੀਤੇ ਸਨ ਤੇ ਹੁਣ ਅਸੀ ਅੱਗੇ ਵੀ ਇਸੇ ਤਰ੍ਹਾਂ ਕਾਇਮ ਰੱਖਾਂਗੇ।

## ਕੀਰਤਨ ਦਰਬਾਰ 22 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਾਰਿਸ ਬਾਬਾ ਬਘੇਲ ਸਿੰਘ ਵੈਲਫ਼ੇਅਰ ਸੁਸਾਇਟੀ ਹਰਿਆਣਾ ਹੁਸ਼ਿਆਰਪੁਰ ਵੱਲੋਂ ਸਿੱਖ ਪੰਥ ਦੇ ਮਹਾਨ ਜਰਨੈਲ ਜਥੇਦਾਰ ਬਾਬਾ ਬਘੇਲ ਸਿੰਘ ਵਲੋਂ ਦਿੱਲੀ ਫਤਿਹ ਕਰਨ ਦੀ ਸ਼ਾਨਮਤੀ



ਯਾਦ ਨੂੰ ਸਮਰਪਿਤ ਨੂੰ ਸਮਰਪਿਤ ਪਹਿਲਾ ਮਹਾਨ ਕੀਰਤਨ ਦਰਬਾਰ 22 ਮਾਰਚ ਦਿਨ ਸ਼ਨੀਵਾਰ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕੱਲਰ ਖਾਲਸਾ ਹਾਈ ਸਕੂਲ ਹਰਿਆਣਾ ਜ਼ਿਲ੍ਹਾ ਹੁਸ਼ਿਆਰਪੁਰ ਦੀ ਗਰਾਊਂਡ 'ਚ ਸਜਾਇਆ ਜਾ ਰਿਹਾ ਹੈ ਜਿਸ ਦਾ ਪੋਸਟਰ ਪੰਥ ਦੀ ਮਹਾਨ ਸਖਸ਼ੀਅਤ ਸੰਤ ਬਾਬਾ ਸੇਵਾ ਸਿੰਘ ਜੀ ਗੁਰਦੁਆਰਾ ਰਾਮਪੁਰ ਖੇੜੇ ਵਾਲਿਆਂ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਚਰਨਾਂ ਵਿੱਚ ਅਰਦਾਸ ਕਰਨ ਉਪਰੰਤ ਆਪਣੇ ਕਰ ਕਮਲਾਂ ਨਾਲ ਰਿਲੀਜ਼ ਕੀਤਾ ਗਿਆ । ਸੁਸਾਇਟੀ ਦੇ ਚੇਅਰਮੈਨ ਜਸਵੀਰ ਸਿੰਘ ਤੇ ਪ੍ਰਧਾਨ ਤੇਜਪਾਲ ਸਿੰਘ ਨੇ ਦੱਸਿਆ ਕਿ ਇਲਾਕੇ ਦੀਆਂ ਸਮੂਹ ਸੇਵਾ ਸੁਸਾਇਟੀਆਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਪਹਿਲੇ ਮਹਾਨ ਕੀਰਤਨ ਦਰਬਾਰ ਦਾ ਪੋਸਟਰ ਰਿਲੀਜ਼ ਕਰਨ ਉਪਰੰਤ ਸੰਤ ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜਾ ਸਾਹਿਬ ਵਾਲਿਆਂ ਨੇ ਕਿਹਾ ਕਿ ਸਮੂਹ ਸਿੱਖ ਨੂੰ ਸੰਗਤ ਇਸ ਸਮਾਗਮ ਹੁਮ-ਹੁਮਾ ਕੇ ਸ਼ਾਮਿਲ ਹੋਣਾ ਚਾਹੀਦਾ ਹੈ ਕਿਉਂਕਿ ਅਜਿਹੇ ਸਮਾਗਮਾਂ ਨਾਲ ਸਾਡੀ ਨਵੀਂ ਪੀੜ੍ਹੀ ਆਪਣੇ ਮਹਾਨ ਵਿਰਸੇ ਤੋਂ ਜਾਣੂੰ ਹੁੰਦੀ ਹੈ ਤੇ ਜਦੋਂ ਉਹਨਾਂ ਨੂੰ ਆਪਣੇ ਪੁਰਖਿਆਂ ਦੀ ਬਹਾਦਰੀ ਅਤੇ ਕੁਰਬਾਨੀ ਉੱਤੇ ਮਾਣ ਹੁੰਦਾ ਹੈ ਤਾਂ ਉਹ ਸਿੱਖ ਪੰਥ ਦੀ ਮੁੱਖ ਧਾਰਾ 'ਚ ਸ਼ਾਮਿਲ ਹੋਣ ਲਈ ਪ੍ਰੇਰਿਤ ਹੁੰਦੇ ਹਨ। ਉਹਨਾਂ ਸਮੂਹ ਪ੍ਰਬੰਧਕਾਂ ਨੂੰ ਸਮਾਗਮ ਦੀ ਸਫ਼ਲਤਾ ਲਈ ਅਕਾਲ ਪੁਰਖ ਦੇ ਚਰਨਾ 'ਚ ਅਰਦਾਸ ਬੇਨਤੀ ਕੀਤੀ ਤੇ ਸਮਾਗਮ 'ਚ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਵਾਰਿਸ ਬਾਬਾ ਬਘੇਲ ਸਿੰਘ ਵੈਲਫ਼ੇਅਰ ਸੁਸਾਇਟੀ ਹਰਿਆਣਾ ਦੇ ਜਸਵੀਰ ਸਿੰਘ ਚੇਅਰਮੈਨ, ਤੇਜਪਾਲ ਸਿੰਘ ਪ੍ਰਧਾਨ, ਸਰਬਜੋਤ ਸਿੰਘ ਉਪ ਪ੍ਰਧਾਨ, ਮਨਜੀਤ ਸਿੰਘ ਮੱਖਣ ਖਜਾਨਚੀ, ਪ੍ਰਿਤਪਾਲ ਸਿੰਘ, ਅਵਤਾਰ ਸਿੰਘ ਕਲਕੱਤਾ, ਇੰਦਰਪਾਲ ਸਿੰਘ, ਹਰਵਿੰਦਰ ਸਿੰਘ ਲੱਕੀ, ਗੁਰਪ੍ਰੀਤ ਸਿੰਘ ਅਤੇ ਰੇਸ਼ਮ ਸਿੰਘ ਪ੍ਰਧਾਨ ਗੁਰਦੁਆਰਾ ਬਾਬਾ ਬਘੇਲ ਸਿੰਘ ਹਰਿਆਣਾ ਨੇ ਸਮੂਹ ਕਮੇਟੀ ਤੇ ਇਲਾਕੇ ਦੀ ਸੰਗਤ ਵਲੋਂ ਸੰਤ ਬਾਬਾ ਸੇਵਾ ਸਿੰਘ ਜੀ ਗੁਰਦੁਆਰਾ ਰਾਮਪੁਰ ਖੇੜਾ ਵਾਲਿਆਂ ਦਾ ਕੋਟਿਨ ਕੋਟਿ ਧੰਨਵਾਦ ਕੀਤਾ।

## ਤਿੰਨ ਰੋਜ਼ਾ ਫੁਟਬਾਲ ਟੂਰਨਾਮੈਂਟ ਦੀ ਸ਼ੁਰੂਆਤ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸ੍ਰੀ ਗੁਰੂ ਹਰਿ ਰਾਏ ਸਾਹਿਬ ਸਪੋਰਟਸ ਕਲੱਬ ਪਿੰਡ ਦੁੱਗਾਂ (ਫਗਵਾੜਾ) ਵਲੋਂ ਗ੍ਰਾਮ ਪੰਚਾਇਤ, ਐੱਨ ਆਰ ਆਈ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਦੀ ਖੇਡ ਗਰਾਉਂਡ ਵਿੱਚ ਕਰਵਾਏ ਜਾ ਰਹੇ ਪਹਿਲੇ ਤਿੰਨ ਰੋਜਾ ਲਾਲਾ ਫ਼ਕੀਰ ਚੰਦ ਜਲੋਟਾ ਮੈਮੋਰੀਅਲ 9 ਸਾਈਡ ਫੁੱਟਬਾਲ ਟੂਰਨਾਮੈਂਟ ਦਾ ਰਸਮੀ ਉਦਘਾਟਨ ਐੱਸ ਐੱਚ ਓ ਮੇਜਰ ਸਿੰਘ ਸਿੰਘ ਥਾਣਾ ਰਾਵਲਪਿੰਡੀ ਤੇ ਪਿੰਡ ਦੀ ਸਰਪੰਚ ਸੁਨੀਤਾ ਪਤਨੀ ਪਰਮਿੰਦਰ ਲਾਲ ਵਲੋਂ ਸਾਂਝੇ ਤੌਰ ਤੇ ਕੀਤਾ ਗਿਆ। ਇਸ ਤੋਂ ਪਹਿਲਾਂ ਹੈੱਡ ਗ੍ਰੰਥੀ ਭਾਈ ਕਮਲਜੀਤ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਟੂਰਨਾਮੈਂਟ ਦਾ ਉਦਘਾਟਨੀ ਮੈਚ ਸੁਖਚੈਨਆਣਾ ਸਾਹਿਬ ਫਗਵਾੜਾ ਅਤੇ ਪਿੰਡ ਮਲਕਪੁਰ ਦੀਆਂ ਟੀਮਾਂ ਵਿਚਕਾਰ ਖੇਡਿਆ ਗਿਆ। ਜਿਸ ਵਿੱਚ ਸੁਖਚੈਨਆਣਾ ਸਾਹਿਬ ਦੀ ਟੀਮ ਜੇਤੂ ਰਹੀ। ਪ੍ਰਬੰਧਕਾਂ ਪ੍ਰਬੰਧਕਾਂ ਡਿਪਟੀ ਰਾਏ ਜਲੋਟਾ, ਗੁਰਚਰਨ ਦਾਸ ਜਲੋਟਾ, ਰਾਕੇਸ਼ ਕੁਮਾਰ ਜਲੋਟਾ ਤੇ ਜੁਨੇਸ਼ ਕੁਮਾਰ ਜਲੋਟਾ ਨੇ ਦੱਸਿਆ ਕਿ ਲਾਲਾ ਫਕੀਰ ਚੰਦ ਜਲੋਟਾ ਜਿੱਥੇ ਸਮਾਜ ਸੇਵਾ ਨੂੰ ਪਹਿਲ ਦਿੰਦੇ ਸਨ, ਉੱਥੇ ਹੀ ਨੌਜਵਾਨਾਂ ਨੂੰ ਖੇਡਾਂ ਵਿੱਚ ਹਿੱਸਾ ਲੈਣ ਲਈ ਵੀ ਪ੍ਰੇਰਿਤ ਕਰਦੇ ਸਨ। ਜਿਸ ਕਰਕੇ ਉਹਨਾਂ ਦੀ ਯਾਦ ਵਿੱਚ ਇਹ ਪਹਿਲਾ ਟੂਰਨਮੈਂਟ ਕਰਵਾਇਆ ਜਾ ਰਿਹਾ ਹੈ। ਉਹਨਾਂ ਭਰੋਸਾ ਦਿੱਤਾ ਕਿ ਹਰੇਕ ਸਾਲ ਇਸ ਪਰੰਪਰਾ ਨੂੰ ਜਾਰੀ ਰੱਖਣਗੇ। ਉਹਨਾਂ ਦੱਸਿਆ ਕਿ ਟੂਰਨਾਮੈਂਟ ਵਿੱਚ ਨਾਮਵਰ 16 ਟੀਮਾਂ ਭਾਗ ਲੈ ਰਹੀਆਂ ਹਨ। ਇਹ ਮੁਕਾਬਲੇ ਓਪਨ ਪਿੰਡ ਪੱਧਰ 'ਤੇ ਹੋਣਗੇ ਜਿਸ ਵਿੱਚ ਪਹਿਲਾ ਇਨਾਮ 21 ਹਜਾਰ ਰੁਪਏ ਅਤੇ ਟਰਾਫੀ, ਦੂਸਰਾ ਇਨਾਮ 15 ਹਜਾਰ ਰੁਪਏ ਅਤੇ ਟਰਾਫੀ ਦਿੱਤੀ ਜਾਵੇਗੀ। ਟੂਰਨਾਮੈਂਟ ਦੇ ਆਖਰੀ ਦਿਨ 28 ਫਰਵਰੀ ਨੂੰ ਇਨਾਮਾਂ ਦੀ ਵੰਡ ਪਿੰਡ ਦੇ ਪਤਵੰਤੇ ਸੱਜਣਾਂ ਵੱਲੋਂ ਕੀਤੀ ਜਾਵੇਗੀ। ਇਸ ਮੌਕੇ ਕੋਚ ਅਮਨ, ਕੁਲਵਿੰਦਰ ਸਿੰਘ, ਬਲਜੀਤ ਸਿੰਘ, ਸਰਬਜੀਤ ਕੌਰ ਪੰਚ, ਹਰਵਿੰਦਰ ਕੌਰ ਪੰਚ, ਅਮਰਿੰਦਰ ਸਿੰਘ ਪੰਚ, ਚਰਨਜੀਤ ਸਿੰਘ ਪੰਚ, ਕਮਲਜੀਤ ਸਿੰਘ ਪੰਚ ਤੋਂ ਇਲਾਵਾ ਨੰਬਰਦਾਰ ਤਰਸੇਮ ਸਿੰਘ, ਜਸਵੀਰ ਸਿੰਘ, ਚਰਨਜੀਤ ਸਿੰਘ, ਅੰਮ੍ਰਿਤ ਸਿੰਘ, ਉਂਕਾਰ ਸਿੰਘ, ਗੁਰਮੀਤ ਸਿੰਘ ਤੇ ਪਤਵੰਤੇ ਹਾਜ਼ਰ ਸਨ।



## ਟਿੱਪਰ ਲੰਘਣ ਦਾ ਨਿਰਧਾਰਤ ਸਮਾਂ ਲਾਗੂ ਕੀਤਾ ਜਾਵੇ : ਪੁਰਖੋਵਾਲ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਬੀਤੇ ਦਿਨੀ ਸੜਕ ਹਾਦਸੇ ਵਿੱਚ ਅੱਚਲਪੁਰ ਦੇ ਸਾਬਕਾ ਸਰਪੰਚ ਸਮੇਤ ਹੁਣ ਤੱਕ ਗੜ੍ਹਸ਼ੰਕਰ ਇਲਾਕੇ 'ਚ ਟਿੱਪਰਾ ਨਾਲ ਕਰੀਬ ਦੋ ਦਰਜ਼ਨ ਤੋ ਵੱਧ ਮੌਤਾ ਹੋ ਚੁੱਕੀਆ ਹਨ ਪਰ ਹਲਕਾ ਗੜ੍ਹਸ਼ੰਕਰ ਚ ਪਿੱਛਲੇ ਤਿੰਨ ਚਾਰ ਸਾਲਾ ਤੋ ਟਿੱਪਰਾ ਦੀ ਲਗਾਮ ਲਗਾਉਣ 'ਚ ਸਰਕਾਰ ਹੁਣ ਤੱਕ ਅਸਫਲ ਰਹੀ ਹੈ। ਇਹਨਾਂ ਸ਼ਬਦਾ ਦਾ ਪ੍ਰਗਟਾਵਾ ਕਰਦਿਆ ਕਾਗਰਸੀ ਆਗੂ ਜਸਵੀਰ ਸਿੰਘ ਪੁਰਖੋਵਾਲ ਨੇ ਕਿਹਾ ਕਿ ਪ੍ਰਸ਼ਾਸਨ ਵੱਲੋ ਸ਼ਹਿਰ ਅੰਦਰ ਟਿੱਪਰ ਲੰਘਣ ਦਾ ਸਮਾਂ ਨਿਰਧਾਰਿਤ ਕੀਤਾ ਹੋਇਆ ਹੈ ਪਰ ਸ਼ਹਿਰ ਅੰਦਰੋ ਅੱਜ ਵੀ ਨਿਰਧਾਰਿਤ ਸਮੇ ਤੋ ਪਹਿਲਾਂ ਅਨੇਕਾਂ ਟਿੱਪਰ ਲੰਘ ਰਹੇ ਹਨ। ਪੁਰਖੋਵਾਲ ਨੇ ਕਿਹਾ ਕਿ ਇਲਾਕੇ ਦੀਆ ਰਾਜਨੀਤਿਕ ਅਤੇ ਸਮਾਜਸੇਵੀ ਜਥੇਬੰਦੀਆ ਵੱਲੋ ਸਰਕਾਰ ਤੱਕ ਇਹਨਾਂ ਟਿੱਪਰਾ ਨੂੰ ਰੁਕਵਾਉਣ ਲਈ ਅਨੇਕਾ ਮੰਗ ਪੱਤਰ ਦਿੱਤੇ ਗਏ। ਪੁਰਖੋਵਾਲ ਨੇ ਮੰਗ ਕੀਤੀ ਕੇ ਜਲਦ ਹੀ ਟਿੱਪਰਾ ਤੇ ਲਗਾਮ ਲਗਾਈ ਜਾਵੇ ਤੇ ਸਖਤੀ ਨਾਲ ਨਿਰਧਾਰਿਤ ਸਮੇ ਨੂੰ ਲਾਗੂ ਕੀਤਾ ਜਾਵੇ ਤਾਂ ਜੋ ਕਿਸੇ ਤਰ੍ਹਾਂ ਦੇ ਜਾਨਲੇਵਾ ਹਾਦਸੇ ਨਾ ਵਾਪਰਨ।

## ਗੁਰਚਰਨ ਸਿੰਘ ਸਿੱਖਿਆ ਵਿੰਗ ਦੇ ਕੋਆਰਡੀਨੇਟਰ ਬਣੇ

**ਆਦਮਪੁਰ (ਪਰਮਜੀਤ ਸਿੰਘ)**- ਸਿੱਖਿਆ ਵਿਭਾਗ ਵਿੱਚ ਲੰਬਾ ਸਮਾਂ ਸੇਵਾ ਨਿਭਾਉਣ ਵਾਲੇ ਅਤੇ ਸਿੱਖਿਆ ਤੇ ਖੇਡ ਜਗਤ ਦੀ ਹਰਮਨ ਪਿਆਰੀ ਸ਼ਖਸ਼ੀਅਤ ਮਾਸਟਰ ਗੁਰਚਰਨ ਸਿੰਘ ਨੂੰ ਆਪ ਪਾਰਟੀ ਵੱਲੋਂ ਆਦਮਪੁਰ ਵਿਧਾਨ ਸਭਾ ਲਈ ਸਿੱਖਿਆ ਵਿੰਗ ਦਾ ਹਲਕਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਗੁਰਚਰਨ ਸਿੰਘ ਨੇ ਆਪਣੇ 35 ਸਾਲ ਦੇ ਅਧਿਆਪਨ ਤੇ ਖੇਡ ਕੋਚ ਦੇ ਕਿੱਤੇ ਵਿੱਚ ਖਾਲਸਾ ਸਕੂਲ ਅਲਾਵਲਪੁਰ, ਸਰਕਾਰੀ ਸਕੂਲ ਜੰਡੂ ਸਿੰਘਾ,ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੰਡੋਰੀ ਨਿੱਝਰਾਂ, ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਦੋਲਾ ਵਿਖੇ ਪੜਾਇਆ ਹੈ ਤੇ ਹੁਣ ਉਹ ਐਮ ਆਰ ਇੰਟਰਨੈਸ਼ਨਲ ਸਕੂਲ ਆਦਮਪੁਰ ਵਿਖੇ ਡਿਪਟੀ ਡਾਇਰੈਕਟਰ ਸਪੋਰਟਸ ਦੇ ਅਹੁਦੇ ਤੇ ਤੈਨਾਤ ਹਨ। ਉਹਨਾਂ ਦੇ ਵਿਦਿਆਰਥੀਆਂ ਤੇ ਖਿਡਾਰੀਆਂ ਨੇ ਸੂਬਾ ਅਤੇ ਨੈਸ਼ਨਲ ਪੱਧਰ ਤੇ ਵੱਡੀਆਂ ਮੱਲਾਂ ਮਾਰੀਆਂ ਹਨ। ਗੁਰਚਰਨ ਸਿੰਘ ਦੀ ਮਿਹਨਤ ਤੇ ਸ਼ਾਨਦਾਰ ਪ੍ਰਾਪਤੀਆਂ ਕਰਕੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਅਤੇ ਪੰਜਾਬ ਪ੍ਰਧਾਨ ਅਮਨ ਅਰੋੜਾ ਵੱਲੋਂ ਮਾਸਟਰ ਗੁਰਚਰਨ ਸਿੰਘ ਦੇ ਹਲਕਾ ਕੋਆਰਡੀਨੇਟਰ ਬਣਨ ਸਬੰਧੀ ਨਿਯੁਕਤੀ ਪੱਤਰ ਜਾਰੀ ਕੀਤਾ ਗਿਆ। ਸਾਬਕਾ ਵਿਧਾਇਕ ਤੇ ਮੌਜੂਦਾ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ, ਜਿਲਾ ਇੰਚਾਰਜ ਬੀਬੀ ਰਣਜੀਤ ਕੌਰ ਕਾਕੜ ਕਲਾਂ, ਅਬਜਰਵਰ ਬਲਜੀਤ ਸਿੰਘ ਚਿੱਟੀ, ਓਲੰਪੀਅਨ ਸੁੱਚਾ ਸਿੰਘ, ਕੋਚ ਭਗਵੰਤ ਸਿੰਘ, ਖੋ ਖੋ ਐਸੋਸੀਏਸ਼ਨ ਇੰਡੀਆ ਦੇ ਜਨਰਲ ਸੈਕਟਰੀ ਉਪਕਾਰ ਸਿੰਘ, ਜ਼ਿਲ੍ਹਾ ਜਨਰਲ ਸੈਕਟਰੀ ਹਰਵਿੰਦਰ ਪਾਲ, ਖੇਡ ਸਾਹਿਤਕਾਰ ਡਾ. ਜਤਿੰਦਰ ਸਾਬੀ, ਪਵਿੱਤਰ ਸਿੰਘ, ਚਰਨਜੀਤ ਸ਼ੇਰੀ, ਦਲਜੀਤ ਸਿੰਘ ਮਿਨਹਾਸ,ਯੋਗੀ ਗਾਂਧੀ, ਕੁਲਵਿੰਦਰ ਸਾਬੀ, ਕਮਲਜੀਤ ਸਲਾਲਾ, ਹਰਨਿੰਦਰ ਸਿੰਘ, ਲੈਕਚਰਾਰ ਇਕਬਾਲ ਸਿੰਘ ਰੰਧਾਵਾ, ਕੋਚ ਬਲਜਿੰਦਰ ਸਿੰਘ ਵਾਲੀਬਾਲ, ਕੋਚ ਬਲਦੀਪ ਸਿੰਘ, ਕੋਚ ਮੋਹਣ ਲਾਲ ਨਿੱਕੂ ਨੇ ਏਸ ਨਿਯੁਕਤੀ ਤੇ ਗੁਰਚਰਨ ਸਿੰਘ ਨੂੰ ਮੁਬਾਰਕਾਂ ਦਿੱਤੀਆਂ ਹਨ।



## ਭਾਸ਼ਾ ਵਿਭਾਗ ਨੇ ਕਰਵਾਇਆ ਦੇਬੀ ਮਖਸੂਸਪੁਰੀ ਦਾ ਰੂ-ਬ-ਰੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਭਾਸ਼ਾ ਵਿਭਾਗ, ਪੰਜਾਬ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਅਤੇ ਕਪੂਰਥਲਾ ਦੇ ਸਾਂਝੇ ਉਪਰਾਲੇ ਨਾਲ ਕੌਮਾਂਤਰੀ ਮਾਂ ਬੋਲੀ ਦਿਹਾੜੇ ਨੂੰ ਸਮਰਪਿਤ ਸਮਾਗਮ ਸਰਕਾਰੀ ਕਾਲਜ ਹੁਸ਼ਿਆਰਪੁਰ ਵਿਖੇ ਕਰਵਾਇਆ ਗਿਆ। ਮੁੱਖ ਮਹਿਮਾਨ ਵਜੋਂ-ਡਾ. ਲਖਵਿੰਦਰ ਜੌਹਲ ਤੇ ਵਿਸ਼ੇਸ਼ ਮਹਿਮਾਨ ਵਜੋਂ ਡਾ. ਕੁਲਦੀਪ ਦੀਪ ਸ਼ਾਮਿਲ ਹੋਏ। ਸਮਾਗਮ ਦੀ ਸ਼ੁਰੂਆਤ ਵਿਭਾਗੀ ਧੁੰਨ ਨਾਲ ਕੀਤੀ ਗਈ। ਆਏ ਹੋਏ ਮਹਿਮਾਨਾਂ ਲਈ ਜੀ ਆਇਆਂ ਸ਼ਬਦ ਜਸਪ੍ਰੀਤ ਕੌਰ ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਆਖੇ। ਉਪਰੰਤ ਤਵੰਨੁਮ ਕਵੀ ਦਰਬਾਰ ਵਿੱਚ ਹਾਜ਼ਰ ਕਵੀਆਂ ਹਰਦਿਆਲ ਹੁਸ਼ਿਆਰਪੁਰੀ, ਸੁਰਿੰਦਰ ਕੰਗਵੀ, ਪ੍ਰੋ. ਮਲਕੀਤ ਜੌੜਾ, ਅੰਜੂ ਵੀ. ਰੱਤੀ ਤੇ ਸ਼ਹਿਬਾਜ਼ ਖ਼ਾਨ ਨੇ ਆਪਣੀ ਸੁਰ ਸਾਧਨਾ ਰਾਹੀਂ ਰਚਨਾਵਾਂ ਨੂੰ ਗਾ ਕੇ ਅਜਿਹਾ ਜਾਦੂ ਵਿਖੇਰਿਆ ਕਿ ਸਰੋਤੇ ਝੂਮ ਉੱਠੇ। ਇਸ ਤੋਂ ਬਾਅਦ ਪ੍ਰਸਿੱਧ ਗਾਇਕ ਤੇ ਸ਼ਾਇਰ ਦੇਬੀ ਮਖਸੂਸਪੁਰੀ ਜਿਹੜੇ ਇਸ ਕਾਲਜ ਦੇ ਵਿਦਿਆਰਥੀ ਰਹੇ ਹਨ ਨਾਲ ਰੂ-ਬ-ਰੂ ਡਾ. ਕੁਲਦੀਪ ਚੌਹਾਨ ਨੇ ਕਰਵਾਇਆ। ਦੇਬੀ ਮਖਸੂਸਪੁਰੀ ਨੇ ਕਾਲਜ ਦੀਆਂ ਯਾਦਾਂ, ਸਾਹਿਤਕ ਸਫ਼ਰ ਤੇ ਸਿਰਜਣਾ ਬਾਰੇ



ਭਾਵਪੂਰਤ ਗੱਲਾਂ ਕਰਦਿਆਂ ਆਪਣੇ ਗੀਤਾਂ ਦੇ ਕਾਵਿ ਮੁਖੜੇ ਹਾਜ਼ਰੀਨ ਨਾਲ ਸਾਂਝੇ ਕੀਤੇ। ਧੰਨਵਾਦੀ ਸ਼ਬਦ ਪ੍ਰਿੰ. ਡਾ. ਗਗਨਦੀਪ ਚੀਮਾ ਨੇ ਆਖੇ। ਸਮਾਗਮ ਵਿੱਚ ਬਤੌਰ ਮੰਚ ਸੰਚਾਲਨ ਦੀ ਭੂਮਿਕਾ ਡਾ. ਜਸਵੰਤ ਰਾਏ ਖੋਜ ਅਫ਼ਸਰ ਵਲੋਂ ਨਿਭਾਈ ਗਈ। ਸਮਾਗਮ ਮੌਕੇ ਭਾਸ਼ਾ ਵਿਭਾਗ, ਪੰਜਾਬ ਵੱਲੋਂ ਪ੍ਰਕਾਸ਼ਿਤ ਸਾਹਿਤ ਦੀਆਂ ਪੁਸਤਕਾਂ ਦੀ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਸਮੇਂ ਗਗਨਦੀਪ ਸਿੰਘ, ਮੁਨੀਸ਼ ਕੁਮਾਰ, ਡਾ. ਵਿਜੇ ਕੁਮਾਰ, ਪ੍ਰੋ. ਰਣਜੀਤ ਸਿੰਘ, ਡਾ. ਸਾਂਵਲ ਧਾਮੀ, ਪ੍ਰੋ ਹਰਜਿੰਦਰ ਅਮਨ ਡਾ. ਰੰਜਨਾ, ਡਾ. ਸੁਖਦੀਪ ਕੌਰ ਤੇ ਵਿਦਿਆਰਥੀ ਹਾਜ਼ਰ ਸਨ।

## ਪ੍ਰਭ ਆਸਰਾ ਦੇ ਖਿਡਾਰੀਆਂ ਨੈਸ਼ਨਲ ਹਾਕੀ ਚੈਂਪੀਅਨਸ਼ਿਪ 'ਚ ਜਿੱਤਿਆ ਗੋਲਡ

**ਕੁਰਾਲੀ (ਮੋਹਨ ਅੱਗਰਵਾਲ)**- ਪਹਿਲੀ ਵਾਰ ਸਪੈਸ਼ਲ ਓਲੰਪਿਕਸ ਭਾਰਤ ਵੱਲੋਂ ਫਰੀਦਾਬਾਦ (22-26 ਫਰਵਰੀ) ਵਿੱਚ ਕਰਵਾਈ ਗਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਵਿੱਚ ਪੰਜਾਬ ਨੇ ਸੀਨੀਅਰ ਤੇ ਜੂਨੀਅਰ ਮਿਕਸ ਟੀਮ ਨੇ ਸੋਨੇ ਦਾ ਤਮਗਾ ਜਿੱਤਿਆ ਅਤੇ ਸਬ ਜੂਨੀਅਰ ਟੀਮ ਨੇ ਬ੍ਰੋਨਜ਼ ਮੈਡਲ ਜਿੱਤ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪ੍ਰਭ ਆਸਰਾ ਦੇ ਮੁਖੀ ਭਾਈ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਸੰਸਥਾ ਦੇ ਸਪੈਸ਼ਲ ਅਤੇ ਨੌਰਮਲ ਬੱਚਿਆਂ ਨੂੰ ਇਸ ਮੁਕਾਬਲੇ ਲਈ ਲਗਾਤਾਰ ਖ਼ਾਸ ਟ੍ਰੇਨਿੰਗ ਦਿੱਤੀ ਗਈ, ਜਿਸ ਵਿੱਚ ਬੀਬੀ ਰਾਜਿੰਦਰ ਕੌਰ ਖੁਦ ਰੋਜ਼ਾਨਾ ਟ੍ਰੇਨਿੰਗ ਵਿੱਚ ਸ਼ਾਮਲ ਹੁੰਦੇ ਸਨ ਪੰਜਾਬ ਦੀ ਟੀਮ ਵੱਲੋ ਖੇਡਦੇ ਹੋਏ ਸੰਸਥਾ ਦੀ ਬੱਚੀ ਪੂਜਾ ਨੇ ਸੋਨਾ, ਏਕਮਵੀਰ ਸਿੰਘ ਨੇ ਕਾਂਸੀ ਅਤੇ ਸਬ-ਜੂਨੀਅਰ ਮਿਕਸਡ ਟੀਮ ਵਿੱਚ ਜਗਜੀਵਨ ਨੇ ਬ੍ਰੋਨਜ਼ ਮੈਡਲ ਜਿੱਤਿਆ। ਇਸ ਜਿੱਤ ਵਿੱਚ ਅਮਰਜੀਤ ਸਿੰਘ, ਕਿਰਨਵੀਰ ਕੌਰ, ਪਰਵੀਨ, ਨਿੱਕੀ ਅਤੇ ਸੁਖਪ੍ਰੀਤ ਸਿੰਘ ਪ੍ਰਭ ਆਸਰਾ ਕੁਰਾਲੀ ਦੇ ਬੱਚਿਆ ਵੱਲੋ ਅਤੇ ਅਮਨਦੀਪ ਕੌਰ (ਆਤਮ ਸੁਖ ਸਕੂਲ, ਹੁਸਿਆਰਪੁਰ) ਦੀ ਬੱਚੀ ਵੱਲੋ ਅਹਿਮ ਭੂਮਿਕਾ ਨਿਭਾਈ। ਟੀਮ ਦੀ ਇਸ ਕਾਮਯਾਬੀ ਵਿੱਚ ਕੋਚ ਬੀਬੀ ਰਾਜਿੰਦਰ ਕੌਰ, ਦਰਸ਼ਨ ਸਿੰਘ, ਸਿਮਰਨ ਕੌਰ ਅਤੇ ਪਵਨ ਸਿੰਘ ਦੀ ਰਹਿਨੁਮਾਈ ਅਹਿਮ ਰਹੀ।ਬੱਚਿਆਂ ਦੇ ਪੰਜਾਬ ਵਾਪਸੀ 'ਤੇ ਉਨ੍ਹਾਂ ਦਾ ਗਰਮਜੋਸ਼ੀ ਅਤੇ ਸ਼ਾਨਦਾਰ ਸਵਾਗਤ ਕੀਤਾ ਗਿਆ।

## ਦੇਸੀ ਕਪਾਹ ਉਗਾਉਣ ਵਾਲੇ ਕਿਸਾਨਾਂ ਨੂੰ 3000 ਰੁਪਏ ਪ੍ਰਤੀ ਏਕੜ ਦੀ ਪ੍ਰੋਤਸਾਹਨ ਰਕਮ ਦਿੱਤੀ : ਰਾਣਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਦਸਿਆ ਕਿ ਸੂਬੇ ਵਿੱਚ ਕਪਾਅ ਉਤਪਾਦਨ ਪ੍ਰੋਤਸਾਹਨ ਯੋਜਨਾ ਤਹਿਤ ਦੇਸੀ ਕਪਾਹ ਉਗਾਉਣ ਵਾਲੇ ਕਿਸਾਨਾਂ ਨੂੰ 3000 ਰੁਪਏ ਪ੍ਰਤੀ ਏਕੜ ਦੀ ਪ੍ਰੋਤਸਾਹਨ ਰਕਮ ਪ੍ਰਦਾਨ ਕੀਤੀ ਜਾ ਰਹੀ ਹੈ। ਰਾਣਾ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ। ਉਨ੍ਹਾਂ ਨੇ ਦਸਿਆ ਕਿ ਖਰੀਫ 2025 ਦੌਰਾਨ ਕਪਾਅ ਫਸਲ ਤਹਿਤ 8 ਲੱਖ 90 ਹਜਾਰ ਏਕਡ ਖੇਤਰ ਦੀ ਤਸਦੀਕ ਕੀਤੀ ਗਈ, ਜਦੋਂ ਕਿ ਮੇਰੀ ਫਸਲ ਮੇਰਾ ਬਿਊਰਾ ਪੋਰਟਲ 'ਤੇ ਦੇਸੀ ਕਪਾਅ ਤਹਿਤ 16,801 ਏਕੜ ਖੇਤਰ ਦੀ ਤਸਦੀਕ ਕੀਤੀ ਗਈ। ਸ੍ਰੀ ਰਾਣਾ ਨੇ ਜਾਣਕਾਰੀ ਦਿੱਤੀ ਕਿ ਹਰਿਆਣਾ ਵਿੱਚ ਰਜਿਸਟਰਡ ਅਤੇ ਤਸਦੀਕ ਕਿਸਾਨਾਂ ਤੋਂ ਮੇਰੀ ਫਸਲ ਮੇਰਾ ਬਿਊਰਾ ਪੋਰਟਲ ਰਾਹੀਂ ਨਿਰਧਾਰਿਤ ਸਹੀ ਔਸਤ ਗੁਣਵੱਤਾ ਮਾਨਕਾਂ ਦੇ ਅਨੁਰੂਪ ਹੋਣ ਦੀ ਸ਼ਰਤ 'ਤੇ ਭਾਰਤੀ ਕਪਾਅ ਨਿਗਮ ਵੱਲੋਂ ਦੇਸੀ ਕਪਾਅ ਅਤੇ ਬੀਟੀ ਕਪਾਅ ਦੀ ਖਰੀਦ ਘੱਟੋ ਘੱਟ ਸਹਾਇਕ ਮੁੱਲ 'ਤੇ ਕੀਤੀ ਜਾਂਦੀ ਹੈ।

